ਬੁੱਧਵਾਰ, 3 ਜੂਨ, 2026
20 ਜੇਠ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 2

ਰੋਜ਼ਾਨਾ
# ਨਵਾਂ ਜ਼ਮਾਨਾ
75 ਜਲੰਧਰ | 1952
ਜਲੰਧਰ

nawan zamana TV

DAILY NAWAN ZAMANA
WEDNESDAY, 3 JUNE, 2026

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਕਿਰਤੀਆਂ ਦਾ ਝੰਡਾਬਰਦਾਰ 'ਨਵਾਂ ਜ਼ਮਾਨਾ' 75ਵੇਂ ਵਰ੍ਹੇ 'ਚ

**ਜਲੰਧਰ (ਗਿਆਨ ਸੈਦਪੁਰੀ)**

ਦੇਸ਼ ਦੀ ਵੰਡ ਤੋਂ ਬਾਅਦ ਬਣੇ ਸਿਆਸੀ, ਸਮਾਜੀ ਤੇ ਆਰਥਕ ਹਾਲਾਤ ਦੇ ਮੱਦੇਨਜ਼ਰ ਸਮਾਜਵਾਦੀ ਵਿਚਾਰਧਾਰਾ ਦੇ ਪਾਸਾਰ ਵਿੱਚ ਹਿੱਸਾ ਪਾਉਣ ਲਈ ਹੋਂਦ ਵਿੱਚ ਆਏ ਉਰਦੂ ਰੋਜ਼ਨਾਮਾ 'ਨਯਾ ਜ਼ਮਾਨਾ' ਤੋਂ ਬਾਅਦ ਪੰਜਾਬੀ ਦਾ ਪ੍ਰਚਲਨ ਵਧਣ ਨਾਲ 'ਨਵਾਂ ਜ਼ਮਾਨਾ' ਬਣੇ ਅਖ਼ਬਾਰ ਦਾ 75ਵਾਂ ਜਨਮ ਦਿਨ ਮਨਾਉਣ ਲਈ ਮੰਗਲਵਾਰ ਇਸ ਦੇ ਦਫ਼ਤਰ ਵਿੱਚ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ, ਜਿਸ ਦੀ ਪ੍ਰਧਾਨਗੀ 'ਨਵਾਂ ਜ਼ਮਾਨਾ' ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਜਲੰਧਰ ਦੇ ਪ੍ਰਧਾਨ ਕਾਮਰੇਡ ਰਛਪਾਲ ਸਿੰਘ ਬੜਾ ਪਿੰਡ ਨੇ ਕੀਤੀ।

ਸ਼ੁਰੂ ਵਿੱਚ ਸਟਾਫ਼ ਤੇ ਸਨੇਹੀਆਂ ਨਾਲ 'ਨਵਾਂ ਜ਼ਮਾਨਾ' ਦੇ ਸਫ਼ਰ 'ਤੇ ਚਾਨਣਾ ਪਾਉਂਦਿਆਂ ਟਰੱਸਟ ਦੇ ਕਨਵੀਨਰ ਕਾਮਰੇਡ ਗੁਰਮੀਤ ਨੇ ਕਿਹਾ ਕਿ ਇਹ ਕਹਿਣੀ ਤੇ ਕਰਨੀ 'ਤੇ ਹਮੇਸ਼ਾ ਪੂਰਾ ਉਤਰਦਾ ਰਿਹਾ ਹੈ। ਉਨ੍ਹਾ ਕਿਹਾ ਕਿ 'ਨਵਾਂ ਜ਼ਮਾਨਾ' ਲੋਕ ਮਸਲਿਆਂ ਤੇ ਉਨ੍ਹਾਂ ਦੇ ਹੱਲ ਲਈ ਖ਼ਬਰਾਂ ਤੇ ਲੇਖ ਤਾਂ ਛਾਪਦਾ ਹੀ ਹੈ, ਸਗੋਂ ਇਹ ਲੋਕ ਘੋਲਾਂ ਵਿੱਚ ਵੀ ਹਿੱਸਾ ਲੈਂਦਾ ਰਿਹਾ ਹੈ। ਉਨ੍ਹਾ ਖੁਸ਼ਹੈਸੀਅਤ ਦੇ ਮੋਰਚੇ ਦੀ ਮਿਸਾਲ ਦਿੰਦਿਆਂ ਕਿਹਾ ਕਿ ਉਸ ਵੇਲੇ 'ਨਵਾਂ ਜ਼ਮਾਨਾ' ਦੇ ਮੁੱਖ ਸੰਪਾਦਕ ਜਗਜੀਤ ਸਿੰਘ ਆਨੰਦ ਅਤੇ ਸਾਰੇ ਸਟਾਫ਼ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ। 'ਨਵਾਂ ਜ਼ਮਾਨਾ' ਵਿਦਿਆਰਥੀਆਂ, ਇਸਤਰੀਆਂ, ਨੌਜਵਾਨਾਂ, ਕਿਸਾਨਾਂ ਤੇ ਖੇਤ ਮਜ਼ਦੂਰਾਂ ਸਮੇਤ ਆਪਣੇ ਹੱਕਾਂ ਲਈ ਲੜਦੇ ਲੋਕਾਂ ਦੀ ਆਵਾਜ਼ ਬਣਿਆ ਹੈ। ਉਨ੍ਹਾ ਕਿਹਾ ਕਿ 'ਨਵਾਂ ਜ਼ਮਾਨਾ' ਦੇ ਮੁਰਾਤਬੇ ਦਾ ਇਸ ਗੱਲ ਤੋਂ ਸਹਿਜੇ ਹੀ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਜਦੋਂ ਪੰਜਾਬੀ ਵਿੱਚ ਪੱਤਰਕਾਰੀ ਦਾ ਕੋਈ ਕੋਰਸ ਨਹੀਂ ਸੀ ਤਾਂ ਪੰਜਾਬੀ ਵਿੱਚ ਨਵੇਂ ਨਿਕਲ ਰਹੇ ਅਖ਼ਬਾਰਾਂ ਵਿੱਚ ਨੌਕਰੀ ਲਈ ਇਹੋ ਯੋਗਤਾ ਕਾਫ਼ੀ ਹੁੰਦੀ ਸੀ ਕਿ ਉਹ 'ਨਵਾਂ ਜ਼ਮਾਨਾ' ਤੋਂ ਆਇਆ ਹੈ। ਕਾਮਰੇਡ ਗੁਰਮੀਤ ਨੇ ਕਿਹਾ ਕਿ 'ਨਵਾਂ ਜ਼ਮਾਨਾ' ਨੂੰ ਇਹ ਹਮੇਸ਼ਾ ਮਾਣ ਰਹੇਗਾ ਕਿ ਇਸ ਨੇ ਪੰਜਾਬੀ ਮਾਂ ਬੋਲੀ ਦੇ ਮਹਾਨ ਸਪੂਤਾਂ ਦੀ ਸੰਗਤ ਦਾ ਨਿੱਘ ਮਾਣਿਆ ਹੈ। ਇਨ੍ਹਾਂ ਵਿੱਚ ਗੁਰਬਖਸ਼ ਸਿੰਘ ਪ੍ਰੀਤਲੜੀ, ਟੀਕਾ ਰਾਮ ਸੁਖਨ, ਸੋਹਣ ਸਿੰਘ ਜੋਸ਼, ਅਰਜਨ ਸਿੰਘ ਗੜਗੱਜ, ਜਗਜੀਤ ਸਿੰਘ ਆਨੰਦ ਤੇ ਉਨ੍ਹਾਂ ਦੇ ਹੋਰ ਸਾਥੀਆਂ ਬਾਬਾ ਗੁਰਬਖਸ਼ ਸਿੰਘ ਬੰਨੋਆਣਾ, ਸੁਰਜਣ ਜ਼ੀਰਵੀ, ਸੁਰਜੀਤ ਖੁਰਸ਼ੀਦੀ, ਸਰਵਣ ਜ਼ਫ਼ਰ, ਦਲਬੀਰ ਸਿੰਘ ਤੇ ਬਲਜੀਤ ਪਨੂੰ ਆਦਿ ਸ਼ਾਮਲ ਹਨ। ਕਾਮਰੇਡ ਗੁਰਮੀਤ ਨੇ ਹੋਰ ਬਹੁਤ ਸਾਰੀਆਂ ਖ਼ੂਬਸੂਰਤ ਯਾਦਾਂ ਦੇ ਨਾਲ ਅਵਾਮੀ ਪ੍ਰਿੰਟਿੰਗ ਪ੍ਰੈੱਸ ਦਾ ਵੀ ਜ਼ਿਕਰ ਕੀਤਾ।

ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਨਵੇਂ ਬਣੇ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਤੇ ਟਰੱਸਟੀ ਐਡਵੋਕੇਟ ਰਜਿੰਦਰ ਸਿੰਘ ਮੰਡ ਨੇ 'ਨਵਾਂ ਜ਼ਮਾਨਾ' ਦੇ ਬਿਹਤਰ ਭਵਿੱਖ ਲਈ ਸੁਝਾਅ ਦਿੱਤੇ। ਐਡਵੋਕੇਟ ਮੰਡ ਨੇ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੀ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ 5 ਜੂਨ ਨੂੰ ਮਨਾਈ ਜਾ ਰਹੀ ਪਹਿਲੀ ਬਰਸੀ ਵਿੱਚ ਸ਼ਮੂਲੀਅਤ ਦਾ ਵੀ ਸੱਦਾ ਦਿੱਤਾ। ਇਸ ਮੌਕੇ 'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ, ਉੱਘੇ ਵਿਸ਼ਲੇਸ਼ਕ ਤੇ 'ਨਵਾਂ ਜ਼ਮਾਨਾ' ਦੇ ਟਰੱਸਟੀ ਜਤਿੰਦਰ ਪਨੂੰ, ਨਵੇਂ ਬਣੇ ਟਰੱਸਟੀ ਐਡਵੋਕੇਟ ਰਜਿੰਦਰ ਸਿੰਘ ਰਾਣਾ, ਰਾਜੇਸ਼ ਥਾਪਾ ਸਮੇਤ 'ਨਵਾਂ ਜ਼ਮਾਨਾ' ਦਾ ਸਮੂਹ ਸਟਾਫ਼ ਮੌਜੂਦ ਸੀ।


(ਤਸਵੀਰਾਂ : ਰਾਜੇਸ਼ ਥਾਪਾ)

## ਜ਼ੀ ਦਿਖਾਏਗਾ ਵਿਸ਼ਵ ਕੱਪ ਫੁੱਟਬਾਲ ਦੇ ਮੈਚ

**ਨਵੀਂ ਦਿੱਲੀ :** ਫੀਫਾ ਦਾ ਜ਼ੀ ਐਂਟਰਟੇਨਮੈਂਟ ਨਾਲ ਸਮਝੌਤਾ ਹੋ ਜਾਣ ਤੋਂ ਬਾਅਦ ਭਾਰਤ ਵਿੱਚ ਵਿਸ਼ਵ ਕੱਪ ਫੁੱਟਬਾਲ ਦੇ ਮੈਚਾਂ ਦੇ ਸਿੱਧੇ ਪ੍ਰਸਾਰਨ ਬਾਰੇ ਸਸਪੈਂਸ ਖਤਮ ਹੋ ਗਿਆ। ਦੱਸਿਆ ਜਾਂਦਾ ਹੈ ਕਿ ਫੀਫਾ ਨੇ ਕਥਿਤ ਤੌਰ 'ਤੇ 2026 ਅਤੇ 2030 ਦੇ ਵਿਸ਼ਵ ਕੱਪ ਟੂਰਨਾਮੈਂਟਾਂ ਲਈ ਲਗਭਗ 10 ਕਰੋੜ ਡਾਲਰ ਦੀ ਮੰਗ ਕੀਤੀ ਸੀ ਤੇ ਓੜਕ 6 ਕਰੋੜ ਡਾਲਰ 'ਚ ਸੌਦਾ ਹੋ ਗਿਆ। ਇਹ ਸਮਝੌਤਾ 11 ਜੂਨ ਨੂੰ ਅਮਰੀਕਾ, ਕੈਨੇਡਾ ਅਤੇ ਮੈਕਸੀਕੋ ਵਿੱਚ ਟੂਰਨਾਮੈਂਟ ਸ਼ੁਰੂ ਹੋਣ ਤੋਂ ਸਿਰਫ 10 ਦਿਨ ਪਹਿਲਾਂ ਹੋਇਆ ਹੈ। ਬਹੁਤ ਸਾਰੇ ਮੈਚ ਭਾਰਤੀ ਦਰਸ਼ਕਾਂ ਲਈ ਅਜੀਬ ਘੰਟਿਆਂ 'ਤੇ ਖੇਡੇ ਜਾਣਗੇ। ਮੇਜ਼ਬਾਨ ਸ਼ਹਿਰਾਂ ਅਤੇ ਭਾਰਤ ਵਿਚਕਾਰ 10-12 ਘੰਟੇ ਦੇ ਸਮੇਂ ਦਾ ਅੰਤਰ ਹੋਵੇਗਾ। ਭਾਰਤ ਲਈ ਕੁੱਲ 104 ਵਿਸ਼ਵ ਕੱਪ ਮੈਚਾਂ ਵਿੱਚੋਂ ਸਿਰਫ 14 ਅੱਧੀ ਰਾਤ ਤੋਂ ਪਹਿਲਾਂ ਸ਼ੁਰੂ ਹੋਣਗੇ।

## ਦਿੱਲੀ ਦਾ ਚੌਕ 'ਮਿੰਨਾ' ਦੇ ਨਾਂਅ 'ਤੇ



**ਨਵੀਂ ਦਿੱਲੀ (ਨ ਜ਼ ਸ)**-ਮਰਹੂਮ ਪੱਤਰਕਾਰ ਅਸ਼ਵਨੀ ਕੁਮਾਰ ਚੋਪੜਾ, ਜਿਨ੍ਹਾ ਨੂੰ 'ਅਸ਼ਵਨੀ ਮਿੰਨਾ' ਵਜੋਂ ਜਾਣਿਆ ਜਾਂਦਾ ਸੀ, ਨੂੰ ਸਨਮਾਨ ਦੇਣ ਲਈ ਦਿੱਲੀ ਸਰਕਾਰ ਨੇ ਸ਼ਕੂਰਪੁਰ ਸਥਿਤ 'ਬ੍ਰਿਟੇਨੀਆ ਚੌਕ' ਦਾ ਨਾਂਅ ਬਦਲ ਕੇ 'ਅਸ਼ਵਨੀ ਚੋਪੜਾ (ਮਿੰਨਾ) ਚੌਕ' ਰੱਖ ਦਿੱਤਾ ਹੈ। ਮਿੰਨਾ 2014 ਵਿੱਚ ਕਰਨਾਲ ਲੋਕ ਸਭਾ ਸੀਟ ਤੋਂ ਭਾਜਪਾ ਦੀ ਟਿਕਟ 'ਤੇ ਸੰਸਦ ਮੈਂਬਰ ਵੀ ਚੁਣੇ ਗਏ ਸਨ। ਕੈਂਸਰ ਨਾਲ ਲੜਦਿਆਂ 18 ਜਨਵਰੀ 2020 ਨੂੰ ਉਨ੍ਹਾ ਦਾ ਦੇਹਾਂਤ ਹੋ ਗਿਆ ਸੀ।

## ਪਠਾਨਕੋਟ-ਬੈਜਨਾਥ ਰੇਲ ਸੇਵਾ ਬਹਾਲ



**ਜਲੰਧਰ (ਨ ਜ਼ ਸ)**- ਚੱਕੀ ਦਰਿਆ 'ਤੇ ਪੁਲ ਦੀ 70 ਕਰੋੜ ਨਾਲ ਮੁੜ-ਉਸਾਰੀ ਤੋਂ ਬਾਅਦ ਪਠਾਨਕੋਟ ਅਤੇ ਬੈਜਨਾਥ-ਪਪਰੋਲਾ-ਜੋਗਿੰਦਰ ਨਗਰ ਨੈਰੋਗੇਜ ਰੇਲ ਸੇਵਾ ਸਵਾ ਚਾਰ ਸਾਲ ਬਾਅਦ ਮੰਗਲਵਾਰ ਬਹਾਲ ਹੋ ਗਈ। ਪਠਾਨਕੋਟ ਤੋਂ 7 ਡੱਬਿਆਂ ਵਾਲੀ ਟਰੇਨ ਸਵੇਰੇ ਪੰਜ ਤੇ ਸੱਤ ਵਜੇ ਚੱਲੇਗੀ। ਪਠਾਨਕੋਟ ਤੋਂ ਬੈਜਨਾਥ ਤੱਕ ਬੱਸ ਦਾ ਸਫਰ ਕਰੀਬ 340 ਰੁਪਏ ਵਿੱਚ ਪੈਂਦਾ ਸੀ, ਜਦਕਿ ਟਰੇਨ 'ਚ ਸਿਰਫ 35 ਰੁਪਏ ਲੱਗਣਗੇ।

## ਜਲੰਧਰ ਦਾ ਜੂਨੀਅਰ ਰੈਜ਼ੀਡੈਂਟ ਡਾਕਟਰ ਮ੍ਰਿਤ ਮਿਲਿਆ

**ਚੰਡੀਗੜ੍ਹ (ਨ ਜ਼ ਸ)**-ਮੰਗਲਵਾਰ ਸੈਕਟਰ 32 ਦੇ ਸਰਕਾਰੀ ਮੈਡੀਕਲ ਕਾਲਜ ਤੇ ਹਸਪਤਾਲ ਦੇ ਟਰਾਮਾ ਸੈਂਟਰ ਦੇ ਵਾਸ਼ਰੂਮ ਵਿੱਚ ਜਲੰਧਰ ਦੇ ਡਾਕਟਰ ਯੋਗੇਸ਼ ਦੀ ਲਾਸ਼ ਮਿਲੀ। ਉਹ ਇੰਟਰਨਲ ਮੈਡੀਸਨ ਵਿਭਾਗ 'ਚ ਜੂਨੀਅਰ ਰੈਜ਼ੀਡੈਂਟ ਸੀ। ਮੌਤ ਦੇ ਕਾਰਨਾਂ ਦਾ ਪਤਾ ਨਹੀਂ ਲੱਗਾ।

## 30 ਭਾਰਤੀ ਟਰੱਕ ਡਰਾਈਵਰ ਗ੍ਰਿਫ਼ਤਾਰ

**ਵਾਸ਼ਿੰਗਟਨ :** ਅਮਰੀਕਾ ਵਿੱਚ ਗ਼ੈਰ-ਕਾਨੂੰਨੀ ਤੌਰ 'ਤੇ ਰਹਿ ਰਹੇ ਅਤੇ ਕਮਰਸ਼ੀਅਲ ਟਰੱਕ ਡਰਾਈਵਰਾਂ ਵਜੋਂ ਕੰਮ ਕਰ ਰਹੇ ਲੱਗਭੱਗ 30 ਭਾਰਤੀ ਨਾਗਰਿਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਨ੍ਹਾਂ ਨੂੰ ਜਲਦੀ ਹੀ ਦੇਸ਼ ਨਿਕਾਲਾ ਦਿੱਤਾ ਜਾਵੇਗਾ। ਇਨ੍ਹਾਂ ਕੋਲ ਕੈਲੀਫੋਰਨੀਆ, ਨਿਊਯਾਰਕ, ਵਾਸ਼ਿੰਗਟਨ ਅਤੇ ਵਰਜੀਨੀਆ ਵਰਗੇ ਰਾਜਾਂ ਦੇ ਕਮਰਸ਼ੀਅਲ ਡਰਾਈਵਿੰਗ ਲਾਇਸੰਸ ਹਨ, ਜਦੋਂ ਕਿ ਕੁਝ ਕੋਲ ਕਿਸੇ ਵੀ ਤਰ੍ਹਾਂ ਦਾ ਲਾਇਸੈਂਸ ਨਹੀਂ ਸੀ। ਬਾਰਡਰ ਪ੍ਰੋਟੈਕਸ਼ਨ ਵਿਭਾਗ ਨੇ ਸਾਰਿਆਂ ਖ਼ਿਲਾਫ਼ ਸੰਘੀ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਹੈ।

# ਫਸਲੀ ਕਰਜ਼ੇ ਦੀ ਹੱਦ ਵਧਾਈ

- ਕਿਸਾਨਾਂ ਤੋਂ ਬਲੈਂਕ ਚੈੱਕ ਲੈਣ ਦਾ ਰੁਝਾਨ ਖਤਮ
- ਔਰਤਾਂ ਨੂੰ ਮਾਣ-ਭੱਤਾ ਪਹਿਲੀ ਜੁਲਾਈ ਤੋਂ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**



ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਸਹਿਕਾਰੀ ਬੈਂਕਾਂ ਦੀ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਨੀਤੀ 'ਚ ਨਵੇਂ ਸੁਧਾਰ ਕੀਤੇ ਜਾਣ ਦਾ ਐਲਾਨ ਕੀਤਾ ਹੈ। ਸੂਬਾ ਸਰਕਾਰ ਨੇ ਨਵੀਂ ਵਿਵਸਥਾ 'ਚ ਜਿੱਥੇ ਕਿਸਾਨਾਂ ਦੇ ਫ਼ਸਲੀ ਕਰਜ਼ੇ ਦੀ ਸੀਮਾ 'ਚ ਵਾਧਾ ਕੀਤਾ ਹੈ, ਉੱਥੇ ਨਵੀਆਂ ਫ਼ਸਲਾਂ ਨੂੰ ਵੀ ਫ਼ਸਲੀ ਕਰਜ਼ੇ ਦੇ ਦਾਇਰੇ 'ਚ ਲਿਆਉਣ ਦਾ ਵੀ ਫ਼ੈਸਲਾ ਕੀਤਾ ਗਿਆ ਹੈ। ਮੁੱਖ ਮੰਤਰੀ ਨੇ ਮੰਗਲਵਾਰ ਨੂੰ ਇਨ੍ਹਾਂ ਸੁਧਾਰਾਂ ਬਾਰੇ ਵੇਰਵੇ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ ਪੇਂਡੂ ਸਹਿਕਾਰੀ ਸਭਾਵਾਂ ਦੇ ਮੈਂਬਰਾਂ ਲਈ ਕਣਕ ਲਈ ਫ਼ਸਲੀ ਕਰਜ਼ ਸੀਮਾ (ਤੇਲ ਤੇ ਖਾਦ ਆਦਿ ਲਈ) 24,380 ਰੁਪਏ ਤੋਂ ਵਧਾ ਕੇ 30 ਹਜ਼ਾਰ ਰੁਪਏ ਪ੍ਰਤੀ ਏਕੜ ਕੀਤੀ ਗਈ ਹੈ। ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਲਈ ਦੋ ਹਜ਼ਾਰ ਰੁਪਏ ਪ੍ਰਤੀ ਏਕੜ ਅਤੇ ਗੰਨੇ ਦੀ ਕਾਸ਼ਤ ਲਈ ਫ਼ਸਲੀ ਕਰਜ਼ਾ ਸੀਮਾ 44 ਹਜ਼ਾਰ ਤੋਂ ਵਧਾ ਕੇ ਇੱਕ ਲੱਖ ਰੁਪਏ ਪ੍ਰਤੀ ਏਕੜ ਕੀਤੀ ਗਈ ਹੈ। ਨੌਂ ਨਵੀਆਂ ਫ਼ਸਲਾਂ ਨੂੰ ਵੀ ਫ਼ਸਲੀ ਕਰਜ਼ੇ ਦੇ ਦਾਇਰੇ 'ਚ ਸ਼ਾਮਲ ਕੀਤਾ ਗਿਆ ਹੈ, ਜਿਨ੍ਹਾਂ 'ਚ ਫਲ ਤੇ ਸਬਜ਼ੀਆਂ ਵੀ ਸ਼ਾਮਲ ਹਨ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਪੇਂਡੂ ਸਹਿਕਾਰੀ ਸਭਾਵਾਂ ਦੇ ਡਿਫਾਲਟਰ ਕਿਸਾਨਾਂ ਨੂੰ ਫ਼ਸਲੀ ਕਰਜ਼ੇ ਨੂੰ ਲੈ ਕੇ ਕਈ ਛੋਟਾਂ ਦਿੱਤੀਆਂ ਜਾਣਗੀਆਂ। ਉਨ੍ਹਾ ਦੱਸਿਆ ਕਿ ਇਸ ਨਾਲ ਸਹਿਕਾਰੀ ਬੈਂਕਾਂ 'ਤੇ ਕੋਈ ਵਿੱਤੀ ਬੋਝ ਵੀ ਨਹੀਂ ਪਵੇਗਾ। ਭਗਵੰਤ ਮਾਨ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਖਾਤੇ ਸਹਿਕਾਰੀ ਬੈਂਕਾਂ 'ਚ ਖੁਲ੍ਹਵਾਉਣ, ਕਿਉਂਕਿ ਸਭ ਤੋਂ ਘੱਟ ਵਿਆਜ 7 ਫ਼ੀਸਦੀ ਸਹਿਕਾਰੀ ਬੈਂਕਾਂ ਦਾ ਹੈ।

ਮੁੱਖ ਮੰਤਰੀ ਨੇ ਬੈਂਕਾਂ ਵੱਲੋਂ ਸਕਿਉਰਿਟੀ ਵਜੋਂ ਕਿਸਾਨਾਂ ਦੇ ਖ਼ਾਲੀ ਚੈੱਕ ਲੈਣ ਦੇ ਰੁਝਾਨ ਦੇ ਖ਼ਾਤਮੇ ਦਾ ਵੀ ਐਲਾਨ ਕੀਤਾ। ਮੁੱਖ ਮੰਤਰੀ ਨੇ ਦੱਸਿਆ ਕਿ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਔਰਤਾਂ ਨੂੰ ਇੱਕ ਹਜ਼ਾਰ ਤੇ ਪੰਦਰਾਂ ਸੌ ਰੁਪਏ ਮਾਣ ਭੱਤਾ ਪਹਿਲੀ ਜੁਲਾਈ ਤੋਂ ਮਿਲਣਾ ਸ਼ੁਰੂ ਹੋ ਜਾਵੇਗਾ ਅਤੇ ਹੁਣ ਤੱਕ 36 ਲੱਖ ਔਰਤਾਂ ਦੀ ਰਜਿਸਟਰੇਸ਼ਨ ਹੋ ਚੁੱਕੀ ਹੈ ਅਤੇ ਇਸ ਮਹੀਨੇ 'ਚ ਰਜਿਸਟਰੇਸ਼ਨ ਦਾ ਸਮੁੱਚਾ ਕੰਮ ਮੁਕੰਮਲ ਹੋ ਜਾਵੇਗਾ। ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਬਾਰੇ ਪੁੱਛੇ ਇੱਕ ਸੁਆਲ ਦੇ ਜੁਆਬ 'ਚ ਮੁੱਖ ਮੰਤਰੀ ਨੇ ਕਿਹਾ ਕਿ ਮਾਝੇ ਦਾ ਜਰਨੈਲ ਤਾਂ ਕਾਗਜ਼ੀ ਜਰਨੈਲ ਹੀ ਨਿਕਲਿਆ ਅਤੇ ਉਹ ਲੋਕਾਂ ਨੂੰ ਫਸਾ ਕੇ ਖ਼ੁਦ ਦੌੜ ਗਿਆ ਹੈ।

# ਪੰਜਾਬ ਭਰ 'ਚ ਡੀ ਸੀ ਦਫਤਰਾਂ ਅੱਗੇ ਧਰਨੇ

### ਯੂਰੀਆ ਤੇ ਹੋਰ ਖਾਦਾਂ ਦੀ ਸਪਲਾਈ ਯਕੀਨੀ ਬਣਾਉਣ ਤੇ ਤੇਲ, ਗੈਸ ਦੀਆਂ ਵਧਾਈਆਂ ਕੀਮਤਾਂ ਵਾਪਸ ਲੈਣ ਦੀ ਮੰਗ

**ਚੰਡੀਗੜ੍ਹ (ਗਿਆਨ ਸੈਦਪੁਰੀ)**



ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀ ਬੀਤੀ 21 ਮਈ ਨੂੰ ਲੁਧਿਆਣਾ ਵਿਖੇ ਹੋਈ ਮੀਟਿੰਗ ਦੇ ਫੈਸਲੇ ਅਨੁਸਾਰ ਮੰਗਲਵਾਰ ਸਾਰੇ ਪੰਜਾਬ ਦੇ ਡੀ ਸੀ ਦਫਤਰਾਂ ਅੱਗੇ ਧਰਨੇ ਦੇ ਕੇ ਮੰਗ ਪੱਤਰ ਦਿੱਤੇ ਗਏ। ਇਹਨਾਂ ਧਰਨਿਆਂ ਵਿੱਚ ਭਾਰੀ ਗਿਣਤੀ ਵਿੱਚ ਕਿਸਾਨ ਤੇ ਮਜ਼ਦੂਰ ਸ਼ਾਮਲ ਹੋਏ ਅਤੇ ਆਪਣੀਆਂ ਮੰਗਾਂ ਲਈ ਆਵਾਜ਼ ਬੁਲੰਦ ਕੀਤੀ।ਮੰਗ ਪੱਤਰਾਂ ਵਿੱਚ ਸੰਯੁਕਤ ਕਿਸਾਨ ਮੋਰਚੇ ਨੇ ਮੰਗ ਕੀਤੀ ਕਿ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਵਿੱਚੋਂ ਪੰਜਾਬ ਦੀ ਸਥਾਈ ਨੁਮਾਇੰਦਗੀ ਦਾ ਹੱਕ ਖੋਹਣ ਵਾਲਾ ਨੋਟੀਫਿਕੇਸ਼ਨ ਤੁਰੰਤ ਰੱਦ ਕੀਤਾ ਜਾਵੇ, ਯੂਰੀਆ ਤੇ ਡੀ ਏ ਪੀ ਖਾਦ ਲੋੜ ਅਨੁਸਾਰ ਮੁਹੱਈਆ ਕਰਵਾਈ ਜਾਵੇ ਅਤੇ ਇਨ੍ਹਾਂ ਦੀ ਹੋ ਰਹੀ ਬਲੈਕ ਨੂੰ ਫੌਰੀ ਨੱਥ ਪਾਈ ਜਾਵੇ, ਡੀਜ਼ਲ, ਪੈਟਰੋਲ ਅਤੇ ਗੈਸ ਦੀਆਂ ਵਧਾਈਆਂ ਗਈਆਂ ਕੀਮਤਾਂ ਵਾਪਸ ਲਈਆਂ ਜਾਣ। ਖੇਤੀ ਲੋੜਾਂ ਲਈ ਡੀਜ਼ਲ ਦੀ ਸਪਲਾਈ ਤੇ ਕੈਂਪ ਲਾਉਣ ਦਾ ਫੈਸਲਾ ਵਾਪਸ ਲਿਆ ਜਾਵੇ।

ਕਿਸਾਨ ਆਗੂਆਂ ਕਿਹਾ ਕਿ ਰਜਿਸਟਰਾਰ, ਸਹਿਕਾਰੀ ਸਭਾਵਾਂ ਵੱਲੋਂ ਨਵਾਂ ਹੱਦ ਕਰਜ਼ਾ 15 ਮਈ ਤੱਕ ਲਾਗੂ ਕਰਨ ਦਾ ਵਾਅਦਾ ਕੀਤਾ ਗਿਆ ਸੀ, ਜੋ ਕਿ ਅੱਜ ਤੱਕ ਪੂਰਾ ਨਹੀਂ ਕੀਤਾ ਗਿਆ। ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਨਵੇਂ ਹੱਦ ਕਰਜ਼ੇ ਦਾ ਨੋਟੀਫਿਕੇਸ਼ਨ ਤੁਰੰਤ ਲਾਗੂ ਕੀਤਾ ਜਾਵੇ।ਕੇਂਦਰ ਸਰਕਾਰ ਵੱਲੋਂ ਫਸਲਾਂ ਦੀ ਐੱਮ ਐੱਸ ਸੀ ਵਿੱਚ ਕੀਤੇ ਗਏ ਨਿਗੂਣੇ ਵਾਧੇ ਨੂੰ ਰੱਦ ਕਰਦਿਆਂ ਕਿਸਾਨਾਂ ਮੰਗ ਕੀਤੀ ਕਿ ਸਾਰੀਆਂ ਫਸਲਾਂ ਦੀ ਐੱਮ ਐੱਸ ਪੀ ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ ਅਤੇ ਐੱਮ ਐੱਸ ਪੀ ਸਵਾਮੀਨਾਥਨ ਕਮਿਸ਼ਨ ਦੇ ਫਾਰਮੂਲੇ ਸੀ-2+50 ਫੀਸਦੀ ਅਨੁਸਾਰ ਮਿਥੀ ਜਾਵੇ।

ਕਿਸਾਨ ਆਗੂਆਂ ਕਿਹਾ ਕਿ ਫਸਲਾਂ ਦੀ ਖਰੀਦ ਦੀ ਗਰੰਟੀ ਦਾ ਕਾਨੂੰਨ ਨਾ ਹੋਣ ਕਾਰਨ ਕਿਸਾਨ ਬੁਰੀ ਤਰ੍ਹਾਂ ਕਰਜ਼ੇ ਦੇ ਬੋਝ ਥੱਲੇ ਦੱਬੇ ਹੋਏ ਹਨ। ਇਸ ਲਈ ਸਮੁੱਚੇ ਕਿਸਾਨਾਂ ਮਜ਼ਦੂਰਾਂ ਦੀ ਕਰਜ਼ਾ ਮੁਕਤੀ ਕੀਤੀ ਜਾਵੇ ਅਤੇ 58 ਸਾਲ ਦੀ ਉਮਰ ਹੋਣ 'ਤੇ ਕਿਸਾਨਾਂ ਮਜ਼ਦੂਰਾਂ ਨੂੰ ਘੱਟੋ-ਘੱਟ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇ।ਕਿਸਾਨਾਂ ਨੇ ਬੀਜ ਬਿੱਲ ਅਤੇ ਬਿਜਲੀ ਸੋਧ ਬਿੱਲ ਦਾ ਵਿਰੋਧ ਕਰਦਿਆਂ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਸੰਬੰਧੀ ਚੱਲ ਰਹੀ ਗੱਲਬਾਤ ਨੂੰ ਰੋਕਣ ਅਤੇ ਇਸ ਸਬੰਧੀ ਕੌਮੀ ਹਿੱਤਾਂ ਦਾ ਘਾਣ ਕਰਨ ਵਾਲੇ ਫਰੇਮ ਵਰਕ ਨੂੰ ਰੱਦ ਕੀਤਾ ਜਾਵੇ।ਵਰਣਨਯੋਗ ਹੈ ਕਿ ਇਸ ਵਪਾਰ ਸਮਝੌਤੇ ਸਬੰਧੀ ਗੱਲਬਾਤ ਲਈ ਅਮਰੀਕਾ ਸਰਕਾਰ ਦਾ ਵਫਦ ਤਿੰਨ ਦਿਨਾ ਦੌਰੇ 'ਤੇ ਭਾਰਤ ਵਿੱਚ ਆਇਆ ਹੋਇਆ ਹੈ। ਸੰਯੁਕਤ ਕਿਸਾਨ ਮੋਰਚੇ ਨੇ ਭਾਰਤ ਸਰਕਾਰ ਨੂੰ ਸੁਣਵਾਈ ਕੀਤੀ ਕਿ ਜੇਕਰ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਦੇ ਹਿੱਤਾਂ ਖਿਲਾਫ ਕੋਈ ਵੀ ਸਮਝੌਤਾ ਕੀਤਾ ਗਿਆ ਤਾਂ ਉਸ ਦਾ ਜ਼ਬਰਦਸਤ ਵਿਰੋਧ ਕੀਤਾ ਜਾਵੇਗਾ।

ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੇ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦੀ ਹੜਤਾਲ • ਬਾਕੀ ਸਫਾ 2 'ਤੇ

# ਪੰਜਾਬ ਦੀ ਲੀਡਰਸ਼ਿਪ ਨਹੀਂ ਬਦਲਣੀ : ਬਘੇਲ

**ਚੰਡੀਗੜ੍ਹ :** ਕਾਂਗਰਸ ਹਾਈ ਕਮਾਨ ਨੇ ਪੰਜਾਬ ਕਾਂਗਰਸ ਦੀ ਪ੍ਰਧਾਨਗੀ 'ਚ ਫੇਰਬਦਲ ਦੀਆਂ ਅਟਕਲਾਂ ਦੇ ਦਰਮਿਆਨ ਸਾਫ਼ ਕੀਤਾ ਹੈ ਕਿ ਪੰਜਾਬ ਕਾਂਗਰਸ ਦੀ ਲੀਡਰਸ਼ਿਪ 'ਚ ਕੋਈ ਬਦਲਾਅ ਨਹੀਂ ਹੋਵੇਗਾ। ਪੰਜਾਬ ਕਾਂਗਰਸ ਦੇ ਸੰਗਠਨ 'ਤੇ ਚਰਚਾ ਕਰਨ ਲਈ ਮੰਗਲਵਾਰ ਨੂੰ ਹਾਈ ਕਮਾਨ ਨੇ ਦੂਸਰੇ ਗੇੜ ਦੀ ਮੀਟਿੰਗ ਕੀਤੀ। ਦਿੱਲੀ ਵਿਖੇ ਹੋਈ ਮੀਟਿੰਗ 'ਚ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਤੋਂ ਇਲਾਵਾ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ, ਜਨਰਲ ਸਕੱਤਰ ਏ ਕੇ ਵੇਣੂਗੋਪਾਲ ਤੋਂ ਇਲਾਵਾ ਪੰਜਾਬ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਵੀ ਹਾਜ਼ਰ ਸਨ। ਪੰਜਾਬ ਇੰਚਾਰਜ ਭੂਪੇਸ਼ ਬਘੇਲ ਨੇ ਮੀਟਿੰਗ ਮਗਰੋਂ ਕਿਹਾ ਕਿ ਪੰਜਾਬ ਕਾਂਗਰਸ ਦੀ ਲੀਡਰਸ਼ਿਪ 'ਚ ਕੋਈ ਬਦਲਾਅ ਨਹੀਂ ਹੋਵੇਗਾ ਅਤੇ ਇਸ ਬਾਰੇ ਪਹਿਲਾਂ ਪਾਰਟੀ ਜਨਰਲ ਸਕੱਤਰ ਵੇਣੂਗੋਪਾਲ ਵੀ ਸਪੱਸ਼ਟ ਕਰ ਚੁੱਕੇ ਹਨ। ਉਹ ਖ਼ੁਦ ਵੀ ਦੋ ਦਿਨ ਪਹਿਲਾਂ ਕੋਈ ਬਦਲਾਅ ਨਾ ਕੀਤੇ ਜਾਣ ਬਾਰੇ ਆਖ ਚੁੱਕੇ ਹਨ। ਬਘੇਲ ਨੇ ਕਿਹਾ ਕਿ ਲੀਡਰਸ਼ਿਪ 'ਚ ਫੇਰਬਦਲ ਅਫ਼ਵਾਹਾਂ ਤੋਂ ਵੱਧ ਕੁੱਝ ਨਹੀਂ ਅਤੇ ਅੱਜ ਦੀ ਮੀਟਿੰਗ 'ਚ ਲੀਡਰਸ਼ਿਪ 'ਚ ਬਦਲਾਅ ਨੂੰ ਲੈ ਕੇ ਕੋਈ ਚਰਚਾ ਨਹੀਂ ਹੋਈ ਹੈ। ਬਘੇਲ ਨੇ ਕਿਹਾ ਕਿ ਪੰਜਾਬ ਚੋਣਾਂ ਨਜ਼ਦੀਕ ਹਨ ਅਤੇ ਇਨ੍ਹਾਂ ਚੋਣਾਂ ਦੀ ਰਣਨੀਤੀ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਹੈ। ਹਾਈਕਮਾਨ ਨੇ ਚੋਣ ਤਿਆਰੀ ਬਾਰੇ ਗੰਭੀਰ ਮੰਥਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ 'ਚ ਇਸ ਵੇਲੇ ਭ੍ਰਿਸ਼ਟਾਚਾਰ ਪ੍ਰਮੁੱਖ ਮੁੱਦਾ ਹੈ ਅਤੇ ਸਰਕਾਰ ਇਸ 'ਚ ਪੂਰੀ ਤਰ੍ਹਾਂ ਡੁੱਬੀ ਹੋਈ ਹੈ। ਬਘੇਲ ਨੇ ਇਹ ਵੀ ਕਿਹਾ ਕਿ ਪੰਜਾਬ ਚੋਣਾਂ ਖੜਗੇ ਅਤੇ ਰਾਹੁਲ ਗਾਂਧੀ ਦੀ ਅਗਵਾਈ 'ਚ ਲੜੀਆਂ ਜਾਣਗੀਆਂ।

## ਰਣਧੀਰ ਸਿੰਘ ਧੀਰਾ ਨੂੰ ਬਣਾਇਆ ਚੇਅਰਮੈਨ



**ਚੰਡੀਗੜ੍ਹ (ਨ ਜ਼ ਸ)**-ਪੰਜਾਬ ਸਰਕਾਰ ਨੇ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਭਤੀਜੇ ਰਣਧੀਰ ਸਿੰਘ ਧੀਰਾ ਖੁੱਡੀਆਂ ਨੂੰ ਪੰਜਾਬ ਸਟੇਟ ਕੰਟੇਨਰ ਐਂਡ ਵੇਅਰਹਾਊਸਿੰਗ ਕਾਰਪੋਰੇਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਹੈ। ਰਣਧੀਰ ਸਿੰਘ ਧੀਰਾ ਕਾਫੀ ਸਮੇਂ ਤੋਂ ਹਲਕਾ ਲੰਬੀ 'ਚ ਸਿਆਸੀ ਤੌਰ 'ਤੇ ਸਰਗਰਮ ਰਹੇ ਹਨ।

ਖੇਤੀ ਮੰਤਰੀ ਖੁੱਡੀਆਂ ਨੇ ਇਸ ਨਿਯੁਕਤੀ ਲਈ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਹੈ ਕਿ ਇਹ ਨਿਯੁਕਤੀ ਧੀਰਾ ਦੀ ਮਿਹਨਤ, ਸਮਰਪਣ ਅਤੇ ਲੋਕ ਸੇਵਾ ਪ੍ਰਤੀ ਵਚਨਬੱਧਤਾ ਦਾ ਸਨਮਾਨ ਹੈ।

# ਸੀਨੀਅਰ ਸਿਟੀਜ਼ਨਾਂ ਲਈ ਮੁਫ਼ਤ ਈ-ਰਿਕਸ਼ਾ ਸੇਵਾ

**ਜਲੰਧਰ (ਸ਼ੈਲੀ ਐਲਬਰਟ)**



'ਆਪ' ਜਲੰਧਰ ਕੇਂਦਰੀ ਹਲਕਾ ਇੰਚਾਰਜ ਨਿਤਿਨ ਕੋਹਲੀ ਵੱਲੋਂ 65 ਸਾਲ ਤੋਂ ਉਪਰ ਦੇ ਸੀਨੀਅਰ ਸਿਟੀਜ਼ਨਾਂ ਲਈ ਮੰਗਲਵਾਰ ਮੁਫ਼ਤ ਈ-ਰਿਕਸ਼ਾ ਸੇਵਾ ਸ਼ੁਰੂ ਕੀਤੀ। ਇਸ ਸੇਵਾ ਰਾਹੀਂ ਸੀਨੀਅਰ ਸਿਟੀਜ਼ਨ ਗੁਰਦੁਆਰਿਆਂ, ਮੰਦਰਾਂ, ਸਤਿਸੰਗ ਸਮਾਗਮਾਂ, ਸਮਾਜਕ ਪ੍ਰੋਗਰਾਮਾਂ, ਦਵਾਈਆਂ ਦੀ ਖਰੀਦਦਾਰੀ ਅਤੇ ਹੋਰ ਜ਼ਰੂਰੀ ਕੰਮਾਂ ਲਈ ਮੁਫ਼ਤ ਆਵਾਜਾਈ ਸਹੂਲਤ ਦਾ ਲਾਭ ਲੈ ਸਕਣਗੇ।ਇਸ ਉਪਰਾਲੇ ਦਾ ਮੁੱਖ ਉਦੇਸ਼ ਬਜ਼ੁਰਗਾਂ ਨੂੰ ਸਨਮਾਨ ਨਾਲ ਸੁਤੰਤਰ ਅਤੇ ਸੁਖਾਲਾ ਜੀਵਨ ਜਿਊਣ ਵਿੱਚ ਸਹਾਇਤਾ ਕਰਨਾ ਹੈ।ਇਸ ਸੇਵਾ ਦਾ ਲਾਭ ਲੈਣ ਲਈ ਸੀਨੀਅਰ ਸਿਟੀਜ਼ਨ 0181-5018181 ਤੇ 89686-21277 'ਤੇ ਸੰਪਰਕ ਕਰ ਸਕਦੇ ਹਨ।

## ਅੱਜ-ਨਾਮਾ

ਘਰਾਂ ਵਿੱਚ ਗੱਡੀ ਨੂੰ ਤਰਸਦੇ ਸਨ ਲੋਕੀਂ,
ਹਰ ਕੋਈ ਆਖਦਾ, ਚਾਹੀਦੀ ਕਾਰ ਬੇਲੀ।
ਕਾਰਾਂ ਲੱਗੀਆਂ ਆਉਣ, ਫਿਰ ਦੌੜ ਲੱਗੀ,
ਲੱਗੇ ਗ੍ਰਾਹਕ ਫਿਰ ਲਾਉਣ ਕਤਾਰ ਬੇਲੀ।
ਏਧਰ ਸੜਕਾਂ 'ਤੇ ਲੱਗਾ ਬੱਸ ਪੈਣ ਭੜਥੂ,
ਚਾੜ੍ਹਦੀ ਚੰਦ ਪਈ ਨਿੱਤ ਰਫਤਾਰ ਬੇਲੀ।
ਓਧਰ ਗਲੀ ਵਿੱਚ ਲਾਉਣ ਨੂੰ ਥਾਂ ਨਾਹੀਂ,
ਗੱਡੀ ਤੋਂ ਲੱਗੇ ਆ ਹੋਣ ਤਕਰਾਰ ਬੇਲੀ।
ਮਿਲਦੀ ਪਾਰਕਿੰਗ ਵਾਸਤੇ ਥਾਂਉਂ ਨਾਹੀਂ,
ਆਪਸੀ ਆਢੇ ਤੋਂ ਟੱਪੀ ਆ ਗੱਲ ਬੇਲੀ।
ਗੱਡੀ ਲਾਉਣ ਤੋਂ ਫਾਇਰ ਨੇ ਹੋਣ ਲੱਗੇ,
ਸਕੇਗਾ ਕਿੱਦਾਂ ਸਮਾਜ ਇਹ ਝੱਲ ਬੇਲੀ।

-ਤੀਸ ਮਾਰ ਖਾਂ

# ਵੰਦੇ ਮਾਤਰਮ ਦੇ ਸਾਰੇ ਅੰਤਰੇ ਗਾਉਣੇ ਬੋਝ ਵਰਗੇ : ਥਰੂਰ



**ਤਿਰੂਵਨੰਤਪੁਰਮ (ਨ ਜ਼ ਸ)**-ਕੇਰਲਾ ਵਿੱਚ ਕਾਂਗਰਸ ਅਤੇ ਭਾਜਪਾ ਵਿਚਾਲੇ 'ਵੰਦੇ ਮਾਤਰਮ' ਦੇ ਪੂਰੇ ਸੰਸਕਰਣ ਨੂੰ ਗਾਉਣ ਨੂੰ ਲੈ ਕੇ ਨਵਾਂ ਵਿਵਾਦ ਖੜ੍ਹਾ ਹੋ ਗਿਆ ਹੈ। ਕਾਂਗਰਸ ਦੇ ਸੰਸਦ ਮੈਂਬਰ ਸ਼ਸ਼ੀ ਥਰੂਰ ਨੇ ਇਸ ਪ੍ਰਥਾ ਨੂੰ ਸਰੋਤਿਆਂ ਲਈ 'ਗ਼ੈਰ-ਜ਼ਰੂਰੀ ਅਤੇ ਬੋਝਲ' ਕਰਾਰ ਦਿੱਤਾ ਹੈ। ਉਨ੍ਹਾ ਸਰਕਾਰੀ ਸਮਾਗਮਾਂ ਦੇ ਸ਼ੁਰੂ ਅਤੇ ਅੰਤ ਵਿੱਚ ਵੰਦੇ ਮਾਤਰਮ ਦੇ ਸਾਰੇ ਪੰਜ ਅੰਤਰਿਆਂ ਨੂੰ ਗਾਉਣ ਦੀ ਲੋੜ 'ਤੇ ਸਵਾਲ ਚੁੱਕੇ ਹਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਹਰ ਕੋਈ ਵੰਦੇ ਮਾਤਰਮ ਦਾ ਸਤਿਕਾਰ ਕਰਦਾ ਹੈ, ਪਰ ਹਰ ਸਮਾਗਮ ਵਿੱਚ ਇਸ ਦੇ ਪੂਰੇ ਸੰਸਕਰਣ ਨੂੰ ਲਾਜ਼ਮੀ ਬਣਾਉਣਾ ਸਹੀ ਨਹੀਂ। ਉਨ੍ਹਾ ਕਿਹਾ, 'ਵੰਦੇ ਮਾਤਰਮ ਰਾਸ਼ਟਰੀ ਗੀਤ ਹੈ ਅਤੇ ਜਦੋਂ ਇਹ ਗਾਇਆ ਜਾਂਦਾ ਹੈ ਤਾਂ ਅਸੀਂ ਸਤਿਕਾਰ ਵਜੋਂ ਖੜ੍ਹੇ ਹੁੰਦੇ ਹਾਂ। ਪਹਿਲਾ ਅੰਤਰਾ ਜਾਂ ਪਹਿਲੇ ਦੋ ਅੰਤਰੇ, ਅਜਿਹੀ ਚੀਜ਼ ਹਨ, ਜੋ ਜ਼ਿਆਦਾਤਰ ਲੋਕਾਂ ਨੂੰ ਜ਼ੁਬਾਨੀ ਯਾਦ ਹਨ।'

ਥਰੂਰ ਨੇ ਦੱਸਿਆ ਕਿ ਰਵਾਇਤੀ ਤੌਰ 'ਤੇ ਇਹ ਗੀਤ ਸਮਾਗਮ ਦੀ ਸ਼ੁਰੂਆਤ ਵਿੱਚ ਇੱਕ ਵਾਰ ਗਾਇਆ ਜਾਂਦਾ ਸੀ, ਜਦੋਂ ਕਿ ਰਾਸ਼ਟਰੀ ਗਾਨ (ਜਨ ਗਣ ਮਨ) ਵੱਖਰੇ ਤੌਰ 'ਤੇ, ਅਕਸਰ ਅੰਤ ਵਿੱਚ ਵਜਾਇਆ ਜਾਂਦਾ ਸੀ, ਪਰ ਹੁਣ ਉਹ ਚਾਹੁੰਦੇ ਹਨ ਕਿ ਹਰ ਸਮਾਗਮ ਦੇ ਸ਼ੁਰੂ ਵਿੱਚ ਅਤੇ ਫਿਰ ਅੰਤ ਵਿੱਚ ਸਾਰੇ ਪੰਜ ਅੰਤਰੇ ਗਾਏ ਜਾਣ, ਜੋ ਕਿ ਇੱਕ ਗ਼ੈਰ-ਜ਼ਰੂਰੀ ਬੋਝ ਹੈ। ਉਨ੍ਹਾ ਕਿਹਾ ਕਿ ਕੇਰਲਾ ਸਰਕਾਰ ਦਾ ਮੰਨਣਾ ਹੈ ਕਿ ਪੂਰਾ ਸੰਸਕਰਣ ਗਾਉਣਾ ਵਿਕਲਪਕ ਹੈ, ਜਦੋਂ ਕਿ ਰਾਜਪਾਲ ਰਾਜੇਂਦਰ ਵਿਸ਼ਵਨਾਥ ਅਰਲੇਕਰ ਦਾ ਵਿਚਾਰ ਵੱਖਰਾ ਜਾਪਦਾ ਹੈ। ਥਰੂਰ ਨੇ ਸਪੱਸ਼ਟ ਕੀਤਾ ਕਿ ਉਨ੍ਹਾ ਨੂੰ ਰਾਸ਼ਟਰੀ ਗੀਤ 'ਤੇ ਕੋਈ ਇਤਰਾਜ਼ ਨਹੀਂ ਅਤੇ ਉਹ ਖ਼ੁਸ਼ੀ ਨਾਲ ਇਸ ਨੂੰ ਗਾ ਸਕਦੇ ਹਨ, ਪਰ ਕੇਂਦਰ ਸਰਕਾਰ ਵੱਲੋਂ ਹਰ ਵਾਰ ਸਾਰੇ ਪੰਜੇ ਅੰਤਰੇ ਸੁਣਨ ਲਈ ਮਜਬੂਰ ਕਰਨਾ ਗ਼ੈਰ-ਜ਼ਰੂਰੀ ਹੈ। ਦੂਜੇ ਪਾਸੇ ਭਾਜਪਾ ਨੇ ਥਰੂਰ ਦੇ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਅਮਿਤ ਮਾਲਵੀਆ ਨੇ ਕਿਹਾ ਕਿ ਵੰਦੇ ਮਾਤਰਮ ਨੂੰ ਪੂਰਾ ਗਾਉਣਾ ਵਿਕਲਪਕ ਨਹੀਂ ਅਤੇ ਇਸ ਨੂੰ ਸੂਬਿਆਂ ਦੇ ਫੈਸਲੇ 'ਤੇ ਨਹੀਂ ਛੱਡਿਆ ਜਾ ਸਕਦਾ। ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ 6 ਫਰਵਰੀ ਨੂੰ ਜਾਰੀ ਕੀਤੀਆਂ ਗਈਆਂ ਨਵੀਆਂ ਹਦਾਇਤਾਂ ਤੋਂ ਬਾਅਦ ਹੁਣ ਦੇਸ਼ ਭਰ ਦੇ ਸਕੂਲਾਂ ਅਤੇ ਸਰਕਾਰੀ ਸਮਾਗਮਾਂ ਵਿੱਚ ਵੰਦੇ ਮਾਤਰਮ ਗਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ।

## ਟਰੰਪ ਨੇ ਨੇਤਨਯਾਹੂ ਨੂੰ ਪਾਈ ਝਾੜ

**ਨਵੀਂ ਦਿੱਲੀ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਤਿੱਖੀ ਟੈਲੀਫ਼ੋਨ ਗੱਲਬਾਤ ਦੌਰਾਨ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ 'ਤੇ ਆਪਣਾ ਗੁੱਸਾ ਕੱਢਿਆ ਹੈ। ਰਿਪੋਰਟ ਮੁਤਾਬਕ ਟਰੰਪ ਨੇ ਇਜ਼ਰਾਇਲੀ ਆਗੂ ਨੂੰ ਦੁਨੀਆ ਭਰ ਵਿੱਚ ਇਜ਼ਰਾਈਲ ਖ਼ਿਲਾਫ਼ ਪੈਦਾ ਹੋ ਰਹੀ ਨਫ਼ਰਤ ਅਤੇ ਵਿਰੋਧ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਠਹਿਰਾਇਆ ਹੈ।

ਇਹ ਤਣਾਅ ਉਸ ਵੇਲੇ ਵਧਿਆ ਜਦੋਂ ਈਰਾਨ ਨੇ ਉਸੇ ਦਿਨ ਸਵੇਰੇ ਚੇਤਾਵਨੀ ਦਿੱਤੀ ਸੀ ਕਿ ਜੇਕਰ ਲੈਬਨਾਨ ਵਿੱਚ ਇਜ਼ਰਾਈਲ ਦੀਆਂ ਫ਼ੌਜੀ ਕਾਰਵਾਈਆਂ ਇਵੇਂ ਹੀ ਜਾਰੀ ਰਹੀਆਂ, ਤਾਂ ਉਹ ਵਾਸ਼ਿੰਗਟਨ (ਅਮਰੀਕਾ) ਨਾਲ ਆਪਣੇ ਸਾਰੇ ਕੂਟਨੀਤਕ ਸੰਪਰਕ ਤੋੜ ਦੇਵੇਗਾ। ਇਸ ਤੋਂ ਬਾਅਦ ਅਮਰੀਕੀ ਰਾਸ਼ਟਰਪਤੀ ਨੇ ਹਮਲਾਵਰ ਰੁਖ਼ ਅਖ਼ਤਿਆਰ ਕਰਦਿਆਂ ਨੇਤਨਯਾਹੂ ਨਾਲ ਗੱਲ ਕੀਤੀ ਅਤੇ ਇੱਕ ਮੌਕੇ ਬੇਹੱਦ ਗੁੱਸੇ ਵਿੱਚ ਆ ਕੇ ਇੱਥੋਂ ਤੱਕ ਆਖ ਦਿੱਤਾ, 'ਤੁਸੀਂ ਆਖ਼ਰ ਕਰ ਕੀ ਰਹੇ ਹੋ? 'ਰਿਪੋਰਟ ਵਿੱਚ ਇੱਕ ਅਮਰੀਕੀ ਅਧਿਕਾਰੀ ਦੇ ਹਵਾਲੇ ਨਾਲ ਦੱਸਿਆ ਗਿਆ ਹੈ ਕਿ ਰਾਸ਼ਟਰਪਤੀ ਟਰੰਪ ਹਿਜ਼ਬੁੱਲਾ ਦੇ ਹਮਲਿਆਂ ਦੇ ਜਵਾਬ ਵਿੱਚ ਇਜ਼ਰਾਈਲ ਵੱਲੋਂ ਕੀਤੀ ਜਾ ਰਹੀ ਲੋੜ ਤੋਂ ਵੱਧ ਅਤੇ ਅੰਨ੍ਹੇਵਾਹ ਫ਼ੌਜੀ ਕਾਰਵਾਈ ਤੋਂ ਕਾਫ਼ੀ ਨਿਰਾਸ਼ ਸਨ। ਟਰੰਪ ਨੇ ਨੇਤਨਯਾਹੂ ਨੂੰ ਸਪੱਸ਼ਟ ਸ਼ਬਦਾਂ ਵਿੱਚ ਕਿਹਾ, "ਇਸ ਸਭ ਦੇ ਚੱਲਦਿਆਂ ਹੁਣ ਹਰ ਕੋਈ ਤੁਹਾਨੂੰ ਨਫ਼ਰਤ ਕਰਦਾ ਹੈ। ਤੁਹਾਡੀਆਂ ਇਨ੍ਹਾਂ ਹਰਕਤਾਂ ਕਰਕੇ ਅੱਜ ਪੂਰੀ ਦੁਨੀਆ ਇਜ਼ਰਾਈਲ ਦੇ ਖ਼ਿਲਾਫ਼ ਹੋ ਚੁੱਕੀ ਹੈ।'

# ਪੰਜਾਬ ਆਇਆ ਟੀਚਰ ਲਾਪਤਾ

**ਚੰਡੀਗੜ੍ਹ (ਨ ਜ਼ ਸ)**



ਅੰਮ੍ਰਿਤਸਰ ਵਿੱਚ ਪੰਜਾਬੀ ਮੂਲ ਦੇ 66 ਸਾਲਾ ਆਸਟ੍ਰੇਲੀਆਈ ਟੀਚਰ ਦੇ ਰਹੱਸਮਈ ਢੰਗ ਨਾਲ ਲਾਪਤਾ ਹੋਣ ਦੇ ਮਾਮਲੇ ਨੇ ਗੰਭੀਰ ਰੂਪ ਧਾਰ ਲਿਆ ਹੈ। ਪੁਲਸ ਨੇ ਉਸ ਦੇ ਭਰਾ ਨੂੰ ਮੁੱਖ ਸ਼ੱਕੀ ਦੱਸਿਆ ਹੈ। ਲਾਪਤਾ ਵਿਅਕਤੀ ਦੀ ਧੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਦਦ ਦੀ ਅਪੀਲ ਕੀਤੀ ਹੈ। ਮੈਲਬੌਰਨ ਵਿੱਚ ਰਹਿਣ ਵਾਲੇ ਗਣਿਤ ਦੇ ਅਧਿਆਪਕ ਸੁਨੀਲ ਸ਼ਰਮਾ 22 ਮਈ ਨੂੰ ਪੰਜਾਬ ਦੇ ਦੌਰੇ ਦੌਰਾਨ ਲਾਪਤਾ ਹੋ ਗਏ ਸਨ। ਸ਼ਰਮਾ ਇੱਕ ਜਾਇਦਾਦ ਦੇ ਮਾਮਲੇ ਦੇ ਸੰਬੰਧ ਵਿੱਚ ਅੰਮ੍ਰਿਤਸਰ ਗਿਆ ਸੀ। ਉਸ ਦਾ ਮੁਹਾਲੀ ਵਿੱਚ ਇੱਕ ਘਰ ਵੀ ਹੈ। ਉਸ ਦੇ ਪਰਵਾਰ ਦੇ ਅਨੁਸਾਰ ਸ਼ਰਮਾ 22 ਮਈ ਤੋਂ ਲਾਪਤਾ ਹੈ ਅਤੇ ਉਸ ਦਾ ਮੋਬਾਇਲ ਫੋਨ ਬੰਦ ਹੈ।

ਇੱਕ ਭਾਵੁਕ ਵੀਡੀਓ ਸੰਦੇਸ਼ ਵਿੱਚ ਸ਼ਰਮਾ ਦੀ ਧੀ ਸੁਰਭੀ ਸ਼ਰਮਾ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਨੂੰ ਆਪਣੇ ਪਿਤਾ ਨੂੰ ਲੱਭਣ ਲਈ ਯਤਨ ਤੇਜ਼ ਕਰਨ ਦੀ ਅਪੀਲ ਕੀਤੀ। ਉਸ ਨੇ ਕਿਹਾ, 'ਮੇਰੇ ਪਿਤਾ 22 ਮਈ ਤੋਂ ਅੰਮ੍ਰਿਤਸਰ ਤੋਂ ਲਾਪਤਾ ਹਨ। ਸਾਨੂੰ ਉਨ੍ਹਾਂ ਦੇ ਟਿਕਾਣੇ ਬਾਰੇ ਕੋਈ ਜਾਣਕਾਰੀ ਨਹੀਂ ਹੈ ਅਤੇ ਉਨ੍ਹਾਂ ਦਾ ਫ਼ੋਨ ਬੰਦ ਹੈ। ਮੈਂ ਪੰਜਾਬ ਸਰਕਾਰ ਨੂੰ ਬੇਨਤੀ ਕਰਦੀ ਹਾਂ ਕਿ ਉਨ੍ਹਾਂ ਨੂੰ ਲੱਭਣ ਅਤੇ ਉਨ੍ਹਾਂ ਨੂੰ ਘਰ ਲਿਆਉਣ ਲਈ ਸਾਰੇ ਉਪਲਬਧ ਸਰੋਤਾਂ ਦੀ ਵਰਤੋਂ ਕੀਤੀ ਜਾਵੇ।'

ਅੰਮ੍ਰਿਤਸਰ ਦਿਹਾਤੀ ਪੁਲਸ ਨੇ ਸ਼ਰਮਾ ਦੇ ਭਰਾ ਸੰਨੀ ਸ਼ਰਮਾ ਨੂੰ ਮੁੱਖ ਸ਼ੱਕੀ ਵਜੋਂ ਨਾਮਜ਼ਦ ਕੀਤਾ ਹੈ। ਪੁਲਸ ਅਧਿਕਾਰੀਆਂ ਨੇ ਕਿਹਾ ਕਿ ਸੰਨੀ ਅਤੇ ਉਸ ਦਾ ਪਰਵਾਰ ਇਸ ਸਮੇਂ ਫਰਾਰ ਹੈ।

## ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ ਅਕਾਲੀ ਦਲ 'ਚ ਹੋਏ ਸ਼ਾਮਲ



**ਜਗਰਾਉਂ (ਸੰਜੀਵ ਅਰੋੜਾ)**-ਵਾਰਡ ਨੰਬਰ 4 ਤੋਂ ਆਜ਼ਾਦ ਉਮੀਦਵਾਰ ਵਜੋਂ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਵਾਲੇ ਦਵਿੰਦਰਜੀਤ ਸਿੰਘ ਸਿੱਧੂ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋ ਗਏ। ਅਕਾਲੀ ਦਲ ਦੀ ਸਪੋਟ 'ਤੇ ਮੈਦਾਨ 'ਚ ਉਤਰੇ ਸਿੱਧੂ ਨੇ ਚੋਣ ਜਿੱਤ ਕੇ ਸਾਬਤ ਕਰ ਦਿੱਤਾ ਕਿ ਉਹ ਲੋਕਾਂ ਨਾਲ ਖੜਦੇ ਹਨ। ਵਿਧਾਨ ਸਭਾ ਹਲਕਾ ਜਗਰਾਉਂ ਤੋਂ ਸਾਬਕਾ ਵਿਧਾਇਕ ਐੱਸ.ਆਰ. ਕਲੇਰ ਹਲਕਾ ਇੰਚਾਰਜ ਦੀ ਅਗਵਾਈ ਹੇਠ ਆਜ਼ਾਦ ਉਮੀਦਵਾਰ ਦਵਿੰਦਰਜੀਤ ਸਿੰਘ ਸਿੱਧੂ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਚੰਡੀਗੜ੍ਹ ਦਫ਼ਤਰ ਵਿਖੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕੀਤਾ ਗਿਆ। ਸਾਬਕਾ ਵਿਧਾਇਕ ਐਸ. ਆਰ. ਕਲੇਰ ਨੇ ਕਿਹਾ ਕਿ ਦਵਿੰਦਰਜੀਤ ਸਿੰਘ ਸਿੱਧੂ ਅਕਾਲੀ ਦਲ ਦੇ ਵਫ਼ਾਦਾਰ ਸਿਪਾਹੀ ਹਨ ਤੇ ਹਮੇਸ਼ਾਂ ਅਕਾਲੀ ਦਲ ਨੂੰ ਸਮਰਪਿਤ ਕੰਮ ਕੀਤਾ। ਇਸ ਮੌਕੇ ਪਾਰਟੀ 'ਚ ਸ਼ਾਮਲ ਹੋਏ ਦਵਿੰਦਰਜੀਤ ਸਿੰਘ ਸਿੱਧੂ ਨੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਮਿਲ ਕੇ ਕੰਮ ਕਰਨ ਦਾ ਸੰਕਲਪ ਲਿਆ ਗਿਆ। ਉਨ੍ਹਾਂ ਇਸ ਮੌਕੇ ਸਮੁੱਚੇ ਵਾਰਡ ਵਾਸੀਆਂ ਦਾ ਵੀ ਧੰਨਵਾਦ ਕੀਤਾ।

## ਯਸ਼ਿਤ ਕਾਂਸਲ ਨੇ ਜੇ ਈ ਈ-ਐਡਵਾਂਸਡ 'ਚ ਹਾਸਲ ਕੀਤਾ ਆਲ ਇੰਡੀਆ ਰੈਂਕ-137



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਆਈ ਆਈ ਟੀ ਰੁੜਕੀ ਵੱਲੋਂ ਅੱਜ ਜਾਰੀ ਜੇ ਈ ਈ-ਐਡਵਾਂਸਡ 2026 ਦੇ ਇਮਤਿਹਾਨੀ ਨਤੀਜਿਆਂ ਵਿੱਚ ਐਲਨ ਕਰੀਅਰ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਆਪਣੀ ਸਰਵੋਤਮਤਾ ਸਾਬਤ ਕੀਤੀ ਹੈ। ਐਲਨ ਬਠਿੰਡਾ ਦੇ ਕਲਾਸਰੂਮ ਸਟੂਡੈਂਟ ਯਸ਼ਿਤ ਕਾਂਸਲ ਨੇ ਆਲ ਇੰਡੀਆ ਰੈਂਕ 137 ਪ੍ਰਾਪਤ ਕਰਕੇ ਸ਼ਹਿਰ ਵਿੱਚੋਂ ਟਾਪ ਕੀਤਾ ਹੈ। ਢੋਲ-ਨਗਾਰਿਆਂ ਦੀ ਗੂੰਜ ਵਿੱਚ ਅਧਿਆਪਕਾਂ ਨੇ ਸਾਰੇ ਸਫਲ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ।ਐਲਨ ਬਠਿੰਡਾ ਦੇ ਸੈਂਟਰ ਹੈੱਡ ਸੁਨੀਲ ਗੁਪਤਾ ਨੇ ਦੱਸਿਆ ਕਿ ਐਲਨ ਹਮੇਸ਼ਾ ਤੋਂ ਹੀ ਆਪਣੇ ਇਤਿਹਾਸਕ ਅਤੇ ਸਰਵੋਤਮ ਨਤੀਜਿਆਂ ਲਈ ਜਾਣਿਆ ਜਾਂਦਾ ਹੈ। ਇਸ ਸਾਲ ਵੀ ਸੰਸਥਾ ਨੇ ਆਪਣੀ ਇਸੇ ਪਰੰਪਰਾ ਨੂੰ ਬਰਕਰਾਰ ਰੱਖਿਆ ਹੈ। ਉਨ੍ਹਾਂ ਕਿਹਾ ਕਿ ਯਸ਼ਿਤ ਕਾਂਸਲ ਤੋਂ ਇਲਾਵਾ, ਟਾਪ-500 ਤੋਂ ਲੈ ਕੇ ਟਾਪ-10 ਹਜ਼ਾਰ ਤੱਕ ਦੇ ਰੈਂਕ ਵਿੱਚ ਐਲਨ ਬਠਿੰਡਾ ਦੇ 15 ਕਲਾਸਰੂਮ ਸਟੂਡੈਂਟਸ ਨੇ ਆਪਣੀ ਜਗ੍ਹਾ ਬਣਾਈ ਹੈ।

## ਨਹਿਰ 'ਚ ਡਿੱਗੇ ਵਿਅਕਤੀ ਨੂੰ ਪੁਲਸ ਕਰਮਚਾਰੀਆਂ ਨੇ ਸੁਰੱਖਿਅਤ ਬਾਹਰ ਕੱਢਿਆ



**ਗਿੱਦੜਬਾਹਾ (ਕੁਲਭੂਸ਼ਨ ਗਰਗ)**-ਗਿੱਦੜਬਾਹਾ-ਮਲੋਟ ਰੋਡ ਤੇ ਸਥਿਤ ਜੁੜਵਾਂ ਨਹਿਰਾਂ ਵਿਚੋਂ ਰਾਜਸਥਾਨ ਫੀਡਰ ਨਹਿਰ ਵਿਚ ਇਕ ਵਿਅਕਤੀ ਅੱਜ ਸਵੇਰੇ ਅਚਾਨਕ ਪੈਰ ਫਿਸਲਣ ਕਾਰਨ ਡਿਗ ਗਿਆ ਅਤੇ ਤੈਰਦਾ ਹੋਇਆ ਤੇ ਜ਼ਿੰਦਗੀ ਬਚਾਉਣ ਲਈ ਸੰਘਰਸ਼ ਕਰਦਾ ਹੋਇਆ ਜਦੋਂ ਉਕਤ ਨਹਿਰ 'ਤੇ ਸਥਿਤ ਰੇਲਵੇ ਲਾਈਨ ਵਾਲੇ ਪੁਲ ਦੇ ਨਜ਼ਦੀਕ ਪੁੱਜਾ ਤਾਂ ਉਥੇ ਡਿਊਟੀ 'ਤੇ ਮੌਜੂਦ ਰੇਲਵੇ ਪੁਲਸ ਕਰਚਮਾਰੀਆਂ ਏ.ਐਸ.ਆਈ ਗੁਰਜੰਟ ਸਿੰਘ, ਐੱਚ.ਸੀ. ਮੋਹਰ ਸਿੰਘ, ਸੀ.ਟੀ. ਮਨਪ੍ਰੀਤ ਸਿੰਘ, ਸੀ.ਟੀ. ਵਰਿਆਮ ਸਿੰਘ ਅਤੇ ਸੀ.ਟੀ. ਰੁਪਿੰਦਰ ਸਿੰਘ ਨੇ ਰੱਸਿਆ ਦੀ ਮਦਦ ਨਾਲ ਨਹਿਰ ਵਿਚ ਡਿੱਗੇ ਬੇਅੰਤ ਸਿੰਘ ਵਾਸੀ ਥੇਹੜੀ ਨੂੰ ਸੁਰੱਖਿਅਤ ਬਾਹਰ ਕੱਢ ਲਿਆਂਦਾ। ਨਹਿਰ ਵਿਚੋਂ ਬਾਹਰ ਆਉਣ ਉਪਰੰਤ ਬੇਅੰਤ ਸਿੰਘ ਪੂਰੀ ਤਰ੍ਹਾਂ ਠੀਕ ਸੀ ਅਤੇ ਉਸ ਨੇ ਅਤੇ ਉਸ ਦੇ ਪਰਵਾਰਕ ਮੈਂਬਰਾਂ ਨੇ ਰੇਲਵੇ ਪੁਲਸ ਕਰਮਚਾਰੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਗਿੱਦੜਬਾਹਾ 'ਚ 'ਆਪ' ਦੀ ਇਤਿਹਾਸਕ ਜਿੱਤ : ਬਲਤੇਜ ਸਿੱਧੂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਹਲਕਾ ਗਿੱਦੜਬਾਹਾ ਵਿੱਚ ਆਮ ਆਦਮੀ ਪਾਰਟੀ (ਆਪ) ਨੇ ਨਗਰ ਕੌਂਸਲ ਚੋਣਾਂ ਵਿੱਚ ਇੱਕ ਵੱਡੀ ਅਤੇ ਇਤਿਹਾਸਕ ਜਿੱਤ ਦਰਜ ਕੀਤੀ ਹੈ।ਸ਼ਹਿਰ ਦੇ ਲੋਕਾਂ ਨੇ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਵਿੱਚ ਚੱਲ ਰਹੇ ਰਿਕਾਰਡਤੋੜ ਵਿਕਾਸ ਕਾਰਜਾਂ 'ਤੇ ਭਰੋਸਾ ਪ੍ਰਗਟਾਉਂਦੇ ਹੋਏ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਇੱਕਤਰਫਾ ਫਤਵਾ ਦਿੱਤਾ ਹੈ।ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਹਲਕਾ ਗਿੱਦੜਬਾਹਾ ਦੇ ਮੀਡੀਆ ਕੋਆਰਡੀਨੇਟਰ ਬਲਤੇਜ ਸਿੰਘ ਸਿੱਧੂ ਨੇ ਦੱਸਿਆ ਕਿ ਗਿੱਦੜਬਾਹਾ ਸ਼ਹਿਰ ਦੇ ਸੂਝਵਾਨ ਵੋਟਰਾਂ ਨੇ ਵਿਰੋਧੀ ਪਾਰਟੀਆਂ ਦੇ ਕੂੜ ਪ੍ਰਚਾਰ ਨੂੰ ਨਕਾਰ ਕੇ ਸਿਰਫ਼ ਵਿਕਾਸ ਦੀ ਰਾਜਨੀਤੀ ਨੂੰ ਚੁਣਿਆ ਹੈ।ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਦੇ ਕੁੱਲ 19 ਵਾਰਡਾਂ ਵਿੱਚੋਂ 17 ਵਾਰਡਾਂ ਦੇ ਲੋਕਾਂ ਨੇ 'ਆਪ' ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ 17 ਸੀਟਾਂ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਾਇਆ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ ਹੈ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸੂਬੇ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ 'ਤੇ ਮੋਹਰ ਲਾਈ ਹੈ।ਉਨ੍ਹਾਂ ਨੇ ਕਿਹਾ ਕਿ ਇਹ ਜਿੱਤ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਗਿੱਦੜਬਾਹਾ ਦੇ ਹਰ ਉਸ ਨਾਗਰਿਕ ਦੀ ਹੈ ਜੋ ਸ਼ਹਿਰ ਨੂੰ ਤਰੱਕੀ ਦੀਆਂ ਲੀਹਾਂ 'ਤੇ ਦੇਖਣਾ ਚਾਹੁੰਦਾ ਹੈ।ਵਿਧਾਇਕ ਡਿੰਪੀ ਢਿੱਲੋਂ ਦੀ ਦਿਨ-ਰਾਤ ਦੀ ਮਿਹਨਤ ਅਤੇ ਲੋਕ-ਪੱਖੀ ਸੋਚ ਸਦਕਾ ਅੱਜ ਗਿੱਦੜਬਾਹਾ ਵਿਕਾਸ ਦੇ ਮਾਮਲੇ ਵਿੱਚ ਮੋਹਰੀ ਬਣ ਰਿਹਾ ਹੈ।ਉਨਾਂ ਨੇ ਕਿਹਾ ਕਿ ਇਸ ਵੱਡੀ ਜਿੱਤ ਨੇ ਪਾਰਟੀ ਦੀ ਜ਼ਿੰਮੇਵਾਰੀ ਹੋਰ ਵਧਾ ਦਿੱਤੀ ਹੈ।ਹੁਣ ਬਿਨਾਂ ਕਿਸੇ ਪੱਖਪਾਤ ਦੇ ਸ਼ਹਿਰ ਦੇ ਸਾਰੇ 19 ਵਾਰਡਾਂ ਵਿੱਚ ਬੁਨਿਆਦੀ ਸਹੂਲਤਾਂ, ਸਾਫ਼-ਸਫ਼ਾਈ ਅਤੇ ਸੜਕਾਂ ਦੇ ਨਿਰਮਾਣ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾਵੇਗਾ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਸਿਟੀ ਦੀ ਹੋਈ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਸਿਟੀ ਮੋਗਾ ਰਜਿ 295 ਪੰਜਾਬ ਦੀ ਮਹੀਨਾਵਾਰ ਮੀਟਿੰਗ ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਭਵਨ ਮਹਿਮੇ ਵਾਲਾ ਰੋਡ ਵਿਖੇ ਬਲਾਕ ਪ੍ਰਧਾਨ ਡਾਕਟਰ ਦਰਸ਼ਨ ਲਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਦੌਰਾਨ ਸਟੇਜ ਦੀ ਕਾਰਵਾਈ ਬਲਾਕ ਜਰਨਲ ਸਕੱਤਰ ਡਾ. ਸੱਤਪਾਲ ਮੋਰੀਆਂ ਨੇ ਚਲਾਈ।ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਡਾ. ਜਸਵੀਰ ਸਿੰਘ ਸਹਿਗਲ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਜ਼ਿਲ੍ਹਾ ਪ੍ਰਧਾਨ ਡਾ. ਜਸਵੀਰ ਸਿੰਘ ਸਹਿਗਲ ਤੇ ਬਲਾਕ ਪ੍ਰਧਾਨ ਡਾ. ਦਰਸ਼ਨ ਲਾਲ ਪੰਜਾਬ ਸਰਕਾਰ ਦੇ ਫੈਸਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਪਿਛਲੇ ਲੰਬੇ ਅਰਸੇ ਤੋਂ ਮੈਡੀਕਲ ਪ੍ਰੈਕਟੀਸਨਰਜ ਸਾਥੀਆਂ ਦੀਆਂ ਮੰਗਾ ਲਟਕਦੀਆਂ ਆ ਰਹੀਆਂ ਸਨ।ਉਹ ਮੰਗਾਂ ਸੂਬਾ ਕਮੇਟੀ ਅਤੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਵਲੋਂ ਪੰਜਾਬ ਸਰਕਾਰ ਦੇ ਸੀਨੀਅਰ ਮੰਤਰੀਆਂ ਨੇ ਇਕ ਮੀਟਿੰਗ ਕਰ ਕੇ ਭਰੋਸਾ ਦਿੱਤਾ ਕੇ ਮੈਡੀਕਲ ਪ੍ਰੈਕਟੀਸ਼ਨਰਜ਼ ਸਾਥੀਆਂ ਨੂੰ ਟ੍ਰੇਨਿੰਗ ਦੇਕੇ ਛੇਤੀ ਤੋਂ ਛੇਤੀ ਰਜਿ ਕੀਤਾ ਜਾਵੇਗਾ।ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪਹਿਲ ਦੇ ਆਧਾਰ ਤੇ ਸਾਡੀ ਇਸ ਮੰਗ ਨੂੰ ਲਾਗੂ ਕੀਤਾ ਜਾਵੇ ਤਾਂ ਜੋ ਸ਼ਹਿਰਾਂ ਦੇ ਆਮ ਲੋਕਾਂ ਨੂੰ ਸੱਸਤੀਆ ਅਤੇ ਦਿਨ ਰਾਤ ਅਤੇ ਸਮੇਂ ਸਿਰ ਸਿਹਤ ਸਹੂਲਤਾਂ ਮੁਹੱਈਆ ਹੋ ਸਕਣ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਡਾ ਬਲਜੀਤ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਰਾਜਨੀਤੀ ਤੋਂ ਉੱਪਰ ਉੱਠ ਯੂਨੀਅਨ ਦੀਆਂ ਮੰਗਾ ਵੱਲ ਧਿਆਨ ਦੇਣਾ ਚਾਹੀਦਾ ਹੈ।ਜ਼ਿਲ੍ਹਾ ਸਹਾਇਕ ਕੈਸ਼ੀਅਰ ਡਾਕਟਰ ਸ੍ਰੀ ਕ੍ਰਿਸਨ ਮੋਰੀਆਂ ਬਲਾਕ ਚੇਅਰਮੈਨ ਡਾ ਜਗਜੀਤ ਸਿੰਘ ਨੇ ਸਾਰੇ ਡਾਕਟਰ ਸਾਥੀਆਂ ਨੂੰ ਪਹਿਲਾਂ ਦੀ ਤਰ੍ਹਾਂ ਅੱਗੇ ਵੀ ਸਾਫ਼-ਸੁਥਰੀ ਪ੍ਰੈਕਟਿਸ ਕਰਨ ਦੀਆਂ ਹਦਾਇਤਾ ਦਿੱਤੀਆਂ।

## ਵਿਸ਼ਵ ਆਰਥੋਡੌਂਟਿਕ ਸਿਹਤ ਦਿਵਸ ਮਨਾਇਆ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਵਿਖੇ ਆਰਥੋਡੌਂਟਿਕਸ ਵਿਭਾਗ ਵੱਲੋਂ ਵਿਸ਼ਵ ਆਰਥੋਡੌਂਟਿਕ ਸਿਹਤ ਦਿਵਸ ਬਹੁਤ ਉਤਸ਼ਾਹ ਤੇ ਅਕਾਦਮਿਕ ਭਾਵਨਾ ਨਾਲ ਮਨਾਇਆ ਗਿਆ।ਸਮਾਗਮ ਵਿੱਚ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਤੇ ਪਤਵੰਤਿਆਂ ਦੀ ਸਰਗਰਮ ਭਾਗੀਦਾਰੀ ਦੇਖਣ ਨੂੰ ਮਿਲੀ, ਜਿਸਦਾ ਉਦੇਸ਼ ਅਕਾਦਮਿਕ ਅਤੇ ਪਾਠਕ੍ਰਮ ਤੋਂ ਬਾਹਰਲੇ ਕੰਮਾਂ ਨੂੰ ਉਤਸ਼ਾਹਿਤ ਕਰਦੇ ਹੋਏ ਆਰਥੋਡੌਂਟਿਕ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਡਾ. ਰਾਜਨ ਜੈਰਥ ਦੁਆਰਾ 'ਆਰਥੋਡੌਂਟਿਕਸ ਦਾ ਭਵਿੱਖ : ਸਟਾਰਟਅੱਪ, ਤਕਨਾਲੋਜੀ ਤੇ ਸਮੇਂ ਸਿਰ ਇਲਾਜ' ਵਿਸ਼ੇ 'ਤੇ ਇੱਕ ਗਿਆਨਵਾਨ ਭਾਸ਼ਣ ਨਾਲ ਹੋਈ।ਉਨ੍ਹਾਂ ਉੱਭਰ ਰਹੀਆਂ ਤਕਨੀਕੀ ਤਰੱਕੀਆਂ, ਨਵੀਨਤਾਕਾਰੀ ਆਰਥੋਡੌਂਟਿਕ ਸਟਾਰਟਅੱਪਸ ਅਤੇ ਸਫਲ ਮਰੀਜ਼ਾਂ ਦੇ ਨਤੀਜਿਆਂ ਨੂੰ ਪ੍ਰਾਪਤ ਕਰਨ ਵਿੱਚ ਸਮੇਂ ਸਿਰ ਨਿਦਾਨ ਤੇ ਇਲਾਜ ਯੋਜਨਾਬੰਦੀ ਦੀ ਮਹੱਤਤਾ 'ਤੇ ਚਾਨਣਾ ਪਾਇਆ। ਸਮਾਗਮ ਦਾ ਰਸਮੀ ਉਦਘਾਟਨ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ, ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ, ਡਾ. ਅਨਿਲ ਪਰਾਸ਼ਰ ਅਤੇ ਡਾ. ਹਰਪ੍ਰੀਤ ਦੁਆਰਾ ਰਸਮੀ ਤੌਰ 'ਤੇ ਸ਼ਮਾ ਰੌਸ਼ਨ ਕਰਕੇ ਕੀਤਾ ਗਿਆ।ਸਮਾਗਮ ਦੇ ਹਿੱਸੇ ਵਜੋਂ ਵਿਗਿਆਨਕ ਕੁਇਜ਼ ਤੇ ਵਿਭਾਗੀ ਸਜਾਵਟ ਮੁਕਾਬਲੇ ਸਮੇਤ ਕਈ ਮੁਕਾਬਲੇ ਆਯੋਜਤ ਕੀਤੇ ਗਏ।

# ਨਵੇਂ ਚੁਣੇ ਕੌਂਸਲਰਾਂ ਨੂੰ ਐੱਮ ਸੀ ਸਰਟੀਫਿਕੇਟ ਵੰਡੇ, ਲੋਕ ਸੇਵਾ ਨੂੰ ਪਹਿਲ ਦੇਣ ਦੀ ਕੀਤੀ ਅਪੀਲ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਪ੍ਰਧਾਨ ਸ਼੍ਰੀ ਅਮਨ ਅਰੋੜਾ ਨੇ ਨਗਰ ਕੌਂਸਲ ਦੇ ਨਵੇਂ ਚੁਣੇ ਕੌਂਸਲਰਾਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ।ਉਨ੍ਹਾਂ ਵੱਲੋਂ ਸਾਰੇ ਨਵੇਂ ਚੁਣੇ ਕੌਂਸਲਰਾਂ ਨੂੰ ਐਮ.ਸੀ. ਸਰਟੀਫਿਕੇਟ ਵੀ ਵੰਡੇ ਗਏ ਤੇ ਉਨ੍ਹਾਂ ਨੂੰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਇਮਾਨਦਾਰੀ ਅਤੇ ਸਮਰਪਣ ਨਾਲ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਗਿਆ।ਕੈਬਨਿਟ ਮੰਤਰੀ ਨੇ ਕੌਂਸਲਰਾਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਵਾਰਡਾਂ ਦੇ ਵਸਨੀਕਾਂ ਨਾਲ ਲਗਾਤਾਰ ਰਾਬਤਾ ਕਾਇਮ ਰੱਖਣ ਅਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਤੁਰੰਤ ਹੱਲ ਯਕੀਨੀ ਬਣਾਉਣ।ਉਨ੍ਹਾਂ ਕਿਹਾ ਕਿ ਜਨ ਪ੍ਰਤੀਨਿਧੀਆਂ ਦੀ ਜ਼ਿੰਮੇਵਾਰੀ ਸਿਰਫ਼ ਚੋਣ ਜਿੱਤਣ ਤਕ ਸੀਮਤ ਨਹੀਂ ਹੁੰਦੀ, ਸਗੋਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝ ਕੇ ਉਨ੍ਹਾਂ ਦੇ ਹੱਲ ਲਈ ਨਿਰੰਤਰ ਯਤਨ ਕਰਨਾ ਵੀ ਉਨ੍ਹਾਂ ਦਾ ਫਰਜ਼ ਹੈ।ਸ਼੍ਰੀ ਅਮਨ ਅਰੋੜਾ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਵਿੱਚ ਮੌਜੂਦ ਸਾਰੇ ਪ੍ਰਾਇਮਰੀ ਅਤੇ ਸੈਕੰਡਰੀ ਡੰਪਾਂ ਦੀ ਸਫ਼ਾਈ ਹਰ ਰੋਜ਼ ਸਵੇਰੇ 10 ਵਜੇ ਤੱਕ ਮੁਕੰਮਲ ਕੀਤੀ ਜਾਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਫ਼ਾਈ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਨਾਗਰਿਕਾਂ ਨੂੰ ਸਾਫ਼-ਸੁਥਰਾ ਵਾਤਾਵਰਨ ਮੁਹੱਈਆ ਕਰਾਉਣਾ ਨਗਰ ਕੌਂਸਲ ਦੀ ਮੁੱਖ ਜ਼ਿੰਮੇਵਾਰੀ ਹੈ।ਉਨ੍ਹਾਂ ਸ਼ਹਿਰ ਦੇ ਖਾਲੀ ਪਲਾਟਾਂ ਦੇ ਮਾਲਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਪਲਾਟਾਂ ਦੀ ਚਾਰਦੀਵਾਰੀ ਕਰਾਉਣ ਤੇ ਉਨ੍ਹਾਂ ਦੀ ਨਿਯਮਤ ਸਫ਼ਾਈ ਯਕੀਨੀ ਬਣਾਉਣ।ਉਨ੍ਹਾਂ ਕਿਹਾ ਕਿ ਖਾਲੀ ਪਲਾਟਾਂ ਵਿੱਚ ਗੰਦਗੀ ਅਤੇ ਜੰਗਲੀ ਬੂਟੇ ਇਕੱਠੇ ਹੋਣ ਕਾਰਨ ਨਾ ਸਿਰਫ਼ ਵਾਤਾਵਰਣ ਪ੍ਰਭਾਵਤ ਹੁੰਦਾ ਹੈ, ਸਗੋਂ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵਧ ਜਾਂਦਾ ਹੈ।ਅਗਾਮੀ ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਕੈਬਨਿਟ ਮੰਤਰੀ ਨੇ ਸਬੰਧਤ ਅਧਿਕਾਰੀਆਂ ਨੂੰ ਸ਼ਹਿਰ ਦੇ ਸੀਵਰੇਜ ਤੇ ਪਾਣੀ ਨਿਕਾਸੀ ਪ੍ਰਬੰਧਾਂ ਦੀ ਸਮੇਂ ਸਿਰ ਸਫ਼ਾਈ ਕਰਾਉਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਬਰਸਾਤ ਦੌਰਾਨ ਪਾਣੀ ਖੜ੍ਹਾ ਹੋਣ ਦੀ ਸਮੱਸਿਆ ਤੋਂ ਬਚਣ ਲਈ ਸਾਰੇ ਨਾਲਿਆਂ ਅਤੇ ਡਰੇਨਾਂ ਦੀ ਸਫ਼ਾਈ ਪਹਿਲਾਂ ਹੀ ਮੁਕੰਮਲ ਕਰ ਲਈ ਜਾਵੇ।

ਮੀਟਿੰਗ ਦੌਰਾਨ ਸ਼੍ਰੀ ਅਮਨ ਅਰੋੜਾ ਨੇ ਇਹ ਵੀ ਭਰੋਸਾ ਦਿਵਾਇਆ ਕਿ ਸੁਨਾਮ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦਾ ਭੇਦਭਾਵ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਭਾਵੇਂ ਕੋਈ ਕੌਂਸਲਰ ਆਮ ਆਦਮੀ ਪਾਰਟੀ ਨਾਲ ਸਬੰਧਤ ਹੋਵੇ ਜਾਂ ਕਿਸੇ ਹੋਰ ਰਾਜਨੀਤਿਕ ਪਾਰਟੀ ਨਾਲ, ਸਾਰੇ ਵਾਰਡਾਂ ਵਿੱਚ ਇੱਕਸਾਰ ਵਿਕਾਸ ਯਕੀਨੀ ਬਣਾਇਆ ਜਾਵੇਗਾ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਜਾਵੇਗਾ।ਸ਼੍ਰੀ ਅਮਨ ਅਰੋੜਾ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਵਿੱਚ ਮੌਜੂਦ ਸਾਰੇ ਪ੍ਰਾਇਮਰੀ ਅਤੇ ਸੈਕੰਡਰੀ ਡੰਪਾਂ ਦੀ ਸਫ਼ਾਈ ਹਰ ਰੋਜ਼ ਸਵੇਰੇ 10 ਵਜੇ ਤੱਕ ਮੁਕੰਮਲ ਕੀਤੀ ਜਾਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਫ਼ਾਈ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਨਾਗਰਿਕਾਂ ਨੂੰ ਸਾਫ਼-ਸੁਥਰਾ ਵਾਤਾਵਰਨ ਮੁਹੱਈਆ ਕਰਵਾਉਣਾ ਨਗਰ ਕੌਂਸਲ ਦੀ ਮੁੱਖ ਜ਼ਿੰਮੇਵਾਰੀ ਹੈ।ਉਨ੍ਹਾਂ ਸ਼ਹਿਰ ਦੇ ਖਾਲੀ ਪਲਾਟਾਂ ਦੇ ਮਾਲਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਪਲਾਟਾਂ ਦੀ ਚਾਰਦੀਵਾਰੀ ਕਰਵਾਉਣ ਅਤੇ ਉਨ੍ਹਾਂ ਦੀ ਨਿਯਮਤ ਸਫ਼ਾਈ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਖਾਲੀ ਪਲਾਟਾਂ ਵਿੱਚ ਗੰਦਗੀ ਅਤੇ ਜੰਗਲੀ ਬੂਟੇ ਇਕੱਠੇ ਹੋਣ ਕਾਰਨ ਨਾ ਸਿਰਫ਼ ਵਾਤਾਵਰਨ ਪ੍ਰਭਾਵਿਤ ਹੁੰਦਾ ਹੈ, ਸਗੋਂ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵੱਧ ਜਾਂਦਾ ਹੈ।

# ਨੀਟ ਪੇਪਰ ਲੀਕ ਅਤੇ ਸੀ ਬੀ ਐਸ ਈ ਦੀਆਂ ਖਾਮੀਆਂ ਖ਼ਿਲਾਫ਼ ਕਾਂਗਰਸ ਵੱਲੋਂ ਅਰਥੀ ਫੂਕ ਮੁਜ਼ਾਹਰਾ



**ਭੀਖੀ (ਧਰਮਵੀਰ ਸ਼ਰਮਾ)**-ਨੀਟ ਪ੍ਰੀਖਿਆ ਪੇਪਰ ਲੀਕ ਮਾਮਲੇ ਅਤੇ ਸੀ ਬੀ ਐਸ ਈ ਵਿੱਚ ਸਾਹਮਣੇ ਆ ਰਹੀਆਂ ਕਥਿਤ ਬੇਨਿਯਮੀਆਂ ਖ਼ਿਲਾਫ਼ ਮੰਗਲਵਾਰ ਨੂੰ ਕਾਂਗਰਸ ਪਾਰਟੀ ਵੱਲੋਂ ਕੁਲਵੰਤ ਰਾਏ ਸਿੰਗਲਾ ਦੀ ਅਗਵਾਈ ਹੇਠ ਭੀਖੀ ਵਿਖੇ ਇੱਕ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ। ਇਸ ਰੋਸ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ, ਵਰਕਰਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੇ ਸ਼ਮੂਲੀਅਤ ਕੀਤੀ।ਪ੍ਰਦਰਸ਼ਨਕਾਰੀਆਂ ਨੇ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਪੁਤਲੇ ਫੂਕੇ ਅਤੇ ਸਿੱਖਿਆ ਪ੍ਰਣਾਲੀ ਵਿੱਚ ਵੱਧ ਰਹੀਆਂ ਬੇਨਿਯਮੀਆਂ ਲਈ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਤਰੁੰਤ ਇਹਨਾ ਦੇ ਅਸਤੀਫ਼ੇ ਦੀ ਮੰਗ ਕੀਤੀ ਗਈ।ਰੋਸ ਮਾਰਚ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਹੱਥਾਂ ਵਿੱਚ ਬੈਨਰ ਅਤੇ ਤਖ਼ਤੀਆਂ ਫੜੀਆਂ ਹੋਈਆਂ ਸਨ, ਜਿਨ੍ਹਾਂ 'ਤੇ ਸਿੱਖਿਆ ਪ੍ਰਣਾਲੀ ਵਿੱਚ ਪਾਰਦਰਸ਼ਤਾ ਲਿਆਉਣ, ਵਿਦਿਆਰਥੀਆਂ ਦੇ ਭਵਿੱਖ ਦੀ ਸੁਰੱਖਿਆ ਕਰਨ ਅਤੇ ਨੀਟ ਪੇਪਰ ਲੀਕ ਮਾਮਲੇ ਦੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀਆਂ ਮੰਗਾਂ ਲਿਖੀਆਂ ਹੋਈਆਂ ਸਨ।ਮਾਰਚ ਦੌਰਾਨ ਵੱਖ-ਵੱਖ ਥਾਵਾਂ 'ਤੇ ਰੁਕ ਕੇ ਆਗੂਆਂ ਨੇ ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕੀਤੀ ਅਤੇ ਸਿੱਖਿਆ ਖੇਤਰ ਵਿੱਚ ਹੋ ਰਹੀਆਂ ਘਟਨਾਵਾਂ ਨੂੰ ਗੰਭੀਰ ਚਿੰਤਾ ਦਾ ਵਿਸ਼ਾ ਕਰਾਰ ਦਿੱਤਾ।ਰੋਸ ਮਾਰਚ ਨੂੰ ਸੰਬੋਧਨ ਕਰਦਿਆਂ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਨੀਟ ਪ੍ਰੀਖਿਆ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜੀ ਹੋਈ ਹੈ ਅਤੇ ਇਸ ਦੀ ਭਰੋਸੇਯੋਗਤਾ 'ਤੇ ਕਿਸੇ ਵੀ ਤਰ੍ਹਾਂ ਦਾ ਸਵਾਲ ਪੂਰੀ ਸਿੱਖਿਆ ਪ੍ਰਣਾਲੀ ਉੱਤੇ ਸਵਾਲ ਖੜ੍ਹਾ ਕਰਦਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਭਰ ਵਿੱਚ ਕਰੀਬ 22 ਲੱਖ ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਦਿੱਤੀ ਸੀ ਅਤੇ ਇਨ੍ਹਾਂ ਵਿਦਿਆਰਥੀਆਂ ਨੇ ਡਾਕਟਰ ਬਣਨ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸਾਲਾਂ ਤੱਕ ਮਿਹਨਤ ਕੀਤੀ ਹੈ। ਪਰ ਪੇਪਰ ਲੀਕ ਵਰਗੀਆਂ ਘਟਨਾਵਾਂ ਨੇ ਉਨ੍ਹਾਂ ਦੀ ਮਿਹਨਤ ਅਤੇ ਭਰੋਸੇ ਨੂੰ ਝਟਕਾ ਦਿੱਤਾ ਹੈ।ਸਿੰਗਲਾ ਨੇ ਦੋਸ਼ ਲਾਇਆ ਕਿ ਨੀਟ ਪੇਪਰ ਲੀਕ ਦੀ ਘਟਨਾ ਕੋਈ ਪਹਿਲੀ ਵਾਰ ਨਹੀਂ ਵਾਪਰੀ, ਸਗੋਂ ਲਗਾਤਾਰ ਦੂਜੀ ਵਾਰ ਇਸ ਤਰ੍ਹਾਂ ਦੇ ਦੋਸ਼ ਸਾਹਮਣੇ ਆਏ ਹਨ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਅਤੇ ਸੰਬੰਧਿਤ ਏਜੰਸੀਆਂ ਸਮੇਂ ਸਿਰ ਪ੍ਰਭਾਵਸ਼ਾਲੀ ਕਦਮ ਚੁੱਕਦੀਆਂ ਤਾਂ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕਦਾ ਸੀ।ਉਨ੍ਹਾਂ ਕਿਹਾ ਕਿ ਪੇਪਰ ਲੀਕ ਮਾਮਲੇ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਵਿੱਚ ਨਿਰਾਸ਼ਾ ਅਤੇ ਅਸੁਰੱਖਿਆ ਦੀ ਭਾਵਨਾ ਪੈਦਾ ਕੀਤੀ ਹੈ।ਉਨ੍ਹਾਂ ਮੰਗ ਕੀਤੀ ਕਿ ਨੈਸ਼ਨਲ ਟੈਸਟਿੰਗ ਏਜੰਸੀ (ਐਨ ਟੀ ਏ), ਜੋ ਨੀਟ ਸਮੇਤ ਕਈ ਮਹੱਤਵਪੂਰਨ ਪ੍ਰੀਖਿਆਵਾਂ ਕਰਵਾਉਣ ਲਈ ਜ਼ਿੰਮੇਵਾਰ ਹੈ, ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਜਾਵੇ ਅਤੇ ਲੋੜ ਪੈਣ 'ਤੇ ਇਸ ਨੂੰ ਭੰਗ ਕਰਕੇ ਨਵੀਂ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਣਾਲੀ ਸਥਾਪਤ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਗੜਬੜ ਲੱਖਾਂ ਵਿਦਿਆਰਥੀਆਂ ਦੇ ਸੁਪਨਿਆਂ ਨਾਲ ਖਿਲਵਾੜ ਦੇ ਬਰਾਬਰ ਹੈ।ਸਿੰਗਲਾ ਨੇ ਆਪਣੇ ਸੰਬੋਧਨ ਦੌਰਾਨ ਸੀ ਬੀ ਐਸ ਈ ਦੀ ਆਨਲਾਈਨ ਸਕਰੀਨ ਮਾਰਕਿੰਗ (ਓ ਐਸ ਐਮ) ਪ੍ਰਣਾਲੀ ਵਿੱਚ ਕਥਿਤ ਤੌਰ 'ਤੇ ਸਾਹਮਣੇ ਆਈਆਂ ਖਾਮੀਆਂ ਦਾ ਵੀ ਜ਼ਿਕਰ ਕੀਤਾ।

ਇਸ ਮੌਕੇ ਜਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਤੋਂ ਇਲਾਵਾ ਗੁਰਪ੍ਰੀਤ ਸਿੰਘ ਵਿੱਕੀ, ਚਮਕੌਰ ਸਿੰਘ ਮੂਸਾ, ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ, ਸਿਮਰਜੀਤ ਸਿੰਘ ਮਾਨਸ਼ਾਹੀਆ, ਬਿਕਰਮ ਸਿੰਘ ਮੋਫਰ, ਵਿਨੋਦ ਸਿੰਗਲਾ, ਧਨਜੀਤ ਸਿੰਘ, ਪ੍ਰਗਟ ਸਿੰਘ ਖੀਵਾ, ਇੰਦਰਜੀਤ ਸਿੰਘ, ਸੰਦੀਪ ਮਹਿਤਾ, ਰਮੇਸ਼ ਜੋਸ਼ੀ, ਮਲਕੀਤ ਸਿੰਘ ਸਾਬਕਾ ਕੌਂਸਲਰ, ਅਮਰੀਕ ਸਿੰਘ, ਸੁਖਦਰਸ਼ਨ ਸਿੰਘ ਖਾਰਾ ਬਲਾਕ ਪ੍ਰਧਾਨ, ਬਲਦੇਵ ਸਿੰਘ ਰੜ੍ਹ ਬਲਾਕ ਪ੍ਰਧਾਨ, ਇੰਦਰਜੀਤ ਰਿਖੀ, ਰਣਦੀਪ ਸਿੰਘ ਰਾਇਪੁਰ, ਬਿਕਰਮ ਬਾਵਾ, ਪ੍ਰੋ. ਗੁਰਤੇਜ ਤੇਜੀ, ਬਲਵੀਰ ਫੌਜੀ, ਡਾ. ਪ੍ਰਿੰਸ ਸਿੰਗਲਾ, ਵਿਕਾਸ ਸ਼ਰਮਾ ਵਿੱਕੀ, ਰਵੀ ਰੁਪਾਲ, ਕੇ.ਸੀ. ਬਾਵਾ, ਰਣਜੀਤ ਸਿੰਘ ਦੋਦੜਾ, ਰਮੇਸ਼ ਲਾਡੀ, ਕੁਲਦੀਪ ਸਿੰਘ, ਰਾਮ ਸਿੰਘ, ਲਾਲੂ ਭਾਰਦਵਾਜ, ਅਵਤਾਰ ਸਿੰਘ ਪ੍ਰਧਾਨ, ਸਤਗੁਰ ਸਿੰਘ ਜਲਵੇਹੜਾ, ਮੱਖਣ ਸ਼ਰਮਾ, ਤਰਨਜੀਤ ਸਿੰਘ ਸੁੱਖਾ ਧਲੇਵਾਂ, ਗੁਰਪ੍ਰੀਤ ਧਲੇਵਾਂ, ਗੁਰਜੀਤ ਸਿੰਘ ਮੋਹਰ ਸਿੰਘ ਵਾਲਾ ਵੀ ਹਾਜ਼ਰ ਸਨ

## 7 ਨੂੰ ਲੱਗਣਗੇ ਪ੍ਰੀ ਐਸ ਆਈ ਆਰ ਅਧਾਰਤ ਵਿਸ਼ੇਸ਼ ਕੈਂਪ : ਡੀ ਸੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਆਈ.ਏ.ਐਸ ਨੇ ਦੱਸਿਆ ਕਿ ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ 7 ਜੂਨ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਜ਼ਿਲ੍ਹਾ ਬਠਿੰਡਾ ਦੇ ਪੋਲਿੰਗ ਬੂਥਾਂ ਵਿੱਚ ਪ੍ਰੀ-ਐਸ.ਆਈ.ਆਰ 'ਤੇ ਅਧਾਰਤ ਵਿਸ਼ੇਸ਼ ਕੈਂਪ ਲਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਨੂੰ ਬਿਲਕੁਲ ਸਹੀ ਤੇ ਅਪਡੇਟ ਕਰਨ ਲਈ ਚਲਾਈ ਜਾ ਰਹੀ ਇਸ ਵਿਸ਼ੇਸ਼ ਮੁਹਿੰਮ ਤਹਿਤ ਸਾਰੇ ਬੂਥ ਲੈਵਲ ਅਫਸਰ 7 ਜੂਨ ਨੂੰ ਆਪੋ-ਆਪਣੇ ਬੂਥਾਂ 'ਤੇ ਮੌਜੂਦ ਰਹਿਣਗੇ।ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼, ਚੋਣ ਪ੍ਰਕਿਰਿਆ ਅਤੇ ਵੋਟਰ ਸੂਚੀਆਂ ਨਾਲ ਸਬੰਧਤ ਕੰਮਾਂ ਨੂੰ ਹੋਰ ਪਾਰਦਰਸ਼ੀ, ਤਰੁੱਟੀ-ਰਹਿਤ ਅਤੇ ਸੁਖਾਲਾ ਬਣਾਉਣਾ ਹੈ।ਜਿਹੜੇ ਵੋਟਰਾਂ ਦੀ ਵੋਟ ਸਾਲ 2003 ਦੀ ਵੋਟਰ ਸੂਚੀ ਨਾਲ ਅਜੇ ਤੱਕ ਮੈਪ ਨਹੀਂ ਹੋਈ, ਉਹ ਵੋਟਰ ਇਸ ਵਿਸ਼ੇਸ਼ ਕੈਂਪ ਵਿੱਚ ਆਪਣੀ ਵੋਟ ਮੈਪ ਕਰਵਾ ਲੈਣ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਪਹਿਲਾਂ ਜਾਰੀ ਵਿਸ਼ੇਸ਼ ਗਹਿਰੀ ਸੁਧਾਈ ਦੇ ਸ਼ਡਿਊਲ ਵਿੱਚ ਅੰਸ਼ਿਕ ਸੋਧ ਕੀਤੀ ਗਈ ਹੈ, ਜਿਸ ਤਹਿਤ ਹੁਣ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ 31 ਜੁਲਾਈ ਦੀ ਥਾਂ 'ਤੇ 3 ਅਗਸਤ ਨੂੰ ਕੀਤੀ ਜਾਵੇਗੀ।ਇਸੇ ਤਰ੍ਹਾਂ ਦਾਅਵੇ ਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ ਤੱਕ ਪ੍ਰਾਪਤ ਕੀਤੇ ਜਾਣਗੇ ਤੇ ਇਨ੍ਹਾਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ ਤੱਕ ਕੀਤਾ ਜਾਵੇਗਾ।ਬਾਕੀ ਸ਼ਡਿਊਲ ਉਸੇ ਤਰ੍ਹਾਂ ਜਾਰੀ ਰਹੇਗਾ, ਜਿਸ ਤਹਿਤ 25 ਜੂਨ ਤੋਂ 24 ਜੁਲਾਈ ਤੱਕ ਬੂਥ ਲੈਵਲ ਅਫ਼ਸਰ ਘਰ-ਘਰ ਜਾ ਕੇ ਵੋਟਰਾਂ ਨੂੰ ਇਨੂਮੀਰੇਸ਼ਨ ਫਾਰਮ ਦੀ ਵੰਡ ਕਰਨਗੇ ਤੇ ਸਬੰਧਤ ਵੋਟਰ ਪਾਸੋਂ ਲੋੜੀਂਦੀ ਜਾਣਕਾਰੀ ਭਰਾ ਕੇ ਹਸਤਾਖਰਸ਼ੁਦਾ ਫਾਰਮ ਇਕੱਤਰ ਕਰਨਗੇ।ਵੋਟਰ ਸੂਚੀ ਦੀ ਅੰਤਮ ਪ੍ਰਕਾਸ਼ਨਾ 1 ਅਕਤੂਬਰ ਨੂੰ ਕੀਤੀ ਜਾਵੇਗੀ।

## ਜੂਨ '84 ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ 'ਚ ਕਵੀਸ਼ਰੀ ਮੁਕਾਬਲੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਜੂਨ 84 ਘੱਲੂਘਾਰੇ ਦੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਤ ਭਾਈ ਘਨੱਈਆ ਜੀ ਯੁਵਕ ਸੇਵਾਵਾਂ ਕਲੱਬ ਪੰਡੋਰੀ ਵੱਲੋਂ ਸਮਾਜ ਸੇਵੀ ਸੁਪਿੰਦਰ ਸਿੰਘ ਬੋਪਾਰਾਏ ਦੇ ਸਹਿਯੋਗ ਨਾਲ ਕਵੀਸ਼ਰੀ ਮੁਕਾਬਲੇ ਕਰਾਏ ਗਏ, ਜਿਸ ਵਿੱਚ ਪਿੰਡ ਦੇ ਬੱਚਿਆਂ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਢਾਡੀ ਜੱਥਿਆਂ ਨੇ ਵੱਡੀ ਗਿਣਤੀ 'ਚ ਹਿੱਸਾ ਲਿਆ।ਉਮਰ ਵਰਗ ਦੇ ਹਿਸਾਬ ਨਾਲ ਦੋ ਗਰੁੱਪ ਬਣਾਏ ਗਏ, ਜਿਸ ਵਿੱਚ 13 ਸਾਲ ਤੱਕ ਅਤੇ 19 ਸਾਲ ਤੱਕ ਦੇ ਬੱਚਿਆਂ ਨੂੰ ਚੁਣਿਆ ਗਿਆ।19 ਸਾਲ ਦੇ ਬੱਚਿਆਂ ਵਿੱਚੋਂ ਜਾਂਗਪੁਰ ਪਿੰਡ ਦੇ ਜੱਥੇ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦ ਕਿ ਪਿੰਡ ਤਲਵੰਡੀ ਰਾਏ ਨੇ ਦੂਜਾ, ਪਿੰਡ ਰਾਮਾ ਦੇ ਜੱਥੇ ਨੇ ਤੀਜਾ ਸਥਾਨ ਹਾਸਲ ਕੀਤਾ।ਅੰਡਰ 13 ਉਮਰ ਗਰੁੱਪ ਵਿੱਚੋਂ ਜਾਂਗਪੁਰ ਪਿੰਡ ਦੇ ਜੱਥੇ ਨੇ ਪਹਿਲਾ, ਜਦਕਿ ਪੰਡੋਰੀ ਪਿੰਡ ਦੇ ਰਬਿੰਦਰ ਸਿੰਘ ਹੋਣਾ ਦਾ ਜੱਥਾ ਦੂਜਾ ਸਥਾਨ ਪ੍ਰਾਪਤ ਕਰਨ ਵਿੱਚ ਕਾਮਯਾਬ ਹੋਇਆ। ਤੀਜੇ ਨੰਬਰ 'ਤੇ ਜਾਂਗਪੁਰ ਪਿੰਡ ਦੇ ਵਿਦਿਆਰਥੀਆਂ ਰਹੇ।ਕਲੱਬ ਸਰਪ੍ਰਸਤ ਬਲਜੀਤ ਸਿੰਘ ਸਿੱਧੂ ਨੇ ਭਾਗ ਲੈਣ ਵਾਲੇ ਬੱਚਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਸਮਾਜਿਕ ਅਲਾਮਤਾਂ ਤੋਂ ਬਚਾ ਕੇ ਗੁਰਬਾਣੀ ਨਾਲ ਜੋੜਨ ਲਈ ਭਾਈ ਘਨੱਈਆ ਜੀ ਯੁਵਕ ਸੇਵਾਵਾਂ ਕਲੱਬ ਪੰਡੋਰੀ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਕਾਰਜ 'ਚ ਨਗਰ ਪੰਡੋਰੀ ਦੇ ਐਨ.ਆਰ.ਆਈ ਆਪਣਾ ਪੂਰਾ ਸਹਿਯੋਗ ਦੇ ਰਹੇ ਹਨ।ਉਨ੍ਹਾਂ ਸਹਿਯੋਗ ਲਈ ਸਾਰਿਆਂ ਦਾ ਵਿਸ਼ੇਸ਼ ਧੰਨਵਾਦ ਕੀਤਾ।ਪ੍ਰਬੰਧਕ ਕਮੇਟੀ ਵੱਲੋਂ ਜੇਤੂ ਟੀਮਾਂ ਨੂੰ ਪਹਿਲਾ ਇਨਾਮ 3100, ਦੂਜਾ ਇਨਾਮ 2100, ਤੀਜਾ ਇਨਾਮ 1100 ਰੁਪਏ ਨਕਦ ਇਨਾਮ ਤੋਂ ਇਲਾਵਾ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਭਾਗ ਲੈਣ ਵਾਲੀਆਂ ਬਾਕੀ ਟੀਮਾਂ ਨੂੰ ਮੈਡਲ ਤੇ ਕਾਪੀਆਂ ਨਾਲ ਸਨਮਾਨਤ ਕੀਤਾ ਗਿਆ।ਜੱਜ ਦੀ ਸੇਵਾ ਭਾਈ ਗੁਰਦਿੱਤ ਸਿੰਘ ਖਾਲਸਾ ਪਿੰਡ ਭੈਣੀ ਬੜਿੰਗਾਂ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਬਾਖੂਬੀ ਢੰਗ ਨਾਲ ਨਿਭਾਈ ਗਈ।

# ਨਰੇਗਾ ਕ੍ਰਮਚਾਰੀ ਯੂਨੀਅਨ ਵੱਲੋਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਮੰਤਰੀ ਨੂੰ ਮੰਗ ਪੱਤਰ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਸੂਬੇ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ ਹੈ। ਇਸ ਯਾਦ ਪੱਤਰ ਰਾਹੀਂ ਪਿਛਲੇ ਲਗਭਗ ਦੋ ਦਹਾਕਿਆਂ ਤੋਂ ਕੱਚੇ ਤੌਰ 'ਤੇ ਕੰਮ ਕਰ ਰਹੇ ਨਰੇਗਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਪੱਕੇ ਤੌਰ 'ਤੇ ਮਰਜ (ਸ਼ਾਮਲ) ਕਰਨ ਅਤੇ ਉਨ੍ਹਾਂ ਦੀਆਂ ਰੁਕੀਆਂ ਹੋਈਆਂ ਤਨਖਾਹਾਂ ਤੁਰੰਤ ਜਾਰੀ ਕਰਨ ਦੀ ਗੁਹਾਰ ਲਾਈ ਗਈ ਹੈ। ਇਹ ਮੰਗ ਪੱਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਬਲਾਕ ਫਿਰੋਜ਼ਪੁਰ ਨੂੰ ਨਰੇਗਾ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਸੁਰਜੀਤ ਸਿੰਘ ਦੀ ਅਗਵਾਈ ਹੇਠ ਭੇਜਿਆ ਗਿਆ।

ਮੰਗ ਪੱਤਰ ਵਿਚ ਦੱਸਿਆ ਗਿਆ ਹੈ ਕਿ ਪੂਰੇ ਪੰਜਾਬ ਵਿਚ ਇਸ ਸਮੇਂ ਲਗਭਗ 2100 ਨਰੇਗਾ ਮੁਲਾਜ਼ਮ ਪਿਛਲੇ 17-18 ਸਾਲਾਂ ਤੋਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਅੰਦਰ ਲਗਾਤਾਰ ਸੇਵਾਵਾਂ ਨਿਭਾ ਰਹੇ ਹਨ। ਇਨ੍ਹਾਂ ਮੁਲਾਜ਼ਮਾਂ ਦੀ ਭਰਤੀ ਸਾਲ 2008-2009 ਦੌਰਾਨ ਪੂਰੀ ਪਾਰਦਰਸ਼ੀ ਪ੍ਰਕਿਰਿਆ ਤੇ ਯੋਗ ਮਾਪਦੰਡਾਂ ਅਨੁਸਾਰ ਕੀਤੀ ਗਈ ਸੀ, ਪਰ ਅਫ਼ਸੋਸ ਦੀ ਗੱਲ ਹੈ ਕਿ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸਮੇਂ ਦੀਆਂ ਸਰਕਾਰਾਂ ਨੇ ਇਨ੍ਹਾਂ ਨੂੰ ਪੱਕਾ ਕਰਨ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ। ਮੰਗ ਪੱਤਰ ਵਿਚ ਸਪੱਸ਼ਟ ਕੀਤਾ ਗਿਆ ਹੈ ਕਿ ਪਿੰਡਾਂ ਦੇ ਵਿਕਾਸ ਵਿਚ ਨਰੇਗਾ ਮੁਲਾਜ਼ਮਾਂ ਦਾ ਬਹੁਤ ਵੱਡਾ ਯੋਗਦਾਨ ਹੈ, ਪਰ ਉਨ੍ਹਾਂ ਨੂੰ ਹਮੇਸ਼ਾ ਇਹ ਤਰਕ ਦੇ ਕੇ ਟਾਲਿਆ ਜਾਂਦਾ ਰਿਹਾ ਹੈ ਕਿ ਇਹ ਕੇਂਦਰ ਸਰਕਾਰ ਦੀ ਸਕੀਮ ਹੈ।

ਯੂਨੀਅਨ ਨੇ ਉਦਾਹਰਣ ਦਿੰਦਿਆਂ ਕਿਹਾ ਕਿ ਜੇਕਰ ਸਰਵ ਸਿੱਖਿਆ ਅਭਿਆਨ, ਰਮਸਾ ਦੇ ਅਧਿਆਪਕਾਂ, ਦਫ਼ਤਰੀ ਕਰਮਚਾਰੀਆਂ ਤੇ ਐੱਨਐੱਚਐੱਮ ਦੇ ਸਟਾਫ਼ ਵਰਗੀਆਂ ਕੇਂਦਰੀ ਸਕੀਮਾਂ ਦੇ ਮੁਲਾਜ਼ਮਾਂ ਨੂੰ ਸੂਬਾ ਸਰਕਾਰ ਆਪਣੇ ਅਧੀਨ ਲੈ ਕੇ ਪੱਕਾ ਕਰ ਸਕਦੀ ਹੈ, ਤਾਂ ਨਰੇਗਾ ਮੁਲਾਜ਼ਮਾਂ ਨਾਲ ਇਹ ਪੱਖਪਾਤ ਕਿਉਂ ਕੀਤਾ ਜਾ ਰਿਹਾ ਹੈ? ਯੂਨੀਅਨ ਨੇ ਮੰਗ ਕੀਤੀ ਹੈ ਕਿ 23 ਜਨਵਰੀ 2026 ਨੂੰ ਜਾਰੀ ਗਜ਼ਟ ਨੋਟੀਫਿਕੇਸ਼ਨ ਦੇ ਸੰਦਰਭ ਵਿਚ, ਨਰੇਗਾ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਤਜਰਬੇ ਦੇ ਆਧਾਰ 'ਤੇ ਪੰਚਾਇਤ ਵਿਕਾਸ ਸਕੱਤਰ ਦੀਆਂ ਖਾਲੀ ਪਈਆਂ ਅਸਾਮੀਆਂ ਤੇ ਦਫ਼ਤਰੀ/ਤਕਨੀਕੀ ਅਮਲੇ ਦੀਆਂ ਅਸਾਮੀਆਂ ਵਿੱਚ ਮਰਜ ਕੀਤਾ ਜਾਵੇ। ਇਸ ਨਾਲ ਸਰਕਾਰ ਦੇ ਖ਼ਜ਼ਾਨੇ 'ਤੇ ਵੀ ਕੋਈ ਵਾਧੂ ਬੋਝ ਨਹੀਂ ਪਵੇਗਾ ਤੇ ਵਿਭਾਗ ਨੂੰ ਤਜਰਬੇਕਾਰ ਸਟਾਫ਼ ਮਿਲ ਜਾਵੇਗਾ। ਮੁਲਾਜ਼ਮਾਂ ਨੇ ਆਪਣੀ ਆਰਥਿਕ ਮੰਦਹਾਲੀ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਪਿਛਲੇ 6 ਤੋਂ 8 ਮਹੀਨਿਆਂ ਤੋਂ ਉਨ੍ਹਾਂ ਨੂੰ ਤਨਖਾਹਾਂ ਨਹੀਂ ਮਿਲੀਆਂ। ਤਨਖਾਹਾਂ ਰੁਕਣ ਕਾਰਨ ਘਰਾਂ ਦਾ ਰਾਸ਼ਨ, ਬੱਚਿਆਂ ਦੀ ਪੜ੍ਹਾਈ ਅਤੇ ਬਜ਼ੁਰਗਾਂ ਦੀਆਂ ਦਵਾਈਆਂ ਦਾ ਖ਼ਰਚਾ ਚਲਾਉਣਾ ਮੁਸ਼ਕਲ ਹੋ ਗਿਆ ਹੈ। ਕਈ ਮੁਲਾਜ਼ਮ ਤਾਂ ਡਿਊਟੀ ਤੋਂ ਬਾਅਦ ਪ੍ਰਾਈਵੇਟ ਤੌਰ 'ਤੇ ਚੌਕੀਦਾਰੀ ਕਰਨ ਲਈ ਮਜ਼ਬੂਰ ਹਨ। ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਉੱਚ ਅਧਿਕਾਰੀਆਂ ਦੀ ਮੌਜੂਦਗੀ ਵਿਚ ਇਕ ਪੈਨਲ ਮੀਟਿੰਗ ਸੱਦ ਕੇ ਇਨ੍ਹਾਂ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ, ਤਾਂ ਜੁ ਨਿਰਾਸ਼ ਹੋ ਚੁੱਕੇ ਮੁਲਾਜ਼ਮਾਂ ਨੂੰ ਇਨਸਾਫ਼ ਮਿਲ ਸਕੇ। ਇਸ ਮੌਕੇ ਨਰੇਗਾ ਕ੍ਰਮਚਾਰੀ ਯੂਨੀਅਨ ਦੇ ਹੋਰ ਮੁਲਾਜ਼ਮ ਵੀ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਪੰਜਾਬ ਭਰ 'ਚ...

ਦਾ ਡਟਵਾਂ ਸਮਰਥਨ ਕੀਤਾ ਅਤੇ ਕਿਹਾ ਕਿ ਕੱਢੇ ਹੋਏ ਲਗਭਗ 400 ਮੁਲਾਜ਼ਮਾਂ ਨੂੰ ਤੁਰੰਤ ਬਹਾਲ ਕੀਤਾ ਜਾਵੇ, ਉਹਨਾਂ ਨੂੰ ਪੱਕੇ ਕੀਤਾ ਜਾਵੇ ਅਤੇ ਹੋਰ ਮੰਗਾਂ ਮੰਨੀਆਂ ਜਾਣ।ਵੱਖ-ਵੱਖ ਥਾਵਾਂ 'ਤੇ ਇਹਨਾਂ ਧਰਨਿਆਂ ਨੂੰ ਬਲਬੀਰ ਸਿੰਘ ਰਾਜੇਵਾਲ, ਜੋਗਿੰਦਰ ਸਿੰਘ ਉਗਰਾਹਾਂ, ਹਰਿੰਦਰ ਸਿੰਘ ਲੱਖੋਵਾਲ, ਡਾ. ਦਰਸ਼ਨਪਾਲ, ਮਨਜੀਤ ਸਿੰਘ ਧਨੇਰ, ਬੂਟਾ ਸਿੰਘ ਬੁਰਜ ਗਿੱਲ, ਨਿਰਭੈ ਸਿੰਘ ਢੁੱਡੀਕੇ, ਬਲਦੇਵ ਸਿੰਘ ਨਿਹਾਲਗੜ੍ਹ, ਰੁਲਦੂ ਸਿੰਘ ਮਾਨਸਾ, ਡਾ. ਸਤਨਾਮ ਸਿੰਘ ਅਜਨਾਲਾ, ਕੰਵਲਪ੍ਰੀਤ ਸਿੰਘ ਪੰਨੂ ਜੰਗਵੀਰ ਸਿੰਘ ਚੌਹਾਨ, ਪ੍ਰੇਮ ਸਿੰਘ ਭੰਗੂ, ਮੇਜਰ ਸਿੰਘ ਭਿੱਖੀਵਿੰਡ, ਬਿੰਦਰ ਸਿੰਘ ਗੋਲੇਵਾਲਾ, ਬਲਵਿੰਦਰ ਸਿੰਘ ਮੱਲ੍ਹੀ ਨੰਗਲ, ਫਰਮਾਨ ਸਿੰਘ ਸੰਧੂ, ਵੀਰ ਸਿੰਘ ਬੜਵਾ, ਹਰਭਜਨ ਸਿੰਘ ਬੁੱਟਰ, ਬੂਟਾ ਸਿੰਘ ਸ਼ਾਦੀਪੁਰ, ਬਲਵਿੰਦਰ ਸਿੰਘ ਰਾਜੂ, ਮਲੂਕ ਸਿੰਘ ਹੀਰ ਕੇ, ਸੁਖਦੇਵ ਸਿੰਘ ਅਰਾਈਆਂਵਾਲਾ, ਨਛੱਤਰ ਸਿੰਘ ਜੈਤੋ, ਹਰਜਿੰਦਰ ਸਿੰਘ ਟਾਂਡਾ, ਹਰਦੇਵ ਸਿੰਘ ਸੰਧੂ, ਕਿਰਨਜੀਤ ਸਿੰਘ ਸੇਖੋਂ ਅਤੇ ਹਰਮੀਤ ਸਿੰਘ ਕਾਦੀਆਂ ਤੋਂ ਇਲਾਵਾ ਹੋਰ ਆਗੂਆਂ ਨੇ ਵੀ ਸੰਬੋਧਨ ਕੀਤਾ।

# ਮਾਲਵਾ ਲੋਕ ਹਿੱਤ ਆਰਗਨਾਈਜੇਸ਼ਨ ਵੱਲੋਂ ਵਿਦਿਆਰਥਣਾਂ ਨੂੰ ਸਰਟੀਫ਼ਿਕੇਟ

**ਮਾਨਸਾ (ਆਤਮਾ ਸਿੰਘ ਪਮਾਰ)**

ਮਾਲਵਾ ਲੋਕਹਿੱਤ ਆਰਗਨਾਈਜੇਸ਼ਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮਾਨਸਾ ਸਥਿਤ ਚਲਾਏ ਜਾ ਰਹੇ ਸਿਲਾਈ ਸੈਂਟਰ ਦੀਆਂ ਵਿਦਿਆਰਥਣਾਂ ਨੂੰ ਕੋਰਸ ਪੂਰਾ ਹੋਣ ਉਪਰੰਤ ਸਰਟੀਫਿਕੇਟ ਵੰਡੇ ਗਏ। ਵਿਦਿਆਰਥਣਾਂ ਨੂੰ ਸਰਟੀਫਿਕੇਟ ਅਤੇ ਹੌਸਲਾ ਅਫ਼ਜ਼ਾਈ ਦੇਣ ਲਈ ਬਹ ਪੱਖੀ ਗੁਣਾਂ ਦੇ ਧਾਰਨੀ ਮੈਡਮ ਗੁਣਜੀਤ ਕੌਰ ਬਾਂਸਲ, ਨਿਤਿਨ ਬਾਂਸਲ, ਮੈਡਮ ਈਨਾ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰੀ ਲਵਾਈ।ਗੁਣਜੀਤ ਕੌਰ ਬਾਂਸਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੰਸਥਾ ਦਾ ਇਹ ਇੱਕ ਬਹੁਤ ਵਧੀਆ ਉਪਰਾਲਾ ਹੈ। ਇਹ ਟ੍ਰੇਨਿੰਗ ਪ੍ਰਾਪਤ ਕਰਕੇ ਲੜਕੀਆਂ ਅਪਣਾ ਰੁਜ਼ਗਾਰ ਚਲਾ ਸਕਦੀਆਂ ਹਨ।ਅੱਜ ਦਾ ਸਮਾਂ ਹੱਥੀਂ ਹੁਨਰ ਦਾ ਸਮਾਂ ਹੈ।ਸਾਨੂੰ ਆਪਣੇ ਹੁਨਰ ਨੂੰ ਅੱਗੇ ਬਾਹਰ ਲੈਕੇ ਆਉਣਾ ਚਾਹੀਦਾ ਹੈ।ਉਨ੍ਹਾਂ ਵੱਲੋਂ ਵੀ ਲੜਕੀਆਂ ਨੂੰ ਭਵਿੱਖੀ ਸਫ਼ਲਤਾ ਲਈ ਸ਼ੁਭ ਕਾਮਨਾਵਾਂ ਵੀ ਦਿੱਤੀਆਂ।ਨਿਤਿਨ ਬਾਂਸਲ ਨੇ ਕਿਹਾ ਕਿ ਜੇਕਰ ਮੈਂ ਤੁਹਾਡੇ ਕਿਸੇ ਵੀ ਕੰਮ ਆ ਸਕਾਂ ਤਾਂ ਮੈਂ ਆਪਣੇ ਆਪ ਨੂੰ ਭਾਗਸ਼ਾਲੀ ਸਮਝਾਂਗਾ।ਸੰਸਥਾ ਦੇ ਚੈਅਰਮੈਨ ਸੰਦੀਪ ਚਾਹਲ ਨੇ ਦੱਸਿਆ ਕਿ ਸੰਸਥਾ ਵੱਲੋਂ ਲਗਾਤਾਰ ਅਜਿਹੇ ਉਪਰਾਲੇ ਕੀਤੇ ਜਾ ਰਹੇ ਹਨ।ਸੰਸਥਾ ਵੱਲੋਂ ਇਹ 37 ਵਾਂ ਸਿਲਾਈ ਸੈਂਟਰ ਚਲਾਇਆ ਗਿਆ ਸੀ, ਜਿਸ ਵਿੱਚ ਲੜਕੀਆਂ ਨੂੰ ਦੋ ਮਹੀਨੇ ਦੀ ਸਿਲਾਈ ਕਟਾਈ ਦੀ ਟ੍ਰੇਨਿੰਗ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਹੋਰ ਵੀ ਸਮਾਜ ਸੇਵਾ ਦੇ ਉਪਰਾਲੇ ਸੰਸਥਾ ਵੱਲੋਂ ਲਗਾਤਾਰ ਕੀਤੇ ਜਾ ਰਹੇ ਹਨ।ਦੀਦਾਰ ਮਾਨ ਭੈਣੀਬਾਘਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

## ਡਾ. ਮਿੰਕੂ ਜਵੰਧਾ ਨੇ ਜੇਤੂ-ਹਾਰੇ ਉਮੀਦਵਾਰਾਂ ਨੂੰ ਦਿੱਤਾ ਇਕਜੁਟਤਾ ਦਾ ਸੰਦੇਸ਼



**ਭਵਾਨੀਗੜ੍ਹ (ਰਾਜ ਖੁਰਮੀ)**-ਨਗਰ ਕੌਂਸਲ ਚੋਣਾਂ ਤੋਂ ਬਾਅਦ ਪੈਦਾ ਹੋਣ ਵਾਲੀ ਸਿਆਸੀ ਖਿੱਚੋਤਾਣ ਤੇ ਗੁੱਟਬਾਜ਼ੀ ਨੂੰ ਖ਼ਤਮ ਕਰਨ ਲਈ ਆਮ ਆਦਮੀ ਪਾਰਟੀ ਨੇ ਭਵਾਨੀਗੜ੍ਹ ਵਿੱਚ ਇੱਕ ਵਿਲੱਖਣ ਮਿਸਾਲ ਕਾਇਮ ਕੀਤੀ ਹੈ।ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਦੀ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ ਵਿੱਚ ਨਗਰ ਕੌਂਸਲ ਚੋਣਾਂ ਵਿੱਚ ਜੇਤੂ ਤੇ ਹਾਰੇ ਦੋਵੇਂ ਧਿਰਾਂ ਦੇ ਉਮੀਦਵਾਰਾਂ ਨੂੰ ਇੱਕੋ ਟੇਬਲ 'ਤੇ ਬਿਠਾ ਕੇ ਇਕਜੁਟਤਾ ਦਾ ਸੰਦੇਸ਼ ਦਿੱਤਾ ਗਿਆ।ਮੀਟਿੰਗ ਦੌਰਾਨ ਡਾ. ਜਵੰਧਾ ਨੇ ਕਿਹਾ ਕਿ ਲੋਕਤੰਤਰ ਵਿੱਚ ਹਾਰ ਤੇ ਜਿੱਤ ਸਿਆਸੀ ਪ੍ਰਕਿਰਿਆ ਦਾ ਹਿੱਸਾ ਹਨ।ਅਸਲ ਮਕਸਦ ਲੋਕਾਂ ਦੀ ਸੇਵਾ ਤੇ ਇਲਾਕੇ ਦਾ ਵਿਕਾਸ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜੇਤੂ ਕੌਂਸਲਰਾਂ ਨੂੰ ਹੰਕਾਰ ਤੋਂ ਤੇ ਹਾਰੇ ਹੋਏ ਉਮੀਦਵਾਰਾਂ ਨੂੰ ਨਿਰਾਸ਼ਾ ਤੋਂ ਦੂਰ ਰਹਿਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜਿਹੜੇ ਉਮੀਦਵਾਰ ਕੁਝ ਵੋਟਾਂ ਦੇ ਫਰਕ ਨਾਲ ਪਿੱਛੇ ਰਹਿ ਗਏ ਹਨ, ਉਹ ਆਪਣੇ ਆਪ ਨੂੰ ਕਿਸੇ ਵੀ ਤਰ੍ਹਾਂ ਘੱਟ ਨਾ ਸਮਝਣ।ਪਾਰਟੀ ਉਨ੍ਹਾਂ ਦੇ ਵਾਰਡਾਂ ਦੇ ਵਿਕਾਸ ਕਾਰਜਾਂ ਨੂੰ ਵੀ ਪਹਿਲ ਦੇ ਅਧਾਰ 'ਤੇ ਅੱਗੇ ਵਧਾਏਗੀ।ਉਨ੍ਹਾਂ ਸਾਰਿਆਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਬਿਨਾਂ ਕਿਸੇ ਭੇਦਭਾਵ ਦੇ ਲੋਕਾਂ ਦੀ ਸੇਵਾ ਕਰਨ ਦੀ ਅਪੀਲ ਕੀਤੀ।ਇਸ ਮੌਕੇ ਬਲਾਕ ਸੰਮਤੀ ਚੇਅਰਮੈਨ ਬਲਜਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਮੀਟਿੰਗ ਤੋਂ ਬਾਅਦ ਜੇਤੂ ਅਤੇ ਉਪ-ਜੇਤੂ ਉਮੀਦਵਾਰਾਂ ਲਈ ਸਾਂਝੇ ਦੁਪਹਿਰ ਦੇ ਭੋਜਨ ਦਾ ਪ੍ਰਬੰਧ ਕੀਤਾ ਗਿਆ, ਜਿੱਥੇ ਸਾਰਿਆਂ ਨੇ ਆਪਸੀ ਗਿਲੇ-ਸ਼ਿਕਵੇ ਭੁਲਾ ਕੇ ਭਵਾਨੀਗੜ੍ਹ ਦੇ ਸਰਵਪੱਖੀ ਵਿਕਾਸ ਲਈ ਮਿਲ ਕੇ ਕੰਮ ਕਰਨ ਦਾ ਅਹਿਦ ਕੀਤਾ।

## ਵਿਧਾਇਕ ਵੱਲੋਂ ਰਾਣੋ ਦੀ ਕੋਠੀ 'ਤੇ ਬੁਲਡੋਜਰ ਐਕਸ਼ਨ ਦੀ ਸ਼ਲਾਘਾ



**ਦੋਰਾਹਾ (ਹਰਮਿੰਦਰ ਸੇਠ)**-ਨਸ਼ਾ ਤਸਕਰ ਗੁਰਦੀਪ ਸਿੰਘ ਰਾਣੋ ਦੀ ਗੈਰ-ਕਾਨੂੰਨੀ ਕੋਠੀ 'ਤੇ ਹੋਈ ਬੁਲਡੋਜ਼ਰ ਕਾਰਵਾਈ ਨੂੰ ਲੈ ਕੇ ਪਾਇਲ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਪੰਜਾਬ ਸਰਕਾਰ ਦੀ ਭਰਪੂਰ ਸ਼ਲਾਘਾ ਕੀਤੀ ਹੈ।ਉਨ੍ਹਾਂ ਕਿਹਾ ਕਿ ਉਹ ਲੰਮੇ ਸਮੇਂ ਤੋਂ ਇਸ ਮਾਮਲੇ ਨੂੰ ਉਠਾਉਂਦੇ ਆ ਰਹੇ ਸਨ ਤੇ ਹੁਣ ਸਰਕਾਰ ਨੇ ਕਾਨੂੰਨੀ ਪ੍ਰਕਿਰਿਆ ਪੂਰੀ ਕਰਕੇ ਕਾਰਵਾਈ ਕੀਤੀ ਅਤੇ ਸਾਬਤ ਕਰ ਦਿੱਤਾ ਹੈ ਕਿ ਨਸ਼ਿਆਂ ਦੇ ਮਾਮਲੇ ਵਿੱਚ ਕਿਸੇ ਵੀ ਵਿਅਕਤੀ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਗੁਰਦੀਪ ਸਿੰਘ ਰਾਣੋ ਅਕਾਲੀ ਸਰਕਾਰ ਦੇ ਸਮੇਂ ਦੌਰਾਨ ਇੱਕ ਵੱਡੇ ਨਸ਼ਾ ਤਸਕਰ ਵਜੋਂ ਉਭਰਿਆ ਸੀ ਤੇ ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ ਵੀ ਉਸ ਦਾ ਨਸ਼ਿਆਂ ਦਾ ਕਥਿਤ ਕਾਰੋਬਾਰ ਚੱਲਦਾ ਰਿਹਾ ਸੀ।ਉਨ੍ਹਾਂ ਕਿਹਾ ਕਿ ਸਾਲ 2020 ਵਿੱਚ ਵੱਡੀ ਮਾਤਰਾ ਵਿੱਚ ਹੈਰੋਇਨ ਸਮੇਤ ਗ੍ਰਿਫ਼ਤਾਰ ਹੋਣ ਦੇ ਬਾਵਜੂਦ ਉਸ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਖ਼ਿਲਾਫ਼ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ ਸੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਨਸ਼ਾ ਤਸਕਰਾਂ ਖ਼ਿਲਾਫ਼ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਹੋਈ ਹੈ ਤੇ ਹੁਣ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਲੋਕਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਵੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਹ ਕਾਰਵਾਈ ਨਸ਼ਾ ਤਸਕਰਾਂ ਲਈ ਇੱਕ ਸਪੱਸ਼ਟ ਅਤੇ ਸਖ਼ਤ ਸੰਦੇਸ਼ ਹੈ ਕਿ ਕਾਨੂੰਨ ਤੋਂ ਉੱਪਰ ਕੋਈ ਨਹੀਂ। ਗਿਆਸਪੁਰਾ ਨੇ ਇਸ ਕਾਰਵਾਈ ਲਈ ਖੰਨਾ ਦੇ ਐੱਸ.ਐੱਸ.ਪੀ. ਡਾ. ਦਰਪਣ ਆਹਲੂਵਾਲੀਆ ਤੇ ਗਲਾਡਾ ਦੇ ਅਧਿਕਾਰੀਆਂ ਦੀ ਵੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਖੰਨਾ ਪੁਲਿਸ ਅਤੇ ਪ੍ਰਸ਼ਾਸਨ ਨੇ ਪੂਰੀ ਯੋਜਨਾਬੱਧ ਢੰਗ ਨਾਲ ਕਾਰਵਾਈ ਨੂੰ ਅੰਜਾਮ ਦੇ ਕੇ ਸਰਕਾਰ ਦੀ ਨਸ਼ਿਆਂ ਖ਼ਿਲਾਫ਼ ਵਚਨਬੱਧਤਾ ਨੂੰ ਦਰਸਾਇਆ ਹੈ।

## ਛੇ-ਰੋਜ਼ਾ ਫੈਕਲਟੀ ਇੰਡਕਸ਼ਨ ਪ੍ਰੋਗਰਾਮ ਦਾ ਉਦਘਾਟਨ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਨੈਤਿਕਤਾ, ਉੱਤਮਤਾ ਤੇ ਨਵੀਨਤਾ ਸਮਕਾਲੀ ਵਿਦਿਅਕ ਚੁਣੌਤੀਆਂ ਲਈ ਐਸਜੀਪੀਸੀ ਅਧਿਆਪਕਾਂ ਨੂੰ ਤਿਆਰ ਕਰਨਾ ਵਿਸ਼ੇ ਅਧੀਨ ਛੇ-ਰੋਜ਼ਾ ਫੈਕਲਟੀ ਇੰਡਕਸ਼ਨ ਪ੍ਰੋਗਰਾਮ-2026 ਦਾ ਉਦਘਾਟਨ ਕੀਤਾ ਗਿਆ।ਇਹ ਪ੍ਰੋਗਰਾਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੀਆਂ ਵਿੱਦਿਅਕ ਸੰਸਥਾਵਾਂ ਦੇ ਅਧਿਆਪਕਾਂ ਲਈ ਆਯੋਜਤ ਕੀਤਾ ਜਾ ਰਿਹਾ ਹੈ।ਪ੍ਰੋਗਰਾਮ ਦਾ ਰਸਮੀ ਉਦਘਾਟਨ ਯੂਨੀਵਰਸਿਟੀ ਦੇ ਵਾਇਸ-ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਨੇ ਕੀਤਾ।ਆਪਣੇ ਸੰਬੋਧਨ ਵਿੱਚ ਉਨ੍ਹਾਂ ਸਮਾਜ ਦੀ ਉਸਾਰੀ ਵਿੱਚ ਅਧਿਆਪਕਾਂ ਦੀ ਮਹੱਤਵਪੂਰਨ ਭੂਮਿਕਾ ਉੱਤੇ ਚਾਨਣਾ ਪਾਉਂਦਿਆਂ ਕਿਹਾ ਕਿ ਨੈਤਿਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਦੇ ਹੋਏ ਅਧਿਆਪਨ ਵਿੱਚ ਨਵੀਨਤਾ ਨੂੰ ਅਪਣਾਉਣਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਅਜਿਹੇ ਫੈਕਲਟੀ ਵਿਕਾਸ ਪ੍ਰੋਗਰਾਮ ਅਧਿਆਪਕਾਂ ਨੂੰ ਬਦਲ ਰਹੇ ਵਿਦਿਅਕ ਮਾਹੌਲ ਦੀਆਂ ਲੋੜਾਂ ਅਨੁਸਾਰ ਤਿਆਰ ਕਰਨ ਵਿੱਚ ਸਹਾਈ ਸਾਬਤ ਹੁੰਦੇ ਹਨ।ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਅਧਿਆਪਕਾਂ ਨੂੰ ਸਮੇਂ ਦੇ ਹਾਣੀ ਬਣਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਉਹ ਵਿਦਿਆਰਥੀ-ਮੁਖੀ ਅਧਿਆਪਨ ਵਿਧੀਆਂ ਅਪਣਾਉਣ, ਨਵੀਆਂ ਤਕਨੀਕਾਂ ਨੂੰ ਸਿੱਖਿਆ ਨਾਲ ਜੋੜਨ ਅਤੇ ਖੋਜ ਕਾਰਜਾਂ ਵਿੱਚ ਸਰਗਰਮ ਭੂਮਿਕਾ ਨਿਭਾਉਣ।ਸਿੱਖਿਆ ਵਿਭਾਗ ਦੀ ਮੁਖੀ ਡਾ. ਹਰਨੀਤ ਬਿਲਿੰਗ ਨੇ ਪ੍ਰੋਗਰਾਮ ਦੀ ਰੂਪ-ਰੇਖਾ ਪੇਸ਼ ਕਰਦਿਆਂ ਦੱਸਿਆ ਕਿ ਇਸ ਵਿੱਚ ਮਾਹਿਰਾਂ ਦੇ ਭਾਸ਼ਣ, ਵਰਕਸ਼ਾਪਾਂ, ਪੈਨਲ ਚਰਚਾਵਾਂ ਤੇ ਸੰਵਾਦੀ ਸੈਸ਼ਨ ਸ਼ਾਮਲ ਹਨ।

## ਗਾਬਾ ਦੇ ਕਤਲ ਨੂੰ ਲੈ ਕੇ ਦੁਕਾਨਦਾਰਾਂ ਵੱਲੋਂ ਦੂਸਰੇ ਦਿਨ ਵੀ ਰੋਸ ਪ੍ਰਗਟ



**ਮੱਖੂ (ਰਛਪਾਲ ਸਿੰਘ ਸੰਧੂ)**-ਅਣਪਛਾਤੇ ਵਿਅਕਤੀਆਂ ਵੱਲੋਂ ਕੱਲ ਦਿਨ ਦਿਹਾੜੇ ਦੁਪਹਿਰ 12 ਵਜੇ ਦੇ ਕਰੀਬ ਕਰਿਆਨਾ ਸਟੋਰ ਦੇ ਦੁਕਾਨਦਾਰ ਗੁਰਚਰਨ ਸਿੰਘ ਕਾਲਾ ਗਾਬਾ ਦਾ ਕਤਲ ਕਰਨ ਨਾਲ ਸ਼ਹਿਰ ਵਾਸੀਆਂ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ ਜਿਸ ਦੇ ਰੋਸ ਵਜੋਂ ਅੱਜ ਦੂਜੇ ਦਿਨ ਵੀ ਸ਼ਹਿਰ ਦੇ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਖਿਲਾਫ ਰੋਸ ਪ੍ਰਗਟ ਕੀਤਾ ਅਤੇ ਗੁਰਚਰਨ ਸਿੰਘ ਕਾਲਾ ਗਾਬਾ ਦੇ ਪਰਿਵਾਰਕ ਮੈਂਬਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਗੁਰਚਰਨ ਸਿੰਘ ਕਾਲਾ ਗਾਬਾ ਦੇ ਕਤਲ ਤੋਂ ਬਾਅਦ ਵੱਖ ਵੱਖ ਸਿਆਸੀ, ਧਾਰਮਿਕ, ਸਮਾਜਿਕ ਆਗੂਆਂ ਅਤੇ ਆਮ ਲੋਕਾਂ ਵੱਲੋਂ ਕੱਲ ਦੇਰ ਸ਼ਾਮ ਤੱਕ ਥਾਣਾ ਮੱਖੂ ਅੱਗੇ ਧਰਨਾ ਲਗਾ ਕੇ ਕਾਤਲਾਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਗਈ।ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਭੀੜ ਭਰੇ ਬਜ਼ਾਰ ਵਿੱਚ ਦਿਨ ਦਿਹਾੜੇ ਦੁਕਾਨਦਾਰ ਦੀ ਗੋਲ਼ੀਆਂ ਮਾਰ ਕੇ ਹੱਤਿਆ ਕੀਤੀ ਗਈ ਹੈ। ਇਸ ਘਟਨਾ ਕਾਰਨ ਕੋਈ ਵੀ ਵਿਅਕਤੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਿਹਾ ਹੈ। ਸ਼ਹਿਰ ਵਾਸੀਆਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸ਼ਹਿਰ ਵਿੱਚ ਪੁਲੀਸ ਮੁਲਾਜ਼ਮਾਂ ਦੀ ਗਸ਼ਤ ਵਧਾਈ ਜਾਵੇ ਅਤੇ ਅਪਰਾਧੀਆਂ ਨੂੰ ਨੱਥ ਪਾਈ ਜਾਵੇ।

## ਡਿਪਟੀ ਮੈਡੀਕਲ ਸੁਪਰਡੈਂਟ ਡਾ. ਸ਼ਮੀਮ ਮੌਂਗਾ ਦਾ ਸਨਮਾਨ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਮੰਗਲਵਾਰ ਨੂੰ ਸਥਾਨਕ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਅਤੇ ਇਸ ਦੇ ਅਧੀਨ ਆਉਂਦੇ ਕਾਲਜਾਂ ਅਤੇ ਹਸਪਤਾਲਾਂ ਦੇ ਆਊਟਸੋਰਸ ਕਰਮਚਾਰੀਆਂ ਨੇ 1 ਮਈ 2026 ਤੋਂ ਲਾਗੂ ਹੋਈ 15% ਤਨਖਾਹ ਵਾਧੇ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਫਰੀਦਕੋਟ ਦੇ ਡਿਪਟੀ ਮੈਡੀਕਲ ਸੁਪਰਡੈਂਟ ਡਾ. ਸ਼ਮੀਮ ਮੌਂਗਾ ਦਾ ਉਹਨਾਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਤੇ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਆਪਣਾ ਸਹਿਯੋਗ ਦਿੰਦੇ ਰਹਿਣਗੇ। ਕਰਮਚਾਰੀਆਂ ਨੇ ਕਿਹਾ ਕਿ ਇਸ ਤਨਖਾਹ ਵਾਧੇ ਨੂੰ ਲਾਗੂ ਕਰਵਾਉਣ ਵਿੱਚ ਡਾ ਸ਼ਮੀਮ ਮੌਂਗਾ ਦੀ ਅਹਿਮ ਭੂਮਿਕਾ ਰਹੀ ਹੈ। ਇਸ ਫੈਸਲੇ ਨਾਲ ਬਾਬਾ ਫਰੀਦ ਯੂਨੀਵਰਸਿਟੀ ਅਤੇ ਇਸ ਦੇ ਅਧੀਨ ਚੱਲ ਰਹੇ ਕਾਲਜਾਂ ਅਤੇ ਹਸਪਤਾਲਾਂ ਦੇ ਲਗਭਗ 1200 ਆਊਟਸੋਰਸ ਕਰਮਚਾਰੀਆਂ ਨੂੰ ਲਾਭ ਮਿਲੇਗਾ।

## 7 ਨੂੰ ਵੋਟਰਾਂ ਲਈ ਲਾਇਆ ਜਾਵੇਗਾ ਵਿਸ਼ੇਸ਼ ਕੈਂਪ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਅਮਿਤ ਕੁਮਾਰ ਪੰਚਾਲ ਆਈ.ਏ.ਐੱਸ, ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਐੱਸ.ਆਈ.ਆਰ. ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਕੁੱਲ 693611 ਵੋਟਰਾਂ ਵਿੱਚੋਂ ਹੁਣ ਤੱਕ 640508 ਵੋਟਰਾਂ (92.34 ਫ਼ੀਸਦੀ) ਦੀ ਵੋਟਰ ਸੂਚੀ 2003 ਨਾਲ ਮੈਪਿੰਗ ਸਫ਼ਲਤਾ ਪੂਰਵਕ ਕੀਤੀ ਜਾ ਚੁੱਕੀ ਹੈ ਤੇ ਅਜੇ ਵੀ ਜ਼ਿਲ੍ਹੇ ਦੇ 56044 ਵੋਟਰ ਅਨ—ਮੈਪਡ ਹਨ, ਜਿਨ੍ਹਾਂ ਨੂੰ ਕਵਰ ਕਰਨਾ ਬਹੁਤ ਜ਼ਰੂਰੀ ਹੈ।ਸ੍ਰੀ ਪੰਚਾਲ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵੋਟਰ ਸੂਚੀ 2003 ਦੇ ਮੌਜੂਦਾ ਵੋਟਰਾਂ ਦੀ ਮੈਪਿੰਗ ਦੇ ਕੰਮ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਲਈ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ 7 ਜੂਨ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਇੱਕ ਵਿਸ਼ੇਸ਼ ਕੈਂਪ ਲਾਇਆ ਜਾ ਰਿਹਾ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਦੇ ਰੋਸ ਪ੍ਰਦਰਸ਼ਨ 'ਚ ਭਾਜਪਾ ਜ਼ਿਲ੍ਹਾ ਪ੍ਰਧਾਨ ਹਰਜੀਤ ਸੰਧੂ ਵੱਲੋਂ ਸ਼ਿਰਕਤ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਤਰਨਤਾਰਨ ਵਿਖੇ ਕੀਤੇ ਰੋਸ ਪ੍ਰਦਰਸ਼ਨ ਵਿੱਚ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਆਪਣੇ ਸਾਥੀਆਂ ਸਮੇਤ ਸ਼ਾਮਲ ਹੋਏ ਅਤੇ ਸੰਘਰਸ਼ ਕਰ ਰਹੇ ਮੁਲਾਜ਼ਮਾਂ ਨਾਲ ਹਰ ਸੰਭਵ ਸਾਥ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਸੰਬੋਧਨ ਕਰਦਿਆਂ ਹਰਜੀਤ ਸਿੰਘ ਸੰਧੂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਅਤੇ ਲੋਕਾਂ ਨਾਲ ਕੀਤੇ ਝੂਠੇ ਵਾਅਦਿਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਸੂਬੇ ਦੇ ਪੜ੍ਹੇ-ਲਿਖੇ ਨੌਜਵਾਨਾਂ ਅਤੇ ਮੁਲਾਜ਼ਮਾਂ ਨੂੰ ਰੁਜ਼ਗਾਰ ਅਤੇ ਸਥਿਰਤਾ ਦੇਣ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ, ਜਿਸ ਕਾਰਨ ਉਨ੍ਹਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਸੂਬੇ ਦੇ ਪੜ੍ਹੇ-ਲਿਖੇ ਵਰਗ ਨੂੰ ਸੜਕਾਂ 'ਤੇ ਰੋਲਣ ਵਾਲੀ ਆਪ ਸਰਕਾਰ ਦਾ ਅੰਤ ਨੇੜੇ ਆ ਚੁੱਕਾ ਹੈ ਅਤੇ ਲੋਕ ਆਉਣ ਵਾਲੇ ਸਮੇਂ ਵਿੱਚ ਇਸ ਸਰਕਾਰ ਨੂੰ ਉਸ ਦੀਆਂ ਨਾਕਾਮੀਆਂ ਦਾ ਜਵਾਬ ਦੇਣਗੇ। ਉਨ੍ਹਾਂ ਸੰਘਰਸ਼ ਕਰ ਰਹੇ ਮੁਲਾਜ਼ਮਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਮਨਵਾਉਣ ਅਤੇ ਇਨਸਾਫ਼ ਦਿਵਾਉਣ ਲਈ ਭਾਰਤੀ ਜਨਤਾ ਪਾਰਟੀ ਦਾ ਇੱਕ-ਇੱਕ ਵਰਕਰ ਉਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਰਹੇਗਾ।ਹਰਜੀਤ ਸਿੰਘ ਸੰਧੂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣ ਕੇ ਤੁਰੰਤ ਹੱਲ ਕੀਤਾ ਜਾਵੇ ਤਾਂ ਜੋ ਉਨ੍ਹਾਂ ਨੂੰ ਲਗਾਤਾਰ ਸੰਘਰਸ਼ ਕਰਨ ਲਈ ਮਜਬੂਰ ਨਾ ਹੋਣਾ ਪਵੇ।ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਜਿਲਾ ਮਹਾਂ ਮੰਤਰੀ ਹਰਪ੍ਰੀਤ ਸਿੰਘ ਸਿੰਦਬਾਦ, ਐੱਸਸੀ ਮੋਰਚਾ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਬੰਟੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਪੀ. ਐੱਸ. ਈ. ਬੀ. ਇੰਪਲਾਈਜ਼ ਫੈਡਰੇਸ਼ਨ ਏਟਕ ਦਾ ਝੰਡਾ ਚੜ੍ਹਾਇਆ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੇ ਦਫ਼ਤਰ ਬਹਿਰਾਮਪੁਰ ਵਿਖੇ ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ. ਐੱਸ. ਈ. ਬੀ. ਇੰਪਲਾਈਜ਼ ਫੈਡਰੇਸ਼ਨ ਏਟਕ ਦਾ ਝੰਡਾ ਦਫ਼ਤਰ ਦੇ ਗੇਟ ਤੇ ਸ਼ਬ ਡਵੀਜ਼ਨ ਪ੍ਰਧਾਨ ਇੰਜ. ਬਲਜੀਤ ਸਿੰਘ ਹੁੰਦਲ ਜੇ. ਈ. ਵੱਲੋਂ ਚੜ੍ਹਾਇਆ ਗਿਆ। ਇਸ ਮੌਕੇ 'ਤੇ ਸੰਬੋਧਨ ਕਰਦਿਆਂ ਜਥੇਬੰਦੀ ਦੇ ਸਾਬਕਾ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਬਿਜਲੀ ਕਾਮਿਆਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ ਅਤੇ ਮੁਲਾਜ਼ਮਾਂ ਉੱਤੇ ਨਿੱਤ ਦਿਹਾੜੇ ਨਵੇਂ ਹਮਲੇ ਕਰ ਰਹੀ ਹੈ। ਕਰਮਚਾਰੀਆਂ ਨੂੰ ਧੱਕੇ ਨਾਲ ਸਮਰਾਟ ਫ਼ੋਨ ਦਿੱਤੇ ਜਾ ਰਹੇ ਹਨ ਜਦ ਕਿ ਫੀਲਡ ਵਿਚ ਕਰਮਚਾਰੀਆਂ ਦੀ ਗਿਣਤੀ ਨਾ ਮਾਤਰ ਰਹਿ ਗਈ ਹੈ। ਮੈਨੇਜਮੈਂਟ ਨੂੰ ਚਾਹੀਦਾ ਹੈ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਉਣ ਲਈ ਤੁਰੰਤ ਫੀਲਡ ਵਿਚ ਟੈਕਨੀਕਲ ਕਾਮਿਆਂ ਦੀ ਭਰਤੀ ਕਰਨੀ ਚਾਹੀਦੀ ਹੈ ਅਤੇ ਕਰਮਚਾਰੀਆਂ ਦੀ ਸੁਰੱਖਿਆ ਲਈ ਸੇਫਟੀ ਕਿਟਾਂ ਉਪਲਬਧ ਕਰਾਉਣ, ਬ੍ਰੇਕ ਡਾਊਨ ਅਟੈਂਡ ਕਰਨ ਲਈ ਗੱਡੀਆਂ, ਪੌੜੀਆਂ ਅਤੇ ਹੋਰ ਸਾਜ਼ੋ ਸਾਮਾਨ ਦੀ ਲੋੜ ਹੈ। ਖ਼ਾਲੀ ਪਈਆਂ 50 ਹਜ਼ਾਰ ਦੇ ਕਰੀਬ ਅਸਾਮੀਆਂ ਭਰਨ ਦੀ ਲੋੜ ਹੈ, ਫੀਡਰਾਂ 'ਤੇ ਇਕਲਾ, ਇਕਲਾ ਕਰਮਚਾਰੀ ਕੰਮ ਕਰ ਰਿਹਾ ਹੈ, ਇਸ ਦੇ ਬਾਵਜੂਦ ਮੈਨੇਜਮੈਂਟ ਵੱਲੋਂ ਮੁਲਾਜ਼ਮ ਵਿਰੋਧੀ ਫ਼ੁਰਮਾਨ ਜਾਰੀ ਕਰਕੇ ਧਮਕਾਇਆ ਜਾ ਰਿਹਾ ਹੈ ਜਿਸ ਦਾ ਜਥੇਬੰਦੀ ਵੱਲੋਂ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਬਾਰਡਰ ਜ਼ੋਨ ਦੇ ਸਹਾਇਕ ਸਕੱਤਰ ਇੰਜ਼ ਮਲਕੀਤ ਸਿੰਘ ਢਿੱਲੋਂ ਜੇ. ਈ., ਇੰਜ. ਜਸਵਿੰਦਰ ਸਿੰਘ ਜੇ. ਈ., ਮੰਡਲ ਸਕੱਤਰ ਜੇ. ਪੀ. ਜੰਜੂਆ, ਹਰਪ੍ਰੀਤ ਸਿੰਘ ਗਿੱਲ, ਪੈਨਸ਼ਨਰਜ਼ ਯੂਨੀਅਨ ਏਟਕ ਦੇ ਆਗੂ ਸਾਥੀ ਸਤੀਸ਼ ਕੁਮਾਰ ਸੈਣੀ, ਅਸ਼ਵਨੀ ਕੁਮਾਰ ਸੈਣੀ, ਜੋਗਿੰਦਰ ਪਾਲ, ਕਿਰਪਾਲ ਸਿੰਘ ਟਾਂਡਾ, ਯਸ਼ਪਾਲ ਸਿੰਘ, ਲਖਵਿੰਦਰ ਸਿੰਘ ਟਾਂਡਾ, ਜੰਸਵਤ ਸਿੰਘ, ਇੰਜ. ਤੇਜਪਾਲ ਸਿੰਘ ਆਦਿ ਆਗੂ ਹਾਜ਼ਰ ਸਨ।



# ਮੋਬਾਇਲ ਪੀ ਸੀ ਆਰ ਨੇ 112 ਪੀ ਸੀ ਆਰ ਦੇ ਨਾਕਿਆਂ ਤੇ ਚੌਂਕੀਆਂ ਦੀ ਕੀਤੀ ਪੜਤਾਲ

**ਅੰਮ੍ਰਿਤਸਰ (ਅਰੋੜਾ)**- ਮਾਨਯੋਗ ਕਮਿਸ਼ਨਰ ਆਫ ਪੁਲਸ ਗੁਰਪ੍ਰੀਤ ਸਿੰਘ ਭੁੱਲਰ ਦੇ ਦਿਸ਼ਾ ਅਤੇ ਨਿਰਦੇਸ਼ਾਂ ਦੇ ਚੱਲਦੇ ਮਾਨਯੋਗ ਏ. ਸੀ. ਪੀ. (ਡੀ) ਹਰਮਿੰਦਰ ਸਿੰਘ ਦੀ ਸਖ਼ਤ ਹਦਾਇਤਾਂ ਦੇ ਅਨੁਸਾਰ ਪੀ. ਸੀ. ਆਰ. ਮੋਬਾਇਲ 112 ਦੇ ਅਧਿਕਾਰੀ ਪਵਨ ਕੁਮਾਰ ਦੀ ਦੇਖ-ਰੇਖ ਵਿਖੇ ਪੁਲਸ ਟੀਮ ਦੇ ਨਾਲ ਪੀ. ਸੀ. ਆਰ. 112 ਦੀ ਜਾਂਚ ਪੜਤਾਲ ਕੀਤੀ ਗਈ।ਇਸ ਪੜਤਾਲ ਵਿੱਚ ਪਵਨ ਕੁਮਾਰ ਵੱਲੋਂ ਸਾਰੇ ਕਰਮਚਾਰੀਆਂ ਨੂੰ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆ ਅਤੇ ਉਨ੍ਹਾਂ ਨੂੰ ਹਰ ਸਮੇਂ ਆਪਣੀ ਡਿਊਟੀ 'ਤੇ ਅਲਰਟ ਰਹਿਣ ਦੇ ਨਿਰਦੇਸ਼ ਜਾਰੀ ਕੀਤੇ ਗਏ।ਉਨ੍ਹਾਂ ਨੇ ਦੱਸਿਆ ਕਿ ਕਿਸੇ ਵੀ ਅਣਸੁਖਾਵੀਂ ਘਟਨਾ ਦੀ ਰੋਕਥਾਮ ਅਤੇ ਕਿਸੇ ਵੀ ਲੋੜਵੰਦ ਨੂੰ ਤੁਰੰਤ ਪੁਲਸ ਸਹਾਇਤਾ ਮੁਹੱਈਆ ਕਰਵਾਉਣ ਦੇ ਲਈ 112 ਨੰਬਰ ਤੇ ਫੋਨ ਕੀਤਾ ਜਾਂਦਾ ਹੈ। ਪੀ. ਸੀ. ਆਰ. 112 ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਤੁਰੰਤ ਉਕਤ ਸਥਾਨ ਤੇ ਸਹਾਇਤਾ ਲਈ ਪੁੱਜਦੇ ਹਨ।ਇਨ੍ਹਾਂ ਨਿਰਦੇਸ਼ਾਂ ਦੇ ਚੱਲਦੇ ਸਾਰੇ ਮੋਬਾਇਲ ਪੀ. ਸੀ. ਆਰ. ਦੇ ਨਾਕਿਆਂ ਦੀ ਪੜਤਾਲ ਕੀਤੀ ਗਈ ਹੈ।ਇਸ ਮੌਕੇ ਪਵਨ ਕੁਮਾਰ ਐੱਸ. ਆਈ. ਦੇ ਨਾਲ ਏ. ਐੱਸ. ਆਈ. ਰਾਜੇਸ਼ ਸ਼ਰਮਾ, ਏ. ਐੱਸ. ਆਈ. ਕਮਲ ਕੁਮਾਰ, ਏ. ਐੱਸ. ਆਈ. ਸ਼ਮਸ਼ੇਰ ਸਿੰਘ, ਏ. ਐੱਸ. ਆਈ. ਸੁਰਜੀਤ ਸਿੰਘ, ਏ. ਐੱਸ. ਆਈ. ਮੰਗਮਲਕੀਤ ਸਿੰਘ ਆਦਿ ਮੌਜੂਦ ਸਨ।



# ਬੈਸਟ ਫੋਟੋਗ੍ਰਾਫਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਫੋਟੋਗਰਾਫੀ ਮੇਲਾ 12 ਨੂੰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਬੈਸਟ ਫੋਟੋਗ੍ਰਾਫਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਬਟਾਲਾ ਵਿੱਚ ਲਗਾਏ ਜਾ ਰਹੇ 12 ਜੂਨ ਨੂੰ ਫੋਟੋਗ੍ਰਾਫੀ ਮੇਲਾ ਕਰਵਾਇਆ ਜਾ ਰਿਹਾ ਹੈ ਜਿਸ ਸਬੰਧੀ ਮੇਲੇ ਦੇ ਸੱਦਾ ਪੱਤਰ ਦੇਣ ਲਈ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਖੁਜਾਲਾ, ਤਰਸਿੱਕਾ, ਮਹਿਤਾ, ਨਾਥ ਦੀ ਖੂਹੀ, ਮੱਤੇਵਾਲ, ਵਿਖੇ ਪਹੁੰਚੇ ਆਗੂਆਂ ਵੱਲੋਂ ਫੋਟੋਗਰਾਫ਼ੀ ਮੇਲੇ ਵਿਚ ਆਉਣ ਲਈ ਸੱਦਾ ਪੱਤਰ ਦਿੱਤੇ ਗਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਰਦਿਆਂ ਪ੍ਰਧਾਨ ਸੁਖਵਿੰਦਰ ਸਿੰਘ ਤੇ ਕਰਮਜੀਤ ਸਿੰਘ ਲਾਲੀ ਮਹਿਤਾ ਚੌਕ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 12 ਜੂਨ ਨੂੰ ਸਵੇਰੇ 10 ਵਜੇ ਤੋਂ ਡਾਇਮੰਡ ਰਿਜ਼ੋਰਟ ਬਟਾਲਾ ਵਿਖੇ ਲਗਾਏ ਜਾ ਰਹੇ ਇਸ ਮੇਲੇ ਵਿਚ ਫੋਟੋਗ੍ਰਾਫੀ ਨਾਲ ਸਬੰਧਿਤ ਵੱਖ-ਵੱਖ ਕੰਪਨੀਆਂ ਵੱਲੋਂ ਆਪਣੇ ਸਟਾਲ ਲਗਾਏ ਜਾਣਗੇ ਅਤੇ ਫੋਟੋਗ੍ਰਾਫਰ ਵੀਰਾਂ ਨੂੰ ਫੋਟੋਗ੍ਰਾਫੀ ਨਾਲ ਸਬੰਧਿਤ ਨਵੀਂ ਤਕਨੀਕ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਲਈ ਸਮੂਹ ਫੋਟੋਗ੍ਰਾਫਰਾਂ ਨੂੰ ਇਸ ਮੇਲੇ ਵਿੱਚ ਆ ਕੇ ਫੋਟੋਗ੍ਰਾਫੀ ਨਾਲ ਸਬੰਧਿਤ ਨਵੀਂ ਤਕਨੀਕਾਂ ਬਾਰੇ ਜਾਣਕਾਰੀ ਲੈਣੀ ਚਾਹੀਦੀ ਹੈ ਤਾਂ ਜੋ ਹੋਰ ਵੀ ਵਧੀਆ ਤਰੀਕੇ ਨਾਲ ਵੀਡੀਓ ਅਤੇ ਫੋਟੋਗ੍ਰਾਫੀ ਕੀਤੀ ਜਾ ਸਕੇ ।ਇਸ ਮੌਕੇ ਤੇ ਵੱਖ-ਵੱਖ ਫੋਟੋ ਫੋਟੋਗਰਾਫਰਾਂ ਨੇ ਕਿਹਾ ਕਿ ਉਹ ਆਪਣੇ ਸਾਥੀਆਂ ਦੇ ਨਾਲ ਇਸ ਮੇਲੇ ਵਿਚ ਵੱਡੀ ਗਿਣਤੀ ਵਿਚ ਸ਼ਿਰਕਤ ਕਰਨਗੇ ਤਾਂ ਜੋ ਫੋਟੋਗ੍ਰਾਫਰ ਵੀਰ ਇਸ ਮੇਲੇ ਤੋਂ ਕੁਝ ਨਾ ਕੁਝ ਜਾਣਕਾਰੀ ਲੈ ਸਕਣ ।





# ਲੰਗਰ 'ਚ ਦਿੱਤੇ ਸਹਿਯੋਗ ਲਈ ਅਜਨਾਲਾ ਗੈਸ ਏਜੰਸੀ ਦੇ ਮਾਲਕ ਬਿਕਰਮਜੀਤ ਸਿੰਘ ਸਨਮਾਨਿਤ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**- ਸ਼੍ਰੀ ਹੇਮਕੁੰਡ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਵੱਲੋਂ ਜੋ ਹਰ ਸਾਲ ਸ੍ਰੀ ਹੇਮਕੁੰਡ ਸਾਹਿਬ ਜੀ ਦੀ ਯਾਤਰਾ ਲੰਗਰ ਲਗਾਉਂਦੀ ਹੈ, ਵੱਲੋਂ ਇਸ ਸਾਲ ਵੀ 13ਵਾਂ ਸਾਲਾਨਾ ਲੰਗਰ ਰਿਸ਼ੀਕੇਸ਼ ਤੋਂ ਤਕਰੀਬਨ 180 ਕਿਲੋਮੀਟਰ ਅੱਗੇ ਨੰਦ ਪ੍ਰਿਆਂਗ ਵਿਖੇ ਚੱਲ ਰਿਹਾ ਹੈ। ਇਸ ਲੰਗਰ ਦੀ ਸੇਵਾ ਵਿੱਚ ਬਹੁਤ ਵੱਡਾ ਯੋਗਦਾਨ ਪਾਉਣ ਲਈ ਭਾਰਤ ਗੈਸ ਏਜੰਸੀ ਅਜਨਾਲਾ ਗੈਸ ਸਰਵਿਸ ਦੇ ਮਾਲਕ ਬਿਕਰਮਜੀਤ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸੁਸਾਇਟੀ ਦੇ ਸਰਪ੍ਰਸਤ ਅਮਰਜੀਤ ਸਿੰਘ ਬਾਜਵਾ ਨੇ ਕਿਹਾ ਇਸ ਵਾਰ ਗੈਸ ਦੀ ਦਿੱਕਤ ਹੋਣ ਕਾਰਨ ਫਿਰ ਵੀ ਬਿਕਰਮਜੀਤ ਸਿੰਘ ਵੱਲੋਂ ਸੋਸਾਇਟੀ ਨੂੰ ਬਹੁਤ ਵੱਡਾ ਯੋਗਦਾਨ ਦਿੱਤਾ ਗਿਆ ਹੈ।ਇਸ ਕਰਕੇ ਸੁਸਾਇਟੀ ਉਨ੍ਹਾਂ ਦੀ ਰਿਣੀ ਹੈ।ਇਸ ਮੌਕੇ ਬਿਕਰਮਜੀਤ ਸਿੰਘ ਵੱਲੋਂ ਸਾਰੀ ਸੁਸਾਇਟੀ ਦਾ ਧੰਨਵਾਦ ਵੀ ਕੀਤਾ ਗਿਆ ਅਤੇ ਕਿਹਾ ਗਿਆ ਕਿ ਉਹ ਉਨ੍ਹਾਂ ਵੱਲੋਂ ਹਰ ਵਕਤ ਤਨ ਮਨ ਧਨ ਨਾਲ ਸੁਸਾਇਟੀ ਦੀ ਸੇਵਾ ਕਰਨਗੇ। ਇਸ ਮੌਕੇ ਸੋਸਾਇਟੀ ਦੇ ਖਜਾਨਚੀ ਵਿਜੇ ਕੁਮਾਰ ਅਰੋੜਾ, ਜਸਬੀਰ ਸਿੰਘ ਢਿੱਲੋਂ, ਪਰਮਜੀਤ ਸਿੰਘ ਪੰਮਾ ਡੀਪੂ ਵਾਲੇ, ਲਾਲੀ ਬਾਜਵਾ, ਗੈਸ ਏਜੰਸੀ ਦੇ ਮੈਨੇਜਰ ਹਰਪ੍ਰੀਤ ਸਿੰਘ ਹੈਪੀ ਆਦਿ ਹਾਜ਼ਰ ਸਨ।

# ਪ੍ਰੀ-ਸਪੈਸ਼ਲ ਇੰਟੈਂਸਿਵ ਰਿਵੀਜ਼ਨ ਮੈਪਿੰਗ ਸਮੂਹ ਪੋਲਿੰਗ ਸਟੇਸ਼ਨਾਂ 'ਤੇ 7 ਨੂੰ ਵਿਸ਼ੇਸ਼ ਕੈਂਪ ਲੱਗਣਗੇ

**ਗੁਰਦਾਸਪੁਰ, (ਜਨਕ ਮਹਾਜਨ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਆਦਿਤਿਆ ਉਪਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਲ 2003 ਦੀ ਵੋਟਰ ਸੂਚੀ ਨਾਲ ਮੌਜੂਦਾ ਵੋਟਰਾਂ ਦੀ ਚੱਲ ਰਹੀ ਪ੍ਰੀ-ਸਪੈਸ਼ਲ ਇੰਟਸ਼ਿਵ ਰਿਵੀਜ਼ਨ ਮੈਪਿੰਗ ਵਿਚ ਤੇਜ਼ੀ ਲਿਆਉਣ ਲਈ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ 7 ਜੂਨ 2026 (ਐਤਵਾਰ) ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਉਨ੍ਹਾਂ ਸਮੂਹ ਚੋਣਕਾਰ ਰਜਿਸਟਰੇਸ਼ਨ ਅਫਸਰ ਜ਼ਿਲ੍ਹਾ ਗੁਰਦਾਸਪੁਰ ਅਤੇ ਸਮੂਹ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫਸਰ 9 ਅਤੇ 99 ਗੁਰਦਾਸਪੁਰ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਅਧੀਨ ਆਉਂਦੇ ਸਮੂਹ ਬੂਥ ਲੈਵਲ ਅਫ਼ਸਰ 7 ਜੂਨ 2026 (ਐਤਵਾਰ) ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਦੌਰਾਨ ਆਪਣੇ-ਆਪਣੇ ਪੋਲਿੰਗ ਬੂਥਾਂ ਹਾਜ਼ਰ ਰਹਿਣ ਅਤੇ ਇਸ ਸਬੰਧ ਵਿਚ ਮਾਨਤਾ ਪ੍ਰਾਪਤ ਰਾਜਸੀ ਪਾਰਟੀਆਂ ਦੇ ਸਥਾਨਕ ਨੁਮਾਇੰਦਿਆਂ ਨਾਲ ਤਾਲਮੇਲ ਕਰਕੇ ਉਨ੍ਹਾਂ ਦੇ ਬੂਥ ਲੈਵਲ ਏਜੰਟਾਂ ਤੋਂ ਸਹਿਯੋਗ ਲਿਆ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਕੈਂਪ ਦੌਰਾਨ ਮੈਪ ਕੀਤੇ ਗਏ ਕੁੱਲ ਵੋਟਰਾਂ ਦੀ ਗਿਣਤੀ ਸਬੰਧੀ ਰਿਪੋਰਟ 7 ਜੂਨ ਨੂੰ ਸ਼ਾਮ 04:30 ਵਜੇ ਤੱਕ ਇਸ ਦਫ਼ਤਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ ਅਤੇ ਪੋਲਿੰਗ ਸਟੇਸ਼ਨਾਂ 'ਤੇ ਸੁਪਰਵਾਈਜ਼ਰਾਂ ਤੇ ਬੀ. ਐੱਲ. ਓਜ਼. ਦੀ ਚੈਕਿੰਗ ਨਿੱਜੀ ਤੌਰ 'ਤੇ ਅਤੇ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ 9 ਅਤੇ 99 ਰਾਹੀਂ ਕੀਤੀ ਜਾਵੇ। ਉਨ੍ਹਾਂ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਹੈ ਕਿ 7 ਜੂਨ ਨੂੰ ਵਿਸ਼ੇਸ਼ ਕੈਂਪ ਲਈ ਪੋਲਿੰਗ ਸਟੇਸ਼ਨਾਂ ਦੀਆਂ ਇਮਾਰਤਾਂ ਨੂੰ ਖੁੱਲ੍ਹਾ ਰੱਖਣਾ ਯਕੀਨੀ ਬਣਾਇਆ ਜਾਵੇ।



# ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੀ ਜ਼ਿਲ੍ਹਾ ਪੱਧਰੀ ਚੋਣ ਹੋਈ



**ਝਬਾਲ (ਹਰਜਿੰਦਰ ਸਿੰਘ ਸੋਨੀ)** ਸਥਾਨਿਕ ਗਾਂਧੀ ਪਾਰਕ ਵਿਚ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਵਲੋਂ ਇੱਕ ਵਿਸਾਲ ਮੀਟਿੰਗ ਕਰਕੇ ਜਿਲ੍ਹਾ ਪੱਧਰੀ ਚੋਣ ਕੀਤੀ ਗਈ।ਇਸ ਮੌਕੇ ਸੀ ਪੀ ਆਈ ਐੱਮ ਐੱਲ ਲਿਬਰੇਸਨ ਦੇ ਸੂਬਾ ਸਕੱਤਰੇਤ ਮੈਂਬਰ ਬਲਬੀਰ ਸਿੰਘ ਝਾਮਕਾ ਨੇ ਆਪਣੇ ਵਿਚਾਰ ਰੱਖੇ ਭਰਾਤਰੀ ਜਥੇਬੰਦੀ ਜਮਹੂਰੀ ਅਧਿਕਾਰ ਸਭਾ ਦੇ ਸੂਬਾ ਜਨਰਲ ਸਕੱਤਰ ਨਰਭਿੰਦਰ ਸਿੰਘ ਪੱਧਰੀ ਨੇ ਸੰਦੇਸ਼ ਦਿਤਾ ਜਦਕਿ ਲਿਬਰੇਸ਼ਨ ਦੇ ਸੂਬਾ ਕਮੇਟੀ ਮੈਂਬਰ ਹਰਮਨਦੀਪ ਸਿੰਘ ਹਿੰਮਤਪੁਰਾ ਨੇ 15 ਮੈਂਬਰੀ ਜਿਲਾ ਲੀਡਿੰਗ ਟੀਮ ਦਾ ਪੈਨਲ ਪੇਸ਼ ਕੀਤਾ ਜੋ ਸਰਬਸੰਮਤੀ ਨਾਲ ਪਾਸ ਕੀਤਾ ਗਿਆ, ਜਿਸ ਵਿਚ ਕਨਵੀਨਰ ਬਲਬੀਰ ਸਿੰਘ ਝਾਮਕਾ, ਦਲਵਿੰਦਰ ਸਿੰਘ ਨੌਸ਼ਹਿਰਾ ਪੰਨੂਆਂ, ਬਲਵਿੰਦਰ ਸਿੰਘ ਗੋਹਲਵੜ, ਰਾਜ ਕੌਰ ਕਲਸੀਆ, ਗੁਰਦੇਵ ਸਿੰਘ ਰਸੂਲਪੁਰ, ਬਲਕਾਰ ਸਿੰਘ ਕੋਟ ਜਸਪਤ, ਸਵਿੰਦਰ ਸਿੰਘ ਅਲਾਦੀਨਪੁਰ, ਤਰਸੇਮ ਸਿੰਘ ਢੋਟੀਆਂ, ਨਿੰਦਰ ਸਿੰਘ ਖਡੂਰ ਸਾਹਿਬ, ਜਗਤਾਰ ਸਿੰਘ ਕੋਟ ਜਸਪਤ, ਸੁਰਜੀਤ ਸਿੰਘ ਬਾਠ, ਗੁਰਬਚਨ ਸਿੰਘ ਰੂੜੇਆਸਲ, ਬੋਹੜ ਸਿੰਘ ਸੁਰਸਿੰਘ, ਹਰਜਿੰਦਰ ਸਿੰਘ ਨਾਰਲੀ, ਬਲਜਿੰਦਰ ਸਿੰਘ ਸੇਖਚੱਕ, ਚੁਣੇ ਗਏ ।

# ਡੀ ਡੀ ਆਈ ਸਕੂਲ ਦੇ ਵਿਦਿਆਰਥੀਆਂ ਦਾ 10 ਦਿਨਾ ਐੱਨ ਸੀ ਸੀ ਕੈਂਪ ਲੱਗਾ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਕਸਬਾ ਫਤਿਹਗੜ੍ਹ ਚੂੜੀਆਂ ਦੇ ਨਾਲ ਲੱਗਦੇ ਪਿੰਡ ਪਿੰਡੀ ਦੇ ਡੀਡੀਆਈ ਸਕੂਲ ਦੇ ਪ੍ਰਿੰਸੀਪਲ ਮੈਡਮ ਸਵਲੀਨ ਭਾਟੀਆ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਬੀਤੇ ਕੁਝ ਦਿਨ ਪਹਿਲਾਂ ਸੁਖਜਿੰਦਰ ਕਾਲਜ ਗੁਰਦਾਸਪੁਰ ਵਿਖੇ ਐੱਨ ਸੀ ਸੀ ਦਾ ਇੱਕ ਕੈਂਪ ਲੱਗਾ ਜਿਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਸਕੂਲਾਂ ਦੇ ਐਨ ਸੀ ਸੀ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸੇ ਲੜੀ ਤਹਿਤ ਡੀ ਡੀ ਆਈ ਸਕੂਲ ਦੇ ਵਿਦਿਆਰਥੀ ਜਿਨਾਂ ਵਿੱਚ 9 ਲੜਕੀਆਂ ਅਤੇ 5 ਲੜਕੇ ਨੇ ਇਸ ਐੱਨ ਸੀ ਸੀ ਦੇ ਕੈਂਪ ਵਿੱਚ ਹਿੱਸਾ ਲਿਆ। ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਸ ਕੈਂਪ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਪੂਰੇ ਡਿਸਿਪਲਨ 'ਚ ਰਹਿ ਕੇ ਇਹ 10 ਦਿਨ ਬਤਾਏ ਇਸ ਦੇ ਚੱਲਦੇ ਹੋਏ ਸੁਖਜਿੰਦਰ ਕਾਲਜ ਵਿਖੇ ਵੱਖ-ਵੱਖ ਗੇਮਾਂ ਵੀ ਐੱਨ ਸੀ ਸੀ ਦੇ ਵਿਦਿਆਰਥੀਆਂ ਦੀਆਂ ਕਰਾਈਆਂ ਗਈਆਂ ਜਿਸ ਵਿੱਚ ਡੀ ਡੀ ਆਈ ਸਕੂਲ ਨੇ ਰਨਿੰਗ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ। ਇਸੇ ਲੜੀ ਤਹਿਤ ਖੋ-ਖੋ ਦੇ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਵਿਦਿਆਰਥੀਆਂ ਦਾ ਸਕੂਲ ਪਹੁੰਚਣ 'ਤੇ ਸਕੂਲ ਦੇ ਪ੍ਰਿੰਸੀਪਲ ਵੱਲੋਂ ਨਿੱਘਾ ਜੀ ਆਇਆਂ ਨੂੰ ਕਹਿੰਦੇ ਵਧਾਈ ਵੀ ਦਿੱਤੀ ਗਈ ਅਤੇ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੇ ਸੁਖਜਿੰਦਰ ਕਾਲਜ ਵਿਖੇ ਐੱਨਸੀਸੀ ਦੇ 10 ਦਿਨ ਦੇ ਕੈਂਪ ਦਰਮਿਆਨ ਪੂਰੇ ਡਿਸਿਪਲਨ 'ਚ ਰਹਿ ਕੇ ਇਹ ਕੈਂਪ ਲਗਾਇਆ ਹੈ।



# ਸਾਬਕਾ ਵਿਧਾਇਕ ਡਾ. ਦਲਬੀਰ ਸਿੰਘ ਵੇਰਕਾ ਨੇ ਸੰਤ ਬਾਬਾ ਗੁਰਦੇਵ ਸਿੰਘ ਤੋਂ ਲਿਆ ਅਸ਼ੀਰਵਾਦ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਤੋਂ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ ਹਲਕਾ ਜੰਡਿਆਲਾ ਗੁਰੂ ਦੇ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੇਵ ਸਿੰਘ ਤੋਂ ਅਸ਼ੀਰਵਾਦ ਲੈਣ ਲਈ ਉਨ੍ਹਾਂ ਨੂੰ ਮਿਲੇ ਅਤੇ ਹਲਕਾ ਜੰਡਿਆਲਾ ਗੁਰੂ ਵਿੱਚ ਸੁਚੱਜੇ ਢੰਗ ਨਾਲ ਵਿਚਰਨ ਲਈ ਉਨ੍ਹਾਂ ਨੇ ਮਹਾਂਪੁਰਸ਼ਾਂ ਤੋਂ ਅਸ਼ੀਰਵਾਦ ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਦਲਵੀਰ ਸਿੰਘ ਵੇਰਕਾ ਨੇ ਕਿਹਾ ਕਿ ਉਹ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਕੋਟਲਾ ਬਥੋਨਗੜ੍ਹ ਦੇ ਜੰਮਪਲ ਹਨ ਅਤੇ ਇਸ ਹਲਕੇ ਵਿੱਚ ਉਨ੍ਹਾਂ ਨੇ ਆਪਣਾ ਬਚਪਨ ਹੰਢਾਇਆ ਹੈ। ਇਸ ਲਈ ਇਸ ਹਲਕੇ ਦੇ ਲੋਕਾਂ ਦੇ ਨਾਲ ਉਨ੍ਹਾਂ ਦਾ ਖਾਸ ਮੋਹ ਹੈ ਅਤੇ ਉਹ ਇਸ ਹਲਕੇ ਤੋਂ ਹੀ ਲੋਕਾਂ ਦੀ ਸੇਵਾ ਕਰਨ ਨੂੰ ਤਰਜੀਹ ਦਿੰਦੇ ਹਨ ਪਰਮਾਤਮਾ ਉਨ੍ਹਾਂ ਨੂੰ ਹਲਕੇ ਦੀ ਸੇਵਾ ਕਰਨ ਦਾ ਬਲ ਬਖ਼ਸ਼ੇ। ਦਿਨ-ਬ-ਦਿਨ ਵਿਗੜ ਰਹੀ ਕਾਨੂੰਨੀ ਵਿਵਸਥਾ ਤੇ ਸਵਾਲ ਚੁੱਕਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਨੂੰ ਮਾਹੌਲ ਖਰਾਬ ਕਰਨ ਵਾਲਿਆਂ ਖਿਲਾਫ ਸਖਤ ਐਕਸ਼ਨ ਲੈਣਾ ਚਾਹੀਦਾ ਹੈ ਅਤੇ ਦਿਨ-ਬ-ਦਿਨ ਵਾਪਰ ਰਹੀਆਂ ਲੁੱਟ ਖੋਹਾਂ ਅਤੇ ਜਾਨ ਲੈਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੰਜਾਬ ਪੁਲਸ ਨੂੰ ਸਖਤ ਕਦਮ ਚੁੱਕਣੀ ਚਾਹੀਦੇ ਹਨ। ਉਨ੍ਹਾਂ ਨੇ ਹਲਕੇ ਦੇ ਪਿੰਡ ਤਲਵੰਡੀ ਦੇ ਅਧਿਆਪਕ ਜਗਦੀਪ ਸਿੰਘ ਪੁੱਤਰ ਸਤਨਾਮ ਸਿੰਘ ਜਿਨ੍ਹਾਂ ਦਾ ਲੁਟੇਰਿਆਂ ਵੱਲੋਂ ਬਹੁਤ ਹੀ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ, ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਦਾ ਮਾਹੌਲ ਖਰਾਬ ਹੁੰਦਾ ਜਾ ਰਿਹਾ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਲੋਕਾਂ ਦੀ ਸੁਰੱਖਿਆ ਦੇ ਲਈ ਪੰਜਾਬ ਪੁਲਸ ਨੂੰ ਹਦਾਇਤ ਕਰੇ ਤਾਂ ਜੋ ਪੰਜਾਬ ਦੇ ਹੋ ਰਹੇ ਅਸ਼ਾਂਤ ਮਾਹੌਲ ਨੂੰ ਸ਼ਾਂਤ ਕੀਤਾ ਜਾ ਸਕੇ ਅਤੇ ਅਧਿਆਪਕ ਜਗਦੀਪ ਸਿੰਘ ਦੇ ਕਾਤਲਾਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਜੇਲ ਦੀਆਂ ਸਲਾਖਾਂ ਦੇ ਪਿੱਛੇ ਡੱਕੇ। ਇਸ ਮੌਕੇ ਉਨ੍ਹਾਂ ਦੇ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ, ਹਰਜੀਤ ਸਿੰਘ ਗੋਲੂ ਅਤੇ ਹੋਰ ਆਗੂ ਵੱਡੇ ਗਿਣਤੀ ਵਿੱਚ ਹਾਜ਼ਰ ਸਨ।



# ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮਿਮਿਟ ਦੇ ਸਟਾਫ ਮੈਂਬਰਾਂ ਨੂੰ ਵੰਡੇ ਤਰੱਕੀ ਪੱਤਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਪੰਜਾਬ ਸਰਕਾਰ ਦੇ ਮਾਨਯੋਗ ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਐੱਮ. ਐੱਲ. ਏ. ਮਲੋਟ ਵਿਸ਼ੇਸ਼ ਤੌਰ 'ਤੇ ਮਿਮਿਟ ਮਲੋਟ ਵਿਖੇ ਪਹੁੰਚੇ ਅਤੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਸਥਾਪਿਤ ਸੰਸਥਾ ਮਿਮਿਟ ਮਲੋਟ ਇਲਾਕੇ ਦੀ ਸ਼ਾਨ ਹੈ, ਇੱਥੋਂ ਦੇ ਵਿਦਿਆਰਥੀ ਵੱਖ-ਵੱਖ ਦੇਸ਼ਾਂ ਵਿਦੇਸ਼ਾਂ ਦੀਆਂ ਕੰਪਨੀਆਂ ਵਿੱਚ ਜਾ ਕੇ ਸਾਡੇ ਇਲਾਕੇ ਦਾ ਨਾਮ ਰੌਸ਼ਨ ਕਰਦੇ ਹਨ। ਜਿੱਥੇ ਮਿਮਿਟ ਮਲੋਟ ਦੇ ਵਿਦਿਆਰਥੀ ਸਾਡੇ ਇਲਾਕੇ ਦਾ ਨਾਮ ਰੌਸ਼ਨ ਕਰਦੇ ਹਨ ਉਥੇ ਹੀ ਇਸ ਸੰਸਥਾ ਦੇ ਸਟਾਫ ਦੀ ਮਿਹਨਤ ਦੇ ਸਦਕਾ ਹੀ ਇਹ ਵਿਦਿਆਰਥੀ ਆਪਣਾ ਭਵਿੱਖ ਉਜਵਲ ਕਰਦੇ ਹਨ।ਇੱਥੋਂ ਦੇ ਨਾਨ ਟੀਚਿੰਗ ਸਟਾਫ ਦੀਆਂ ਤਰੱਕੀਆਂ ਪਿਛਲੇ ਲੰਮੇ ਸਮੇਂ ਤੋਂ ਪੈਂਡਿੰਗ ਸਨ ਪਰ ਪੰਜਾਬ ਸਰਕਾਰ ਦੀ ਮੁਲਾਜ਼ਮ ਪੱਖੀ ਸੋਚ ਦੇ ਸਦਕਾ ਮਿਮਿਟ ਵਿਖੇ ਪਿਛਲੇ 8-15 ਸਾਲਾਂ ਤੋਂ ਪੈਂਡਿੰਗ ਤਰਕੀਆਂ ਦੇ ਰਾਹ ਖੁੱਲੇ ਹਨ, ਜਿਨ੍ਹਾਂ ਤਹਿਤ ਉਨ੍ਹਾਂ ਵੱਲੋਂ ਸੰਸਥਾ ਦੇ 10 ਕਰਮਚਾਰੀਆਂ ਨੂੰ ਤਰੱਕੀਆਂ ਦੇ ਪੱਤਰ ਵੰਡੇ ਗਏ। ਮੁਲਾਜ਼ਮਾਂ ਨੂੰ ਤਰੱਕੀਆਂ ਦੇ ਪੱਤਰ ਦੇਣ ਉਪਰੰਤ ਡਾਕਟਰ ਬਲਜੀਤ ਕੌਰ ਨੇ ਕਿਹਾ ਕਿ ਸੰਸਥਾ ਵਿੱਚ 15-16 ਸਾਲਾਂ ਤੋਂ ਠੇਕੇ ਦੇ ਅਧਾਰ ਤੇ ਕੰਮ ਕਰ ਰਹੇ ਟੀਚਿੰਗ ਅਤੇ ਨਾਨ-ਟੀਚਿੰਗ ਦੇ 35 ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਵੀ ਜਲਦ ਤੋਂ ਜਲਦ ਰੈਗੂਲਰ ਕੀਤਾ ਜਾਵੇਗਾ ਅਤੇ ਟੀਚਿੰਗ ਸਟਾਫ ਦੇ ਸੱਤਵੇਂ ਪੇ ਕਮਿਸ਼ਨ ਨੂੰ ਵੀ ਆਉਣ ਵਾਲੇ ਦਿਨਾਂ ਵਿੱਚ ਲਾਗੂ ਕਰਵਾ ਦਿੱਤਾ ਜਾਵੇਗਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਅਸ਼ਵਨੀ ਬਾਂਸਲ, ਰਜਿਸਟਰਾਰ ਡਾ. ਸੰਜੀਵ ਸ਼ਰਮਾ ਨੇ ਦੱਸਿਆ ਕਿ ਸੰਸਥਾ ਦੇ 1400 ਤੋਂ ਵੱਧ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਦੀਆਂ ਸਿਹਤ ਸੇਵਾਵਾਂ ਲਈ ਡਾਕਟਰ ਬਲਜੀਤ ਕੌਰ ਵੱਲੋਂ ਨਵੀਂ ਐਂਬੂਲੈਂਸ ਨੂੰ ਹਰੀ ਝੰਡੀ ਕੇ ਇਸ ਦੀ ਸ਼ੁਰੂਆਤ ਕੀਤੀ ਗਈ।ਤਰੱਕੀਆਂ ਹਾਸਲ ਕਰਨ ਵਾਲੇ ਸਟਾਫ ਮੈਂਬਰਾਂ ਨੇ ਮਾਨਯੋਗ ਮੁੱਖ ਮੰਤਰੀ, ਪੰਜਾਬ ਸਰਦਾਰ ਭਗਵੰਤ ਸਿੰਘ ਮਾਨ, ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਡਾ. ਬਲਜੀਤ ਕੌਰ ਦਾ ਵਿਸ਼ੇਸ਼ ਧੰਨਵਾਦ ਕੀਤਾ ।ਸੰਸਥਾ ਦੇ ਡਾਇਰੈਕਟਰ ਡਾ. ਅਸ਼ਵਨੀ ਬਾਂਸਲ ਨੇ ਇਹ ਵੀ ਕਿਹਾ ਕਿ ਪਿਛਲੇ ਲਗਾਤਾਰ ਪੰਜ ਸਾਲਾਂ ਤੋਂ ਬਿਨਾਂ ਰੁਕਾਵਟ ਸੰਸਥਾ ਲਈ ਗਰਾਂਟ ਅਤੇ ਸੰਸਥਾ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ, ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ, ਵਿੱਤ ਮੰਤਰੀ ਸਰਦਾਰ ਹਰਪਾਲ ਸਿੰਘ ਚੀਮਾ, ਤਕਨੀਕੀ ਸਿੱਖਿਆ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਅਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਹਮੇਸ਼ਾ ਸਾਥ ਦਿੰਦੇ ਆ ਰਹੇ ਹਨ ਜਿਸ ਕਾਰਨ ਅੱਜ ਸੰਸਥਾ ਦੇ ਵਿੱਚ ਨਵੇਂ ਕੋਰਸ ਵੀ ਸ਼ੁਰੂ ਹੋ ਗਏ ਹਨ ਜਿਨ੍ਹਾਂ ਵਿੱਚ ਵਿਸ਼ੇਸ਼ ਤੌਰ ਤੇ ਬੀ. ਟੈਕ. ਆਰਟੀਫਿਸ਼ੀਅਲ ਇੰਟੈਲੀਜੈਂਸੀ ਦਾ ਕੋਰਸ ਸ਼ੁਰੂ ਹੋ ਚੁੱਕਿਆ ਹੈ।ਇਸ ਤੋਂ ਇਲਾਵਾ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਦੀ ਐੱਮ. ਟੈੱਕ ਅਤੇ ਵੋਕੇਸ਼ਨਲ ਵਿੱਚ ਬੈਚਲਰ ਡਿਗਰੀ ਇਨ ਆਟੋਮੋਬਾਇਲ ਸਰਵਿਸਿੰਗ ਦੇ ਨਵੇਂ ਕੋਰਸਾਂ ਦਾ ਵੀ ਆਗਾਜ਼ ਹੋਇਆ ਹੈ।



# ਔਰਤ ਨਾਲ ਕੁੱਟਮਾਰ ਕਰਨ ਵਾਲੇ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਦੀਨਾਨਗਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਆਸ਼ੂ ਪਤਨੀ ਗੋਬਿੰਦ ਵਾਸੀ ਡੀਡਾ ਸਾਂਸੀਆਂ ਨੇ ਦੱਸਿਆ ਕਿ 30 ਮਈ ਨੂੰ ਉਹ ਕਰਿਆਨੇ ਦੀ ਦੁਕਾਨ 'ਤੇ ਕੰਮ ਕਰ ਰਹੀ ਸੀ ਕਿ ਸ਼ਾਮ 6 ਵਜੇ ਦੇ ਕਰੀਬ ਕੁਲਦੀਪ, ਬਲਵਿੰਦਰ ਕੁਮਾਰ ਉਰਫ਼ ਟੱਲੀ ਪੁੱਤਰ ਸੁਰਿੰਦਰ ਕੁਮਾਰ, ਨੀਰਜ ਕੁਮਾਰ, ਮਨਜੀਤ ਕੁਮਾਰੀ ਪਤਨੀ ਬਲਵਿੰਦਰ ਕੁਮਾਰ, ਜੋਤੀ ਪਤਨੀ ਕੁਲਦੀਪ ਵਾਸੀ ਡੀਡਾ ਸ਼ਾਂਸੀਆਂ ਨੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਜ਼ਖ਼ਮੀ ਕਰ ਦਿੱਤਾ ਅਤੇ ਦੁਕਾਨ ਦੇ ਅੰਦਰ ਵੜ ਕੇ ਭੰਨਤੋੜ ਕੀਤੀ।

# ਆਰ. ਡੀ. ਖੋਸਲਾ ਸਕੂਲ ਵਿਖੇ ਛੇ ਦਿਨਾ ਸਮਰ ਕੈਂਪ ਦਾ ਆਗਾਜ਼

**ਬਟਾਲਾ (ਡਾ. ਮਲਵਿੰਦਰ ਸਿੰਘ)**- ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿਖੇ ਛੇ ਦਿਨਾਂ ਦਾ ਸਮਰ ਕੈਂਪ ਸ਼ੁਰੂ ਕੀਤਾ ਗਿਆ, ਜਿਸਦਾ ਉਦੇਸ਼ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਦੀਆਂ ਗਰਮੀਆਂ ਦੀਆਂ ਛੁੱਟੀਆਂ ਨੂੰ ਸਾਰਥਕ ਬਣਾਉਣਾ ਹੈ।ਇਹ ਕੈਂਪ 1 ਜੂਨ ਤੋਂ 6 ਜੂਨ ਤੱਕ ਰੋਜ਼ਾਨਾ ਸਵੇਰੇ 8:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਆਯੋਜਿਤ ਕੀਤਾ ਜਾ ਰਿਹਾ ਹੈ।ਕੈਂਪ ਵਿੱਚ ਵਿਦਿਆਰਥੀਆਂ ਲਈ ਕਈ ਤਰ੍ਹਾਂ ਦੀਆਂ ਦਿਲਚਸਪ ਅਤੇ ਜਾਣਕਾਰੀ ਭਰਪੂਰ ਗਤੀਵਿਧੀਆਂ ਸ਼ਾਮਲ ਹਨ।ਭਾਗੀਦਾਰ ਆਪਣੀ ਦਿਲਚਸਪੀ ਦੀਆਂ ਕੋਈ ਵੀ ਤਿੰਨ ਗਤੀਵਿਧੀਆਂ ਚੁਣ ਸਕਦੇ ਹਨ, ਜਿਸ ਵਿੱਚ ਰਿਦਮਿਕ ਐਰੋਬਿਕਸ, ਸਪੈਂਗਲਿਸ਼ (ਅੰਗਰੇਜ਼ੀ ਅਤੇ ਸਪੈਨਿਸ਼ ਦਾ ਸੁਮੇਲ), ਸਾਇੰਸ ਇਨ ਐਕਸ਼ਨ, ਕ੍ਰਾਫਟੋਪੀਆ, ਅਤੇ ਹਾਰਮਨੀ ਹੱਬ (ਸਾਜ਼ ਅਤੇ ਸੰਗੀਤਕ) ਸ਼ਾਮਲ ਹਨ।ਸਮਰ ਕੈਂਪ ਦੇ ਵਿਸ਼ੇਸ਼ ਆਕਰਸ਼ਣਾਂ ਵਿੱਚ ਰਵਾਇਤੀ ਖੇਡਾਂ, ਸਵੈ-ਰੱਖਿਆ ਸਿਖਲਾਈ, ਅਤੇ ਖਜ਼ਾਨੇ ਦੀ ਭਾਲ ਸ਼ਾਮਲ ਹੈ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਵੱਖ-ਵੱਖ ਮਜ਼ੇਦਾਰ ਖੇਡਾਂ, ਰਚਨਾਤਮਕ ਵਰਕਸ਼ਾਪਾਂ ਅਤੇ ਸਮੂਹ ਗਤੀਵਿਧੀਆਂ ਰਾਹੀਂ ਸਿੱਖਣ ਅਤੇ ਆਨੰਦ ਲੈਣ ਦਾ ਮੌਕਾ ਮਿਲੇਗਾ।ਸਕੂਲ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਕਿਹਾ ਕਿ ਅਜਿਹੇ ਕੈਂਪ ਬੱਚਿਆਂ ਦੇ ਸ਼ਖ਼ਸੀਅਤ ਵਿਕਾਸ, ਆਤਮ-ਵਿਸ਼ਵਾਸ ਵਧਾਉਣ ਅਤੇ ਲੀਡਰਸ਼ਿਪ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਸਕੂਲ ਚੇਅਰਮੈਨ ਅਰਵਿੰਦ ਖੋਸਲਾ ਅਤੇ ਪ੍ਰਧਾਨ ਅਜੇ ਖੋਸਲਾ ਨੇ ਵੀ ਸਮਰ ਕੈਂਪ ਦੀ ਸਫਲਤਾ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਨੂੰ ਨਵੀਂ ਊਰਜਾ, ਨਵੇਂ ਅਨੁਭਵ ਅਤੇ ਜੀਵਨ ਭਰ ਦੀਆਂ ਯਾਦਾਂ ਪ੍ਰਦਾਨ ਕਰਦੇ ਹਨ।ਸਕੂਲ ਪ੍ਰਸ਼ਾਸਨ ਨੂੰ ਵਿਸ਼ਵਾਸ ਹੈ ਕਿ ਇਹ ਸਮਰ ਕੈਂਪ ਵਿਦਿਆਰਥੀਆਂ ਲਈ ਸਿੱਖਣ, ਖੋਜਣ, ਵਧਣ ਅਤੇ ਆਨੰਦ ਲੈਣ ਲਈ ਇੱਕ ਯਾਦਗਾਰੀ ਪਲੇਟਫਾਰਮ ਸਾਬਤ ਹੋਵੇਗਾ।



# 7 ਨੂੰ ਜ਼ਿਲ੍ਹਾ ਅੰਮ੍ਰਿਤਸਰ ਦੇ ਵੋਟਰਾਂ ਲਈ ਲਗਾਇਆ ਜਾਵੇਗਾ ਵਿਸ਼ੇਸ਼ ਕੈਂਪ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਦਲਵਿੰਦਰਜੀਤ ਸਿੰਘ, ਆਈ. ਏ. ਐੱਸ., ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਐੱਸ. ਆਈ. ਆਰ. ਤਹਿਤ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਕੁੱਲ 19,71,604 ਵੋਟਰਾਂ ਵਿੱਚੋਂ ਹੁਣ ਤੱਕ 17,38,253 ਵੋਟਰਾਂ (88.16 ਫ਼ੀਸਦੀ) ਦੀ ਵੋਟਰ ਸੂਚੀ 2003 ਨਾਲ ਮੈਪਿੰਗ ਸਫ਼ਲਤਾ ਪੂਰਵਕ ਕੀਤੀ ਜਾ ਚੁੱਕੀ ਹੈ ਅਤੇ ਅਜੇ ਵੀ ਜ਼ਿਲ੍ਹੇ ਦੇ 2,33,351 ਵੋਟਰ ਅਨ-ਮੈਪਡ ਹਨ, ਜਿਨ੍ਹਾਂ ਨੂੰ ਕਵਰ ਕਰਨਾ ਅਤਿ-ਜ਼ਰੂਰੀ ਹੈ।ਜ਼ਿਲ੍ਹਾ ਚੋਣ ਅਫ਼ਸਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵੋਟਰ ਸੂਚੀ 2003 ਦੇ ਮੌਜੂਦਾ ਵੋਟਰਾਂ ਦੀ ਮੈਪਿੰਗ ਦੇ ਕੰਮ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਲਈ ਜ਼ਿਲ੍ਹਾ ਅੰਮ੍ਰਿਤਸਰ ਵਿੱਚ 7 ਜੂਨ, 2026 (ਦਿਨ ਐਤਵਾਰ) ਨੂੰ ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਇੱਕ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ।ਇਸ ਵਿਸ਼ੇਸ਼ ਮੁਹਿੰਮ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਜ਼ਿਲ੍ਹੇ ਦਾ ਕੋਈ ਵੀ ਯੋਗ ਵੋਟਰ ਇਸ ਪ੍ਰਕਿਰਿਆ ਤੋਂ ਵਾਂਝਾ ਨਾ ਰਹੇ।ਉਨ੍ਹਾਂ ਦੱਸਿਆ ਕਿ ਕੈਂਪ ਵਾਲੇ ਦਿਨ ਸਾਰੇ ਬੂਥ ਲੈਵਲ ਅਫ਼ਸਰ (ਬੀ. ਐੱਲ. ਓ.) ਆਪਣੇ-ਆਪਣੇ ਨਿਰਧਾਰਤ ਪੋਲਿੰਗ ਬੂਥਾਂ 'ਤੇ ਮੌਜੂਦ ਰਹਿਣਗੇ ਅਤੇ ਵੋਟਰਾਂ ਦੀ ਸਹਾਇਤਾ ਕਰਨਗੇ।ਸਾਲ 2003 ਦੀ ਵੋਟਰ ਸੂਚੀ ਦੇ ਆਧਾਰ 'ਤੇ ਵੋਟਰਾਂ ਦੀ ਮੈਪਿੰਗ ਦੀ ਸਹੂਲਤ ਲਈ ਨਾਗਰਿਕ ਆਪਣੇ ਬੂਥ'ਤੇ ਜਾ ਕੇ ਇਸ ਦਾ ਲਾਭ ਉਠਾ ਸਕਦੇ ਹਨ।

# ਐੱਨ ਐੱਸ ਐੱਸ ਯੂਨਿਟਾਂ ਨੇ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ

**ਸਮਾਣਾ, (ਗੁਰਪਿਆਰ ਸਿੰਘ ਬੱਲ)**- ਰੀਜਨਲ ਡਾਇਰੈਕਟਰ ਐੱਨ ਐੱਸ ਐੱਸ, ਚੰਡੀਗੜ੍ਹ ਦੇ ਆਦੇਸ਼ਾਂ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਕੌਮੀ ਸੇਵਾ ਯੋਜਨਾ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਪਬਲਿਕ ਕਾਲਜ, ਸਮਾਣਾ ਅਤੇ ਪਬਲਿਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ, ਸਮਾਣਾ ਦੀਆਂ ਐੱਨ.ਐੱਸ.ਐੱਸ. ਯੂਨਿਟਾਂ ਵੱਲੋਂ ਕਾਲਜ ਕੈਂਪਸ ਵਿਖੇ ਵਿਸ਼ਵ ਤੰਬਾਕੂ ਰਹਿਤ ਦਿਵਸ ਮਨਾਇਆ ਗਿਆ ਜਿਸ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਤੰਬਾਕੂ ਦੇ ਘਾਤਕ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਜਾਗਰੂਕਤਾ ਸੈਸ਼ਨ ਨਾਲ ਹੋਈ, ਜਿਸ ਦੌਰਾਨ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਡਾ. ਸ਼ੇਰ ਸਿੰਘ ਨੇ ਤੰਬਾਕੂ ਦੇ ਖਤਰਨਾਕ ਪ੍ਰਭਾਵਾਂ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਤੰਬਾਕੂ ਕੈਂਸਰ, ਦਿਲ ਦੇ ਰੋਗਾਂ, ਸਾਹ ਦੀਆਂ ਬਿਮਾਰੀਆਂ ਅਤੇ ਸਮੇਂ ਤੋਂ ਪਹਿਲਾਂ ਮੌਤ ਦਾ ਮੁੱਖ ਕਾਰਨ ਹੈ।ਉਪਰੰਤ ਵਲੰਟੀਅਰਾਂ ਦਾ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਰਜਨੀ ਕੌਰ ਨੇ ਪਹਿਲਾ, ਵੰਸ਼ਿਕਾ ਨੇ ਦੂਜਾ ਅਤੇ ਅਰਸ਼ਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਦੋਵਾਂ ਸੰਸਥਾਵਾਂ ਦੇ ਐੱਨ.ਐੱਸ.ਐੱਸ. ਵਲੰਟੀਅਰਾਂ ਨੇ ਬੜੇ ਉਤਸ਼ਾਹ ਨਾਲ ਇਸ ਮੁਕਾਬਲੇ ਭਾਗ ਵਿੱਚ ਲਿਆ। ਵਿਦਿਆਰਥੀਆਂ ਨੇ ਰੰਗਾਂ ਅਤੇ ਨਾਅਰਿਆਂ ਰਾਹੀਂ ਤੰਬਾਕੂ ਦੇ ਨੁਕਸਾਨ, ਪੈਸਿਵ ਸਮੋਕਿੰਗ ਅਤੇ ਤੰਬਾਕੂ ਉਦਯੋਗ ਦੀਆਂ ਚਾਲਾਂ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਇਸ ਮੌਕੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਪ੍ਰੋ. ਸੋਨੂੰ ਜੈਨ ਡਾ8 ਕੁਲਜੀਤ ਕੌਰ, ਡਾ. ਅਰਵਿੰਦਰ ਕੌਰ, ਪ੍ਰੋ. ਹਮਿਤ ਕੁਮਾਰ, ਡਾ. ਸ਼ੇਰ ਸਿੰਘ, ਪ੍ਰੋ. ਸ਼ੰਟੀ ਕੁਮਾਰ ਅਤੇ ਪ੍ਰੋ. ਅਸ਼ਵਨੀ ਕੁਮਾਰ ਤੋਂ ਇਲਾਵਾ ਪ੍ਰੋ. ਪਰਮਜੀਤ ਕੌਰ ਵੀ ਹਾਜ਼ਰ ਰਹੇ।ਇਸ ਪ੍ਰੋਗਰਾਮ ਵਿੱਚ ਲਗਭਗ 120 ਵਲੰਟੀਅਰਾਂ ਅਤੇ ਸਟਾਫ਼ ਮੈਂਬਰਾਂ ਨੇ ਭਾਗ ਲਿਆ।



# ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਵਿਖੇ ਵਿਸ਼ਵ ਤੰਬਾਕੂ ਵਿਰੋਧੀ ਜਾਗਰੂਕਤਾ ਦਿਵਸ ਮਨਾਇਆ

**ਚੋਹਲਾ ਸਾਹਿਬ (ਰਮਨ ਚੱਢਾ)**- ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਸੀਐੱਚਸੀ ਸਰਹਾਲੀ ਵਿਖੇ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਵਿਖੇ ਵਿਸ਼ਵ ਤੰਬਾਕੂ ਵਿਰੋਧੀ ਜਾਗਰੂਕਤਾ ਦਿਵਸ ਮਨਾਇਆ ਗਿਆ। ਇਸ ਮੌਕੇ ਡਾ. ਜਤਿੰਦਰ ਸਿੰਘ ਗਿੱਲ ਨੇ ਕਿਹਾ ਕਿ ਜਨਤਕ ਥਾਵਾਂ ਅਤੇ ਵਿੱਦਿਅਕ ਅਦਾਰਿਆਂ ਦੇ 100 ਗਜ਼ ਦੇ ਘੇਰੇ ਅੰਦਰ ਤੰਬਾਕੂ ਪਦਾਰਥਾਂ ਦੀ ਵਿਕਰੀ/ਸੇਵਨ ਕਰਨਾ ਕਾਨੂੰਨੀ ਜੁਰਮ ਹੈ। 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਤੰਬਾਕੂ ਪਦਾਰਥ ਦਾ ਸੇਵਨ ਕਰਨ ਤੇ ਵੇਚਣ ਦੀ ਮੁਕੰਮਲ ਮਨਾਹੀ ਹੈ। ਇਸ ਮੌਕੇ ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਛੋਟੀ ਉਮਰ ਵਿਚ ਤੰਬਾਕੂ ਦੇ ਸੇਵਨ ਅਤੇ ਇਸ ਨੂੰ ਰੋਕਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਬੀਈਈ ਬਲਰਾਜ ਸਿੰਘ ਗਿੱਲ ਨੇ ਕਿਹਾ ਕਿ ਵਿਸ਼ਵ ਸਿਹਤ ਸੰਗਠਨ ਅਨੁਸਾਰ ਸੰਸਾਰ ਵਿੱਚ 15 ਫੀਸਦੀ ਮੌਤਾਂ, ਜੋ ਕਿ ਦਿਲ ਦੀਆਂ ਬਿਮਾਰੀਆਂ ਨਾਲ ਹੁੰਦੀਆਂ ਹਨ, ਦਾ ਕਾਰਨ (ਐਕਟਿਵ/ਪੈਸਿਵ ਸਮੋਕਿੰਗ) ਹੁੰਦਾ ਹੈ। ਐਕਟਿਵ ਸਮੋਕਿੰਗ ਤੋਂ ਭਾਵ ਹੈ ਜਿਹੜੇ ਲੋਕ ਆਪ ਸਿਗਰਟ ਪੀਂਦੇ ਹਨ ਉਨ੍ਹਾਂ ਤੇ ਤੰਬਾਕੂ ਦੇ ਬੁਰੇ ਪ੍ਰਭਾਵ ਦਾ ਅਸਰ ਹੁੰਦਾ ਹੈ ਅਤੇ ਪੈਸਿਵ ਸਮੋਕਿੰਗ ਤੋਂ ਭਾਵ ਜਿਹੜੇ ਲੋਕ ਆਪ ਤਾਂ ਸਿਗਰਟ ਨਹੀਂ ਪੀਂਦੇ, ਪਰ ਸਿਗਰਟ ਪੀਣ ਵਾਲਿਆਂ ਦੇ ਸੰਪਰਕ ਵਿੱਚ ਰਹਿੰਦੇ ਹਨ, ਉਹ ਅਨਜਾਣੇ ਤੌਰ 'ਤੇ ਹੀ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਨ। ਇਸ ਮੌਕੇ ਨਰਸਿੰਗ ਕਾਲਜ ਦੀਆਂ ਵਿਦਿਆਰਥਣਾਂ ਅਤੇ ਆਮ ਲੋਕਾਂ ਤੋਂ ਇਲਾਵਾ ਸੀਨੀਅਰ ਸਹਾਇਕ ਨਰਿੰਦਰ ਸਿੰਘ, ਪ੍ਰਧਾਨ ਜਸਪਿੰਦਰ ਸਿੰਘ, ਗੁਰਪਵਿੱਤਰ ਸਿੰਘ ਸੋਹਲ ਆਦਿ ਹਾਜ਼ਰ ਸਨ।



# ਸ਼ਹੀਦ ਬਾਬਾ ਦੀਪ ਸਿੰਘ ਸਕੂਲ ਮਹਿਸਮਪੁਰ ਦਾ ਹੋਇਆ ਉਦਘਾਟਨ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਮਹਿਸਮਪੁਰ ਖੁਰਦ ਦਾ ਉਦਘਾਟਨ ਕੀਤਾ ਗਿਆ।ਇਸ ਦੌਰਾਨ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਨੇ ਇਸ ਉਦਘਾਟਨੀ ਸਮਾਰੋਹ ਵਿੱਚ ਸ਼ਿਰਕਤ ਕੀਤੀ।ਸਕੂਲ ਦੇ ਬੱਚਿਆਂ ਨੇ ਰਸਭਿੰਨਾ ਕੀਰਤਨ ਕੀਤਾ, ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਗੁਰੂ ਇਤਿਹਾਸ ਸਰਵਣ ਕਰਵਾ ਕੇ ਸੰਗਤ ਨੂੰ ਨਿਹਾਲ ਕੀਤਾ।ਇਸ ਮੌਕੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ ( ਦੋਵੇਂ ਮੈਂਬਰ ਚੀਫ਼ ਖ਼ਾਲਸਾ ਦੀਵਾਨ), ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਪ੍ਰਿੰਸੀਪਲ ਜਤਿੰਦਰ ਕੁਮਾਰ ਸ਼ਰਮਾ, ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ, ਮਾਸਟਰ ਸੁਖਦੇਵ ਸਿੰਘ ਜਲਾਲ, ਸਰਪੰਚ ਸਲਵਿੰਦਰ ਸਿੰਘ ਟੋਨਾ, ਜਥੇਦਾਰ ਸੁਖਦੇਵ ਸਿੰਘ, ਜਥੇਦਾਰ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਰਣਜੀਤ ਸਿੰਘ ਰਾਣਾ, ਪ੍ਰਭਜੀਤ ਸਿੰਘ ਪੰਚ, ਹਰਦੇਵ ਸਿੰਘ, ਰਣਜੀਤ ਸਿੰਘ ਫੌਜੀ, ਬਚਿੱਤਰ ਸਿੰਘ ਟਰਾਂਸਪੋਰਟਰ, ਇਕਬਾਲ ਸਿੰਘ ਮਾਨ, ਸਿਕੰਦਰ ਸਿੰਘ, ਨੰਬਰਦਾਰ ਜਗਤਾਰ ਸਿੰਘ, ਗੁਰਮੀਤ ਸਿੰਘ ਭਲਾਈਪੁਰ, ਬਲਕਾਰ ਸਿੰਘ ਪੀ.ਬੀ.ਐੱਸ., ਅਵਤਾਰ ਸਿੰਘ, ਗਿਆਨੀ ਸਾਹਿਬ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ ਅਤੇ ਭਾਈ ਪ੍ਰਕਾਸ਼ ਸਿੰਘ ਹਾਕੀ ਕੋਚ ਬਲਜਿੰਦਰ ਸਿੰਘ, ਦਲਜੀਤ ਸਿੰਘ, ਸਤਪਾਲ ਸਿੰਘ, ਮਨਦੀਪ ਕੌਰ ਮੈਡਮ, ਕਿਰਨਪ੍ਰੀਤ ਕੌਰ ਮੈਡਮ, ਗੁਰਪਿੰਦਰ ਸਿੰਘ, ਸੁਖਵੰਤ ਕੌਰ ਤੋਂ ਇਲਾਵਾ ਹੋਰ ਉੱਘੀਆਂ ਧਾਰਮਿਕ, ਸਮਾਜਿਕ ਅਤੇ ਸਿੱਖਿਆ ਖੇਤਰ ਨਾਲ ਸਬੰਧਤ ਸ਼ਖ਼ਸੀਅਤਾਂ, ਪਤਵੰਤੇ ਸੱਜਣ, ਲਾਗਲੇ ਪਿੰਡਾਂ ਦੀਆਂ ਸੰਗਤਾਂ ਅਤੇ ਸਮੂਹ ਸਕੂਲ ਸਟਾਫ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਲੋਕ ਲਿਖਾਰੀ ਸਭਾ ਗੁਰਦਾਸਪੁਰ ਦੀ ਸਾਲਾਨਾ ਇਕੱਤਰਤਾ

## ਕੇਂਦਰੀ ਪੰਜਾਬੀ ਲੇਖਕ ਸਭਾ ਦੀ 2026-2029 ਲਈ ਮੈਂਬਰਸ਼ਿਪ ਨਵਿਆਈ

**ਧਾਰੀਵਾਲ, (ਮਨਦੀਪ ਵਿੱਕੀ)**- ਲੋਕ ਲਿਖਾਰੀ ਸਭਾ ਗੁਰਦਾਸਪੁਰ ਦੀ ਸਾਲਾਨਾ ਇਕੱਤਰਤਾ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਬੁਲਾਈ ਗਈ।ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਲੋਕ ਲਿਖਾਰੀ ਸਭਾ ਗੁਰਦਾਸਪੁਰ ਦੇ ਸੰਯੋਜਕ ਮੱਖਣ ਕੁਹਾੜ ਅਤੇ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੇ ਜਨਰਲ ਸਕੱਤਰ ਮੰਗਤ ਚੰਚਲ ਜੀ (ਜੋ ਨਿਰੀਖਕ ਦੇ ਤੌਰ ਤੇ ਹਾਜ਼ਰ ਸਨ), ਦੀ ਅਗਵਾਈ ਹੇਠ ਆਯੋਜਿਤ ਇਸ ਇਕੱਤਰਤਾ ਵਿੱਚ ਮੱਖਣ ਕੁਹਾੜ ਵੱਲੋਂ ਸੈਨਿਕ ਸਕੂਲਾਂ ਵਿੱਚ ਪੰਜਾਬੀ ਦੀ ਥਾਂ ਸੰਸਕ੍ਰਿਤ ਨੂੰ ਜ਼ਰੂਰੀ ਵਿਸ਼ੇ ਵੱਜੋਂ ਪੜ੍ਹਾਉਣ ਵਿਰੁੱਧ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਹੋਰ ਸਾਹਿਤ ਸਭਾਵਾਂ ਦੇ ਸਹਿਯੋਗ ਨਾਲ ਚੰਡੀਗੜ੍ਹ ਵਿਖੇ ਦਿੱਤੇ ਗਏ ਪ੍ਰਭਾਵਸ਼ਾਲੀ ਧਰਨੇ ਵਿੱਚ ਸ਼ਾਮਲ ਹੋਏ ਲੇਖਕ ਸਾਥੀਆਂ ਦਾ ਧੰਨਵਾਦ ਕੀਤਾ ਗਿਆ।ਸੈਸ਼ਨ 2026-2029 ਲਈ ਕੇਂਦਰੀ ਪੰਜਾਬੀ ਲੇਖਕ ਸਭਾ ਦੀ ਮੈਂਬਰਸ਼ਿਪ ਨੂੰ ਨਵਿਆਉਣ ਦਾ ਸੁਨੇਹਾ ਵੀ ਦਿੱਤਾ ਗਿਆ।ਉਪਰੰਤ ਲੋਕ ਲਿਖਾਰੀ ਸਭਾ ਗੁਰਦਾਸਪੁਰ ਦੀ ਪਿਛਲੇ ਸਾਲਾਂ ਦੀ ਕਾਰਗੁਜ਼ਾਰੀ ਉਪਰ ਨਜ਼ਰਸਾਨੀ ਕੀਤੀ ਗਈ।ਹਾਜ਼ਰ ਮੈਂਬਰਾਂ ਨੇ ਆਪੋ ਆਪਣੇ ਵਿਚਾਰ ਪ੍ਰਗਟਾਉਂਦਿਆਂ ਜਿੱਥੇ ਸਭਾ ਦੀਆਂ ਸਰਗਰਮੀਆਂ ਦੀ ਸ਼ਲਾਘਾ ਕੀਤੀ ਉਥੇ ਸਭਾ ਨੂੰ ਹੋਰ ਚੁਸਤ-ਦਰੁਸਤ ਕਰਨ, ਸਮੇਂ ਦੇ ਹਾਣ ਦੀ ਬਣਾਉਣ ਅਤੇ ਨਵੀਂ ਟੈਕਨਾਲੋਜੀ ਨਾਲ ਇਸ ਨੂੰ ਹੋਰ ਅੱਗੇ ਲਿਜਾਣ ਲਈ ਆਪਣੇ ਕੀਮਤੀ ਸੁਝਾਅ ਵੀ ਦਿੱਤੇ।ਕੇਂਦਰੀ ਪੰਜਾਬੀ ਲੇਖਕ ਸਭਾ ਦੀ ਮੈਂਬਰਸ਼ਿਪ ਨਵਿਆਉਣ ਲਈ ਵੀ ਫਾਰਮ ਭਰੇ ਗਏ।ਸਭਾ ਵੱਲੋਂ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੀਆਂ ਸਰਗਰਮੀਆਂ ਵਿੱਚ ਪਾਏ ਗਏ ਜ਼ਿਕਰਯੋਗ ਯੋਗਦਾਨ ਲਈ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ ਤੇ ਇਹ ਵੀ ਅਹਿਦ ਕੀਤਾ ਗਿਆ ਕਿ ਅੱਗੇ ਤੋਂ ਵੀ ਇੰਝ ਹੀ ਉਪਰੋਕਤ ਸਭਾਵਾਂ ਨੂੰ ਭਰਪੂਰ ਸਮਰਥਨ ਜਾਰੀ ਰਹੇਗਾ।ਸਭ ਮੈਂਬਰਾਂ ਦੇ ਸੁਝਾਅ ਲੈਣ ਉਪਰੰਤ (ਸੈਸ਼ਨ 2026-2029) ਅਗਲੇ ਤਿੰਨ ਸਾਲਾਂ ਲਈ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ।ਮੱਖਣ ਕੁਹਾੜ ਅਤੇ ਮੰਗਤ ਚੰਚਲ ਵੱਲੋਂ ਅਹੁਦੇਦਾਰਾਂ ਦੀ ਜਾਰੀ ਕੀਤੀ ਗਈ ਸੂਚੀ ਹੇਠ ਲਿਖੇ ਨਾਮ ਦਰਜ ਹਨ। ਡਾਕਟਰ ਰਜਵਿੰਦਰ ਕੌਰ ਨਾਗਰਾ ਪ੍ਰਧਾਨ, ਸੀਤਲ ਸਿੰਘ ਗੁੰਨੋਪੁਰੀ, ਜਨਰਲ ਸਕੱਤਰ, ਮੱਖਣ ਕੁਹਾੜ ਸਰਪ੍ਰਸਤ, ਕੁਲਜੀਤ ਸਿੰਘ ਰੰਧਾਵਾ ਸੀਨੀਅਰ ਮੀਤ ਪ੍ਰਧਾਨ, ਕੁਲਦੀਪ ਸਿੰਘ ਘਾਂਗਲਾ ਤੇ ਰਘਬੀਰ ਸਿੰਘ ਚਾਹਲ ਮੀਤ ਪ੍ਰਧਾਨ, ਬੂਟਾ ਰਾਮ ਆਜ਼ਾਦ ਤੇ ਸੋਹਣ ਸਿੰਘ ਵਿੱਤ ਸਕੱਤਰ, ਸੁਖਜਿੰਦਰ ਸਿੰਘ ਸੋਖੀ ਤੇ ਹਰਪ੍ਰੀਤ ਕੌਰ ਸੋਹਲ ਸਕੱਤਰ, ਲਖਨ ਮੇਘੀਆਂ ਸਹਾਇਕ ਸਕੱਤਰ, ਪਰਮਜੀਤ ਕੌਰ ਬਬਵਾਲਾ, ਪ੍ਰਿੰਸੀਪਲ ਕੁਲਵੰਤ ਸਿੰਘ, ਜਸਵਿੰਦਰ ਸਿੰਘ ਤਿੱਬੜੀ, ਬਾਲਕ੍ਰਿਸ਼ਨ ਅੱਲੜਪਿੰਡੀ, ਮਾਸਟਰ ਦੇਵ ਰਾਜ ਖੁੰਡਾ ਕਾਰਜਕਾਰੀ ਮੈਂਬਰ।ਸਾਰੇ ਹਾਜ਼ਰ ਮੈਂਬਰਾਂ ਨੇ ਹੱਥ ਖੜ੍ਹੇ ਕਰਕੇ ਉਪਰੋਕਤ ਪੈਨਲ ਵਿੱਚ ਆਪਣਾ ਵਿਸ਼ਵਾਸ ਪ੍ਰਗਟਾਇਆ।ਦੂਜੇ ਪੜਾਅ ਵਿੱਚ ਹਾਜ਼ਰ ਕਵੀਆਂ ਤੇ ਅਧਾਰਿਤ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਬਾਲ ਕਿਸ਼ਨ ਅੱਲੜਪਿੰਡੀ, ਜਸਵਿੰਦਰ ਤਿਬੜੀ, ਸੁਖਜਿੰਦਰ ਸੋਖੀ, ਬੂਟਾ ਰਾਮ ਆਜ਼ਾਦ, ਕੁਲਜੀਤ ਰੰਧਾਵਾ, ਰਘਬੀਰ ਚਾਹਲ, ਸਤਵਿੰਦਰ ਅੱਲੜਪਿੰਡੀ, ਕੁਲਦੀਪ ਘਾਂਗਲਾ, ਹਰਪ੍ਰੀਤ ਸੋਹਲ, ਸੀਤਲ ਗੁੰਨੋਪੁਰੀ, ਮੱਖਣ ਕੁਹਾੜ, ਮੰਗਤ ਚੰਚਲ, ਡਾਕਟਰ ਰਜਵਿੰਦਰ ਕੌਰ ਨਾਗਰਾ, ਸੋਹਣ ਸਿੰਘ ਤੇ ਹਰਦੀਪ ਸਿੰਘ ਬੈਂਗੂਰਾ ਨੇ ਆਪੋ ਆਪਣਾ ਕਲਾਮ ਸੁਣਾ ਕੇ ਰੰਗ ਬੰਨ੍ਹਿਆ।ਮੇਜ਼ਬਾਨੀ ਦੀ ਭੂਮਿਕਾ ਸੀਤਲ ਸਿੰਘ ਗੁੰਨੋਪੁਰੀ ਨੇ ਬਾਖੂਬੀ ਨਿਭਾਈ।ਅਖੀਰ ਵਿੱਚ ਸਭਾ ਦੀ ਨਵੀਂ ਚੁਣੀ ਪ੍ਰਧਾਨ ਡਾਕਟਰ ਰਜਵਿੰਦਰ ਕੌਰ ਨਾਗਰਾ ਨੇ ਚੋਣ ਪ੍ਰਕਿਰਿਆ ਦੇ ਸੁਖਦਮਈ ਢੰਗ ਨਾਲ ਨੇਪਰੇ ਚੜ੍ਹਨ 'ਤੇ ਸਭ ਦਾ ਭਾਵਪੂਰਤ ਸ਼ਬਦਾਂ ਵਿੱਚ ਧੰਨਵਾਦ ਕੀਤਾ।




# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਅੰਮ੍ਰਿਤਸਰ ਵਿਖੇ ਪਲੇਸਮੈਂਟ ਕੈਂਪ ਅੱਜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾ ਅਧੀਨ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਰੁਪਿੰਦਰ ਪਾਲ ਸਿੰਘ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ)-ਕਮ-ਮੁੱਖ ਕਾਰਜਕਾਰੀ ਅਫਸਰ ਡੀ. ਬੀ. ਈ. ਈ. ਅੰਮ੍ਰਿਤਸਰ ਨੇ ਕੀਤਾ।ਇਸ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਕਰੀਅਰ ਕਾਊਂਸਲਰ ਭਾਰਤੀ ਸ਼ਰਮਾ ਨੇ ਦੱਸਿਆ ਕਿ 3 ਜੂਨ ਦਿਨ ਬੁੱਧਵਾਰ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਡੀ. ਸੀ. ਦਫਤਰ, ਜ਼ਮੀਨੀ ਮੰਜ਼ਿਲ ਨੇੜੇ ਸੁਵਿਧਾ ਕੇਂਦਰ ਵਿਖੇ ਕੈਂਪ ਲਗਾਇਆ ਜਾ ਰਿਹਾ ਹੈ।ਇਸ ਪਲੇਸਮੈਂਟ ਕੈਂਪ ਵਿੱਚ ਆਈ. ਟੀ. ਐੱਮ. ਸਕਿੱਲ ਅਕੈਡਮੀ, ਅਜਾਇਲ ਹਰਬਲਜ਼ ਅਤੇ ਕੇਅਰ ਹੈਲਥ ਇੰਸ਼ੋਰੈਂਸ ਕੰਪਨੀਆਂ ਵੱਲੋਂ ਮਾਰਕੀਟਿੰਗ ਐਸੋਸੀਏਟ, ਸੇਲਜ਼ ਅਤੇ ਮਾਰਕੀਟਿੰਗ ਮੈਨੇਜਰ, ਰਿਲੇਸ਼ਨਸ਼ਿਪ ਮੈਨੇਜਰ ਆਦਿ ਦੀ ਅਸਾਮੀ ਦੇ ਲਈ ਯੋਗ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ।ਇਸ ਪਲੇਸਮੈਂਟ ਕੈਂਪ ਵਿਚ 10ਵੀਂ, 12ਵੀਂ ਅਤੇ ਗ੍ਰੈਜੂਏਟ ਦੀ ਯੋਗਤਾ ਵਾਲੇ ਉਮੀਦਵਾਰ (ਦੋਵੇਂ ਲੜਕੇ ਅਤੇ ਲੜਕੀਆਂ) ਭਾਗ ਲੈ ਸਕਦੇ ਹਨ।ਚਾਹਵਾਨ ਉਮੀਦਵਾਰ ਆਪਣੇ ਯੋਗਤਾ ਦੇ ਸਰਟੀਫਿਕੇਟ ਲੈ ਕੇ ਬੁੱਧਵਾਰ ਸਵੇਰੇ 09:00 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅੰਮ੍ਰਿਤਸਰ ਡੀ. ਸੀ. ਦਫਤਰ ਨੇੜੇ ਕਚਹਿਰੀ ਚੌਕ ਵਿਖੇ ਪਹੁੰਚ ਸਕਦੇ ਹਨ।ਵਧੇਰੇ ਜਾਣਕਾਰੀ ਲਈ ਇਸ ਦਫਤਰ ਦੇ ਹੈਲਪਲਾਈਨ ਨੰਬਰ 9915789068 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸਾਡੇ ਬਾਦਸ਼ਾਹ ਦੀ ਵੁੱਕਤ ਕਿੰਨੀ ?

*ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 31 ਮਈ ਨੂੰ ਪ੍ਰਸਾਰਤ 'ਮਨ ਕੀ ਬਾਤ' ਦੀ 134ਵੀਂ ਕਿਸ਼ਤ ਵਿੱਚ ਭਾਰਤੀ ਅੰਬਾਂ ਦੀ ਵਿਭਿੰਨਤਾ, ਸੁਆਦ ਅਤੇ ਵਿਸ਼ਵਵਿਆਪੀ ਮਾਨਤਾ ਬਾਰੇ ਚਰਚਾ ਕੀਤੀ। ਮਹਾਰਾਸ਼ਟਰ ਦੇ ਹਾਪੁਸ (ਅਲਫਾਂਸੋ), ਗੁਜਰਾਤ ਦੇ ਕੇਸਰ, ਯੂ ਪੀ ਦੇ ਦੁਸਹਿਰੀ ਅਤੇ ਲੰਗੜਾ, ਬਿਹਾਰ ਦੇ ਜ਼ਰਦਾਲੂ, ਦੱਖਣੀ ਭਾਰਤ ਦੇ ਬੈਂਗਣਪੱਲੀ ਅਤੇ ਤੋਤਾਪੁਰੀ ਵਰਗੇ ਅੰਬਾਂ ਦਾ ਹਵਾਲਾ ਦਿੰਦੇ ਹੋਏ ਉਨ੍ਹਾ ਕਿਹਾ ਕਿ ਭਾਰਤੀ ਅੰਬਾਂ ਦੀ ਯਾਤਰਾ ਹੁਣ ਪਿੰਡਾਂ 'ਚੋਂ ਨਿਕਲ ਕੇ ਵਿਸ਼ਵ ਬਾਜ਼ਾਰਾਂ ਤੱਕ ਪੁੱਜ ਰਹੀ ਹੈ, ਪਰ ਪ੍ਰਧਾਨ ਮੰਤਰੀ ਦੀ ਇਸ ਉਤਸ਼ਾਹੀ ਤਸਵੀਰ ਦੇ ਸਮਾਨਾਂਤਰ ਇੱਕ ਹੋਰ ਘਟਨਾਕ੍ਰਮ ਵੀ ਸਾਹਮਣੇ ਆਇਆ ਹੈ, ਜੋ ਸਾਨੂੰ ਭਾਰਤੀ ਅੰਬਾਂ ਦੇ ਨਿਰਯਾਤ ਦੀਆਂ ਅਸਲ ਚੁਣੌਤੀਆਂ ਦੀ ਯਾਦ ਦਿਵਾਉਂਦਾ ਹੈ। ਪਿਛਲੇ ਹਫਤੇ ਹੀ ਜਾਪਾਨ ਨੇ ਭਾਰਤੀ ਨਿਰਯਾਤ ਕੇਂਦਰਾਂ ਵਿੱਚ ਫਿਊਮੀਗੇਸ਼ਨ ਅਤੇ ਕੀਟਾਣੂਨਾਸ਼ਕ ਪ੍ਰਕਿਰਿਆਵਾਂ (ਡਿਸਇਨਫੈਕਸ਼ਨ) ਵਿੱਚ ਕਮੀਆਂ ਦਾ ਹਵਾਲਾ ਦਿੰਦੇ ਹੋਏ 2026 ਦੇ ਸੀਜ਼ਨ ਲਈ ਭਾਰਤ ਤੋਂ ਤਾਜ਼ੇ ਅੰਬਾਂ ਦੀ ਖੇਪ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ। ਇਹ ਫੈਸਲਾ ਇਸ ਲਈ ਵੀ ਮਹੱਤਵਪੂਰਨ ਹੈ ਕਿਉਂਕਿ ਲੱਗਭੱਗ ਦੋ ਦਹਾਕਿਆਂ ਵਿੱਚ ਪਹਿਲੀ ਵਾਰ, ਜਾਪਾਨ ਨੇ ਭਾਰਤੀ ਅੰਬਾਂ 'ਤੇ ਅਜਿਹੀ ਪਾਬੰਦੀ ਲਗਾਈ ਹੈ।*

*ਭਾਰਤ ਦੁਨੀਆ ਦਾ ਸਭ ਤੋਂ ਵੱਡਾ ਅੰਬ ਉਤਪਾਦਕ ਹੈ। ਇਸ ਨੇ 2024-25 ਵਿੱਚ ਲੱਗਭੱਗ 2 ਕਰੋੜ 62 ਲੱਖ ਟਨ ਅੰਬਾਂ ਦਾ ਉਤਪਾਦਨ ਕੀਤਾ, ਪਰ ਇਸੇ ਸਮੇਂ ਦੌਰਾਨ ਦੇਸ਼ ਨੇ ਸਿਰਫ 29,938 ਟਨ ਤਾਜ਼ੇ ਅੰਬਾਂ ਦਾ ਨਿਰਯਾਤ ਕੀਤਾ, ਜਿਸ ਦੀ ਕੁੱਲ ਕੀਮਤ ਲੱਗਭੱਗ 5.6 ਕਰੋੜ ਡਾਲਰ ਸੀ। ਦੂਜੇ ਸ਼ਬਦਾਂ ਵਿੱਚ, ਦੁਨੀਆ ਦਾ ਸਭ ਤੋਂ ਵੱਡਾ ਅੰਬ ਉਤਪਾਦਕ ਹੋਣ ਦੇ ਬਾਵਜੂਦ ਭਾਰਤ ਆਪਣੇ ਕੁੱਲ ਅੰਬ ਉਤਪਾਦਨ ਦਾ ਇੱਕ ਪ੍ਰਤੀਸ਼ਤ ਵੀ ਨਹੀਂ ਨਿਰਯਾਤ ਕਰਦਾ। ਜਾਪਾਨ ਵੱਲੋਂ ਅੰਬ ਨਾ ਲੈਣ ਦਾ ਫੈਸਲਾ ਕਿਸੇ ਵਪਾਰਕ ਵਿਵਾਦ ਦਾ ਨਤੀਜਾ ਨਹੀਂ, ਸਗੋਂ ਕੁਆਲਿਟੀ ਕੰਟਰੋਲ ਨਾਲ ਸੰਬੰਧਤ ਮਾਮਲਾ ਹੈ। ਜਾਪਾਨੀ ਕੁਆਰੰਟੀਨ ਅਧਿਕਾਰੀਆਂ ਨੇ ਮਾਰਚ 2026 ਵਿੱਚ ਯੂ ਪੀ ਦੇ ਰਹਿਮਾਨਪੁਰ ਵਿੱਚ ਇੱਕ ਵੈਪਰ ਹੀਟ ਟ੍ਰੀਟਮੈਂਟ (ਵੀ ਐੱਚ ਟੀ) ਸਹੂਲਤ ਦਾ ਮੁਆਇਨਾ ਕੀਤਾ, ਜਿਸ ਦੌਰਾਨ ਕੀਟ ਨਿਯੰਤਰਣ ਅਤੇ ਕੀਟਾਣੂ-ਰਹਿਤ ਪ੍ਰਕਿਰਿਆਵਾਂ ਵਿੱਚ ਕਮੀਆਂ ਪਾਈਆਂ ਗਈਆਂ। ਵੀ ਐੱਚ ਟੀ ਇੱਕ ਅਜਿਹੀ ਪ੍ਰਕਿਰਿਆ ਹੈ, ਜਿੱਥੇ ਅੰਬਾਂ ਨੂੰ ਫਲਾਂ ਦੀਆਂ ਮੱਖੀਆਂ ਵਰਗੇ ਕੀੜਿਆਂ ਨੂੰ ਖਤਮ ਕਰਨ ਲਈ ਇੱਕ ਨਿਯੰਤਰਤ ਗਰਮ ਅਤੇ ਨਮੀ ਵਾਲੇ ਵਾਤਾਵਰਣ ਵਿੱਚ ਰੱਖਿਆ ਜਾਂਦਾ ਹੈ। ਜਾਪਾਨ ਵਿੱਚ ਇਸ ਪ੍ਰਕਿਰਿਆ ਲਈ ਬਹੁਤ ਸਖਤ ਮਾਪਦੰਡ ਹਨ। ਇਸ ਤੋਂ ਬਾਅਦ ਜਾਪਾਨ ਦੀ ਯੋਕੋਹਾਮਾ ਪਲਾਂਟ ਪ੍ਰੋਟੈਕਸ਼ਨ ਐਸੋਸੀਏਸ਼ਨ ਨੇ ਸੂਚਿਤ ਕੀਤਾ ਕਿ 25 ਮਾਰਚ, 2026 ਤੋਂ ਬਾਅਦ ਪ੍ਰਮਾਣਤ ਭਾਰਤੀ ਅੰਬਾਂ ਦੀ ਖੇਪ ਸਵੀਕਾਰ ਨਹੀਂ ਕੀਤੀ ਜਾਵੇਗੀ। ਇਸ ਨਾਲ ਅਲਫਾਂਸੋ, ਕੇਸਰ, ਲੰਗੜਾ ਅਤੇ ਬੈਂਗਣਪੱਲੀ ਵਰਗੀਆਂ ਪ੍ਰਮੁੱਖ ਕਿਸਮਾਂ ਪ੍ਰਭਾਵਤ ਹੋਈਆਂ ਹਨ। ਇਸ ਤੋਂ ਪਹਿਲਾਂ 1986 ਵਿੱਚ ਜਾਪਾਨ ਨੇ ਫਲਾਂ ਦੀਆਂ ਮੱਖੀਆਂ ਦੇ ਹਮਲੇ ਦੇ ਡਰੋਂ ਭਾਰਤੀ ਅੰਬਾਂ ਦੇ ਆਯਾਤ 'ਤੇ ਪਾਬੰਦੀ ਲਾਈ ਸੀ, ਜਿਹੜੀ ਲੱਗਭੱਗ 20 ਸਾਲਾਂ ਤੱਕ ਚੱਲੀ। 2006 ਵਿੱਚ ਜਾਪਾਨੀ ਬਾਜ਼ਾਰ ਭਾਰਤ ਲਈ ਦੁਬਾਰਾ ਖੁੱਲ੍ਹਿਆ ਸੀ। ਉਸ ਸਮੇਂ ਸਿਰਫ ਛੇ ਕਿਸਮਾਂ ਅਲਫਾਂਸੋ, ਕੇਸਰ, ਬੈਂਗਣਪੱਲੀ, ਲੰਗੜਾ, ਚੌਸਾ ਅਤੇ ਮਲਿਕਾ ਨੂੰ ਉਸ ਨੇ ਕਬੂਲਿਆ ਸੀ।*

*ਜਾਪਾਨ ਭਾਰਤ ਦੇ ਅੰਬਾਂ ਦੇ ਵੱਡੇ ਖਰੀਦਦਾਰਾਂ ਵਿੱਚੋਂ ਇੱਕ ਨਹੀਂ ਹੈ। ਭਾਰਤ ਦੇ ਮੁੱਖ ਅੰਬ ਨਿਰਯਾਤ ਸਥਾਨਾਂ ਵਿੱਚ ਸੰਯੁਕਤ ਅਰਬ ਅਮੀਰਾਤ, ਅਮਰੀਕਾ, ਯੂ ਕੇ, ਕੁਵੈਤ ਅਤੇ ਕਤਰ ਸ਼ਾਮਲ ਹਨ, ਪਰ ਜਾਪਾਨ ਨੂੰ ਇੱਕ ਪ੍ਰੀਮੀਅਮ ਬਾਜ਼ਾਰ ਮੰਨਿਆ ਜਾਂਦਾ ਹੈ, ਜਿੱਥੇ ਸਖਤ ਗੁਣਵੱਤਾ ਮਾਪਦੰਡ ਅਤੇ ਚੰਗੀਆਂ ਕੀਮਤਾਂ ਹਨ। ਜਾਪਾਨ ਦਾ ਤਾਜ਼ਾ ਕਦਮ ਭਾਰਤੀ ਖੇਤੀਬਾੜੀ ਨਿਰਯਾਤ ਪ੍ਰਣਾਲੀ ਦੀ ਭਰੋਸੇਯੋਗਤਾ 'ਤੇ ਵੀ ਸਵਾਲ ਖੜ੍ਹੇ ਕਰਦਾ ਹੈ। ਆਪਣੇ ਸੰਬੋਧਨ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਅੰਬ ਦੇਸ਼ ਦੀ ਖੇਤੀਬਾੜੀ, ਸੱਭਿਆਚਾਰਕ ਅਤੇ ਭੋਜਨ ਵਿਰਾਸਤ ਦਾ ਇੱਕ ਮਹੱਤਵਪੂਰਨ ਹਿੱਸਾ ਹਨ, ਪਰ ਜਾਪਾਨ ਦੀ ਤਾਜ਼ਾ ਕਾਰਵਾਈ ਇਹ ਵੀ ਦਰਸਾਉਂਦੀ ਹੈ ਕਿ ਵਿਸ਼ਵ ਬਾਜ਼ਾਰ ਵਿੱਚ ਸਿਰਫ ਉਤਪਾਦਨ ਜਾਂ ਸੁਆਦ ਹੀ ਕਾਫੀ ਨਹੀਂ। ਕੁਆਲਿਟੀ ਕੰਟਰੋਲ, ਕੀਟ ਪ੍ਰਬੰਧਨ, ਨਿਰਯਾਤ ਢਾਂਚੇ ਅਤੇ ਅੰਤਰਰਾਸ਼ਟਰੀ ਮਾਪਦੰਡਾਂ ਦੀ ਪਾਲਣਾ ਵੀ ਓਨੀ ਹੀ ਮਹੱਤਵਪੂਰਨ ਹਨ। ਇੱਕ ਅਜਿਹੇ ਸਮੇਂ, ਜਦੋਂ ਸਰਕਾਰ ਭਾਰਤੀ ਅੰਬਾਂ ਦੀ ਵਿਸ਼ਵਵਿਆਪੀ ਸਫਲਤਾ ਦਾ ਜਸ਼ਨ ਮਨਾ ਰਹੀ ਹੈ, ਦੁਨੀਆ ਦੇ ਸਭ ਤੋਂ ਵੱਕਾਰੀ ਬਾਜ਼ਾਰਾਂ ਵਿੱਚੋਂ ਇੱਕ ਭਾਰਤ ਨੂੰ ਇਹ ਸੰਦੇਸ਼ ਦੇ ਰਿਹਾ ਹੈ ਕਿ ਵਿਸ਼ਵਵਿਆਪੀ ਮਾਨਤਾ ਬਣਾਈ ਰੱਖਣ ਲਈ ਸਿਰਫ ਬ੍ਰਾਂਡਿੰਗ ਹੀ ਨਹੀਂ, ਸਗੋਂ ਸੰਸਥਾਗਤ ਗੁਣਵੱਤਾ ਅਤੇ ਵਿਸ਼ਵਾਸ ਦੀ ਵੀ ਲੋੜ ਹੈ। ਭਾਰਤੀ ਅੰਬ ਦੁਨੀਆ ਦੇ ਸਭ ਤੋਂ ਮਸ਼ਹੂਰ ਫਲਾਂ ਵਿੱਚੋਂ ਇੱਕ ਹਨ। ਅਸੀਂ ਇਸ ਨੂੰ ਫਲਾਂ ਦਾ ਬਾਦਸ਼ਾਹ ਵੀ ਕਹਿੰਦੇ ਹਾਂ, ਪਰ ਸਵਾਲ ਇਹ ਹੈ ਕਿ ਕੀ ਭਾਰਤ ਆਪਣੀ ਉਤਪਾਦਨ ਸਮਰੱਥਾ ਨੂੰ ਨਿਰਯਾਤ ਸਮਰੱਥਾ ਵਿੱਚ ਬਦਲ ਸਕੇਗਾ ਜਾਂ ਕੀ ਦੁਨੀਆ ਦਾ ਸਭ ਤੋਂ ਵੱਡਾ ਅੰਬ ਉਤਪਾਦਕ ਹੋਣ ਦੇ ਬਾਵਜੂਦ ਵਿਸ਼ਵ ਬਾਜ਼ਾਰ ਵਿੱਚ ਇਸ ਦਾ ਹਿੱਸਾ ਸੀਮਤ ਰਹੇਗਾ।*

# ਮੁਲਕ ਦੇ ਖਜ਼ਾਨੇ 'ਤੇ ਅਸਲ ਬੋਝ ਕਿਸਦਾ ?

**ਅਮਰਪ੍ਰੀਤ ਸਿੰਘ ਝੀਤਾ**

ਸਾਡਾ ਮੁਲਕ ਵਿਕਾਸਸ਼ੀਲ ਅਰਥਵਿਵਸਥਾ ਵਾਲੇ ਦੇਸ਼ਾਂ ਵਿੱਚ ਆਉਂਦਾ ਹੈ। ਇੰਗਲੈਂਡ, ਅਮਰੀਕਾ, ਰੂਸ, ਜਪਾਨ, ਸਵਿਟਜ਼ਰਲੈਂਡ ਵਰਗੇ ਮੁਲਕ ਵਿਕਸਤ ਦੇਸ਼ ਹਨ, ਜਿਹਨਾਂ ਦਾ ਮੁਕਾਬਲਾ ਕਰਨਾ ਸਾਡੇ ਵੱਸ ਦੀ ਗੱਲ ਨਹੀਂ, ਕਿਉਂਕਿ ਉਹਨਾਂ ਦੇਸ਼ਾਂ ਦੇ ਲੋਕਾਂ ਤੇ ਨੇਤਾਵਾਂ ਵਰਗੇ ਜਜ਼ਬੇ ਨੂੰ ਪਿਛਲੇ 75 ਸਾਲਾਂ ਦੌਰਾਨ ਸਾਡੇ ਲੋਕਾਂ ਵਿੱਚੋਂ ਹੌਲੀ-ਹੌਲੀ ਖਤਮ ਕਰਕੇ ਹੋਰਨਾਂ ਮੁਲਕਾਂ ਵੱਲ ਪਰਵਾਸ ਤੱਕ ਸੀਮਤ ਕਰਕੇ ਰੱਖ ਦਿੱਤਾ ਹੈ। ਲੋਕਾਂ, ਨੇਤਾਵਾਂ ਦੀ ਸੋਚ ਦੇਸ਼ ਸੇਵਾ ਨਾਲੋਂ ਸਿਰਫ ਆਪਣੇ ਨਿੱਜੀ ਸਵਾਰਥ ਤੱਕ ਸੀਮਤ ਹੋ ਕੇ ਰਹਿ ਗਈ ਹੈ, ਜਿਸ ਦੇ ਬਹੁਤ ਸਾਰੇ ਰਲੇ-ਮਿਲੇ ਕਾਰਨ ਹੋ ਸਕਦੇ ਹਨ। ਅੱਜ ਇਸ ਲੇਖ ਵਿੱਚ ਇਸ ਸਭ ਪਿੱਛੇ ਲੁਕੇ ਸਭ ਤੋਂ ਵੱਡੇ ਕਾਰਨ ਬਾਰੇ ਗੱਲ ਕਰਾਂਗੇ ।

ਮੁਲਕ ਆਜ਼ਾਦ ਹੋਣ ਬਾਅਦ ਸਰਕਾਰਾਂ ਨੇ ਵੱਖ-ਵੱਖ ਜਨਤਕ, ਸਰਕਾਰੀ ਅਦਾਰਿਆਂ ਨੂੰ ਹੋਂਦ ਵਿੱਚ ਲਿਆ ਕੇ ਲੋਕਾਂ ਨੂੰ ਰੁਜ਼ਗਾਰ, ਸਿੱਖਿਆ, ਸੁਰੱਖਿਆ ਦੇ ਕੇ ਖੁਸ਼ਹਾਲੀ ਭਰਪੂਰ ਗੁਜ਼ਰ-ਬਸਰ ਕਰਨ ਦੇ ਮੌਕੇ ਦਿੱਤੇ। ਸਰਕਾਰਾਂ ਦਾ ਮੁੱਖ ਉਦੇਸ਼ ਜਨਕਲਿਆਣ ਕਰਨਾ ਹੀ ਸੀ। ਹਰ ਕਿਸੇ ਨੂੰ ਵਾਜਿਬ ਕੀਮਤ ਉੱਤੇ ਇੱਕ ਸਮਾਨ ਸਹੂਲਤ ਮੁਹੱਈਆ ਕਰਵਾਈ ਜਾਂਦੀ ਸੀ, ਜਿਸ ਕਰਕੇ ਮੁਲਕ ਦੀ GDP ਵੀ ਵਧ ਰਹੀ ਸੀ ਤੇ ਮੁਲਕ ਵੀ ਅੱਗੇ ਵੱਧ ਰਿਹਾ ਸੀ। ਟੀ ਵੀ, ਰੇਡੀਓ ਉੱਤੇ ਦੇਸ਼ ਭਗਤੀ ਪੈਦਾ ਕਰਨ ਅਤੇ ਅੰਧਵਿਸ਼ਵਾਸ ਨੂੰ ਖਤਮ ਕਰਨ ਵਾਲੇ ਗੀਤ, ਪ੍ਰੋਗਰਾਮ ਆਉਂਦੇ ਸਨ। ਸਰਕਾਰ ਆਪਣੀ ਜ਼ਿੰਮੇਵਾਰੀ ਸਮਝਦਿਆਂ ਆਪਣੀਆਂ ਪ੍ਰਾਪਤੀਆਂ ਦੇ ਪ੍ਰਚਾਰ 'ਤੇ ਖਰਚ ਕਰਨ ਨਾਲੋਂ ਲੋਕਾਂ ਦੇ ਭਲੇ ਲਈ ਸੋਚਦੀਆਂ ਸਨ। ਸਰਕਾਰਾਂ ਦੀਆਂ ਗਲਤ ਨੀਤੀਆਂ ਖਿਲਾਫ ਆਵਾਜ਼ ਉਠਾਉਣ ਉੱਤੇ ਗੱਲਬਾਤ ਲਈ ਮੌਕੇ ਮਿਲਦੇ ਸਨ, ਪਰ ਅੱਜਕਲ੍ਹ ਇਹ ਸਭ ਕੁਝ ਬੀਤੇ ਵੇਲੇ ਦੀਆਂ ਗੱਲਾਂ ਹੋ ਨਿਬੜੀਆਂ ਹਨ। ਸੱਚ ਨੂੰ ਦਬਾਇਆ ਜਾ ਰਿਹਾ ਹੈ, ਝੂਠਾ ਪ੍ਰਚਾਰ ਕੀਤਾ ਜਾ ਰਿਹਾ ਹੈ।

ਜਦੋਂ ਪੂਰੇ ਮੁਲਕ ਵਿੱਚ ਇਹ ਕੁਝ ਹੋ ਰਿਹਾ ਹੋਵੇ, ਫਿਰ ਪੰਜਾਬ ਅੰਦਰ ਵੀ ਇਹੋ ਕੁਝ ਹੋਣਾ ਸੁਭਾਵਿਕ ਹੈ। ਪੰਜਾਬ ਅੰਦਰ ਵੀ ਹੌਲੀ-ਹੌਲੀ ਸਰਕਾਰੀ ਅਦਾਰਿਆਂ ਦੀਆਂ ਆਸਾਮੀਆਂ ਨੂੰ ਖਤਮ ਜਾਂ ਖਾਲੀ ਰੱਖ ਕੇ ਖਤਮ ਕੀਤਾ ਜਾ ਰਿਹਾ ਹੈ। ਉਹਨਾਂ ਦੇ ਸਮਾਂਤਰ ਪ੍ਰਾਈਵੇਟ ਅਦਾਰੇ ਖੜੇ ਕੀਤੇ ਜਾ ਰਹੇ ਹਨ। ਇਸ ਸਮੇਂ ਪੰਜਾਬ ਦੇ ਮੁਲਾਜ਼ਮ ਨਵੀਂ ਪੈਨਸ਼ਨ ਸਕੀਮ NPS ਨੂੰ ਬੰਦ ਕਰਵਾਉਣ ਅਤੇ ਪੁਰਾਣੀ ਪੈਨਸ਼ਨ ਸਕੀਮ OPS ਦੀ ਬਹਾਲੀ ਲਈ ਸੰਘਰਸ਼ ਕਰ ਰਹੇ ਹਨ ਅਤੇ ਸਰਕਾਰ ਮੀਟਿੰਗਾਂ ਕਰਕੇ ਮਸਲੇ ਦਾ ਹੱਲ ਕਰਨ ਨਾਲੋਂ ਕਮੇਟੀਆਂ ਬਣਾ ਕੇ ਮਸਲੇ ਲਮਕਾਏ ਜਾ ਰਹੇ ਹਨ। ਮੁਲਾਜ਼ਮ ਡੀ ਏ ਦੇ ਬਕਾਇਆ 18 ਫੀਸਦੀ ਲਈ ਆਵਾਜ਼ ਉਠਾ ਰਹੇ ਹਨ ਤਾਂ ਸਰਕਾਰ ਹਾਈ ਕੋਰਟ ਵਿੱਚ ਜਾ ਕੇ ਸਰਕਾਰੀ ਤੇ ਪ੍ਰਾਈਵੇਟ ਵਕੀਲਾਂ ਉੱਤੇ ਲੱਖਾਂ ਕਰੋੜਾਂ ਖਰਚ ਕਰਕੇ ਡੀ ਏ, ਪੈਨਸ਼ਨ ਦੇਣ ਤੋਂ ਮੁੱਕਰ ਰਹੀ ਹੈ।

1. **ਵਿਧਾਇਕਾਂ ਅਤੇ ਮੁਲਾਜ਼ਮਾਂ ਦੀਆਂ ਤਨਖ਼ਾਹਾਂ**:- ਇਸ ਸਮੇਂ ਪੰਜਾਬ ਦੇ ਮੁੱਖ ਮੰਤਰੀ ਦੀ ਮਹੀਨਾਵਾਰ ਤਨਖਾਹ 2,30,000/- ਰੁਪਏ ਅਤੇ ਵਿਧਾਇਕਾਂ ਦੀ ਤਨਖਾਹ 1,36,000/- ਰੁਪਏ ਦੱਸੀ ਜਾ ਰਹੀ ਹੈ। ਇਹ ਵੱਖ-ਵੱਖ ਮਿਲਣ ਵਾਲੀਆਂ ਸਹੂਲਤਾਂ (ਪੁਲਸ ਸੁਰੱਖਿਆ, ਰਿਹਾਇਸ਼, ਮੈਡੀਕਲ, ਟੈਲੀਫੋਨ ਖਰਚ, ਬਿਜਲੀ ਪਾਣੀ ਖਰਚ, ਆਵਾਜਾਈ ਸਾਧਨ ਖਰਚ, ਪੈਟਰੋਲ ਖਰਚ ਆਦਿ) ਦੇ ਖਰਚੇ, ਭੱਤੇ ਜੋੜੀਏ ਤਾਂ ਹੋਰ ਵੀ ਵਧ ਜਾਂਦੀਆਂ ਹਨ। ਹੁਣ ਗੱਲ ਕਰਦੇ ਹਾਂ ਪੰਜਾਬ ਦੇ ਮੁਲਾਜ਼ਮ ਸਿੱਖਿਆ ਵਿਭਾਗ ਦੇ ਮਾਸਟਰ ਕਾਡਰ ਦੀ ਤਨਖਾਹ ਬਾਰੇ ਗੱਲ ਕਰਦੇ ਹਾਂ। ਪੰਜਾਬ ਦੇ ਮਾਸਟਰ ਕੇਡਰ ਨੂੰ ਪੇਅ ਕਮਿਸ਼ਨ ਦੇ ਲੇਵਲ 7-8 ਅਨੁਸਾਰ ਲਗਭਗ 52,000/- ਤੋਂ 78,000/- ਰੁਪਏ ਪ੍ਰਤੀ ਮਹੀਨਾ ਮਿਲਦੀ ਹੈ। ਤਿੰਨ ਸਾਲ ਪਰਖਕਾਲ ਸਮੇਂ ਦੌਰਾਨ ਸਿਰਫ਼ 35400/- ਰੁਪਏ ਹੀ ਮਿਲਦੀ ਹੈ। ਇਹ ਦਿੱਲੀ (65,000/- ਤੋਂ 95,000/-), ਹਰਿਆਣਾ (60,000/- ਤੋਂ 90,000/-) ਦੇ ਮਾਸਟਰ ਕਾਡਰ ਨਾਲੋਂ ਘੱਟ ਹੀ ਬਣਦੀ ਹੈ। ਪੰਜਾਬ ਦੇ ਪ੍ਰਾਇਮਰੀ ਅਧਿਆਪਕ ਨੂੰ ਤਿੰਨ ਸਾਲ ਪਰਖ ਕਾਲ ਦੇ ਸਮੇਂ ਦੌਰਾਨ 29,200/- ਅਤੇ ਫਿਰ ਲਗਭਗ 40,000/- ਰੁਪਏ ਤਨਖਾਹ ਦਿੱਤੀ ਜਾ ਰਹੀ ਹੈ, ਜਦੋਂ ਕਿ ਕੇਂਦਰ ਦੇ ਸੱਤਵੇਂ ਪੇਅ ਕਮਿਸ਼ਨ ਅਨੁਸਾਰ ਈਟੀਟੀ ਦੀ ਤਨਖਾਹ ਲੈਵਲ-6 ਅਨੁਸਾਰ ਬੇਸਿਕ 35,400/- ਰੁਪਏ ਸਣੇ ਕੁੱਲ ਤਨਖਾਹ ਲਗਭਗ 60,000/- ਰੁਪਏ ਬਣਦੀ ਹੈ। ਪੰਜਾਬ ਦਾ ਕਾਂਸਟੇਬਲ ਲਗਭਗ 59,000/- ਰੁਪਏ ਤਨਖਾਹ ਲੈ ਰਿਹਾ ਹੈ, ਜਦੋਂਕਿ ਕੇਂਦਰ ਦੇ ਪੇਅ ਸਕੇਲ 74000/- ਰੁਪਏ ਤਨਖਾਹ ਬਣਦੀ ਹੈ। ਇਸ ਬਾਰੇ ਪਾਠਕ ਇੰਟਰਨੈੱਟ ਉੱਤੇ ਖੁਦ ਵੀ ਸਰਚ ਕਰਕੇ ਅੰਕੜੇ ਦੇਖ ਸਕਦੇ ਹਨ। ਪੰਜਾਬ ਦੇ ਮੁਲਾਜ਼ਮਾਂ ਨੂੰ ਛੇਵਾਂ ਪੇਅ ਕਮਿਸ਼ਨ ਵੀ ਪੂਰਾ ਲਾਗੂ ਨਹੀਂ ਕੀਤਾ, ਜਦੋਂ ਕਿ ਕੇਂਦਰ ਨੇ ਸੱਤਵਾਂ ਪੇਅ ਕਮਿਸ਼ਨ ਦੇ ਦਿੱਤਾ ਹੈ ਅਤੇ ਅੱਠਵਾਂ ਪੇਅ ਕਮਿਸ਼ਨ ਲਾਗੂ ਕਰਨ ਦੀਆਂ ਤਿਆਰੀਆਂ ਖਿੱਚ ਰਹੀ ਹੈ, ਜਿਸ ਨਾਲ ਤਨਖ਼ਾਹਾਂ ਦਾ ਅੰਤਰ ਹੋਰ ਵੀ ਵਧੇਗਾ।

2. **ਇਨਕਮ ਟੈਕਸ ਅਤੇ ਮੁਲਾਜ਼ਮ ਤੇ ਵਿਧਾਇਕ** :- ਪੰਜਾਬ ਦੇ ਸਭ ਮੁਲਾਜ਼ਮ ਆਪਣੀ ਬਾਰਾਂ ਮਹੀਨਿਆਂ ਦੀ ਤਨਖਾਹ ਦੇ ਕੁੱਲ ਜੋੜ ਅਨੁਸਾਰ ਕੇਂਦਰ ਸਰਕਾਰ ਵੱਲੋਂ ਨਿਰਧਾਰਿਤ ਕੀਤੇ ਇਨਕਮ ਟੈਕਸ ਪ੍ਰਣਾਲੀ ਅਨੁਸਾਰ ਟੈਕਸ ਦਿੰਦੇ ਹਨ, ਪਰ ਮੰਤਰੀ, ਵਿਧਾਇਕ ਆਪਣੀਆਂ ਤਨਖਾਹਾਂ, ਭੱਤਿਆਂ ਉੱਤੇ ਬਣਦਾ ਇਨਕਮ ਟੈਕਸ ਵੀ ਖੁਦ ਦੇਣ ਨਾਲੋਂ ਖਜ਼ਾਨੇ ਵਿੱਚੋਂ ਟੈਕਸ ਅਦਾ ਕਰਵਾ ਰਹੇ ਹਨ। ਇਹ ਸਭ ਸਰਕਾਰ ਨੇ ਪੰਜਾਬ ਲੈਜਿਸਲੇਟਿਵ ਅਸੈਂਬਲੀ ਸੈਲਰੀ ਐਂਡ ਅਲਾਊਂਸ ਆਫ ਮੈਂਬਰ (ਅਮੈਂਡ) ਐਕਟ 2004 ਅਨੁਸਾਰ ਖੁਦ ਲਈ ਸੁਵਿਧਾ ਅਪਣਾ ਲਈ। ਆਰ ਟੀ ਆਈ ਅਨੁਸਾਰ ਪੰਜਾਬ ਦਾ ਇੱਕ ਵਿਧਾਇਕ ਹੀ ਆਪਣਾ ਇਨਕਮ ਟੈਕਸ ਖੁੱਦ ਦਿੰਦਾ ਹੈ, ਬਾਕੀ ਸਭ ਖ਼ਜ਼ਾਨੇ ਉੱਤੇ ਹੀ ਬੋਝ ਪਾ ਰਹੇ ਹਨ। ਹਰ ਸਾਲ ਵਿਧਾਇਕਾਂ, ਮੰਤਰੀਆਂ ਦਾ ਲਗਭਗ 11 ਕਰੋੜ ਦਾ ਇੰਨਕਮ ਟੈਕਸ ਖਜ਼ਾਨੇ ਵਿੱਚੋਂ ਦਿੱਤਾ ਜਾਂਦਾ ਹੈ। ਇਸੇ ਤਰ੍ਹਾਂ ਹੀ ਸੰਸਦ ਮੈਂਬਰ ਵੀ ਲੱਖਾਂ ਰੁਪਏ ਮਹੀਨਾ ਤਨਖ਼ਾਹਾਂ ਲੈ ਕੇ ਪਾਰਲੀਮੈਂਟ ਦੀ ਸਸਤੀ ਸਰਕਾਰੀ ਕੰਟੀਨ ਵਿੱਚ ਰਾਸ਼ਨ ਛਕਦੇ ਹਨ, ਜਦੋਂਕਿ ਉਹੀ ਖਾਣਾ ਬਾਹਰ ਖਾਣਾ ਹੋਵੇ ਤਾਂ ਬਹੁਤ ਮਹਿੰਗਾ ਪੈਂਦਾ ਹੈ। ਹੁਣ ਇਹ ਸਾਰਾ ਬੋਝ ਟੈਕਸ ਦੇਣ ਵਾਲੇ ਨਾਗਰਿਕਾਂ ਉੱਪਰ ਹੀ ਪੈਂਦਾ ਹੈ।

3. **ਪੂੰਜੀਪਤੀਆਂ ਦੀ ਕਰਜ਼ ਮਾਫੀ** :- ਸਰਕਾਰਾਂ ਜਾਂ ਬੈਂਕਾਂ ਆਮ ਜਨਤਾ ਕੋਲੋਂ ਕਰਜ਼ੇ ਦੀ ਭਰਪਾਈ ਉਸ ਦੀ ਜਾਇਦਾਦ ਕੁਰਕ ਕਰਕੇ ਵਸੂਲ ਲੈਂਦੀ ਹੈ, ਭਾਵੇਂ ਅਗਲੇ ਦਾ ਗੁਜ਼ਾਰਾ ਔਖਾ ਹੀ ਹੁੰਦਾ ਹੋਵੇ, ਪਰ ਧਨਾਢ ਪੂੰਜੀਪਤੀਆਂ ਦੇ ਕਰਜ਼ੇ ਦੀ ਵਸੂਲੀ ਕਰਨ ਨਾਲੋਂ ਉਹਨਾਂ ਦੇ ਕਰਜ਼ੇ ਨੂੰ ਸਰਕਾਰਾਂ ਦੇ ਇਸ਼ਾਰੇ ਤੇ ਬੈਂਕਾਂ Loan Written Off ਤਹਿਤ ਮਾਫ ਕਰਕੇ ਲਕੀਰ ਮਾਰ ਦਿੰਦੀਆਂ ਹਨ । ਡਿਫਾਲਟਰ ਪੂੰਜੀਪਤੀਆਂ ਨੂੰ ਦੇਸ਼ ਤੋਂ ਬਾਹਰ ਜਾਣ ਵਿੱਚ ਮਦਦ ਕਰਦੀਆਂ ਹਨ ਅਤੇ ਉਹ ਵਿਦੇਸ਼ਾਂ ਵਿੱਚ ਮੌਜਾਂ ਕਰਦੇ ਹਨ, ਕਿਉਂਕਿ ਉਹ ਇਸ ਸਭ ਲਈ ਬਣਦੀ ਕੀਮਤ ਵੀ ਚੰਦੇ/ਦਾਨ ਵਿੱਚ ਦਿੰਦੇ ਹਨ। ਸਾਲ 2014-2023 ਦੌਰਾਨ ਸਰਕਾਰਾਂ ਤੇ ਬੈਂਕਾਂ ਨੇ ਲਗਭਗ 16 ਲੱਖ ਕਰੋੜ ਰੁਪਏ ਦੇ ਪੂੰਜੀਪਤੀਆਂ ਦੇ ਕਰਜ਼ੇ ਉੱਤੇ ਲਕੀਰ ਮਾਰੀ ਹੈ, ਜਿਹਨਾਂ ਨੂੰ ਕਰਜ਼ੇ ਤੋਂ ਰਾਹਤ ਦਿੱਤੀ ਹੈ, ਉਹਨਾਂ ਵਿੱਚ ਇਹ ਪੂੰਜੀਪਤੀ, ਅਦਾਰੇ, ਕੰਪਨੀਆਂ ਸ਼ਾਮਿਲ ਹਨ - ਵਿਜੈ ਮਾਲੀਆ ਦੀ ਕਿੰਗਫਿਸ਼ਰ, ਨੀਰਵ ਮੋਦੀ, ਮੇਹੁਲ ਚੋਕਸੀ, ਜਤਿਨ ਮਹਿਤਾ, ਸੰਜੇ ਦੱਤ ਦੀ ਵੀਡੀਓਕਾਨ, ਕਪਿਲ ਵਧਾਵਾ, ਰਾਣਾ ਕਪੂਰ ਦੀ ਯੈੱਸ ਬੈਂਕ, ਅਨਿਲ ਅੰਬਾਨੀ ਦੀ ਰਿਲਾਇੰਸ, ਜੈ ਪੀ ਗਰੁੱਪ ਆਦਿ।

4. **ਮੁਲਾਜ਼ਮਾਂ ਤੇ ਮੰਤਰੀਆਂ, ਵਿਧਾਇਕਾਂ ਦੀਆਂ ਪੈਨਸ਼ਨਾਂ**:- ਸਾਲ 2004 ਤੋਂ ਪੂਰੇ ਭਾਰਤ ਅੰਦਰ ਸਭ ਵਿਭਾਗਾਂ ਦੇ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਸਕੀਮ ਤਹਿਤ GPF ਖਾਤੇ ਬੰਦ ਕਰਕੇ ਉਹਨਾਂ ਦੀ ਕਿਰਤ ਕਮਾਈ ਨੂੰ ਸੱਟਾ ਬਜ਼ਾਰ ਵਿੱਚ ਲਗਾ ਕੇ ਨਵੀਂ ਪੈਨਸ਼ਨ ਸਕੀਮ ਤਹਿਤ ਸ਼ੋਸ਼ਣ ਕੀਤਾ ਜਾ ਰਿਹਾ ਹੈ, ਪਰ ਹੈਰਾਨੀ ਦੀ ਗੱਲ ਹੈ ਕਿ ਖੁਦ ਪ੍ਰਧਾਨ ਮੰਤਰੀ ਤੋਂ ਲੈ ਕੇ ਮੁੱਖ ਮੰਤਰੀ ਅਤੇ ਸਭ ਵਿਧਾਇਕ ਪੁਰਾਣੀ ਪੈਨਸ਼ਨ ਸਕੀਮ ਦਾ ਲਾਹਾ ਲੈ ਰਹੇ ਹਨ। ਭਾਰਤ ਦੇ ਸੰਵਿਧਾਨ ਦੀਆਂ ਅਗਵਾਹੀ ਲੀਹਾਂ, ਕਾਨੂੰਨ ਨੂੰ ਛਿੱਕੇ ਟੰਗ ਕੇ ਦੋ ਦੋ ਸਮਾਂਤਰ ਪ੍ਰਣਾਲੀ ਚਲਾ ਕੇ ਨਾਗਰਿਕਾਂ ਨਾਲ ਧੋਖਾ ਕੀਤਾ ਜਾ ਰਿਹਾ ਹੈ।' ਜਿਸ ਕਰਕੇ ਨੌਜਵਾਨ ਆਪਣੇ ਭਵਿੱਖ ਨੂੰ ਹਨੇਰੇ ਵਿੱਚ ਦੇਖਦੇ ਹੋਏ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹਨ। ਪੰਜਾਬ ਅੰਦਰ ਪੰਜ ਸਾਲ ਦੀ ਟਰਮ ਪੂਰੀ ਕਰਕੇ (ਭਾਵੇਂ ਇੱਕ ਦਿਨ ਦਾ ਹੀ ਵਿਧਾਇਕ ਕਿਉਂ ਨਾ ਹੋਵੇ) ਸਾਬਕਾ ਮੁੱਖ ਮੰਤਰੀ ਨੂੰ ਲਗਭਗ 1,50,000/- ਰੁਪਏ ਅਤੇ ਵਿਧਾਇਕਾਂ ਨੂੰ ਲਗਭਗ 78,000/- ਰੁਪਏ ਦੀ ਪੈਨਸ਼ਨ ਇੱਕ ਵਾਰ ਮੰਤਰੀ, ਵਿਧਾਇਕ ਬਣਨ ਲਈ ਪ੍ਰਤੀ ਮਹੀਨਾ ਮਿਲਦੀ ਹੈ। ਜਿੰਨੀ ਵਾਰ ਵੀ ਕੋਈ ਵਿਧਾਇਕ, ਮੰਤਰੀ ਬਣਿਆ ਹੈ, ਉਸੇ ਗਿਣਤੀ ਦੇ ਹਿਸਾਬ ਨਾਲ ਇੱਕ ਤੋਂ ਵੱਧ ਪੈਨਸ਼ਨਾਂ ਦਿੱਤੀਆਂ ਜਾ ਰਹੀਆਂ ਹਨ। ਰਾਸ਼ਟਰਪਤੀ, ਉਪ ਰਾਸ਼ਟਰਪਤੀ, ਪ੍ਰਧਾਨ ਮੰਤਰੀ ਵੀ ਦੋ ਤੋਂ ਢਾਈ ਲੱਖ ਤੱਕ ਪੈਨਸ਼ਨ ਅਤੇ ਹੋਰ ਸਹੂਲਤਾਂ ਦਾ ਲੁਤਫ਼ ਉਠਾਉਂਦੇ ਹਨ, ਪਰ ਮੁਲਾਜ਼ਮ ਪੱਚੀ- ਤੀਹ ਸਾਲ ਨੌਕਰੀ ਕਰਨ ਬਾਅਦ ਪੁਰਾਣੀ ਪੈਨਸ਼ਨ ਤੋਂ ਵਾਂਝੇ ਕੀਤੇ ਹੋਏ ਹਨ।

5. **ਮੁਫ਼ਤ ਦੀਆਂ ਸਹੂਲਤਾਂ ਅਤੇ ਵੋਟਾਂ ਦੀ ਖਰੀਦਦਾਰੀ**:- ਵੱਖ ਵੱਖ ਰਾਜਾਂ ਅੰਦਰ ਨਾਗਰਿਕਾਂ ਦੇ ਟੈਕਸ ਨਾਲ ਭਰ ਰਹੇ ਖਜ਼ਾਨੇ ਨੂੰ ਵੱਖ ਵੱਖ ਸਹੂਲਤਾਂ - ਪੂੰਜੀਪਤੀਆਂ ਕੰਪਨੀਆਂ ਦੀ ਕਰਜ਼ ਮਾਫੀ, ਮੁਫ਼ਤ ਬਿਜਲੀ, ਬੱਸ ਸਫ਼ਰ, ਔਰਤਾਂ ਨੂੰ ਰੁਪਏ ਦੇਣੇ ਆਦਿ ਸਕੀਮਾਂ ਦੇ ਕੇ ਸੂਬਿਆਂ ਦੀ ਅਰਥ ਵਿਵਸਥਾ ਨੂੰ ਖੋਰਾ ਲਗਾਉਣਾ ਹੈ। ਇਹ ਸਭ ਇੱਕ ਤਰ੍ਹਾਂ ਨਾਲ ਵੋਟਾਂ ਖਰੀਦਣ ਦੇ ਤੁਲ ਹੈ, ਜਿਸ ਨੂੰ ਸ਼ਰੇਆਮ ਸੁਪਰੀਮ ਕੋਰਟ ਤੇ ਚੋਣ ਕਮਿਸ਼ਨ ਸਾਹਮਣੇ ਕੀਤਾ ਜਾਂਦਾ ਹੈ, ਪਰ ਸੁਪਰੀਮ ਕੋਰਟ ਤੇ ਚੋਣ ਕਮਿਸ਼ਨ ਵੀ ਅਜਿਹਾ ਕਰਨ ਤੇ ਰੋਕ ਲਾਉਣ ਤੇ ਸਜ਼ਾ ਦੇਣ ਦੀ ਬਜਾਏ ਚੁੱਪ ਹਨ। ਇਹਨਾਂ ਸਭ ਲੋਕ ਲੁਭਾਉਣੀਆਂ ਸਕੀਮਾਂ ਦੇ ਖਰਚੇ ਦਾ ਕਰੋੜਾਂ ਦਾ ਭਾਰ ਖਜ਼ਾਨੇ ਉੱਤੇ ਹੀ ਪੈਂਦਾ ਹੈ, ਜਿਸ ਦਾ ਭਾਰ ਸਭ ਨਾਗਰਿਕਾਂ ਉੱਤੇ ਮਹਿੰਗਾਈ ਦੇ ਰੂਪ ਵਿੱਚ ਪੈਂਦਾ ਹੈ। ਇਹੋ ਜਿਹੀਆਂ ਸਕੀਮਾਂ ਰਾਜਨੀਤਕ ਪਾਰਟੀਆਂ ਖੁਦ ਦੇ ਖਰਚੇ ਤੇ ਕੋਲੋਂ ਕਰਨ ਨਾ ਕਿ ਸਰਕਾਰੀ ਖਜ਼ਾਨੇ ਨੂੰ ਖੋਰਾ ਲਾਉਣ। ਅਜਿਹੀਆਂ ਸਕੀਮਾਂ ਨਾਲ ਨਾਗਰਿਕ ਕਿਰਤ ਕਰਨ ਨਾਲੋਂ ਵਿਹਲੜ ਬਣ ਕੇ ਨਸ਼ਾਖੋਰੀ, ਲੁੱਟ-ਖੋਹ, ਚੋਰੀ ਅਤੇ ਹੋਰ ਵੀ ਮਾੜੀਆਂ ਘਟਨਾਵਾਂ ਨੂੰ ਅੰਜਾਮ ਦਿੰਦੇ ਹਨ। ਚਾਹੀਦਾ ਤਾਂ ਇਹ ਹੈ ਕਿ ਸਰਕਾਰਾਂ ਸਭ ਨਾਗਰਿਕਾਂ ਨੂੰ ਰੁਜ਼ਗਾਰ ਦੇਣ, ਸਿੱਖਿਆ, ਸਿਹਤ ਦੀਆਂ ਸਹੂਲਤਾਂ ਦੇਣ ਅਤੇ ਸਭ ਬਿਰਧ ਨਾਗਰਿਕਾਂ ਦੀ ਦੇਖਭਾਲ ਲਈ ਸਹੂਲਤਾਂ ਦੇਣ। ਹਰ ਕਿਸੇ ਨੂੰ ਮੁਫ਼ਤ ਸਹੂਲਤ ਨਾਲ਼ੋਂ ਘੱਟ ਤੇ ਵਾਜਿਬ ਰੇਟਾਂ ਉੱਤੇ ਸਹੂਲਤਾਂ ਮੁਹੱਈਆ ਕਾਰਵਾਈਆਂ ਜਾਣ, ਜਿਸ ਨਾਲ ਸਰਕਾਰਾਂ ਜਨਤਕ, ਸਰਕਾਰੀ ਅਦਾਰਿਆਂ ਦੀਆਂ ਖਾਲੀ ਅਸਾਮੀਆਂ ਭਰਨਗੀਆਂ, ਲੋਕਾਂ ਨੂੰ ਰੁਜ਼ਗਾਰ ਮਿਲੇਗਾ ਅਤੇ ਮਾੜੀਆਂ ਅਲਾਮਤਾਂ ਨੂੰ ਠੱਲ੍ਹ ਪਵੇਗੀ।

6. **ਸੱਤਾ ਵਿੱਚ ਬਣੇ ਰਹਿਣ ਲਈ ਚੋਣ ਪ੍ਰਚਾਰ ਦਾ ਖਰਚਾ**:- ਜੇਕਰ ਸਰਕਾਰਾਂ ਸੱਚਮੁੱਚ ਲੋਕਾਂ ਦੇ ਭਲੇ ਲਈ ਕੰਮ ਕਰਨ, ਨੌਜਵਾਨਾਂ ਨੂੰ ਸਿੱਖਿਆ, ਰੁਜ਼ਗਾਰ ਦੇ ਵੱਧ ਮੌਕੇ ਦੇਣ ਤਾਂ ਉਸ ਦਾ ਲਾਭ ਜਦੋਂ ਲੋਕਾਂ ਨੂੰ ਮਿਲੇਗਾ ਤਾਂ ਉਹ ਆਪ ਹੀ ਸਰਕਾਰ ਦੇ ਕੰਮਾਂ ਦਾ ਗੁਣਗਾਨ ਕਰਨਗੇ, ਪਰ ਅੱਜ ਕਲ੍ਹ ਸਰਕਾਰਾਂ ਦੇ ਜਿਹੜੇ ਕੰਮ ਸੱਚੀਮੁੱਚੀਂ ਕਰਨੇ ਬਣਦੇ ਹਨ ਜਾਂ ਜ਼ਿੰਮੇਵਾਰੀ ਹੈ, ਉਹ ਕਰਨ ਨਾਲੋਂ ਬਸ ਮਸ਼ਹੂਰੀਆਂ ਉੱਤੇ ਹੀ ਕਰੋੜਾਂ ਖਰਚ ਕਰ ਰਹੀਆਂ ਹਨ, ਜਿਸ ਦਾ ਭਾਰ ਸਭ ਨਾਗਰਿਕਾਂ ਉੱਤੇ ਹੀ ਪੈਂਦਾ ਹੈ। ਜਦੋਂ ਤੱਕ ਉਸ ਦੇ ਹੱਲ ਲਈ ਸਭ ਨਾਗਰਿਕ ਇੱਕਜੁਟ ਨਹੀਂ ਹੁੰਦੇ, ਉਦੋਂ ਤੱਕ ਹਾਲਾਤ ਚੰਗੇ ਨਹੀਂ ਹੋਣਗੇ। ਸਰਕਾਰਾਂ, ਰਾਜਨੀਤਕ ਪਾਰਟੀਆਂ ਆਪਣੇ ਸਵਾਰਥ ਲਈ ਜਨਤਾ ਨੂੰ ਗਲਤ ਪ੍ਰਚਾਰ ਕਰਕੇ ਗੁੰਮਰਾਹ ਕਰਦੀਆਂ ਰਹਿਣਗੀਆਂ। ਆਓ, ਮੁਲਕ ਦੀ ਖੁਸ਼ਹਾਲੀ ਅਤੇ ਆਪਣੇ ਭਵਿੱਖ ਲਈ ਜਨਤਕ, ਸਰਕਾਰੀ ਅਦਾਰਿਆਂ ਦੀ ਹੋਂਦ ਬਚਾਈਏ ਅਤੇ ਰੁਜ਼ਗਾਰ ਦੇ ਮੌਕਿਆਂ ਨੂੰ ਵਧਾਈਏ, ਜਿਸ ਨਾਲ ਹਰ ਕੋਈ ਆਪਣੀ ਸਮਰੱਥਾ ਅਨੁਸਾਰ ਹਰ ਸਹੂਲਤ ਦਾ ਲਾਭ ਲੈ ਸਕੇ। ਹੁਣ ਰਾਜਨੀਤਕ ਨੇਤਾਵਾਂ ਨੂੰ ਵੀ ਸਰਕਾਰ ਵਿੱਚ ਆ ਕੇ ਸੱਚੀਂ-ਮੁੱਚੀਂ ਹਰ ਕੰਮ ਨੂੰ ਸਮੇਂ ਸਿਰ ਕਰਨ ਦੀ ਨੀਤ ਅਤੇ ਨੀਤੀ ਬਣਾਉਣੀ ਚਾਹੀਦੀ ਹੈ।

**# ਸੰਪਰਕ: 97791-91447**

# 'ਲੋਕ ਕੀ ਕਹਿਣਗੇ' 'ਚ ਫਸਿਆ ਅਜੋਕਾ ਇਨਸਾਨ

**ਪ੍ਰਭਜੋਤ ਕੌਰ**

ਅੱਜ ਦਾ ਸਮਾਜ ਆਪਣੇ ਆਪ ਨੂੰ ਮਾਡਰਨ ਕਹਿਲਾਉਣ 'ਚ ਬਹੁਤ ਹੀ ਮਾਣ ਮਹਿਸੂਸ ਕਰਦਾ ਹੈ। ਹਰ ਕਿਸੇ ਦੀ ਜ਼ਿੰਦਗੀ ਪਦਾਰਥਵਾਦੀ ਪਦਾਰਥਾਂ ਨੂੰ ਇਕੱਠਾ ਕਰਕੇ ਸੋਸ਼ਲ ਮੀਡੀਆ 'ਤੇ ਪਾ ਕੇ ਵਾਹ- ਵਾਹ ਬਟੋਰਨ ਦੀ ਹੋੜ 'ਚ ਲੱਗੀ ਹੋਈ ਹੈ। ਵੱਡੇ-ਵੱਡੇ ਘਰ, ਮਹਿੰਗੀਆਂ ਮਾਡਰਨ ਗੱਡੀਆਂ, ਲਿਸ਼ਕਦੀ-ਪੁਸ਼ਕਦੀ ਸ਼ਹਿਰੀ ਜੀਵਨ ਸ਼ੈਲੀ ਅਤੇ ਸੋਸ਼ਲ ਮੀਡੀਆ ਉੱਤੇ ਖੁਸ਼ਹਾਲ ਜੋੜੀਆਂ ਦੀਆਂ ਤਸਵੀਰਾਂ, ਜਿਸ ਨੂੰ ਦੇਖਣ ਵਾਲਾ ਹਰ ਇਨਸਾਨ ਖੁਸ਼ੀ ਘੱਟ ਅਤੇ ਹੀਣ-ਭਾਵਨਾ ਵੱਧ ਮਹਿਸੂਸ ਕਰਦਾ ਅਤੇ ਅਜਿਹੇ ਜੀਵਨ ਦੀ ਚਾਹਤਚ ਕਦੋਂ ਉਹ ਖੁਦ ਇਸ ਦੌੜ ਦਾ ਹਿੱਸਾ ਬਣ ਜਾਂਦਾ ਹੈ, ਉਸ ਨੂੰ ਵੀ ਨਹੀਂ ਪਤਾ ਚੱਲਦਾ। ਆਪਣੇ ਆਪ ਨੂੰ ਦੂਜਿਆਂ ਤੋਂ ਜ਼ਿਆਦਾ ਸਫਲ ਅਤੇ ਅਮੀਰ ਦਿਖਾਉਣ ਦੀ ਚਾਹ ਨੇ ਇਨਸਾਨ ਨੂੰ ਏਨਾ ਜ਼ਿਆਦਾ ਅੰਨ੍ਹਾ ਕਰ ਦਿੱਤਾ ਹੈ ਕਿ ਉਹ ਨਾ ਸਿਰਫ ਆਪਣੀ ਅਸਲੀ ਅਤੇ ਸੋਸ਼ਲ ਮੀਡੀਆਂ 'ਤੇ ਦਿਖਾਈ ਜਾਣ ਵਾਲੀ ਜ਼ਿੰਦਗੀ 'ਚ ਫਰਕ ਭੁੱਲ ਗਿਆ ਹੈ, ਬਲਕਿ ਇਸ ਚਮਕਦਾਰ ਤਸਵੀਰ ਦੇ ਪਿਛਲੇ ਇੱਕ ਅਜਿਹੇ ਹਨੇਰੇ 'ਚ ਗੁਆਚ ਗਿਆ ਹੈ, ਜੋ ਉਹਨਾਂ ਸਭ ਕੁਰੀਤੀਆਂ ਨੂੰ ਮਾਡਰਨ ਰੂਪ ਦੇ ਰਹੀਆਂ ਹਨ, ਜੋ ਅਸੀਂ ਕਿਸੇ ਸਮੇਂ 'ਚ ਭੁਲਾ ਬੈਠੇ ਸੀ ਅਤੇ ਉਹ ਕੁਰੀਤੀਆਂ ਹਨ- ਹਰ ਰੋਜ਼ ਵਧ ਰਹੀਆਂ ਦਹੇਜ ਦੀਆਂ ਘਟਨਾਵਾਂ, ਘਰੇਲੂ ਹਿੰਸਾ, ਮਾਨਸਿਕ ਤਣਾਅ ਅਤੇ ਵਿਆਹੁਤਾ ਜੋੜਿਆਂ ਦੀਆਂ ਚੁੱਪ-ਚਾਪ ਟੁੱਟ ਰਹੀ ਜ਼ਿੰਦਗੀਆਂ।

ਹਾਲ ਹੀ ਵਿੱਚ ਦੇਸ਼ ਦੇ ਕਈ ਹਿੱਸਿਆਂ 'ਚ ਵਿਆਹ ਤੋਂ ਬਾਅਦ ਕੁੜੀਆਂ ਦੀਆਂ ਖੁਦਕੁਸ਼ੀਆਂ ਜਾਂ ਸ਼ੱਕੀ ਮੌਤਾਂ ਦੇ ਮਾਮਲੇ ਸਾਹਮਣੇ ਆਏ ਹਨ। ਬਹੁਤ ਸਾਰੀਆਂ ਘਟਨਾਵਾਂ 'ਚ ਕੁੜੀ ਦੇ ਪਰਵਾਰਾਂ ਨੇ ਦਹੇਜ ਲਈ ਤੰਗ-ਪਰੇਸ਼ਾਨ ਕਰਨ, ਮਾਨਸਿਕ ਤਸ਼ੱਦਦ ਅਤੇ ਘਰੇਲੂ ਹਿੰਸਾ ਦੇ ਦੋਸ਼ ਲਗਾਏ ਹਨ। ਹਰ ਦੂਜੇ ਦਿਨ ਕੋਈ ਨਾ ਕੋਈ ਅਜਿਹੀ ਖਬਰ ਸੁਰਖੀਆਂ ਬਟੋਰ ਰਹੀ ਹੁੰਦੀ ਹੈ, ਜਿਸ ਨੂੰ ਪੜ੍ਹ ਕੇ ਹਰ ਕਿਸੇ ਦਾ ਖੂਨ ਇੱਕ ਵਾਰੀ ਜ਼ਰੂਰ ਖੌਲਦਾ ਹੈ, ਕੈਂਡਲ ਮਾਰਚ ਵੀ ਕੀਤੇ ਜਾਂਦੇ ਹਨ, ਕੁਝ ਦਿਨਾਂ ਦੇ ਲਈ ਸੋਸ਼ਲ ਮੀਡੀਆ ਉੱਤੇ ਗੁੱਸਾ ਵੀ ਦਿਖਾਇਆ ਜਾਂਦਾ ਹੈ, ਪਰ ਫਿਰ ਕੁਝ ਦਿਨਾਂ ਬਾਅਦ ਹੀ ਸਮਾਜ ਸਭ ਕੁਝ ਭੁੱਲ-ਭੁਲਾ ਕੇ ਆਪਣੀ ਪੁਰਾਣੀ ਤੋਰ 'ਚ ਵਾਪਸ ਪਰਤ ਆਉਂਦਾ ਹੈ।

ਬੇਸ਼ੱਕ ਡਿਗਰੀਆਂ ਨੇ ਲੋਕਾਂ ਦੀ ਜੀਵਨ ਸ਼ੈਲੀ 'ਚ ਬਦਲਾਅ ਲਿਆਂਦਾ ਹੈ, ਪਰ ਘਰਾਂ ਦੀ ਸੋਚ ਅੱਜ ਵੀ ਉਹਨਾਂ ਬਰੂਹਾਂ 'ਤੇ ਹੀ ਖੜੀ ਹੈ, ਜਿੱਥੇ ਵਿਆਹ ਤੋਂ ਬਾਅਦ ਕੁੜੀ ਕੋਲੋਂ 'ਸਭ ਕੁਝ ਸਹਿਣ' ਦੀ ਉਮੀਦ ਰੱਖੀ ਜਾਂਦੀ ਹੈ ਅਤੇ ਜੇ ਉਹ ਭੁੱਲ-ਭੁਲੇਖੇ ਕਿਸੇ ਨੂੰ ਆਪਣੀ ਹੱਡ-ਬੀਤੀ ਸੁਣਾਵੇ ਵੀ ਤਾਂ ਉਸਨੂੰ 'ਐਡਜੈਸਟ ਕਰਨ' ਦੀ ਸਲਾਹ ਦਿੱਤੀ ਜਾਂਦੀ ਹੈ।

ਦਹੇਜ ਦੇ ਰੂਪ ਵਿੱਚ ਵੀ ਕਾਫੀ ਬਦਲਾਅ ਹੋਏ ਹਨ, ਪਹਿਲਾਂ ਜਿੱਥੇ ਲੋਕ ਸਿਰਫ ਘਰ ਦੇ ਸਮਾਨ ਦੀ ਸਿੱਧੀ ਮੰਗ ਰੱਖਦੇ ਸੀ, ਜੋ ਜ਼ਿਆਦਾਤਰ ਪਰਵਾਰਾਂ ਨੂੰ ਪਤਾ ਵੀ ਹੁੰਦਾ ਸੀ ਤੇ ਉਹ ਕਿਸੇ ਹੱਦ ਤੱਕ ਪੂਰਾ ਵੀ ਕਰ ਦਿੰਦੇ ਸੀ, ਤਾਂ ਉਥੇ ਹੀ ਹੁਣ ਦਹੇਜ 'ਚ ਮਹਿੰਗੀਆਂ ਕਾਰਾਂ, ਬ੍ਰਾਂਡਿਡ ਤੋਹਫੇ, ਮਹਿੰਗੇ ਘਰ, ਵੱਡੇ ਅਤੇ ਆਲੀਸ਼ਾਨ ਫੰਕਸ਼ਨ ਅਤੇ ਪੂਰੇ ਪਰਵਾਰ ਦੇ ਲਈ ਗਹਿਣਿਆਂ ਦੀ ਜਾਂ ਤਾਂ ਸਿੱਧੀ ਮੰਗ ਹੁੰਦੀ ਹੈ ਜਾਂ ਫਿਰ ਇਨ੍ਹਾਂ ਦੀ ਉਮੀਦ ਕੀਤੀ ਜਾਂਦੀ ਹੈ। ਸਿਰਫ ਏਨਾ ਹੀ ਨਹੀਂ, ਕੁੜੀ ਵਾਲਿਆਂ ਤੋਂ ਇਹ ਆਸ ਵੀ ਲਗਾਈ ਜਾਂਦੀ ਹੈ ਕਿ ਉਹ ਏਨਾ ਸਭ ਕੁਝ ਦੇਣ ਤੋਂ ਬਾਅਦ ਵੀ ਹਰ ਸਾਲ ਕੁੜੀ ਦੇ ਸਹੁਰੇ ਪਰਵਾਰ ਨੂੰ ਮਹਿੰਗੇ ਤੋਹਫਿਆਂ ਦੇ ਨਾਲ ਪੂਜਦੇ ਰਹਿਣ। ਸਮਾਜ ਦੇ ਕੁਝ ਹਿੱਸਿਆਂ 'ਚ ਕਈ ਮਾਪੇ ਆਪਣੀ ਸਾਰੀ ਉਮਰ ਦੀ ਕਮਾਈ ਸਿਰਫ ਇੱਕ ਵਿਆਹ 'ਤੇ ਹੀ ਲਗਾ ਦਿੰਦੇ ਨੇ, ਤਾਂ ਜੋ ਸਮਾਜ ਦੇ ਵਿੱਚ ਉਨ੍ਹਾਂ ਦੀ ਇੱਜ਼ਤ ਬਣੀ ਰਹੀ। ਕਿੰਨੇ ਦੁੱਖ ਦੀ ਗੱਲ ਹੈ ਕਿ ਕਈ ਵਾਰ ਵਿਆਹ ਹੁਣ ਦੋ ਲੋਕਾਂ ਦਾ ਰਿਸ਼ਤਾ ਘੱਟ ਅਤੇ ਸਮਾਜਿਕ ਪ੍ਰਦਰਸ਼ਨ ਵੱਧ ਬਣ ਗਿਆ ਹੈ। ਇਸ ਸਥਿਤੀ ਅਤੇ ਘਟਨਾਵਾਂ ਦੀ ਗੰਭੀਰਤਾ 'ਚ ਸਭ ਤੋਂ ਵੱਧ ਇਜ਼ਾਫਾ ਕੀਤਾ ਹੈ ਸੋਸ਼ਲ ਮੀਡੀਆ ਨੇ। ਸੋਸ਼ਲ ਮੀਡੀਆ ਨੇ ਹਰ ਇਨਸਾਨ ਦੀ ਜ਼ਿੰਦਗੀ ਨੂੰ ਫੋਨ ਦੀਆਂ ਸਕਰੀਨਾਂ ਰਾਹੀ ਸਭ ਦੇ ਮੋਬਾਇਲਾਂ ਤੱਕ ਪਹੁੰਚਾ ਦਿੱਤਾ ਅਤੇ ਨਮੋਸ਼ੀ ਵੀ ਹੁਣ ਪੂਰੀ ਦੁਨੀਆ ਸਾਹਮਣੇ ਹੁੰਦੀ ਹੈ, ਚਾਹੇ ਕੋਈ ਤੁਹਾਨੂੰ ਜਾਣਦਾ ਹੋਵੇ ਜਾਂ ਨਹੀਂ। ਇਹ ਵੀ ਕਾਰਨ ਹੈ ਕਿ ਕਈ ਵਾਰੀ ਬਹੁਤੇ ਪਰਵਾਰ ਬੱਚਿਆਂ ਨੂੰ ਸਹਿਣ ਕਰਨ ਦੀ ਸਲਾਹ ਦਿੰਦੇ ਨੇ, ਤਾਂ ਜੋ ਉਹਨਾ ਦੇ ਘਰੇਲੂ ਮਸਲੇ ਦੀ ਜੱਗ-ਹੱਸੀ ਨਾ ਬਣੇ। ਖੁੱਲ੍ਹ ਕੇ ਗੱਲ ਨਾ ਹੋਣ ਕਾਰਨ ਮਾਨਸਿਕ ਸਿਹਤ ਵੀ ਪਹਿਲਾਂ ਦੇ ਮੁਕਾਬਲੇ ਜ਼ਿਆਦਾ ਖਰਾਬ ਹੋ ਚੁੱਕੀ ਹੈ। ਇਕੱਲਾਪਨ, ਤਣਾਅ, ਡਰ ਅਤੇ ਹਮੇਸ਼ਾ ਹਰ ਕਿਸੇ ਵੱਲੋਂ ਕਿਸੇ ਨਾ ਕਿਸੇ ਤਰੀਕੇ ਨਾਲ ਜੱਜ ਕੀਤਾ ਜਾਣ ਦਾ ਅਹਿਸਾਸ ਵਿਅਕਤੀ ਨੂੰ ਮਾਨਸਿਕ ਅਤੇ ਭਾਵਨਾਤਮਿਕ ਤੌਰ 'ਤੇ ਤੋੜ ਕੇ ਰੱਖ ਦਿੰਦਾ ਹੈ। ਇਸ ਕਰਕੇ ਹੀ ਕੁੜੀਆਂ ਆਪਣੇ ਮਾਪਿਆਂ ਨੂੰ ਆਪਣੀ ਹਾਲਤ ਬਾਰੇ ਨਹੀਂ ਦੱਸਦੀਆਂ ਕਿ ਉਹ ਦੁਖੀ ਹੋਣਗੇ ਅਤੇ ਦੂਜੇ ਪਾਸੇ ਖੁਦ ਮਾਪੇ ਵੀ ਸਮਾਜ ਦੇ ਡਰ ਤੋਂ ਆਪਣੀਆਂ ਧੀਆਂ ਨੂੰ ਵਾਪਸ ਘਰ ਲਿਆਉਣ ਤੋਂ ਗੁਰੇਜ਼ ਕਰਦੇ ਹਨ, ਕਿਉਂਕਿ ਸਾਡੇ ਸਮਾਜ 'ਚ ਅੱਜ ਵੀ 'ਲੋਕ ਕੀ ਕਹਿਣਗੇ' ਵਾਲਾ ਦਬਾਅ ਪਰਵਾਰਾਂ ਦੇ ਮੂੰਹ ਬੰਦ ਕਰਵਾ ਦਿੰਦਾ ਹੈ ਤੇ ਕੁੜੀਆਂ ਆਪਣੀ ਜ਼ਿੰਦਗੀ ਨਾਲੋਂ ਵੱਧ ਪਰਵਾਰ ਦੀ ਇੱਜ਼ਤ ਨੂੰ ਬਚਾਉਣ ਦੀ ਵੱਧ ਤਰਜੀਹ ਦਿੰਦੀਆਂ ਨੇ, ਇਸ ਲਈ ਇਹ ਸਿਰਫ ਕਾਨੂੰਨੀ ਜਾਂ ਸਮਾਜਿਕ ਮੁੱਦਾ ਨਹੀਂ, ਬਲਕਿ ਮਨੁੱਖੀ ਸੰਵੇਦਨਸ਼ੀਲਤਾ ਦਾ ਸਵਾਲ ਬਣ ਚੁੱਕਿਆ ਹੈ। ਧੀਆਂ ਨੂੰ ਮਾਪਿਆਂ ਵੱਲੋਂ ਇਸ ਗੱਲ ਦਾ ਭਰੋਸਾ ਦੇਣਾ ਕਿ ਕੁਝ ਵੀ ਹੋ ਜਾਵੇ, ਅਸੀਂ ਤੇਰੇ ਨਾਲ ਹਾਂ, ਇਹ ਕਈ ਧੀਆਂ ਦੀ ਜ਼ਿੰਦਗੀ ਨੂੰ ਨਰਕ ਦੀ ਯਾਤਨਾ ਤੋਂ ਬਚਾ ਸਕਦਾ ਹੈ ਅਤੇ ਸਭ ਤੋਂ ਜ਼ਰੂਰੀ ਸੋਸ਼ਲ ਮੀਡੀਆ, ਮੀਡੀਆ ਅਤੇ ਫਿਲਮਾਂ ਦੀ ਜ਼ਿੰਮੇਵਾਰੀ ਕਿ ਸਿਰਫ ਦਿਖਾਵੇ, ਮਹਿੰਗੇ ਵਿਆਹ ਅਤੇ ਪਰਫੈਕਟ ਲਾਈਫ ਵਾਲੇ ਪਾਸੇ ਦੌੜਨ ਦੀ ਬਜਾਏ ਇਸ ਨੂੰ ਅਸਲੀਅਤ ਦੇ ਨਾਲ ਜਾਣੂ ਕਰਵਾਉਣਾ ਕਿ ਜ਼ਿੰਦਗੀ ਸੋਸ਼ਲ ਮੀਡੀਆ ਅਤੇ ਫਿਲਮਾਂ ਵਾਂਗ ਹਮੇਸ਼ਾ ਚਮਕ-ਦਮਕ ਵਾਲੀ ਨਹੀਂ ਹੁੰਦੀ, ਬਲਕਿ ਆਮ ਹੁੰਦੀ ਹੈ। ਅਸੀ ਮਾਡਰਨ ਕੱਪੜੇ, ਘਰ, ਜੀਵਨ-ਸ਼ੈਲੀ ਨੂੰ ਤਾਂ ਅਪਨਾ ਸਕਦੇ ਹਾਂ, ਪਰ ਜਦੋਂ ਤੱਕ ਸਾਡੀ ਸੋਚ ਮਾਡਰਨ ਨਹੀਂ ਹੁੰਦੀ, ਅਖਬਾਰ ਅਤੇ ਸੋਸ਼ਲ ਮੀਡੀਆ ਦੀਆਂ ਖਬਰਾਂ ਸਾਨੂੰ ਸ਼ਰਮਿੰਦਾ ਕਰਦੀਆਂ ਰਹਿਣਗੀਆਂ।

**# ਸੰਪਰਕ : 90414-58826**

# ਆਰਟੀਫਿਸ਼ੀਅਲ ਇੰਟੈਲੀਜੈਂਸ ਦਾ ਇਤਿਹਾਸ ਅਤੇ ਭਵਿੱਖ

ਆਰਟੀਫਿਸ਼ੀਅਲ ਇੰਟੈਲੀਜੈਂਸ ਮਨੁੱਖੀ ਬੁੱਧੀ ਨੂੰ ਮਸ਼ੀਨਾਂ ਵਿੱਚ ਉਤਾਰਨ ਦਾ ਇੱਕ ਲੰਮਾ ਅਤੇ ਰੌਚਕ ਸਫ਼ਰ ਹੈ। ਇਹ ਮਨੁੱਖੀ ਇਤਿਹਾਸ ਨੂੰ ਬਦਲਣ ਵਾਲੀਆਂ ਤਕਨਾਲੋਜੀਆਂ ਵਿੱਚੋਂ ਇੱਕ ਬਣ ਕੇ ਉਭਰਿਆ ਹੈ। ਇਸ ਦੀ ਸ਼ੁਰੂਆਤ ਉਦੋਂ ਹੋਈ, ਜਦੋਂ ਮਨੁੱਖ ਨੇ ਸਵਾਲ ਕੀਤਾ ਕਿ ਕੀ ਮਸ਼ੀਨਾਂ ਵੀ ਸੋਚ ਸਕਦੀਆਂ ਹਨ। ਇਸ ਵਿਚਾਰਧਾਰਾ ਨੇ ਇੱਕ ਨਵੀਂ ਵਿਗਿਆਨਕ ਖੇਤਰ ਦੀ ਨੀਂਹ ਰੱਖੀ, ਜੋ ਅੱਜ ਗਲੋਬਲ ਆਰਥਿਕਤਾ, ਸਮਾਜ ਅਤੇ ਰੋਜ਼ਾਨਾ ਜੀਵਨ ਨੂੰ ਡੂੰਘੇ ਤੌਰ 'ਤੇ ਪ੍ਰਭਾਵਤ ਕਰ ਰਿਹਾ ਹੈ। ਅਗਲੇ 20-30 ਸਾਲਾਂ ਵਿੱਚ ਇਹ ਤਕਨਾਲੋਜੀ ਦੁਨੀਆਂ ਨੂੰ ਇਸ ਤਰ੍ਹਾਂ ਬਦਲ ਸਕਦੀ ਹੈ, ਜਿਵੇਂ ਪਿਛਲੀਆਂ ਸਦੀਆਂ ਵਿੱਚ ਇਲੈਕਟ੍ਰੀਸਿਟੀ ਜਾਂ ਇੰਟਰਨੈੱਟ ਨੇ ਬਦਲਿਆ ਸੀ।

ਆਰਟੀਫਿਸ਼ੀਅਲ ਇੰਟੈਲੀਜੈਂਸ ਦੀਆਂ ਜੜ੍ਹਾਂ ਬਹੁਤ ਪੁਰਾਣੀਆਂ ਹਨ, ਪਰ ਆਧੁਨਿਕ ਰੂਪ ਵਿੱਚ ਇਸ ਦੀ ਸ਼ੁਰੂਆਤ 20ਵੀਂ ਸਦੀ ਦੇ ਮੱਧ ਵਿੱਚ ਹੋਈ। ਸਾਲ 1943 ਵਿੱਚ ਵਾਰਨ ਮੈਕਕਲੋਕ ਅਤੇ ਵਾਲਟਰ ਪਿਟਸ ਨੇ ਨਿਊਰਲ ਨੈੱਟਵਰਕਾਂ ਦਾ ਗਣਿਤੀ ਮਾਡਲ ਪੇਸ਼ ਕੀਤਾ, ਜਿਸ ਨੇ ਮਗਜ਼ ਦੀਆਂ ਗਤੀਵਿਧੀਆਂ ਨੂੰ ਮਸ਼ੀਨੀ ਢੰਗ ਨਾਲ ਸਮਝਣ ਦਾ ਰਾਹ ਖੋਲ੍ਹਿਆ । ਫਿਰ 1950 ਵਿੱਚ ਬ੍ਰਿਟਿਸ਼ ਗਣਿਤ ਵਿਗਿਆਨੀ ਐਲਨ ਟਿਊਰਿੰਗ ਨੇ ਆਪਣੇ ਲੇਖ 'ਕੰਪਿਊਟਿੰਗ ਮਸ਼ੀਨਰੀ ਐਂਡ ਇੰਟੈਲੀਜੈਂਸ' ਵਿੱਚ ਇੱਕ ਐਸਾ ਟੈਸਟ ਪ੍ਰਸਤਾਵਿਤ ਕੀਤਾ, ਜਿਸ ਨੂੰ ਅੱਜ ਟਿਊਰਿੰਗ ਟੈਸਟ ਕਿਹਾ ਜਾਂਦਾ ਹੈ। ਇਸ ਟੈਸਟ ਵਿੱਚ ਇਹ ਦੇਖਿਆ ਜਾਂਦਾ ਹੈ ਕਿ ਕੀ ਇੱਕ ਮਸ਼ੀਨ ਇਨਸਾਨ ਨਾਲ ਗੱਲਬਾਤ ਕਰਕੇ ਆਪਣੀ ਬੁੱਧੀ ਸਾਬਤ ਕਰ ਸਕਦੀ ਹੈ। ਟਿਊਰਿੰਗ ਦਾ ਇਹ ਵਿਚਾਰ ਬਹੁਤ ਵਿਵਾਦਪੂਰਨ ਸੀ, ਪਰ ਇਸ ਨੇ ਆਰਟੀਫਿਸ਼ੀਅਲ ਇੰਟੈਲੀਜੈਂਸ ਵੱਲ ਵਿਗਿਆਨੀਆਂ ਦਾ ਧਿਆਨ ਖਿੱਚਿਆ।

ਆਧੁਨਿਕ ਆਰਟੀਫਿਸ਼ੀਅਲ ਇੰਟੈਲੀਜੈਂਸ ਦਾ ਅਸਲ ਜਨਮ 1956 ਵਿੱਚ ਡਾਰਟਮਾਊਥ ਕਾਲਜ ਵਿੱਚ ਹੋਇਆ, ਜਿੱਥੇ ਜੌਨ ਮੈਕਕਾਰਥੀ, ਮਾਰਵਿਨ ਮਿਨਸਕੀ, ਨਾਥਾਨੀਅਲ ਰੋਚੈਸਟਰ ਅਤੇ ਕਲਾਉਡ ਸ਼ੈਨਨ ਵਰਗੇ ਵਿਗਿਆਨੀਆਂ ਨੇ ਇੱਕ ਗਰਮੀਆਂ ਦਾ ਵਰਕਸ਼ਾਪ ਆਯੋਜਿਤ ਕੀਤਾ ।ਇਸ ਵਰਕਸ਼ਾਪ ਵਿੱਚ ਹੀ 'ਆਰਟੀਫਿਸ਼ੀਅਲ ਇੰਟੈਲੀਜੈਂਸ' ਸ਼ਬਦ ਪਹਿਲੀ ਵਾਰ ਵਰਤਿਆ ਗਿਆ ਅਤੇ ਇਸ ਨੂੰ ਇੱਕ ਵੱਖਰੀ ਖੋਜ ਖੇਤਰ ਵਜੋਂ ਮਾਨਤਾ ਮਿਲੀ। ਵਿਗਿਆਨੀਆਂ ਨੇ ਉਮੀਦ ਕੀਤੀ ਕਿ ਮਸ਼ੀਨਾਂ ਨੂੰ ਭਾਸ਼ਾ ਸਮਝਣ, ਸਮੱਸਿਆ ਹੱਲ ਕਰਨ ਅਤੇ ਲੇਖਣ ਵਰਗੀਆਂ ਗਤੀਵਿਧੀਆਂ ਸਿਖਾਈਆਂ ਜਾ ਸਕਦੀਆਂ ਹਨ। ਇਸ ਤੋਂ ਬਾਅਦ 1950 ਅਤੇ 1960 ਦੇ ਦਹਾਕੇ ਵਿੱਚ ਪਰਸੈਪਟ੍ਰਾਨ ਵਰਗੇ ਨਿਊਰਲ ਨੈੱਟਵਰਕ ਅਤੇ ਏਲੀਜ਼ਾ ਵਰਗੇ ਚੈਟਬਾਟ ਵਿਕਸਤ ਹੋਏ, ਜਿਨ੍ਹਾਂ ਲੋਕਾਂ ਨੂੰ ਇਸ ਗੱਲ ਤੋਂ ਪ੍ਰਭਾਵਤ ਕੀਤਾ ਕਿ ਮਸ਼ੀਨਾਂ ਗੱਲਬਾਤ ਕਰ ਸਕਦੀਆਂ ਹਨ ।



ਸੰਦੀਪ ਕੁਮਾਰ

ਇਸ ਉਮੀਦ ਤੋਂ ਬਾਅਦ ਨਿਰਾਸ਼ਾ ਵੀ ਆਈ। ਫਿਰ 1970 ਅਤੇ 1980 ਦੇ ਦਹਾਕਿਆਂ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਵਿੱਚ ਤਰੱਕੀ ਰੁਕ ਗਈ, ਕਿਉਂਕਿ ਮਸ਼ੀਨਾਂ ਗੁੰਝਲਦਾਰ ਸਮੱਸਿਆਵਾਂ ਹੱਲ ਨਹੀਂ ਕਰ ਪਾ ਰਹੀਆਂ ਸਨ ਅਤੇ ਫੰਡਿੰਗ ਘੱਟ ਹੋ ਗਈ । ਇਸ ਨੂੰ ਆਰਟੀਫਿਸ਼ੀਅਲ ਇੰਟੈਲੀਜੈਂਸ ਵਿੰਟਰ ਕਿਹਾ ਜਾਂਦਾ ਹੈ। ਫਿਰ 1990 ਦੇ ਦਹਾਕੇ ਵਿੱਚ ਇੱਕ ਨਵੀਂ ਲਹਿਰ ਆਈ, ਜਦੋਂ ਆਈ ਬੀ ਐੱਮ ਦੇ ਸੁਪਰ ਕੰਪਿਊਟਰ ਡੀਪ ਬਲੂ ਨੇ 1997 ਵਿੱਚ ਸ਼ਤਰੰਜ ਦੇ ਵਿਸ਼ਵ ਚੈਂਪੀਅਨ ਗੈਰੀ ਕਾਸਪਾਰੋਵ ਨੂੰ ਹਰਾਇਆ । ਇਸ ਤੋਂ ਬਾਅਦ 2011 ਵਿੱਚ ਆਈ ਬੀ ਐੱਮ ਵਾਟਸਨ ਨੇ ਜੀਓਪਾਰਡੀ ਗੇਮ ਵਿੱਚ ਜਿੱਤ ਹਾਸਲ ਕੀਤੀ। ਸਾਲ 2012 ਵਿੱਚ ਐਲੈਕਸਨੈੱਟ ਨੇ ਡੀਪ ਲਰਨਿੰਗ ਵਿਗਿਆਨ ਨੂੰ ਨਵੀਂ ਉਚਾਈ ਤੱਕ ਪਹੁੰਚਾਇਆ, ਜਿਸ ਨਾਲ ਤਸਵੀਰਾਂ ਪਛਾਨਣ ਵਿੱਚ ਵੱਡੀ ਤਰੱਕੀ ਹੋਈ।

ਇਸ ਤੋਂ ਬਾਅਦ ਤਰੱਕੀ ਤੇਜ਼ ਹੋ ਗਈ। ਸਾਲ 2016 ਵਿੱਚ ਗੂਗਲ ਦਾ ਐਲਫਾਗੋ ਨੇ ਗੋ ਖੇਡ ਵਿੱਚ ਵਿਸ਼ਵ ਚੈਂਪੀਅਨ ਨੂੰ ਹਰਾਇਆ, ਜੋ ਇੱਕ ਬਹੁਤ ਗੁੰਝਲਦਾਰ ਖੇਡ ਹੈ। ਸਾਲ 2022-2023 ਵਿੱਚ ਚੈਟ ਜੀ ਪੀ ਟੀ ਵਰਗੀਆਂ ਜਨਰੇਟਿਵ ਆਰਟੀਫਿਸ਼ੀਅਲ ਇੰਟੈਲੀਜੈਂਸ ਤਕਨਾਲੋਜੀਆਂ ਨੇ ਆਮ ਲੋਕਾਂ ਤੱਕ ਆਰਟੀਫਿਸ਼ੀਅਲ ਇੰਟੈਲੀਜੈਂਸ ਨੂੰ ਪਹੁੰਚਾਇਆ । ਇਹ ਮਾਡਲ ਟੈਕਸਟ, ਤਸਵੀਰਾਂ ਅਤੇ ਵੀਡੀਓ ਤੱਕ ਬਣਾ ਸਕਦੇ ਹਨ । ਅੱਜ 2026 ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਰੋਜ਼ਾਨਾ ਜੀਵਨ ਵਿੱਚ ਡੂੰਘੇ ਤੌਰ 'ਤੇ ਘੁਲਮਿਲ ਚੁੱਕੀ ਹੈ। ਇਹ ਡਾਕਟਰੀ ਤਸਵੀਰਾਂ ਦਾ ਵਿਸ਼ਲੇਸ਼ਣ ਕਰਦੀ ਹੈ, ਡਰਾਈਵਿੰਗ ਸਹਾਇਤਾ ਦਿੰਦੀ ਹੈ ਅਤੇ ਵਪਾਰੀ ਫੈਸਲੇ ਲੈਣ ਵਿੱਚ ਮਦਦ ਕਰਦੀ ਹੈ, ਪਰ ਇਸ ਤਰੱਕੀ ਨਾਲ ਚੁਣੌਤੀਆਂ ਵੀ ਆਈਆਂ ਹਨ, ਜਿਵੇਂ ਡਾਟਾ ਪ੍ਰਾਈਵੇਸੀ, ਨੌਕਰੀਆਂ 'ਤੇ ਅਸਰ ਅਤੇ ਗਲਤ ਜਾਣਕਾਰੀ ਫੈਲਾਉਣ ਦਾ ਖਤਰਾ।

ਹੁਣ ਇਹ ਸਵਾਲ ਉੱਠ ਰਿਹਾ ਹੈ ਕਿ ਅਗਲੇ 20-30 ਸਾਲਾਂ ਵਿੱਚ ਇਹ ਦੁਨੀਆ ਨੂੰ ਕਿਵੇਂ ਬਦਲੇਗੀ । ਅਗਲੇ ਦੋ ਤੋਂ ਤਿੰਨ ਦਹਾਕਿਆਂ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਇੱਕ ਤਬਦੀਲੀ ਲਿਆਉਣ ਵਾਲੀ ਤਾਕਤ ਬਣ ਸਕਦੀ ਹੈ। ਬਹੁਤ ਸਾਰੇ ਖੋਜੀ ਇਸ ਗੱਲ 'ਤੇ ਸਹਿਮਤ ਹਨ ਕਿ 2030 ਤੱਕ ਆਰਟੀਫਿਸ਼ੀਅਲ ਇੰਟੈਲੀਜੈਂਸ ਵਧੇਰੇ ਉਨਤ ਏਜੰਟ ਬਣ ਜਾਵੇਗੀ ਜੋ ਆਪਣੇ ਆਪ ਕੰਮ ਕਰ ਸਕਦੀ ਹੈ। ਫਿਰ 2040-2050 ਤੱਕ ਇਹ ਆਰਟੀਫਿਸ਼ੀਅਲ ਜਨਰਲ ਇੰਟੈਲੀਜੈਂਸ ਤੱਕ ਪਹੁੰਚ ਸਕਦੀ ਹੈ, ਜੋ ਇਨਸਾਨ ਵਾਂਗ ਕਿਸੇ ਵੀ ਖੇਤਰ ਵਿੱਚ ਸਿਖ ਸਕਦੀ ਹੈ ਅਤੇ ਫੈਸਲੇ ਲੈ ਸਕਦੀ ਹੈ।

ਇਸ ਤਬਦੀਲੀ ਦਾ ਸਭ ਤੋਂ ਵੱਡਾ ਅਸਰ ਆਰਥਿਕਤਾ 'ਤੇ ਪਵੇਗਾ। ਆਰਟੀਫਿਸ਼ੀਅਲ ਇੰਟੈਲੀਜੈਂਸ ਉਤਪਾਦਕਤਾ ਵਧਾਏਗੀ ਅਤੇ ਨਵੀਆਂ ਨੌਕਰੀਆਂ ਬਣਾਏਗੀ, ਪਰ ਰੁਟੀਨ ਕੰਮਾਂ ਵਾਲੀਆਂ ਨੌਕਰੀਆਂ ਘਟ ਸਕਦੀਆਂ ਹਨ। ਡਾਕਟਰੀ ਖੇਤਰ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਵਿਅਕਤੀਗਤ ਇਲਾਜ, ਤੁਰੰਤ ਡਾਇਗਨੋਸਿਸ ਅਤੇ ਰੋਬੋਟਿਕ ਸਰਜਰੀ ਰਾਹੀਂ ਲੋਕਾਂ ਦੀ ਉਮਰ ਵਧਾਉਣ ਵਿੱਚ ਮਦਦ ਕਰੇਗੀ। ਇੱਕ ਅਨੁਮਾਨ ਅਨੁਸਾਰ 2050 ਤੱਕ ਆਰਟੀਫਿਸ਼ੀਅਲ ਇੰਟੈਲੀਜੈਂਸ ਨਾਲ ਬਿਮਾਰੀਆਂ ਦੀ ਭਵਿੱਖਬਾਣੀ ਅਤੇ ਰੋਕਥਾਮ ਆਮ ਹੋ ਜਾਵੇਗੀ। ਸਿੱਖਿਆ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਵਿਅਕਤੀਗਤ ਟੀਚਰ ਵਾਂਗ ਕੰਮ ਕਰੇਗਾ, ਜਿਸ ਨਾਲ ਹਰ ਵਿਦਿਆਰਥੀ ਆਪਣੀ ਗਤੀ ਅਨੁਸਾਰ ਸਿਖ ਸਕੇਗਾ। ਟ੍ਰਾਂਸਪੋਰਟੇਸ਼ਨ ਵਿੱਚ ਆਟੋਨੋਮਸ ਵਾਹਨ ਆਮ ਹੋ ਜਾਣਗੇ, ਜਿਸ ਨਾਲ ਟ੍ਰੈਫਿਕ ਅਤੇ ਦੁਰਘਟਨਾਵਾਂ ਘੱਟ ਹੋਣਗੀਆਂ।ਵਾਤਾਵਰਣ ਰੱਖਿਆ ਵਿੱਚ ਵੀ ਆਰਟੀਫਿਸ਼ੀਅਲ ਇੰਟੈਲੀਜੈਂਸ ਵੱਡੀ ਭੂਮਿਕਾ ਨਿਭਾਏਗੀ। ਇਹ ਊਰਜਾ ਖਪਤ ਨੂੰ ਔਪਟੀਮਾਈਜ਼ ਕਰਕੇ ਜਲਵਾਯੂ ਤਬਦੀਲੀ ਨਾਲ ਲੜਨ ਵਿੱਚ ਮਦਦ ਕਰ ਸਕਦੀ ਹੈ। ਖੇਤੀਬਾੜੀ ਵਿੱਚ ਬਿਹਤਰ ਫਸਲਾਂ ਉਗਾਉਣ ਅਤੇ ਭੁੱਖਮਰੀ ਘਟਾਉਣ ਲਈ ਆਰਟੀਫਿਸ਼ੀਅਲ ਇੰਟੈਲੀਜੈਂਸ ਉਪਯੋਗੀ ਸਾਬਤ ਹੋਵੇਗੀ। ਭਵਿੱਖ ਵਿੱਚ ਚੁਣੌਤੀਆਂ ਵੀ ਬਹੁਤ ਹਨ। ਨੌਕਰੀਆਂ ਦੀ ਤਬਦੀਲੀ ਨਾਲ ਬੇਰੁਜ਼ਗਾਰੀ ਵਧ ਸਕਦੀ ਹੈ, ਇਸ ਲਈ ਨਵੀਆਂ ਸਿਖਲਾਈਆਂ ਅਤੇ ਯੂਨੀਵਰਸਲ ਬੇਸਿਕ ਇਨਕਮ ਵਰਗੀਆਂ ਨੀਤੀਆਂ ਦੀ ਲੋੜ ਪਵੇਗੀ। ਏਥਿਕਲ ਮੁੱਦੇ ਜਿਵੇਂ ਆਰਟੀਫਿਸ਼ੀਅਲ ਇੰਟੈਲੀਜੈਂਸ ਵਿੱਚ ਪੱਖਪਾਤ, ਗਲਤ ਜਾਣਕਾਰੀ ਅਤੇ ਸੁਰੱਖਿਆ ਖਤਰੇ ਵੀ ਵੱਡੇ ਹੋਣਗੇ। ਜੇਕਰ ਆਰਟੀਫਿਸ਼ੀਅਲ ਇੰਟੈਲੀਜੈਂਸ ਬਹੁਤ ਤੇਜ਼ੀ ਨਾਲ ਵਿਕਸਤ ਹੋਈ ਤਾਂ ਇਸ ਨੂੰ ਨਿਯੰਤਰਣ ਵਿੱਚ ਰੱਖਣਾ ਚੁਣੌਤੀ ਬਣ ਸਕਦਾ ਹੈ। ਕੁਝ ਖੋਜੀ ਇਸ ਗੱਲ ਤੋਂ ਚਿੰਤਤ ਹਨ ਕਿ ਸੁਪਰ ਇੰਟੈਲੀਜੈਂਸ ਮਨੁੱਖੀ ਨਿਯੰਤਰਣ ਤੋਂ ਬਾਹਰ ਨਾ ਹੋ ਜਾਵੇ। ਇਸ ਲਈ ਅੰਤਰਰਾਸ਼ਟਰੀ ਸਹਿਯੋਗ ਅਤੇ ਨਿਯਮ ਬਣਾਉਣਾ ਜ਼ਰੂਰੀ ਹੈ। ਆਰਟੀਫਿਸ਼ੀਅਲ ਇੰਟੈਲੀਜੈਂਸ ਨਾ ਸਿਰਫ਼ ਤਕਨਾਲੋਜੀ ਹੈ, ਬਲਕਿ ਇਹ ਮਨੁੱਖੀ ਸਮਾਜ ਨੂੰ ਨਵੀਂ ਦਿਸ਼ਾ ਦੇਣ ਵਾਲੀ ਤਾਕਤ ਵੀ ਹੈ। ਇਸ ਨਾਲ ਅਸੀਂ ਬਿਮਾਰੀਆਂ ਤੋਂ ਮੁਕਤੀ, ਵਾਤਾਵਰਣ ਸੰਤੁਲਨ ਅਤੇ ਵਧੇਰੇ ਖੁਸ਼ਹਾਲ ਜੀਵਨ ਵੱਲ ਵਧ ਸਕਦੇ ਹਾਂ, ਪਰ ਇਸ ਲਈ ਸਾਨੂੰ ਜ਼ਿੰਮੇਵਾਰੀ ਨਾਲ ਇਸ ਨੂੰ ਵਿਕਸਤ ਕਰਨਾ ਚਾਹੀਦਾ ਹੈ, ਤਾਂ ਜੋ ਲਾਭ ਸਾਰਿਆਂ ਤੱਕ ਪਹੁੰਚ ਸਕਣ । ਅਗਲੇ 20-30 ਸਾਲ ਇਸ ਲਈ ਬਹੁਤ ਮਹੱਤਵਪੂਰਨ ਹਨ, ਕਿਉਂਕਿ ਇਸ ਸਮੇਂ ਵਿੱਚ ਲਏ ਗਏ ਫੈਸਲਿਆਂ ਨਾਲ ਭਵਿੱਖ ਦੀ ਦੁਨੀਆ ਦਾ ਰੂਪ ਤੈਅ ਹੋਵੇਗਾ।

ਅੰਤ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਮਨੁੱਖੀ ਬੁੱਧੀ ਦਾ ਵਿਸਤਾਰ ਹੈ। ਇਸ ਨੇ ਪਿਛਲੀਆਂ ਸੱਤ-ਅੱਠ ਦਹਾਕਿਆਂ ਵਿੱਚ ਬਹੁਤ ਤਰੱਕੀ ਕੀਤੀ ਹੈ ਅਤੇ ਅਗਲੇ ਤੀਹ ਸਾਲਾਂ ਵਿੱਚ ਇਹ ਦੁਨੀਆ ਨੂੰ ਇੱਕ ਨਵੀਂ ਉਚਾਈ ਤੱਕ ਲੈ ਜਾ ਸਕਦੀ ਹੈ । ਜੇਕਰ ਅਸੀਂ ਇਸ ਨੂੰ ਠੀਕ ਤਰ੍ਹਾਂ ਵਰਤੀਏ ਤਾਂ ਇਹ ਮਨੁੱਖਤਾ ਲਈ ਇੱਕ ਵਰਦਾਨ ਬਣ ਸਕਦੀ ਹੈ, ਨਾ ਕਿ ਕੋਈ ਖਤਰਾ। ਇਸ ਲਈ ਵਿਗਿਆਨ, ਨੀਤੀ ਅਤੇ ਆਮ ਲੋਕਾਂ ਵਿਚਾਲੇ ਗੱਲਬਾਤ ਜਾਰੀ ਰੱਖਣੀ ਬਹੁਤ ਜ਼ਰੂਰੀ ਹੈ, ਤਾਂ ਜੋ ਇੱਕ ਬਿਹਤਰ ਭਵਿੱਖ ਬਣਾਇਆ ਜਾ ਸਕੇ।

**# ਸੰਪਰਕ : 70098-07121**

# ਐੱਸ ਕੇ ਐੱਮ ਨੇ ਡੀ ਸੀ ਦਫਤਰ ਸਾਹਮਣੇ ਧਰਨਾ ਦਿੱਤਾ

**ਲੁਧਿਆਣਾ (ਐਮ ਐਸ ਭਾਟੀਆ)**

ਸੰਯੁਕਤ ਕਿਸਾਨ ਮੋਰਚਾ ਵੱਲੋਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਤੇ ਧਰਨੇ ਦਿੱਤੇ ਗਏ ਅਤੇ ਡਿਪਟੀ ਕਮਿਸ਼ਨਰਾਂ ਰਾਹੀਂ ਪ੍ਰਧਾਨ ਮੰਤਰੀ ਦੇ ਨਾਂਅ 'ਤੇ ਕੇਂਦਰ ਸਰਕਾਰ ਦੇ ਪੱਧਰ ਦੀਆਂ ਮੰਗਾਂ ਤੇ ਸੂਬੇ ਦੀਆਂ ਮੰਗਾਂ ਸਬੰਧੀ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤੇ ਗਏ।ਡਿਪਟੀ ਕਮਿਸ਼ਨਰ ਦਫ਼ਤਰ ਦੇ ਸਾਹਮਣੇ ਧਰਨਾ ਦਿੱਤਾ ਗਿਆ।ਮੋਰਚੇ ਨੇ ਕਿਹਾ ਕਿ ਖੇਤੀਬਾੜੀ, ਕਿਸਾਨਾਂ, ਖੇਤ ਮਜ਼ਦੂਰਾਂ ਤੇ ਪੇਂਡੂ ਅਰਥਚਾਰੇ ਨਾਲ ਜੁੜੇ ਮੁੱਦਿਆਂ ਨੂੰ ਲੰਬੇ ਸਮੇਂ ਤੋਂ ਅਣਗੌਲਿਆ ਕੀਤਾ ਜਾ ਰਿਹਾ ਹੈ, ਜਿਸ ਕਾਰਨ ਕਿਸਾਨ ਭਾਰੀ ਆਰਥਿਕ ਸੰਕਟ ਦਾ ਸਾਹਮਣਾ ਕਰ ਰਹੇ ਹਨ।

ਮੰਗ-ਪੱਤਰ ਵਿੱਚ ਸਭ ਤੋਂ ਪਹਿਲਾਂ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀਬੀਐਮਬੀ) ਵਿੱਚ ਪੰਜਾਬ ਦੀ ਪੱਕੀ ਨੁਮਾਇੰਦਗੀ ਦੇ ਅਧਿਕਾਰ ਨੂੰ ਪ੍ਰਭਾਵਤ ਕਰਨ ਵਾਲਾ ਨੋਟੀਫਿਕੇਸ਼ਨ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ ਹੈ।

ਇਸ ਦੇ ਨਾਲ ਹੀ ਖੇਤੀ ਲਈ ਖਾਦਾਂ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ, ਯੂਰੀਆ ਖਾਦ ਦੀ ਕੀਮਤ ਵਿੱਚ ਕੀਤੇ ਵਾਧੇ ਨੂੰ ਵਾਪਸ ਲੈਣ, ਸਬਸਿਡੀ ਬਹਾਲ ਕਰਨ ਤੇ ਯੂਰੀਆ ਦੇ ਥੈਲੇ ਦਾ ਭਾਰ ਮੁੜ 50 ਕਿਲੋ ਕਰਨ ਦੀ ਮੰਗ ਵੀ ਕੀਤੀ ਗਈ ਹੈ।

ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਦੀਆਂ ਵਧੀਆਂ ਕੀਮਤਾਂ ਨੂੰ ਰੱਦ ਕਰਨ ਦੀ ਮੰਗ ਵੀ ਉਠਾਈ ਗਈ ਹੈ।ਸੰਯੁਕਤ ਕਿਸਾਨ ਮੋਰਚੇ ਨੇ ਸਾਰੀਆਂ ਫਸਲਾਂ ਦੀ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) 'ਤੇ ਖਰੀਦ ਦੀ ਕਾਨੂੰਨੀ ਗਾਰੰਟੀ ਦੇਣ ਤੇ ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਸੀ-2 ਪਲੱਸ 50 ਫੀਸਦੀ ਫਾਰਮੂਲੇ ਦੇ ਆਧਾਰ 'ਤੇ ਐਮਐਸਪੀ ਨਿਰਧਾਰਤ ਕਰਨ ਦੀ ਮੰਗ ਕੀਤੀ ਹੈ।ਮੋਰਚੇ ਨੇ ਐਮਐਸਪੀ ਤੋਂ ਘੱਟ ਕੀਮਤ 'ਤੇ ਖਰੀਦ ਨੂੰ ਸਜ਼ਾਯੋਗ ਅਪਰਾਧ ਘੋਸ਼ਿਤ ਕਰਨ ਅਤੇ ਖੇਤੀ ਲਾਗਤ ਤੇ ਮੁੱਲ ਕਮਿਸ਼ਨ ਨੂੰ ਕਾਨੂੰਨੀ ਦਰਜਾ ਦੇਣ ਦੀ ਵੀ ਮੰਗ ਕੀਤੀ ਹੈ।



ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀ ਕਰਜ਼ਾ ਮੁਕਤੀ ਨੂੰ ਅਹਿਮ ਮੁੱਦਾ ਦੱਸਦਿਆਂ ਮੋਰਚੇ ਨੇ ਕਾਰਪੋਰੇਟ ਘਰਾਣਿਆਂ ਵਾਂਗ ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕਰਨ ਤੇ ਸਹਿਕਾਰੀ ਤੇ ਲੈਂਡ ਮਾਰਗੇਜ਼ ਬੈਂਕਾਂ ਵਿੱਚ ਵਨ ਟਾਈਮ ਸੈਟਲਮੈਂਟ ਸਕੀਮ ਲਾਗੂ ਕਰਨ ਦੀ ਮੰਗ ਕੀਤੀ ਹੈ।

ਮੋਰਚੇ ਨੇ ਦਿੱਲੀ ਕਿਸਾਨ ਅੰਦੋਲਨ ਨਾਲ ਸਬੰਧਤ ਕਿਸਾਨਾਂ 'ਤੇ ਦਰਜ ਸਾਰੇ ਕੇਸ ਵਾਪਸ ਲੈਣ, ਮੱਧ ਪੂਰਬ ਤੇ ਪਾਕਿਸਤਾਨ ਨਾਲ ਅਟਾਰੀ-ਵਾਹਘਾ ਤੇ ਹੁਸੈਨੀਵਾਲਾ ਸਰਹੱਦੀ ਲਾਂਘਿਆਂ ਰਾਹੀਂ ਵਪਾਰ ਮੁੜ ਸ਼ੁਰੂ ਕਰਨ ਅਤੇ ਦੇਸ਼ ਦੀ ਵਪਾਰ ਨੀਤੀ ਨੂੰ ਕਿਰਤੀ ਲੋਕਾਂ ਦੀਆਂ ਲੋੜਾਂ ਮੁਤਾਬਕ ਬਣਾਉਣ ਦੀ ਮੰਗ ਵੀ ਉਠਾਈ ਹੈ।

ਫਸਲੀ ਬੀਮੇ ਦੇ ਮਸਲੇ 'ਤੇ ਮੋਰਚੇ ਨੇ ਸਰਕਾਰੀ ਕਿਸਾਨ ਪੱਖੀ ਬੀਮਾ ਯੋਜਨਾ ਲਾਗੂ ਕਰਨ, ਜਿੰਨਾ ਨੁਕਸਾਨ ਓਨੀ ਭਰਪਾਈ ਦੇ ਸਿਧਾਂਤ ਅਨੁਸਾਰ ਮੁਆਵਜ਼ਾ ਦੇਣ ਅਤੇ ਬੀਮਾ ਪ੍ਰੀਮੀਅਮ ਸਰਕਾਰ ਵੱਲੋਂ ਭਰਨ ਦੀ ਮੰਗ ਕੀਤੀ ਹੈ।ਇਸ ਦੇ ਨਾਲ ਹੀ ਕੌਮੀ ਖੇਤੀ ਮੰਡੀਕਰਨ ਨੀਤੀ ਦੇ ਨਵੇਂ ਖਰੜੇ ਨੂੰ ਰੱਦ ਕਰਨ ਅਤੇ ਸਰਹੱਦੀ ਕਿਸਾਨਾਂ ਨੂੰ ਕੰਡਿਆਲੀ ਤਾਰ ਪਾਰਲੀ ਜ਼ਮੀਨ ਲਈ ਪ੍ਰਤੀ ਏਕੜ 30 ਹਜ਼ਾਰ ਰੁਪਏ ਸਾਲਾਨਾ ਮੁਆਵਜ਼ਾ ਦੇਣ ਦੀ ਮੰਗ ਵੀ ਕੀਤੀ ਗਈ ਹੈ।

# ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਵੱਲੋਂ ਡਾ. ਬਲਵੀਰ ਸਿੰਘ ਦੀ ਕੋਠੀ ਦਾ ਘਿਰਾਓ

**ਜਲਾਲਾਬਾਦ (ਜੀਤ ਕੁਮਾਰ)**

ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਪੰਜਾਬ ਸਰਕਾਰ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਅਤੇ ਦਫ਼ਤਰਾਂ 'ਚ ਪਿਛਲੇ 15 ਤੋਂ 20 ਸਾਲਾਂ ਤੋਂ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਵਿਭਾਗ 'ਚ ਮਰਜ਼ ਕਰਕੇ ਈ.ਪੀ.ਐਫ. ਤੇ ਈ.ਐਸ.ਆਈ.ਸੀ. ਵਰਗੀਆਂ ਤਮਾਮ ਸਹੂਲਤਾਂ ਦੇਣ ਵਾਲੀ ਪਾਲਸੀ ਅਧੀਨ 'ਪੱਕੇ ਰੁਜ਼ਗਾਰ' ਦਾ ਪ੍ਰਬੰਧ ਕਰਨ ਦੀ ਮੰਗ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ 28 ਮਈ 2026 ਤੋਂ ਪੰਜਾਬ ਸਰਕਾਰ, ਵਿਭਾਗੀ ਮੰਤਰੀ ਅਤੇ ਮੈਨੇਜਮੈਂਟ ਵਿਰੁੱਧ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਹੈੱਡ ਆਫਿਸ ਪਟਿਆਲਾ ਦਾ ਘੇਰਾਓ ਕਰਕੇ ਲਗਾਤਾਰ ਮੋਰਚਾ ਲਾਇਆ ਗਿਆ ਹੈ, ਜੋ 7ਵੇਂ ਦਿਨ ਵਿੱਚ ਦਾਖਲ ਹੋ ਗਿਆ ਹੈ।

ਧਰਨੇ ਦੌਰਾਨ ਯੂਨੀਅਨ ਵੱਲੋਂ ਕੈਬਨਿਟ ਮੰਤਰੀ ਡਾ. ਬਲਵੀਰ ਸਿੰਘ ਦੀ ਕੋਠੀ ਦਾ ਘਿਰਾਓ ਕਰਕੇ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨ ਦੀ ਅਗਵਾਈ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਸੀ.ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਭੁਪਿੰਦਰ ਸਿੰਘ ਕੁਤਬੇਵਾਲ, ਜਸਵੀਰ ਸਿੰਘ ਜਿੰਦਵੜੀ, ਬਲਜੀਤ ਸਿੰਘ ਭੱਟੀ ਨੇ ਕੀਤੀ। ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ ਨੇ ਕਿਹਾ ਕਿ 30 ਮਈ ਨੂੰ ਪੰਜਾਬ ਸਰਕਾਰ ਦੀ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਆਊਟਸੋਰਸ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੀਡੀਆ ਬਿਆਨਾਂ ਰਾਹੀ ਦੱਸਿਆ ਗਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਆਊਟਸੋਰਸ ਮੁਲਾਜਮਾਂ ਨੂੰ ਰੈਗੂਲਰ (ਪੱਕਾ) ਕਰਨ ਲਈ ਐਕਟ ਬਣਾਇਆ ਜਾ ਰਿਹਾ ਹੈ, ਪਰ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਬਤੌਰ ਇਨਲਿਸਟਮੈਂਟ ਕੈਟਾਗਿਰੀ ਅਧੀਨ ਕੰਮ ਕਰਦੇ 2800 ਵਰਕਰਾਂ ਨੂੰ ਇਸ ਪਾਲਸੀ ਅਧੀਨ ਪੱਕਾ ਕਰਨ ਸਬੰਧੀ ਜਿਕਰ ਨਹੀਂ ਕੀਤਾ ਗਿਆ ਹੈ ਕਿ ਇਹ ਇਨਲਿਸਟਮੈਂਟ ਵਰਕਰ ਵੀ ਇਸ ਪਾਲਸੀ ਅਧੀਨ ਕਵਰ ਹੋਣਗੇ?



ਸੂਬਾਈ ਆਗੂਆਂ ਨੇ ਅੱਗੇ ਦੱਸਿਆਂ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਪੰਜਾਬ ਸਰਕਾਰ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਅਤੇ ਦਫਤਰਾਂ ਵਿਚ ਇਨਲਿਸਟਮੈਂਟ ਅਤੇ ਆਊਟਸੋਰਸ (ਦੋ ਕੈਟਾਗਿਰੀਆਂ) ਅਧੀਨ ਪਿਛਲੇ 15 ਤੋਂ 20 ਸਾਲਾਂ ਦੇ ਲੰਬੇ ਅਰਸੇ ਤੋਂ ਇਕ ਵਰਕਰ ਦੇ ਰੂਪ 'ਚ ਲਗਾਤਾਰ ਸੇਵਾਵਾਂ ਦੇ ਰਹੇ ਹਨ ਤੇ ਪੰਜਾਬ ਸਰਕਾਰ ਦੀਆਂ ਜਰੂਰੀ ਸਹੂਲਤਾਂ ਲੋਕਾਂ ਤੱਕ ਪੁਚਾਉਣ ਦੀ ਸੇਵਾ ਕਰ ਰਹੇ ਹਨ, ਜਿਸ ਵਿੱਚ ਇਨਲਿਸਟਮੈਂਟ ਵਰਕਰ ਵੀ ਲਗਾਤਾਰ ਸੇਵਾਵਾਂ ਨਿਭਾਅ ਰਹੇ ਹਨ।ਉਨ੍ਹਾਂ ਨੂੰ ਵੀ ਸਭ ਤੋਂ ਪਹਿਲਾਂ ਆਊਟਸੋਰਸ ਵਰਕਰ ਦੇ ਰੂਪ ਵਿੱਚ ਰੱਖਿਆ ਗਿਆ ਸੀ, ਪਰ ਵਿਭਾਗੀ ਮੈਨੇਜਮੈਂਟ ਵੱਲੋਂ ਇਨ੍ਹਾਂ ਵਰਕਰਾਂ ਨੂੰ ਤਨਖਾਹ ਸਿੱਧੇ ਰੂਪ 'ਚ ਦੇਣ ਦੇ ਬਹਾਨੇ ਨਾਲ ਇਨਲਿਸਟਮੈਂਟ ਅਧੀਨ ਕਰ ਦਿੱਤਾ ਗਿਆ, ਜਦੋਂਕਿ ਇਨ੍ਹਾਂ ਇਨਲਿਸਟਮੈਂਟ ਵਰਕਰਾਂ ਨੂੰ ਇਸ ਸਮੇਂ ਸਰਕਾਰੀ ਖ਼ਜ਼ਾਨੇ ਵਿੱਚੋਂ ਤਨਖਾਹ ਤੇ ਹਫਤਾਵਾਰੀ ਰੈਸਟਾਂ ਆਦਿ ਮਿਲ ਰਹੀਆਂ ਹਨ। ਇਹ ਸਹੂਲਤਾਂ ਕਿਰਤ ਕਾਨੂੰਨ ਅਧੀਨ ਮਿਲਦੀਆਂ ਹਨ ਅਤੇ ਸਮੇਂ-ਸਮੇਂ ਮੁਤਾਬਕ ਉਜਰਤਾਂ ਵਿੱਚ ਵਾਧਾ ਵੀ ਕੀਤਾ ਜਾਂਦਾ ਹੈ। ਹੁਣ ਇਨਲਿਸਟਮੈਂਟ ਵਰਕਰਾਂ ਨੇ ਆਪਣੀ ਜ਼ਿੰਦਗੀ ਦਾ ਸਭ ਤੋਂ ਕੀਮਤੀ ਸਮਾਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ ਤੇ ਫੀਲਡ ਅਤੇ ਦਫਤਰਾਂ ਵਿੱਚ ਲੇਖੇ ਲਗਾ ਦਿੱਤਾ ਹੈ। ਯੂਨੀਅਨ ਦੀ ਮੰਗ ਹੈ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਿੱਚ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਵਰਕਰਾਂ ਨੂੰ ਵੀ ਪੰਜਾਬ ਸਰਕਾਰ ਵੱਲੋਂ ਲਿਆਂਦੇ ਜਾ ਰਹੇ 'ਪੰਜਾਬ ਸਟੇਟ ਆਊਟਸੋਰਸਡ ਪਰਸੋਨਲ (ਟਰਾਂਜਿਸ਼ਨ ਟੂ ਕੰਟਰੈਕਟੂਅਲ ਐਂਗੇਜਮੈਂਟ) ਬਿੱਲ 2026' ਤੇ 'ਪੰਜਾਬ ਕੰਟਰੈਕਟੂਅਲ ਪਰਸੋਨਲ (ਮਨਜ਼ੂਰਸ਼ੁਦਾ ਖਾਲੀ ਅਸਾਮੀਆਂ ਵਿਰੁੱਧ ਐਬਸੌਰਪਸ਼ਨ) ਬਿੱਲ, 2026' ਵਿੱਚ ਸ਼ਾਮਲ ਕੀਤਾ ਜਾਵੇ। ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਸਬੰਧਤ ਵਿਭਾਗ 'ਚ ਮਰਜ਼ ਕਰਕੇ ਏ.ਪੀ.ਐਫ. ਤੇ ਈ.ਐਸ.ਆਈ.ਸੀ. ਵਰਗੀਆਂ ਤਮਾਮ ਸਹੂਲਤਾਂ ਦੇਣ ਵਾਲੀ ਪਾਲਸੀ ਅਧੀਨ 'ਪੱਕੇ ਰੁਜਗਾਰ' ਦਾ ਪ੍ਰਬੰਧ ਕੀਤਾ ਹੋਣ ਨਾਲ ਇਨ੍ਹਾਂ ਵਰਕਰਾਂ ਦਾ ਵੀ ਰੁਜ਼ਗਾਰ ਸੁਰੱਖਿਅਤ ਹੋ ਸਕੇ। ਅੰਤ ਵਿੱਚ ਯੂਨੀਅਨ ਵੱਲੋਂ ਐਲਾਨ ਕੀਤਾ ਗਿਆ ਕਿ ਜਲ ਸਪਲਾਈ ਵਿਭਾਗ 'ਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਦਾ ਪੱਕਾ ਰੁਜਗਾਰ ਦਾ ਪ੍ਰਬੰਧ ਕਰਨ ਦੀ ਮੰਗ ਨੂੰ ਮਨਵਾਉਣ ਤੱਕ ਪੁਅਮਨ ਸੰਘਰਸ਼ ਜਾਰੀ ਰੱਖਿਆ ਜਾਵੇਗਾ।

## ਕਾਤਰਾਂ

### ਸਥਾਨਕ ਚੋਣਾਂ 'ਚ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਤੇ ਧੱਕੇਸ਼ਾਹੀ ਦੇ ਦੋਸ਼



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਐਸ ਸੀ ਡਿਪਾਰਮੈਂਟ ਸਟੇਟ ਅਡਵਾਈਜ਼ਰੀ ਕੌਂਸਲ ਦੇ ਮੈਂਬਰ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਮੈਂਬਰ ਪੀ ਪੀ ਸੀ ਸੀ ਨੇ ਸਥਾਨਕ ਚੋਣਾਂ ਦੇ ਨਤੀਜਿਆਂ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਹਰਮਨ ਪਿਆਰਤਾ ਨਹੀਂ, ਬਲ ਕਿ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ, ਧੱਕੇਸ਼ਾਹੀ ਅਤੇ ਵਿਰੋਧੀ ਉਮੀਦਵਾਰਾਂ ਨੂੰ ਡਰਾਉਣ-ਧਮਕਾਉਣ ਦਾ ਨਤੀਜਾ ਹਨ, ਜੋ ਲੋਕਤੰਤਰ ਲਈ ਚਿੰਤਾਜਨਕ ਹੈ।ਸ਼੍ਰੀ ਦਰਸ਼ਨ ਕਾਂਗੜਾ ਆਪਣੀ ਰਿਹਾਇਸ਼ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਕਾਂਗਰਸ ਲੋਕਾਂ ਦੇ ਫ਼ੈਸਲੇ ਦਾ ਸਤਿਕਾਰ ਕਰਦੀ ਹੈ, ਪਰ ਚੋਣਾਂ ਵਿਚ ਹੋਈਆਂ ਬੇਨਿਯਮੀਆਂ ਅਤੇ ਪ੍ਰਸ਼ਾਸਨਿਕ ਪੱਖਪਾਤ ਨੂੰ ਅਣਡਿੱਠਾ ਨਹੀਂ ਕੀਤਾ ਜਾ ਸਕਦਾ ਕਿਉਂਕਿ ਅਜਿਹੇ ਹੱਥਕੰਡਿਆਂ ਨਾਲ ਜਨਤਾ ਦਾ ਲੋਕਤੰਤਰ 'ਤੇ ਵਿਸ਼ਵਾਸ ਕਮਜ਼ੋਰ ਹੁੰਦਾ ਹੈ।ਮੌਜੂਦਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਅੱਜ ਬੇਰੁਜ਼ਗਾਰੀ, ਨਸ਼ਾਖੋਰੀ, ਵਧਦੇ ਕਰਜ਼ੇ, ਖੇਤੀਬਾੜੀ ਸੰਕਟ, ਉਦਯੋਗਾਂ ਦੇ ਪਲਾਇਨ ਅਤੇ ਕਾਨੂੰਨ-ਵਿਵਸਥਾ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ, ਪਰ ਸਰਕਾਰ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਦੀ ਬਜਾਏ ਰਾਜਨੀਤਿਕ ਲਾਭ ਲਈ ਸਰਕਾਰੀ ਤੰਤਰ ਦੀ ਵਰਤੋਂ ਕਰ ਰਹੀ ਹੈ।ਦਰਸ਼ਨ ਕਾਂਗੜਾ ਨੇ ਦੁਹਰਾਇਆ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਤੰਤਰਿਕ ਕਦਰਾਂ-ਕੀਮਤਾਂ ਅਤੇ ਜਨਤਾ ਦੇ ਅਧਿਕਾਰਾਂ ਲਈ ਸੰਘਰਸ਼ ਕਰਦੀ ਰਹੀ ਹੈ, ਅੱਗੇ ਵੀ ਕਰਦੀ ਰਹੇਗੀ।

### ਸੰਯੁਕਤ ਕਿਸਾਨ ਮੋਰਚੇ ਵੱਲੋਂ ਡੀ ਸੀ ਦਫ਼ਤਰ ਮੂਹਰੇ ਧਰਨਾ

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਪਰਾਲੀ ਸਾੜਨ ਸਬੰਧੀ ਦਰਜ ਕੀਤੇ ਮੁਕਦਮੇ ਰੱਦ ਕਰਨ, ਯੂਰੀਆ ਖਾਦ ਦੀ ਕੀਮਤ 'ਚ ਕੀਤਾ ਵਾਧਾ ਵਾਪਸ ਲੈਣ, ਈਂਧਣ ਦਾ ਵਾਧਾ ਰੱਦ ਕਰਨ, ਫਸਲੀ ਕਰਜ਼ਾ ਮੁਹੱਈਆ ਕਰਾਉਣ, ਸਾਰੀਆਂ ਫਸਲਾਂ 'ਤੇ ਐਮ ਐਸ ਪੀ ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਉਣ, ਸਹਿਕਾਰੀ ਤੇ ਲੈਂਡ ਮਾਰਟਗੇਜ਼ ਬੈਂਕਾਂ ਵਿੱਚ ਵਨ ਟਾਈਮ ਸੈਟਲਮੈਂਟ ਸਕੀਮ ਲਾਗੂ ਕਰਨ, ਖੁਦਕਸ਼ੀ ਕਰ ਗਏ ਕਿਸਾਨਾਂ ਦੇ ਇਕ ਜੀਅ ਨੂੰ ਸਰਕਾਰੀ ਨੌਕਰੀ ਅਤੇ ਸਮੁੱਚੇ ਕਰਜ਼ੇ ਦਾ ਖਾਤਮਾ, 58 ਸਾਲ ਤੋਂ ਵੱਧ ਉਮਰ ਵਾਲੇ ਕਿਸਾਨਾਂ ਨੂੰ 10 ਹਜ਼ਾਰ ਰੁਪਏ ਬੁਢਾਪਾ ਪੈਨਸ਼ਨ, ਸੇਮ ਨਾਲਿਆਂ ਦੀ ਸਫਾਈ ਅਤੇ ਚੌਵੀ ਘੰਟੇ ਬਿਜਲੀ ਸਪਲਾਈ ਦੇਣ ਸਣੇ ਹੋਰ ਮੁੱਦਿਆਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਡੀਸੀ ਦਫਤਰ ਮੂਹਰੇ ਧਰਨਾ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਗੁਰਭਗਤ ਸਿੰਘ ਭਲਾਈਆਣਾ ਬੀਕੇਯੂ ਉਗਰਾਹਾਂ, ਜਰਨੈਲ ਸਿੰਘ ਰੋੜਾਂਵਾਲੀ, ਗੋਬਿੰਦ ਸਿੰਘ ਕੋਟਲੀ, ਪੂਰਨ ਸਿੰਘ ਵੱਟੂ, ਜਸਵਿੰਦਰ ਸਿੰਘ ਕਿਰਤੀ ਕਿਸਾਨ ਯੂਨੀਅਨ, ਜਗਸੀਰ ਸਿੰਘ, ਗੁਰਪਾਸ਼ ਸਿੰਘ, ਕਾਕਾ ਸਿੰਘ ਖੁੰਡੇ ਹਲਾਲ ਅਤੇ ਅਮਰਜੀਤ ਪਾਲ ਹੋਰਾਂ ਨੇ ਕਿਹਾ ਕਿ ਸਰਕਾਰਾਂ ਦੀਆਂ ਮਾੜੀਆਂ ਨੀਤੀਆਂ ਨੇ ਖੇਤੀ ਅਧਾਰਿਤ ਕਿਸਾਨਾਂ ਤੇ ਖੇਤ ਮਜ਼ਦੂਰਾਂ ਦਾ ਜਿਉਣਾ ਦੁੱਭਰ ਕਰ ਦਿੱਤਾ ਹੈ।ਇਸ ਲਈ ਜਥੇਬੰਦੀਆਂ ਨੂੰ ਸੰਘਰਸ਼ ਦਾ ਰਾਹ ਅਪਣਾਉਣਾ ਪੈ ਰਿਹਾ ਹੈ।ਇਸ ਮੌਕੇ ਵੱਡੀ ਗਿਣਤੀ 'ਚ ਕਿਸਾਨ ਮੌਜੂਦ ਸਨ।ਬਾਅਦ ਵਿੱਚ ਐਸ ਡੀ ਐਮ ਗੁਰਕਿਰਨ ਸਿੰਘ ਨੇ ਧਰਨੇ ਵਿੱਚ ਆ ਕੇ ਕਿਸਾਨਾਂ ਕੋਲੋਂ ਮੰਗ ਪੱਤਰ ਲਿਆ ਤੇ ਪ੍ਰਸ਼ਾਸਨਿਕ ਪੱਧਰ 'ਤੇ ਹੋਣ ਵਾਲੀਆਂ ਮੰਗਾਂ ਤੁਰੰਤ ਪੂਰੀਆਂ ਕਰਨ ਤੇ ਬਾਕੀ ਸਬੰਧੀ ਸਰਕਾਰ ਨੂੰ ਜਾਣੂ ਕਰਾਉਣ ਦਾ ਭਰੋਸਾ ਦਿੱਤਾ।

# ਨਰੇਗਾ ਕਰਮਚਾਰੀਆਂ ਵੱਲੋਂ ਕਲਮ ਛੋੜ ਹੜਤਾਲ ਸ਼ੁਰੂ



**ਨਿਹਾਲ ਸਿੰਘ ਵਾਲਾ, (ਲਵਲੀ ਕੁਮਾਰ)**-ਨਰੇਗਾ ਕ੍ਰਮਚਾਰੀ ਯੂਨੀਅਨ ਜ਼ਿਲ੍ਹਾ ਮੋਗਾ ਵੱਲੋਂ ਨਰੇਗਾ ਕ੍ਰਮਚਾਰੀ ਯੂਨੀਅਨ ਪੰਜਾਬ ਦੇ ਸੱਦੇ 'ਤੇ ਆਪਣੀਆਂ ਸੇਵਾਵਾਂ ਨੂੰ ਰੈਗੂਲਰ ਕਰਾਉਣ ਅਤੇ ਪਿਛਲੇ ਛੇ ਮਹੀਨਿਆਂ ਤੋਂ ਰੁਕੀਆਂ ਤਨਖਾਹਾਂ ਜਾਰੀ ਕਰਾਉਣ ਦੀ ਮੰਗ ਨੂੰ ਲੈ ਕੇ ਅੱਜ ਤੋਂ ਕਲਮ ਛੋੜ ਹੜਤਾਲ ਸ਼ੁਰੂ ਕਰ ਦਿੱਤੀ ਗਈ।ਇਸ ਦੌਰਾਨ ਨਰੇਗਾ ਤੇ ਹੋਰ ਸਾਰੇ ਸਰਕਾਰੀ ਕੰਮਕਾਜ ਮੁਕੰਮਲ ਤੌਰ 'ਤੇ ਬੰਦ ਰੱਖੇ ਗਏ।ਹੜਤਾਲ ਦੌਰਾਨ ਕ੍ਰਮਚਾਰੀਆਂ ਨੇ ਏਡੀਸੀ (ਵਿਕਾਸ) ਮੋਗਾ ਦੇ ਦਫ਼ਤਰ ਨੂੰ ਮੰਗ ਪੱਤਰ ਸੌਂਪਦਿਆਂ ਆਪਣੀਆਂ ਮੰਗਾਂ ਜਲਦ ਪੂਰੀਆਂ ਕਰਨ ਦੀ ਮੰਗ ਕੀਤੀ।ਯੂਨੀਅਨ ਆਗੂਆਂ ਨੇ ਕਿਹਾ ਕਿ ਨਰੇਗਾ ਕ੍ਰਮਚਾਰੀ ਪਿਛਲੇ 16 ਤੋਂ 17 ਸਾਲਾਂ ਤੋਂ ਕੱਚੇ ਆਧਾਰ 'ਤੇ ਸੇਵਾਵਾਂ ਨਿਭਾਅ ਰਹੇ ਹਨ, ਪਰ ਅਜੇ ਤੱਕ ਉਨ੍ਹਾਂ ਨੂੰ ਪੱਕਾ ਨਹੀਂ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਪਿੰਡਾਂ ਦੇ ਵਿਕਾਸ ਤੇ ਮਨਰੇਗਾ ਸਕੀਮ ਨੂੰ ਸਫਲ ਬਣਾਉਣ ਵਿੱਚ ਕਰਮਚਾਰੀਆਂ ਦਾ ਕਰੀਬ 80 ਫੀਸਦੀ ਯੋਗਦਾਨ ਹੈ।ਆਗੂਆਂ ਨੇ ਕਿਹਾ ਕਿ ਪਿਛਲੇ ਛੇ ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਾਰਨ ਕ੍ਰਮਚਾਰੀਆਂ ਨੂੰ ਗੰਭੀਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮੌਜੂਦਾ ਮਹਿੰਗਾਈ ਦੇ ਦੌਰ ਵਿੱਚ ਬਿਨਾਂ ਤਨਖਾਹ ਘਰ ਦਾ ਗੁਜ਼ਾਰਾ ਕਰਨਾ ਬਹੁਤ ਔਖਾ ਹੋ ਗਿਆ ਹੈ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਤਨਖਾਹਾਂ ਜਾਰੀ ਨਾ ਕੀਤੀਆਂ ਤੇ ਸੇਵਾਵਾਂ ਰੈਗੂਲਰ ਕਰਨ ਸਬੰਧੀ ਕੋਈ ਠੋਸ ਫ਼ੈਸਲਾ ਨਾ ਲਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

# ਨੀਟ ਪੇਪਰ ਲੀਕ ਤੇ ਸੀ ਬੀ ਐੱਸ ਈ ਦੇ ਮਾੜੇ ਪ੍ਰਬੰਧਾਂ ਖ਼ਿਲਾਫ਼ ਰੋਸ ਪ੍ਰਦਰਸ਼ਨ



**ਸੰਗਰੂਰ (ਪ੍ਰਵੀਨ ਸਿੰਘ)**-ਜਿਲ੍ਹਾ ਕਾਂਗਰਸ ਸੰਗਰੂਰ ਕਮੇਟੀ ਦੇ ਪ੍ਰਧਾਨ ਜਗਦੇਵ ਗਾਗਾ ਦੀ ਅਗਵਾਈ ਹੇਠ ਸੈਂਕੜੇ ਕਾਂਗਰਸੀ ਵਰਕਰਾਂ ਵੱਲੋਂ ਨੀਟ ਪੇਪਰ ਲੀਕ ਅਤੇ ਸੀ ਬੀ ਐਸ ਈ ਵਿੱਚ ਫੈਲੀ ਅਵਿਵਸਥਾ ਅਤੇ ਮਾੜੇ ਪ੍ਰਬੰਧਾਂ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਮਾਰਚ ਕੱਢਿਆ।ਪ੍ਰਦਰਸ਼ਨਕਾਰੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਪੁਤਲੇ ਵੀ ਫੂਕੇ। ਉਹ ਸਿੱਖਿਆ ਮੰਤਰੀ ਨੂੰ ਬਰਖਾਸਤ ਕਰਨ ਦੀ ਮੰਗ ਕਰ ਰਹੇ ਸਨ।ਇਸ ਮੌਕੇ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ, ਸੀਨੀਅਰ ਕਾਂਗਰਸੀ ਆਗੂ ਨੇ ਕਿਹਾ ਕਿ ਦੇਸ਼ ਭਰ ਤੋਂ 22 ਲੱਖ ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਦਿੱਤੀ ਸੀ, ਪਰ ਬਾਅਦ ਵਿੱਚ ਇਹ ਸਾਹਮਣੇ ਆਇਆ ਕਿ ਪ੍ਰੀਖਿਆ ਦਾ ਪ੍ਰਸ਼ਨ ਪੱਤਰ ਲੀਕ ਹੋ ਗਿਆ ਸੀ।ਉਨ੍ਹਾਂ ਨੇ ਕਿਹਾ ਕਿ ਇਹ ਦੂਜੀ ਵਾਰ ਹੋਇਆ ਹੈ, ਜਦੋਂ ਨੀਟ ਦਾ ਪੇਪਰ ਲੀਕ ਹੋਇਆ ਹੈ, ਲੇਕਿਨ ਇਸ ਮਾਮਲੇ ਵਿੱਚ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਗਈ।ਸੀਨੀਅਰ ਕਾਂਗਰਸੀ ਆਗੂ ਨੇ ਮੰਗ ਕੀਤੀ ਕਿ ਵਾਰ-ਵਾਰ ਨੀਟ ਪ੍ਰੀਖਿਆਵਾਂ ਕਰਵਾਉਣ ਵਿੱਚ ਨਾਕਾਮ ਰਹੀ ਨੈਸ਼ਨਲ ਟੈਸਟਿੰਗ ਏਜੰਸੀ (ਐਨ ਟੀ ਏ) ਨੂੰ ਭੰਗ ਕੀਤਾ ਜਾਵੇ ਅਤੇ ਨੀਟ ਪ੍ਰੀਖਿਆਵਾਂ ਦੇ ਆਯੋਜਨ ਲਈ ਇੱਕ ਪੂਰੀ ਤਰ੍ਹਾਂ ਭਰੋਸੇਯੋਗ ਅਤੇ ਪਾਰਦਰਸ਼ੀ ਪ੍ਰਣਾਲੀ ਬਣਾਈ ਜਾਵੇ, ਕਿਉਂਕਿ ਇਹ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜਿਆ ਮਾਮਲਾ ਹੈ।ਪ੍ਰਦਰਸ਼ਨਕਾਰੀਆਂ ਨੇ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਤੁਰੰਤ ਬਰਖਾਸਤ ਕਰਨ ਦੀ ਮੰਗ ਕਰਦਿਆਂ ਸਵਾਲ ਕੀਤਾ ਕਿ ਜਦੋਂ ਇਹ ਆਪਣੇ ਹਰ ਫਰਜ਼ ਵਿੱਚ ਅਸਫਲ ਰਹੇ ਹਨ, ਤਾਂ ਪ੍ਰਧਾਨ ਮੰਤਰੀ ਮੋਦੀ ਇਨ੍ਹਾਂ ਨੂੰ ਬਚਾਉਣ ਅਤੇ ਸੁਰੱਖਿਆ ਦੇਣ ਦੀ ਕੋਸ਼ਿਸ਼ ਕਿਉਂ ਕਰ ਰਹੇ ਹਨ।ਇਸ ਮੌਕੇ ਬਿੰਦਰ ਬਾਂਸਲ ਉਪ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਸੰਗਰੂਰ, ਵਿਨੋਦ ਕੁਮਾਰ ਬੋਦੀ, ਪਰਮਿੰਦਰ ਸ਼ਰਮਾਂ, ਨਵਿੰਨ ਬੱਗਾ, ਹੈਨਰੀ ਸਿੱਧੂ, ਦੁਰਲੱਭ ਸਿੱਧੂ, ਅੰਮ੍ਰਿਤਪਾਲ ਸਿੰਘ ਸ਼ੇਰੋਂ, ਹਰਪਾਲ ਸਿੰਘ ਸੋਨੂੰ ਸੰਗਰੂਰ ਮੁੱਖ ਬੁਲਾਰਾ, ਬਲਜੋਤ ਬੱਬੂ, ਪ੍ਰਿਤਪਾਲ ਸਿੰਘ ਲੱਡਾ, ਗੁਰਧਿਆਨ ਦਾਸ, ਹਰਜਿੰਦਰ ਸਨੀ, ਲਾਲ ਸਿੰਘ ਸਰਪੰਚ, ਜਸਵੀਰ ਕੌਰ ਮੁੱਖ ਬੁਲਾਰਾ, ਐਡਵੋਕੇਟ ਤਰਲੋਕ ਭੰਗੂ, ਰੌਕੀ ਬਾਂਸਲ ਬਲਾਕ ਪ੍ਰਧਾਨ ਸੰਗਰੂਰ, ਗੁਰਦੀਪ ਘਰਾਚੋਂ, ਬਲਾਕ ਪ੍ਰਧਾਨ, ਮਨਪ੍ਰੀਤ ਮਨੀ ਬਲਾਕ ਸੁਨਾਮ, ਰਣਜੀਤ ਕੌਰ ਬਦੇਸ਼ਾ ਜਿਲ੍ਹਾ ਪ੍ਰਧਾਨ ਮਹਿਲਾ ਕਾਂਗਰਸ, ਚਰਨਜੀਤ ਕੌਰ ਬਲਾਕ ਪ੍ਰਧਾਨ ਸੰਗਰੂਰ, ਜਸਵਿੰਦਰ ਸੈਣੀ, ਅਭਿਸ਼ੇਕ ਰਾਵਤ, ਦਲਜੀਤ ਮਾਨ ਸੰਗਰੂਰ, ਦਵਿੰਦਰ ਢੰਡੋਲੀ, ਸ਼ਕਤੀਜੀਤ ਜਿਲ੍ਹਾ ਪ੍ਰਧਾਨ ਐਸ ਸੀ ਸੈੱਲ ਸੰਗਰੂਰ, ਰਣਬੀਰ ਸਿੰਘ ਬਲਾਕ ਪ੍ਰਧਾਨ ਐਸ ਸੀ ਸੈੱਲ ਸੰਗਰੂਰ, ਵਰਕਰ ਹਾਜ਼ਰ ਸਨ

# ਪੈਟਰੋਲ ਪੰਪ ਤੋਂ ਤੇਲ ਪੁਆ ਕੇ ਫ਼ਰਾਰ ਹੋਏ ਕਾਰ ਸਵਾਰ, ਪੁਲਸ ਨੇ ਸ਼ੁਰੂ ਕੀਤੀ ਜਾਂਚ



**ਭਵਾਨੀਗੜ੍ਹ (ਰਾਜ ਖੁਰਮੀ)**-ਪਿੰਡ ਕਾਕੜਾ ਵਿਖੇ ਸਥਿਤ ਯੋਗੇਸ਼ ਕਿਸਾਨ ਸੇਵਾ ਕੇਂਦਰ ਤੋਂ ਇੱਕ ਕਾਰ ਸਵਾਰ ਵੱਲੋਂ ਕਰੀਬ 3880 ਰੁਪਏ ਦਾ ਤੇਲ ਪੁਆ ਕੇ ਬਿਨਾਂ ਭੁਗਤਾਨ ਕੀਤੇ ਫ਼ਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਪੰਪ ਮਾਲਕ ਵੱਲੋਂ ਪੁਲਸ ਨੂੰ ਸ਼ਿਕਾਇਤ ਦਿੱਤੀ ਗਈ ਹੈ।ਯੋਗੇਸ਼ ਸਿੰਗਲਾ, ਮਾਲਕ ਯੋਗੇਸ਼ ਕਿਸਾਨ ਸੇਵਾ ਕੇਂਦਰ, ਪਿੰਡ ਕਾਕੜਾ ਨੇ ਦੱਸਿਆ ਕਿ 2 ਜੂਨ ਦੀ ਰਾਤ ਕਰੀਬ 10:45 ਤੋਂ 11:00 ਵਜੇ ਦੇ ਦਰਮਿਆਨ ਇੱਕ ਸਵਿਫਟ ਕਾਰ ਪੰਪ 'ਤੇ ਆਈ।ਕਾਰ ਚਾਲਕ ਨੇ ਆਪਣੀ ਗੱਡੀ ਦੀ ਟੈਂਕੀ ਫੁੱਲ ਕਰਾਈ, ਜਿਸ ਵਿੱਚ ਕਰੀਬ 3880 ਰੁਪਏ ਦਾ ਤੇਲ ਪਾਇਆ ਗਿਆ।ਉਨ੍ਹਾਂ ਦੱਸਿਆ ਕਿ ਤੇਲ ਪਵਾਉਣ ਤੋਂ ਬਾਅਦ ਕਾਰ ਵਿੱਚ ਸਵਾਰ ਵਿਅਕਤੀ ਨੇ ਆਪਣਾ ਮੋਬਾਈਲ ਫੋਨ ਕੱਢ ਕੇ ਸਕੈਨਰ ਦੀ ਫੋਟੋ ਖਿੱਚ ਲਈ, ਜਿਸ ਨਾਲ ਪੰਪ ਕ੍ਰਮਚਾਰੀਆਂ ਨੂੰ ਲੱਗਾ ਕਿ ਉਹ ਆਨਲਾਈਨ ਭੁਗਤਾਨ ਕਰ ਰਿਹਾ ਹੈ।ਪਰ ਜਦੋਂ ਪੰਪ ਦੇ ਕਰਮਚਾਰੀ ਪ੍ਰਿੰਸ ਨੇ ਭੁਗਤਾਨ ਬਾਰੇ ਪੁੱਛਿਆ ਤਾਂ ਕਾਰ ਸਵਾਰ ਮੌਕੇ ਤੋਂ ਗੱਡੀ ਭਜਾ ਕੇ ਲੈ ਗਏ।ਪੰਪ ਮਾਲਕ ਅਨੁਸਾਰ ਗੱਡੀ ਵਿੱਚ ਕੁਝ ਤੇਜ਼ਧਾਰ ਹਥਿਆਰ ਵੀ ਪਏ ਹੋਏ ਸਨ, ਜਿਨ੍ਹਾਂ ਨੂੰ ਦੇਖ ਕੇ ਪੰਪ ਕ੍ਰਮਚਾਰੀ ਡਰ ਗਿਆ ਅਤੇ ਉਸ ਨੇ ਗੱਡੀ ਨੂੰ ਰੋਕਣ ਦੀ ਕੋਸ਼ਿਸ਼ ਨਹੀਂ ਕੀਤੀ।ਇਸ ਤੋਂ ਬਾਅਦ ਮਾਮਲੇ ਦੀ ਲਿਖਤੀ ਸ਼ਿਕਾਇਤ ਪੁਲਿਸ ਨੂੰ ਦਿੱਤੀ ਗਈ।ਸ਼ਿਕਾਇਤਕਰਤਾ ਨੇ ਮੰਗ ਕੀਤੀ ਹੈ ਕਿ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਨੂੰ ਇਨਸਾਫ਼ ਦਿਵਾਇਆ ਜਾਵੇ ਤੇ ਪੰਪ ਤੋਂ ਪੁਆਏ ਗਏ ਤੇਲ ਦੀ ਰਕਮ ਵਸੂਲ ਕਰਾਈ ਜਾਵੇ।ਐਸਐਚਓ ਰਮਨਦੀਪ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਪੰਪ 'ਤੇ ਲੱਗੇ ਸੀਸੀਟੀਵੀ ਕੈਮਰਿਆਂ ਤੇ ਹੋਰ ਤਕਨੀਕੀ ਸਾਧਨਾਂ ਦੀ ਮਦਦ ਨਾਲ ਦੋਸ਼ੀਆਂ ਦੀ ਪਛਾਣ ਕੀਤੀ ਜਾ ਰਹੀ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰਕੇ ਕਾਨੂੰਨ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਨਸ਼ਾ ਤਸਕਰਾਂ ਖ਼ਿਲਾਫ਼ ਜਾਣਕਾਰੀ ਦੇਣ ਲਈ ਲੋਕ ਅੱਗੇ ਆਉਣ : ਸੰਧਵਾਂ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਲੋਕ ਭਲਾਈ ਲਈ ਇੱਕ ਅਹਿਮ ਕਦਮ ਕਰਾਰ ਦਿੰਦਿਆਂ ਕਿਹਾ ਹੈ ਕਿ ਇਸ ਮੁਹਿੰਮ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਵੱਡੀ ਸਫ਼ਲਤਾ ਹਾਸਲ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਪੁਲਿਸ ਅਤੇ ਪ੍ਰਸ਼ਾਸਨ ਵੱਲੋਂ ਵੱਡੀ ਗਿਣਤੀ ਵਿੱਚ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਗਿਆ ਹੈ ਤੇ ਨਸ਼ਿਆਂ ਦੀਆਂ ਵੱਡੀਆਂ ਖੇਪਾਂ ਵੀ ਬਰਾਮਦ ਕੀਤੀਆਂ ਗਈਆਂ ਹਨ।ਸਪੀਕਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇੱਕ ਨਵੀਂ ਪਹਿਲ ਕੀਤੀ ਗਈ ਹੈ, ਜਿਸ ਤਹਿਤ ਵਿਸ਼ੇਸ਼ ਈ-ਰਿਕਸ਼ੇ ਪਿੰਡਾਂ, ਸ਼ਹਿਰਾਂ ਤੇ ਬਾਜ਼ਾਰਾਂ ਵਿੱਚ ਭੇਜੇ ਜਾ ਰਹੇ ਹਨ। ਇਨ੍ਹਾਂ ਈ-ਰਿਕਸ਼ਿਆਂ ਵਿੱਚ ਸ਼ਿਕਾਇਤ ਬਾਕਸ ਲਾਏ ਗਏ ਹਨ, ਜਿਨ੍ਹਾਂ ਵਿੱਚ ਲੋਕ ਨਸ਼ਾ ਵੇਚਣ ਵਾਲਿਆਂ ਅਤੇ ਨਸ਼ਾ ਤਸਕਰਾਂ ਸਬੰਧੀ ਜਾਣਕਾਰੀ ਲਿਖ ਕੇ ਪਾ ਸਕਦੇ ਹਨ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਦਿੱਤੀ ਜਾਣ ਵਾਲੀ ਹਰ ਜਾਣਕਾਰੀ ਨੂੰ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ ਤੇ ਉਸ ਦੇ ਆਧਾਰ 'ਤੇ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕਿਸੇ ਨਸ਼ਾ ਤਸਕਰ ਜਾਂ ਨਸ਼ਾ ਵੇਚਣ ਵਾਲੇ ਬਾਰੇ ਜਾਣਕਾਰੀ ਹੈ ਤਾਂ ਉਹ ਬਿਨਾਂ ਕਿਸੇ ਡਰ ਤੋਂ ਆਪਣੀ ਜਾਣਕਾਰੀ ਇਨ੍ਹਾਂ ਸ਼ਿਕਾਇਤ ਬਾਕਸਾਂ ਵਿੱਚ ਦਰਜ ਕਰਨ।

# ਸੀ ਬੀ ਐਸ ਈ ਸਮਰੱਥਾ ਵਿਕਾਸ ਪ੍ਰੋਗਰਾਮ 'ਵੈਲਿਊ ਐਜੂਕੇਸ਼ਨ' ਦਾ ਸਫ਼ਲ ਆਯੋਜਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਦੇਸ਼ ਭਗਤ ਗਲੋਬਲ ਸਕੂਲ ਵਿਖੇ ਸੀਬੀਐੱਸਈ ਵੱਲੋਂ ਅਧਿਆਪਕਾਂ ਲਈ ਸਮਰੱਥਾ ਵਿਕਾਸ ਪ੍ਰੋਗਰਾਮ 'ਵੈਲਿਊ ਐਜੂਕੇਸ਼ਨ' ਦਾ ਸਫਲ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਮੁੱਲ-ਅਧਾਰਿਤ ਸਿੱਖਿਆ ਦੇ ਸਿਧਾਂਤਾਂ, ਤਕਨੀਕਾਂ ਤੇ ਵਿਹਾਰਕ ਪੱਖਾਂ ਨਾਲ ਜਾਣੂ ਕਰਾਉਣਾ ਸੀ ਤਾਂ ਜੁ ਵਿਦਿਆਰਥੀਆਂ ਵਿੱਚ ਨੈਤਿਕਤਾ, ਸਮਾਜਿਕ ਜ਼ਿੰਮੇਵਾਰੀ, ਸਹਿਣਸ਼ੀਲਤਾ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਪ੍ਰੋਗਰਾਮ ਦੌਰਾਨ ਵੱਖ-ਵੱਖ ਸਕੂਲਾਂ ਤੋਂ ਆਏ ਅਧਿਆਪਕਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਤੇ ਵੈਲਿਊ ਐਜੂਕੇਸ਼ਨ ਨਾਲ ਸੰਬੰਧਿਤ ਵਿਸ਼ਿਆਂ 'ਤੇ ਡੂੰਘਾਈ ਨਾਲ ਵਿਚਾਰ-ਵਟਾਂਦਰਾ ਕੀਤਾ।ਮਾਹਿਰ ਰਿਸੋਰਸ ਪਰਸਨਜ਼ ਵੱਲੋਂ ਮੁੱਲ-ਅਧਾਰਿਤ ਸਿੱਖਿਆ ਦੀ ਮਹੱਤਤਾ, ਵਿਦਿਆਰਥੀਆਂ ਦੇ ਚਰਿੱਤਰ ਨਿਰਮਾਣ ਵਿੱਚ ਅਧਿਆਪਕਾਂ ਦੀ ਭੂਮਿਕਾ, ਸਕਾਰਾਤਮਕ ਸਿੱਖਣ ਵਾਤਾਵਰਣ ਦੀ ਸਿਰਜਣਾ ਅਤੇ ਰੋਜ਼ਾਨਾ ਅਧਿਆਪਨ ਪ੍ਰਕਿਰਿਆ ਵਿੱਚ ਨੈਤਿਕ ਮੁੱਲਾਂ ਦੇ ਸਮਾਵੇਸ਼ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ।ਪ੍ਰੋਗਰਾਮ ਵਿੱਚ ਸਮੂਹ ਚਰਚਾਵਾਂ, ਗਤੀਵਿਧੀ-ਅਧਾਰਿਤ ਸਿੱਖਣ, ਕੇਸ ਸਟੱਡੀਜ਼ ਅਤੇ ਇੰਟਰਐਕਟਿਵ ਸੈਸ਼ਨਾਂ ਰਾਹੀਂ ਅਧਿਆਪਕਾਂ ਨੂੰ ਅਜਿਹੀਆਂ ਵਿਧੀਆਂ ਨਾਲ ਜਾਣੂ ਕਰਾਇਆ ਗਿਆ, ਜੋ ਵਿਦਿਆਰਥੀਆਂ ਵਿੱਚ ਜ਼ਿੰਮੇਵਾਰੀ, ਅਨੁਸ਼ਾਸਨ, ਸਹਿਯੋਗ, ਦਇਆ, ਸੱਚਾਈ ਤੇ ਰਾਸ਼ਟਰੀ ਕਦਰਾਂ-ਕੀਮਤਾਂ ਨੂੰ ਵਿਕਸਿਤ ਕਰਨ ਵਿੱਚ ਸਹਾਇਕ ਸਾਬਤ ਹੋਣਗੀਆਂ।

ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਤੇਜ਼ੀ ਨਾਲ ਬਦਲ ਰਹੇ ਸਮਾਜਿਕ ਤੇ ਤਕਨੀਕੀ ਯੁੱਗ ਵਿੱਚ ਸਿਰਫ਼ ਅਕਾਦਮਿਕ ਉਤਕ੍ਰਿਸ਼ਟਤਾ ਹੀ ਕਾਫ਼ੀ ਨਹੀਂ ਹੈ, ਸਗੋਂ ਵਿਦਿਆਰਥੀਆਂ ਵਿੱਚ ਉੱਚ ਨੈਤਿਕ ਕਦਰਾਂ-ਕੀਮਤਾਂ ਤੇ ਮਨੁੱਖੀ ਸੰਵੇਦਨਾਵਾਂ ਦਾ ਵਿਕਾਸ ਵੀ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਸੀਬੀਐਸਈ ਵੱਲੋਂ ਆਯੋਜਤ ਅਜਿਹੇ ਪ੍ਰੋਗਰਾਮ ਅਧਿਆਪਕਾਂ ਨੂੰ ਵਿਦਿਆਰਥੀਆਂ ਦੇ ਚਰਿੱਤਰ ਨਿਰਮਾਣ ਵਿੱਚ ਹੋਰ ਪ੍ਰਭਾਵਸ਼ਾਲੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਦੇ ਹਨ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਮੁੱਲ-ਅਧਾਰਤ ਸਿੱਖਿਆ ਵਿਦਿਆਰਥੀਆਂ ਨੂੰ ਕੇਵਲ ਇੱਕ ਚੰਗਾ ਵਿਦਿਆਰਥੀ ਹੀ ਨਹੀਂ, ਸਗੋਂ ਇੱਕ ਜ਼ਿੰਮੇਵਾਰ ਅਤੇ ਸੰਵੇਦਨਸ਼ੀਲ ਨਾਗਰਿਕ ਬਣਾਉਣ ਵਿੱਚ ਅਹਿਮ ਯੋਗਦਾਨ ਪਾਉਂਦੀ ਹੈ।ਉਨ੍ਹਾਂ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਸਿੱਖਿਆ ਦੇ ਨਾਲ-ਨਾਲ ਨੈਤਿਕ ਮੁੱਲਾਂ ਨੂੰ ਵੀ ਵਿਦਿਆਰਥੀਆਂ ਦੀ ਜ਼ਿੰਦਗੀ ਦਾ ਅਹਿਮ ਹਿੱਸਾ ਬਣਾਉਣ।

ਦੇਸ਼ ਭਗਤ ਕੈਂਪਸ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਸੰਦੇਸ਼ ਵਿੱਚ ਕਿਹਾ ਕਿ ਸਿੱਖਿਆ ਦਾ ਅਸਲ ਮਕਸਦ ਇੱਕ ਅਜਿਹੇ ਸਮਾਜ ਦੀ ਸਿਰਜਣਾ ਕਰਨਾ ਹੈ, ਜੋ ਨੈਤਿਕ ਕਦਰਾਂ-ਕੀਮਤਾਂ, ਮਨੁੱਖਤਾ ਤੇ ਸਮਾਜਿਕ ਜ਼ਿੰਮੇਵਾਰੀਆਂ ਨੂੰ ਪਹਿਲ ਦੇਵੇ।ਉਨ੍ਹਾਂ ਕਿਹਾ ਕਿ ਮੁੱਲ-ਅਧਾਰਤ ਸਿੱਖਿਆ ਰਾਹੀਂ ਹੀ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕੀਤਾ ਜਾ ਸਕਦਾ ਹੈ।ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਨੇ ਕਿਹਾ ਕਿ ਅਜਿਹੇ ਸਮਰੱਥਾ ਵਿਕਾਸ ਪ੍ਰੋਗਰਾਮ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਦੇ ਨਾਲ-ਨਾਲ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਅਧਿਆਪਕਾਂ ਨੂੰ ਨਵੀਨਤਮ ਸਿੱਖਣ-ਸਿਖਾਉਣ ਪੱਧਤੀਆਂ ਨੂੰ ਅਪਣਾਉਣ ਤੇ ਵਿਦਿਆਰਥੀਆਂ ਵਿੱਚ ਮਨੁੱਖੀ ਕਦਰਾਂ-ਕੀਮਤਾਂ ਨੂੰ ਪ੍ਰਫੁੱਲਤ ਕਰਨ ਲਈ ਪ੍ਰੇਰਿਤ ਕੀਤਾ।

# ਐੱਸ ਐੱਚ ਓ ਕੁਲਦੀਪ ਕੁਮਾਰ ਤੇ ਇੰਸਪੈਕਟਰ ਜਗਜੀਤ ਸਿੰਘ ਨੂੰ ਵਿਦਾਇਗੀ ਪਾਰਟੀ ਦਿੱਤੀ



**ਹਠੂਰ (ਲਵਲੀ ਮਾਛੀਕੇ)**-ਪੰਜਾਬ ਪੁਲਿਸ ਥਾਣਾ ਹਠੂਰ ਦੇ ਐਸ ਐਚ ਓ ਗੁਰਸੇਵਕ ਸਿੰਘ ਦੀ ਅਗਵਾਈ ਹੇਠ ਪੁਲਿਸ ਥਾਣਾ ਹਠੂਰ ਦੇ ਐਸ ਐਚ ਓ ਕੁਲਦੀਪ ਕੁਮਾਰ ਅਤੇ ਪੁਲਿਸ ਥਾਣਾ ਹਠੂਰ ਦੇ ਇਸਪੈਕਟਰ ਜਗਜੀਤ ਸਿੰਘ ਨੂੰ ਪੁਲਿਸ ਥਾਣਾ ਹਠੂਰ ਦੇ ਸਟਾਫ ਵੱਲੋਂ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਮੌਕੇ ਵੱਖ ਬੁਲਾਰਿਆ ਨੇ ਐਸ ਐਚ ਓ ਕੁਲਦੀਪ ਕੁਮਾਰ ਦੀ ਸੇਵਾ ਮੁਕਤੀ 'ਤੇ ਬੋਲਦਿਆਂ ਕਿਹਾ ਉਨ੍ਹਾ 18 ਨਵੰਬਰ 1988 ਨੂੰ ਜਿਲ੍ਹਾ ਫਿਰੋਜਪੁਰ ਦੇ ਪੁਲਿਸ ਥਾਣਾ ਮਮਦੋਟ ਤੋਂ ਕਾਂਸਟੇਬਲ ਦੀ ਡਿਊਟੀ ਸ਼ੁਰੂ ਕਰਕੇ ਜਿਲ੍ਹਾ ਫਿਰੋਜਪੁਰ, ਜਿਲ੍ਹਾ ਮੋਗਾ ਅਤੇ ਪੰਜਾਬ ਪੁਲਿਸ ਜਿਲ੍ਹਾ ਲੁਧਿਆਣਾ (ਦਿਹਾਤੀ) ਦੇ ਵੱਖ-ਵੱਖ ਥਾਣਿਆਂ ਵਿਚ 37 ਸਾਲ ਇਮਾਨਦਾਰੀ ਤੇ ਵਫਾਦਾਰੀ ਨਾਲ ਸੇਵਾ ਨਿਭਾਈ। ਇਸਪੈਕਟਰ ਜਗਜੀਤ ਸਿੰਘ ਨੇ 36 ਸਾਲ ਛੇ ਮਹੀਨੇ ਪੰਜਾਬ ਪੁਲਿਸ ਵਿਚ ਤਨਦੇਹੀ ਨਾਲ ਸੇਵਾ ਨਿਭਾਈ।ਇਸ ਮੌਕੇ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆ ਅਤੇ ਵੱਡੀ ਗਿਣਤੀ ਵਿਚ ਪਹੁੰਚੇ ਇਲਾਕਾ ਨਿਵਾਸੀਆਂ ਦਾ ਥਾਣਾ ਹਠੂਰ ਦੇ ਐਸ ਐਚ ਓ ਗੁਰਸੇਵਕ ਸਿੰਘ ਨੇ ਧੰਨਵਾਦ ਕੀਤਾ।ਇਸ ਮੌਕੇ ਉਨ੍ਹਾਂ ਨਾਲ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਸਰਪੰਚ ਸੋਹਣ ਸਿੰਘ ਚਕਰ, ਬਲਾਕ ਸੰਮਤੀ ਮੈਂਬਰ ਚਮਕੌਰ ਸਿੰਘ ਚਕਰ,ਜਿਲ੍ਹਾ ਸੈਕਟਰੀ ਗੁਰਦੀਪ ਸਿੰਘ ਭੁੱਲਰ ਚਕਰ, ਜ਼ਿਲ੍ਹਾ ਮੀਤ ਪ੍ਰਧਾਨ ਸੁਰਿੰਦਰ ਸਿੰਘ ਲੱਖਾ, ਸਰਪੰਚ ਗੁਰਬਖਸ਼ ਸਿੰਘ ਖੋਖਰ ਰਸੂਲਪੁਰ, ਸਰਪੰਚ ਹਰਪ੍ਰੀਤ ਸਿੰਘ ਮਾਣੂੰਕੇ, ਸਰਪੰਚ ਗੁਰਮੇਲ ਸਿੰਘ, ਸਾਬਕਾ ਸਰਪੰਚ ਸੁਖਦੇਵ ਸਿੰਘ ਚਕਰ, ਸਾਬਕਾ ਸਰਪੰਚ ਹਰਬੰਸ ਸਿੰਘ ਢਿੱਲੋਂ, ਸਾਬਕਾ ਸਰਪੰਚ ਜੋਗਿੰਦਰ ਸਿੰਘ ਰਸੂਲਪੁਰ ਕੈਨੇਡਾ, ਸਾਬਕਾ ਸਰਪੰਚ ਗੁਰਸਿਮਰਨ ਸਿੰਘ ਗਿੱਲ, ਸਰਪੰਚ ਪਾਲੀ ਡੱਲਾ, ਸਰਪੰਚ ਚਮਕੌਰ ਸਿੰਘ ਬੁਰਜ ਕੁਲਾਰਾ, ਸਰਪੰਚ ਗੁਰਪ੍ਰੀਤ ਸਿੰਘ ਗੋਪੀ, ਪ੍ਰਧਾਨ ਨਿਰਮਲ ਸਿੰਘ ਡੱਲਾ, ਪੰਚ ਸੱਤੀ ਮਾਣੂੰਕੇ, ਬਲਜੀਤ ਸਿੰਘ ਝੱਲੀ, ਸੁਖਦੀਪ ਸਿੰਘ ਨੀਟੂ ਰਸੂਲਪੁਰ, ਐਸ ਐਚ ਓ ਸੁਰਜੀਤ ਸਿੰਘ, ਸਾਬਕਾ ਐਸ ਐਚ ਓ ਯਸਪਤ ਰਾਏ, ਐਸ ਆਈ ਮਨੋਹਰ ਲਾਲ, ਏ ਐਸ ਆਈ ਕੁਲਵੰਤ ਸਿੰਘ, ਏ ਐਸ ਆਈ ਸੁਲੱਖਣ ਸਿੰਘ, ਮੁੱਖ ਮੁਨਸੀ ਕੁਲਵੰਤ ਸਿੰਘ ਅਖਾੜਾ, ਹਰਪ੍ਰੀਤ ਸਿੰਘ, ਲਾਡੀ ਸਿੰਘ, ਏ ਐਸ ਆਈ ਰਛਪਾਲ ਸਿੰਘ, ਏ ਐਸ ਆਈ ਸੁਰਜੀਤ ਸਿੰਘ ਭਦੌੜ, ਏ ਐਸ ਆਈ ਰਾਜ ਧੀਮ ਸਿੰਘ ਭਦੌੜ, ਪ੍ਰਧਾਨ ਬੂਟਾ ਸਿੰਘ ਭੰਮੀਪੁਰਾ, ਡਾ. ਬੂਟਾ ਸਿੰਘ ਸਿੱਧੂ ਰਸੂਲਪੁਰ, ਨੰਬੜਦਾਰ ਮੇਹਰਦੀਪ ਸਿੰਘ ਹਠੂਰ, ਨੰਬੜਦਾਰ ਜਸਵੀਰ ਸਿੰਘ ਦੇਹੜਕਾ, ਨੰਬੜਦਾਰ ਗੋਪਾਲ ਸਿੰਘ ਭੰਮੀਪੁਰਾ, ਨੰਬੜਦਾਰ ਸਤਨਾਮ ਸਿੰਘ, ਪੰਚ ਅਮਨਦੀਪ ਸਿੰਘ ਅੰਮ੍ਰ, ਸਾਬਕਾ ਪੰਚ ਅਮਨਪ੍ਰੀਤ ਸਿੰਘ ਫਰਵਾਹਾ, ਪੰਚ ਰਣਜੋਧ ਸਿੰਘ ਜੋਧਾ, ਭਾਗ ਸਿੰਘ ਗੋਲੀ, ਪ੍ਰਧਾਨ ਅਮਰਜੀਤ ਸਿੰਘ, ਛਿੰਦਾ ਹਠੂਰ ਹਾਜ਼ਰ ਸਨ।

# ਬਹੁ-ਕਰੋੜੀ ਡਰੱਗ ਰੈਕੇਟ ਕਿੰਗਪਿਨ ਗੁਰਦੀਪ ਰਾਣੋ ਦੀ ਗੈਰ-ਕਾਨੂੰਨੀ ਕੋਠੀ 'ਤੇ ਚੱਲਿਆ ਬੁਲਡੋਜ਼ਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਲਗਾਤਾਰ ਪ੍ਰਭਾਵਸ਼ਾਲੀ ਨਤੀਜੇ ਸਾਹਮਣੇ ਆ ਰਹੇ ਹਨ।ਇਸ ਮੁਹਿੰਮ ਤਹਿਤ ਪੁਲਸ ਜ਼ਿਲ੍ਹਾ ਖੰਨਾ ਵਿੱਚ ਉਸ ਸਮੇਂ ਵੱਡੀ ਕਾਰਵਾਈ ਦੇਖਣ ਨੂੰ ਮਿਲੀ, ਜਦੋਂ ਬਹੁਚਰਚਿਤ ਤੇ ਬਹੁ ਕਰੋੜੀ ਡਰੱਗ ਤਸਕਰੀ ਮਾਮਲੇ ਦੇ ਕਿੰਗਪਿੰਨ ਸਾਬਕਾ ਸਰਪੰਚ ਗੁਰਦੀਪ ਸਿੰਘ ਰਾਣੋ ਦੀ ਗੈਰ-ਕਾਨੂੰਨੀ ਉਸਾਰੀ 'ਤੇ ਬੁਲਡੋਜ਼ਰ ਚਲਾਇਆ ਗਿਆ।ਜ਼ਿਲ੍ਹਾ ਨਗਰ ਯੋਜਨਾਕਾਰ (ਰੈਗੂਲੇਟਰੀ) ਗਲਾਡਾ ਪ੍ਰਦੀਪ ਕੁਮਾਰ ਨੇ ਦੱਸਿਆ ਕਿ ਵਧੀਕ ਮੁੱਖ ਪ੍ਰਸ਼ਾਸਕ ਗਲਾਡਾ ਸ੍ਰੀ ਵਿਕਾਸ ਹੀਰਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਗਲਾਡਾ ਲੁਧਿਆਣਾ ਦੀ ਟੀਮ ਜਿਸ 'ਚ ਲਾਅ ਅਫਸਰ ਦਿਗਵਿਜੈ ਸਿੰਘ, ਐਸ.ਡੀ.ਈ ਗੁਰਪ੍ਰੀਤ ਸਿੰਘ, ਐਸ.ਡੀ.ਈ ਕਰਨ ਅਗਰਵਾਲ, ਐਸ.ਡੀ.ਈ ਸੁਮੇਸ਼ ਕੌਸ਼ਲ, ਜੇ.ਈ ਵਰਿੰਦਰ ਸਿੰਘ, ਜੇ.ਈ ਅਮਨਦੀਪ ਸਿੰਘ, ਜੇ.ਈ ਰੋਹਿਤ ਗੋਇਲ, ਜੇ.ਈ ਅਕਸ਼ੇ ਵਿਸ਼ਿਸ਼ਟ, ਜੇ.ਈ ਵੀਰਪਾਲ ਸਿੰਘ, ਜੇ.ਈ (ਪੀ.ਐਚ) ਅਮਨਦੀਪ ਸਿੰਘ ਸ਼ਾਮਲ ਸਨ, ਵੱਲੋਂ ਪੁਲਸ ਜ਼ਿਲ੍ਹਾ ਖੰਨਾ ਦੀ ਪੁਲਿਸ ਫੋਰਸ ਨਾਲ ਗੁਰਦੀਪ ਸਿੰਘ ਰਾਣੋ, ਪਿੰਡ ਰਾਣੋ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ ਦੇ ਅਧਿਕਾਰ ਖੇਤਰ ਪੈਂਦੀ ਨਜਾਇਜ਼ ਉਸਾਰੀ ਨੂੰ ਨਿਯਮਾਂ ਅਨੁਸਾਰ ਢਾਹਿਆ ਗਿਆ ਹੈ।ਇਹ ਕਾਰਵਾਈ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਵੱਲੋਂ ਪੁਲਸ ਜ਼ਿਲ੍ਹਾ ਖੰਨਾ ਦੇ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੇ ਸਹਿਯੋਗ ਨਾਲ ਕੀਤੀ ਗਈ।ਪਾਇਲ ਦੇ ਪਿੰਡ ਰਾਣੋ 'ਚ ਸਥਿਤ ਕਰੀਬ 11 ਕਨਾਲ 11 ਮਰਲੇ 'ਚ ਫੈਲੀ ਆਲੀਸ਼ਾਨ ਕੋਠੀ ਦਾ ਕਾਫੀ ਹਿੱਸਾ ਗਲਾਡਾ ਵੱਲੋਂ ਗੈਰ-ਕਾਨੂੰਨੀ ਉਸਾਰੀ ਕਰਾਰ ਦਿੱਤਾ ਗਿਆ ਸੀ।ਇਸ ਤੋਂ ਬਾਅਦ ਨਿਯਮਾਂ ਅਨੁਸਾਰ ਢਾਹੁਣ ਦੀ ਕਾਰਵਾਈ ਨੂੰ ਅੰਜਾਮ ਦਿੱਤਾ ਗਿਆ।

ਇਸ ਪੂਰੇ ਅਪ੍ਰੇਸ਼ਨ ਦੀ ਸਭ ਤੋਂ ਖਾਸ ਗੱਲ ਇਹ ਰਹੀ ਕਿ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਸੁਪਰਵਿਜ਼ਨ ਹੇਠ ਖੰਨਾ ਪੁਲਿਸ ਨੇ ਬੇਹੱਦ ਸੁਚੱਜੇ ਤੇ ਪੇਸ਼ੇਵਰ ਢੰਗ ਨਾਲ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਿਆ। ਸੀਨੀਅਰ ਪੁਲਸ ਕਪਤਾਨ ਡਾ. ਦਰਪਣ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੁਲਸ ਵੱਲੋਂ ਪੂਰੀ ਯੋਜਨਾਬੰਦੀ ਨਾਲ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ।ਕੋਠੀ ਦੇ ਚੱਪੇ-ਚੱਪੇ 'ਤੇ ਪੁਲਸ ਤਾਇਨਾਤ ਕੀਤੀ ਗਈ ਸੀ ਤਾਂ ਜੁ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ।ਡੀ.ਐਸ.ਪੀ ਪਾਇਲ ਹਰਮਨਪ੍ਰੀਤ ਸਿੰਘ ਚੀਮਾ ਨੇ ਦੱਸਿਆ ਕਿ ਗੁਰਦੀਪ ਸਿੰਘ ਰਾਣੋ ਖ਼ਿਲਾਫ਼ ਨਸ਼ਾ ਤਸਕਰੀ ਤੇ ਹੋਰ ਸੰਗੀਨ ਧਾਰਾਵਾਂ ਤਹਿਤ 10 ਮਾਮਲੇ ਦਰਜ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਨੀਤੀ ਸਪੱਸ਼ਟ ਹੈ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ, ਜਿੱਥੇ ਅਜਿਹੇ ਅਪਰਾਧੀਆਂ ਨੂੰ ਕਾਨੂੰਨ ਦੇ ਘੇਰੇ ਵਿੱਚ ਲਿਆਂਦਾ ਜਾ ਰਿਹਾ ਹੈ, ਉੱਥੇ ਹੀ ਨਸ਼ਿਆਂ ਦੀ ਕਮਾਈ ਨਾਲ ਬਣੀਆਂ ਗੈਰ-ਕਾਨੂੰਨੀ ਜਾਇਦਾਦਾਂ 'ਤੇ ਵੀ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਪੁਲਿਸ ਅਧਿਕਾਰੀਆਂ ਮੁਤਾਬਕ ਸਾਲ 2020 ਵਿੱਚ ਗੁਰਦੀਪ ਸਿੰਘ ਰਾਣੋ ਨੂੰ ਐਸ.ਟੀ.ਐਫ ਵੱਲੋਂ ਵੱਡੀ ਮਾਤਰਾ ਵਿੱਚ (ਕਰੀਬ ਪੰਜ ਕਿਲੋ) ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ। ਜਾਂਚ ਦੌਰਾਨ ਕਥਿਤ ਤੌਰ 'ਤੇ ਇੱਕ ਵੱਡੇ ਨਸ਼ਾ ਤਸਕਰੀ ਨੈੱਟਵਰਕ ਦਾ ਪਰਦਾਫਾਸ਼ ਹੋਇਆ ਸੀ, ਜਿਸ ਦੇ ਸੰਬੰਧ ਸਰਹੱਦ ਪਾਰ ਤੱਕ ਦੱਸੇ ਜਾਂਦੇ ਰਹੇ ਹਨ। ਇਸ ਮਾਮਲੇ ਦੀ ਜਾਂਚ ਤੋਂ ਬਾਅਦ ਕਈ ਅਹਿਮ ਖੁਲਾਸੇ ਵੀ ਸਾਹਮਣੇ ਆਏ ਸਨ।

# ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਰਾਜਪਾਲ ਪੰਜਾਬ ਦੇ ਨਾਂਅ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਅਕਾਲੀ ਦਲ ਪੁਨਰ ਸੁਰਜੀਤ ਪੰਜਾਬ ਦੇ ਸੱਦੇ ਤਹਿਤ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦੇਣ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ।ਇਸੇ ਕੜੀ ਤਹਿਤ ਮਾਨਸਾ ਜ਼ਿਲ੍ਹੇ ਦੀ ਜਥੇਬੰਦੀ ਵੱਲੋਂ ਪਾਰਟੀ ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਸਿੰਘ ਢੀਂਡਸਾ ਦੀ ਅਗਵਾਈ 'ਚ ਡਿਪਟੀ ਕਮਿਸ਼ਨਰ ਮਾਨਸਾ ਨੂੰ ਪੰਜਾਬ ਦੇ ਰਾਜਪਾਲ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਔਲਖ, ਜ਼ਿਲ੍ਹਾ ਜਥੇਦਾਰ ਜਃ ਮਨਜੀਤ ਸਿੰਘ ਬੱਪੀਆਣਾ, ਜਃ ਕੌਰ ਸਿੰਘ ਖਾਰਾ, ਜਃ ਪਰਮਜੀਤ ਸਿੰਘ ਭੀਖੀ, ਜਃ ਜਸਵੰਤ ਸਿੰਘ ਕੋਟੜਾ, ਸਤਿਗੁਰ ਸਿੰਘ ਨਮੋਲ; ਸਰਪੰਚ ਸਤਨਾਮ ਸਿੰਘ ਭਲਾਈਕੇ ; ਗੁਰਵਿੰਦਰ ਸਿੰਘ ਪਟਵਾਰੀ, ਗੋਬਿੰਦਪੁਰਾ, ਸੁਖਬੀਰ ਸਿੰਘ ਔਲਖ ਬੀਰੋਕੇ, ਨਾਇਬ ਸਿੰਘ ਸਾਬਕਾ ਸਰਪੰਚ ਭੁਪਾਲ, ਜਸਵਿੰਦਰ ਸਿੰਘ ਰੱਲਾ, ਹਰਜਸਨ ਸਿੰਘ ਜੱਸੀ ਚੌਟਾਲਾ, ਐਡਵੋਕੇਟ ਅਮਨਦੀਪ ਸਿੰਘ ਭਲਾਈਕੇ, ਸਰਕਲ ਜਥੇਦਾਰ ਜਃ ਜਗਜੀਰ ਸਿੰਘ ਜੱਗਾ ਸਰਕਲ ਭੀਖੀ, ਇੰਜਃ ਰਜਿੰਦਰ ਸਿੰਘ ਰਿਉਂਦ ਸਹਿਰੀ ਬੁਢਲਾਡਾ, ਜਃ ਸੁਖਦੇਵ ਸਿੰਘ ਚੱਗੜ ਦਿਹਾਤੀ ਮਾਨਸਾ, ਜਃ ਤਰਲੋਚਨ ਸਿੰਘ ਸਰਕਲ ਸਿਟੀ-2 ਮਾਨਸਾ, ਜਃ ਰਜਿੰਦਰ ਸਿੰਘ ਰਾਜੀ ਸਰਕਲ ਸਿਟੀ-1 ਮਾਨਸਾ, ਜਃਪਰਮਜੀਤ ਸਿੰਘ ਸਰਕਲ ਸਰਦੂਲਗੜ੍ਹ, ਜਃ ਨਾਇਬ ਸਿੰਘ ਸਰਕਲ ਝੁਨੀਰ, ਜਃ ਭੀਮ ਸਿੰਘ ਸਰਕਲ ਦਿਹਾਤੀ ਬੁਢਲਾਡਾ, ਕਰਨੈਲ ਸਿੰਘ ਸਰਦੂਲਗੜ੍ਹ, ਮਨਜੀਤ ਸਿੰਘ ਚੋਟੀਆਂ, ਸੁਖਦੀਪ ਸਿੰਘ ਭੀਖੀ, ਬਲਵਿੰਦਰ ਸਿੰਘ ਬਰਾੜ ਬੁਢਲਾਡਾ; ਕੁਲਦੀਪ ਸਿੰਘ ਕੀਪੀ ਬੀਰੋਕੇ, ਸੰਦੀਪ ਸਿੰਘ ਸੀਪਾ ਮਾਨਸਾ, ਬੰਟੀ ਢਿੱਲੋਂ ਖਾਰਾ, ਡਾਃ ਲਛਮਣ ਸਿੰਘ ਕੋਟੜਾ, ਡਾਃ ਲਾਭ ਸਿੰਘ ਖਿਆਲਾ, ਪਟਵਾਰੀ ਭਗਵੰਤ ਸਿੰਘ ਖਿਆਲਾ, ਬਿੱਕਰ ਸਿੰਘ ਮੌਜੋ, ਬਰਜਿੰਦਰ ਸਿੰਘ ਬਰਨਾਲਾ, ਬਲਦੇਵ ਬਰਨਾਲਾ, ਸੇਵਕ ਸਿੰਘ ਨੰਗਲ ਖੁਰਦ, ਸੁਖਪਾਲ ਸਿੰਘ ਸਿੱਧੂ ਮਾਨਸਾ, ਰਾਜਦੀਪ ਸਿੰਘ ਔਲਖ, ਜਸਕਰਨ ਸਿੰਘ ਬੁਰਜ ਹਰੀ ਆਦਿ ਵੀ ਹਾਜ਼ਰ ਸਨ।

# ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਵੱਲੋਂ ਹਰਦੀਪ ਸਿੰਘ ਮੁੰਡੀਆਂ ਨੂੰ ਮੰਗ ਪੱਤਰ



**ਲੁਧਿਆਣਾ (ਸਤੀਸ਼ ਸਚਦੇਵਾ)**

ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਆਨਲਾਈਨ ਮੀਟਿੰਗ ਕੀਤੀ ਗਈ ਸੀ ਜਿਸ ਵਿੱਚ ਸੂਬਾ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਸੀ ਕਿ ਕੈਬਨਿਟ ਮੰਤਰੀਆਂ ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਸੌਂਪੇ ਜਾਣਗੇ। ਸੂਬਾ ਕਮੇਟੀ ਦੇ ਫ਼ੈਸਲੇ ਮੁਤਾਬਕ ਮੰਗਲਵਾਰ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਦਫ਼ਤਰ ਰਾਹੀਂ ਪੰਜਾਬ ਸਰਕਾਰ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ। ਇਹ ਸਰਕਾਰ ਨਾਲ ਜੋ ਲੜਾਈ ਹੈ ਇਹ ਆਪਣੀ ਰੋਜ਼ੀ ਰੋਟੀ ਬਚਾਉਣ ਦੀ ਲੜਾਈ ਹੈ ਅਤੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਬਚਾਉਣ ਦੀ ਲੜਾਈ ਹੈ ਜਿਵੇਂ ਕਿ ਨਗਰ ਨਿਗਮ, ਨਗਰ ਕੌਂਸਲ ਦੇ ਸਫਾਈ ਸੇਵਕਾਂ ਨੇ ਬਹੁਤ ਹੀ ਤਿੱਖਾ ਸੰਘਰਸ਼ ਕੀਤਾ ਅਤੇ ਸਰਕਾਰ ਨੂੰ ਵਰਕਰਾਂ ਦੇ ਹੱਕਾਂ ਲਈ ਸੋਚਣ ਲਈ ਮਜਬੂਰ ਕੀਤਾ। ਸਫਾਈ ਸੇਵਕਾਂ ਦੇ ਵਾਂਗ ਤਿੱਖਾ ਸੰਘਰਸ਼ ਕਰਿਆ ਗਿਆ, ਇਸੇ ਤਰ੍ਹਾਂ ਜੰਗਲਾਤ ਵਰਕਰਾਂ ਵੱਲੋਂ ਵੀ ਆਉਣ ਵਾਲੇ ਸਮੇਂ ਵਿੱਚ ਠੇਕੇਦਾਰੀ ਸਿਸਟਮ ਬੰਦ ਕਰਵਾਉਣ ਅਤੇ 519 ਅਨਪੜ੍ਹ ਵਰਕਰਾਂ ਨੂੰ ਰੈਗੂਲਰ ਕਰਾਉਣ ਅਤੇ ਕੱਚੇ ਵਰਕਰਾਂ ਨੂੰ ਰੈਗੂਲਰ ਕਰਨ ਵਾਲੀ 10 ਸਾਲ ਦੀ ਪਾਲਿਸੀ ਨੂੰ ਤਿੰਨ ਸਾਲ ਦੀ ਕਰਵਾਉਣ ਜਿਵੇਂ ਕਿ ਸਫਾਈ ਸੇਵਕਾਂ ਨੇ ਤਿੰਨ ਸਾਲ ਦੀ ਪਾਲਿਸੀ ਬਣਾਉਣ ਲਈ ਮਜਬੂਰ ਕੀਤਾ ਅਤੇ ਘੱਟੋ ਘੱਟ ਤਨਖਾਹ 18000 ਕਰਵਾਉਣ ਅਤੇ ਅਰਧ ਰੈਗੂਲਰ ਕੀਤੇ ਗਏ ਮੁਲਾਜ਼ਮਾਂ ਨੂੰ ਉੱਕਾ ਪੁੱਕਾ ਤਨਖਾਹ ਦੇਣ ਦੀ ਬਜਾਏ ਪੂਰੇ ਭੱਤਿਆਂ ਸਮੇਤ ਦੇਣ ਅਤੇ ਹਾਈਕੋਰਟ ਦੇ ਫੈਸਲੇ ਨੂੰ ਇੰਨ ਬਿੰਨ ਪਟੀਸ਼ਨਰਾਂ ਅਤੇ ਨਾਨ ਪਟੀਸ਼ਨਰਾਂ 'ਤੇ ਲਾਗੂ ਕਰਨ, ਉਮਰ ਹੱਦ 58 ਸਾਲ ਦੀ ਉਮਰ ਹੱਦ 60 ਸਾਲ ਕਰਨ, ਇਹ ਮੰਗ ਪੱਤਰ ਕੈਬਨਿਟ ਮੰਤਰੀਆਂ ਰਾਹੀਂ ਭੇਜੇ ਜਾਣ।ਤਾਂ ਜੋ ਤਿੱਖਾ ਸੰਘਰਸ਼ ਕਰਨ ਨਾਲ ਸਾਡੇ 519 ਕੱਚੇ ਵਰਕਰ ਰੈਗੂਲਰ ਹੋ ਸਕਣ ਅਤੇ 506, 378 ਅਰਧ ਰੈਗੂਲਰ ਸਾਥੀ ਅਤੇ 58 ਰੈਗੂਲਰ ਸਾਥੀਆਂ ਨੂੰ ਵੀ ਪੂਰੇ ਲਾਭ ਨਹੀਂ ਦਿੱਤੇ ਗਏ ਅਤੇ 72 ਵਰਕਰਾਂ ਵਾਲੀ ਲਿਸਟ ਵਿੱਚੋਂ ਰਹਿ ਗਏ 14 ਵਰਕਰਾਂ ਨੂੰ ਰੈਗੂਲਰ ਕਰਨ ਦੀ ਮੰਗ ਕੀਤੀ। ਇਥੇ ਜੰਗਲਾਤ ਮੰਤਰੀ ਪ੍ਰਵਾਨਗੀ ਆਉਣ ਦਾ ਬਹਾਨਾ ਲਾ ਕੇ ਟਾਇਮ ਟਪਾ ਰਹੇ ਹਨ। ਇਸ ਤਰ੍ਹਾਂ ਦੇ ਝੂਠੇ ਲਾਰੇ ਲਾਉਣਾ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਨੂੰ ਮਨਜ਼ੂਰ ਨਹੀਂ। ਇਸ ਸਮੇਂ ਰੇਂਜਾਂ ਵਿਚ ਜਾ ਕੇ ਵਣ ਰੇਂਜ ਅਫਸਰਾਂ ਕੋਲੋਂ ਗੈਪ ਦੂਰ ਕਰਵਾਏ ਜਾਣ ਤਾਂ ਜੋ ਸਾਡੇ ਗੈਪ ਵਾਲੇ ਕੱਚੇ ਵਰਕਰ ਰੈਗੂਲਰ ਹੋ ਸਕਣ ।ਇਸ ਮੌਕੇ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਕੌਰ, ਕੁਲਦੀਪ ਲਾਲ, ਹਰਦੀਪ ਸਿੰਘ, ਸਿਮਰਨਜੀਤ ਸਿੰਘ, ਜਗਵੀਰ ਸਿੰਘ, ਲਖਵੀਰ ਸਿੰਘ, ਰਜਿੰਦਰ ਸਿੰਘ ਆਦਿ ਅਤੇ ਡੀ ਟੀ ਐਫ ਦੇ ਜ਼ਿਲ੍ਹਾ ਆਗੂ ਰੁਪਿੰਦਰ ਪਾਲ ਸਿੰਘ ਸ਼ਾਮਲ ਹੋਏ।

## ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਠੰਢੇ-ਮਿੱਠੇ ਜਲ ਦੀ ਛਬੀਲ ਲਾਈ



**ਜਗਰਾਉਂ (ਸੰਜੀਵ ਅਰੋੜਾ)**-ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਦੇ ਪਵਿੱਤਰ ਅਵਸਰ 'ਤੇ ਸ਼ਿਵਾਲਿਕ ਸਕੂਲ ਵਿੱਚ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਕਰਾਇਆ ਗਿਆ। ਇਸ ਮੌਕੇ ਕੁੱਝ ਬੱਚਿਆਂ ਨੇ ਗੁਰੂ ਜੀ ਦੀ ਮਹਾਨ ਕੁਰਬਾਨੀ ਨੂੰ ਸਮਰਪਤ ਕਵਿਤਾਵਾਂ ਪੇਸ਼ ਕੀਤੀਆਂ, ਕੁਝ ਬੱਚਿਆਂ ਨੇ ਗੁਰੂ ਜੀ ਦੇ ਜੀਵਨ ਤੇ ਸਿੱਖਿਆਵਾਂ 'ਤੇ ਭਾਸ਼ਣ ਦਿੱਤੇ ਅਤੇ ਕੁਝ ਬੱਚਿਆਂ ਨੇ ਸ਼ਬਦ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ। ਗੁਰੂ ਜੀ ਦੀ ਯਾਦ ਵਿੱਚ ਸਕੂਲ ਦੇ ਵਿਹੜੇ ਵਿੱਚ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਾਈ ਗਈ। ਸਕੂਲ ਦੀ ਪ੍ਰਿੰਸੀਪਲ ਮੈਡਮ ਨੀਲਮ ਸ਼ਰਮਾ, ਡਾਇਰੈਕਟਰ ਡੀ.ਕੇ. ਸ਼ਰਮਾ, ਡਰਾਈਵਰ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਰਲ ਮਿਲ ਕੇ ਛਬੀਲ ਦੀ ਸੇਵਾ ਕੀਤੀ। ਸਮਾਗਮ ਦੇ ਅੰਤ ਵਿੱਚ ਸਾਰਿਆਂ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਵਾਹਿਗੁਰੂ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਪ੍ਰਿੰਸੀਪਲ ਮੈਡਮ ਨੇ ਦੱਸਿਆ ਕਿ ਸ਼੍ਰੀ ਗੁਰੂ ਅਰਜਨ ਦੇਵ ਜੀ ਸਿੱਖ ਧਰਮ ਦੇ ਪੰਜਵੇਂ ਗੁਰੂ ਸਨ, ਜਿਨ੍ਹਾਂ ਨੇ ਧਰਮ ਤੇ ਸੱਚ ਦੀ ਖਾਤਰ ਸ਼ਹਾਦਤ ਦਿੱਤੀ। ਉਨ੍ਹਾਂ ਨੇ ਸ਼੍ਰੀ ਆਦਿ ਗ੍ਰੰਥ ਸਾਹਿਬ ਦਾ ਸੰਪਾਦਨ ਕੀਤਾ ਅਤੇ ਸੇਵਾ, ਨਿਮਰਤਾ ਦਾ ਸੰਦੇਸ਼ ਦਿੱਤਾ। ਇਸ ਸਮਾਗਮ ਰਾਹੀਂ ਵਿਦਿਆਰਥੀਆਂ ਨੂੰ ਗੁਰੂ ਜੀ ਦੇ ਸਬਰ, ਹਿੰਮਤ ਤੇ ਸੇਵਾ ਭਾਵ ਦੇ ਗੁਣ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।

## ਜੈਕ ਕੰਪਨੀ ਦੀ 30ਵੀਂ ਵਰ੍ਹੇਗੰਢ 'ਤੇ ਕਿਸ਼ੋਰ ਐਂਡ ਸੰਨਜ਼ ਵੱਲੋਂ ਸਮਾਗਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ)**-ਕੋਟਕਪੂਰਾ ਰੋਡ 'ਤੇ ਸਿਲਾਈ ਮਸ਼ੀਨ ਨਿਰਮਾਤਾ ਕੰਪਨੀ 'ਜੈਕ' ਵੱਲੋਂ ਆਪਣੀ 30ਵੀਂ ਵਰ੍ਹੇਗੰਢ 'ਤੇ ਸਮਾਗਮ ਕੀਤਾ ਗਿਆ।ਸਮਾਗਮ ਦੇ ਮੁੱਖ ਮਹਿਮਾਨ ਸੀਨੀਅਰ ਭਾਜਪਾ ਆਗੂ ਤੇ ਜ਼ਿਲ੍ਹਾ ਭਾਜਪਾ ਦੇ ਸਾਬਕਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਸਨ।ਉਨ੍ਹਾਂ ਮਸ਼ੀਨ ਲਾਂਚ ਕਰਨ ਤੋਂ ਬਾਅਦ ਕਿਹਾ ਕਿ ਜੈਕ ਦੁਨੀਆ ਦੀ ਇਕਲੌਤੀ ਅਜਿਹੀ ਕੰਪਨੀ ਹੈ, ਜੋ ਹਰ ਛੇ ਮਹੀਨਿਆਂ ਵਿੱਚ ਆਪਣਾ ਇੱਕ ਨਵਾਂ ਉਤਪਾਦ ਬਾਜ਼ਾਰ ਵਿੱਚ ਲਿਆਉਂਦੀ ਹੈ, ਜੋ ਨਵੇਂ-ਨਵੇਂ ਫੀਚਰਸ ਨਾਲ ਲੈਸ ਹੁੰਦਾ ਹੈ।ਜੈਕ ਦਾ ਇਹ ਨਵਾਂ ਮਾਡਲ ਆਧੁਨਿਕ ਤੇ ਉਪਯੋਗੀ ਹੈ।ਇਸ ਵਿੱਚ ਏ.ਆਈ (ਆਰਟੀਫੀਸ਼ੀਅਲ ਇੰਟੈਲੀਜੈਂਸ) ਦੇ ਨਾਲ-ਨਾਲ ਆਟੋ ਟ੍ਰਿਮਿੰਗ ਦੀ ਸਹੂਲਤ ਵੀ ਹੈ।ਕੱਪੜਾ ਨਿਰਮਾਤਾਵਾਂ ਦੀ ਸਭ ਤੋਂ ਵੱਡੀ ਸਮੱਸਿਆ ਸਿਲਾਈ ਕਰਦੇ ਸਮੇਂ ਵਾਰ-ਵਾਰ ਮਸ਼ੀਨ ਦਾ ਧਾਗਾ ਟੁੱਟਣ ਦੀ ਹੁੰਦੀ ਹੈ, ਜੋ ਇਸ ਮਸ਼ੀਨ ਦੇ ਆਉਣ ਨਾਲ ਲਗਭਗ ਖ਼ਤਮ ਹੋ ਜਾਵੇਗੀ।ਸਮਾਗਮ ਦੇ ਵਿਸ਼ੇਸ਼ ਮਹਿਮਾਨ ਸ਼ਹਿਰ ਦੇ ਪ੍ਰਮੁੱਖ ਉਦਯੋਗਪਤੀ ਹੈਪੀ ਸ਼ਰਮਾ ਨੇ ਜੈਕ ਕੰਪਨੀ ਦੇ 30 ਸਾਲ ਪੂਰੇ ਹੋਣ ਅਤੇ ਵਿਸ਼ਵ ਵਿੱਚ ਨੰਬਰ ਵਨ ਸਿਲਾਈ ਮਸ਼ੀਨ ਨਿਰਮਾਤਾ ਕੰਪਨੀ ਬਣਨ 'ਤੇ ਹਾਰਦਿਕ ਵਧਾਈ ਦਿੱਤੀ।ਜੈਕ ਕੰਪਨੀ ਦੇ ਪੰਜਾਬ ਮੈਨੇਜਰ ਵਿਕਾਸ ਪਾਂਡੇ ਨੇ ਦੱਸਿਆ ਕਿ ਜੈਕ ਇਕਲੌਤੀ ਅਜਿਹੀ ਸਿਲਾਈ ਮਸ਼ੀਨ ਨਿਰਮਾਤਾ ਕੰਪਨੀ ਹੈ, ਜੋ ਆਪਣੀ ਕੁੱਲ ਆਮਦਨ ਦਾ ਇੱਕ ਵੱਡਾ ਹਿੱਸਾ ਖੋਜ ਅਤੇ ਉਤਪਾਦ ਵਿਕਾਸ ਖਰਚ ਕਰਦੀ ਹੈ ਤਾਂ ਜੁ ਕੱਪੜਾ ਨਿਰਮਾਣ ਉਦਯੋਗ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ।ਸਮਾਗਮ ਦੇ ਪ੍ਰਬੰਧਕ ਕਿਸ਼ੋਰ ਐਂਡ ਸੰਨਜ਼ ਦੇ ਮਾਲਕ ਸਚਿਨ ਧਵਨ ਨੇ ਕਿਹਾ ਕਿ ਇਹ ਮਾਡਲ ਜੈਕ ਦਾ ਹੁਣ ਤੱਕ ਦਾ ਸਭ ਤੋਂ ਵਧੀਆ ਮਾਡਲ ਹੈ ਕਿਉਂਕਿ ਇਸ ਵਿੱਚ ਧਾਗਾ ਆਪਣੇ ਆਪ ਕੱਟਿਆ ਜਾਂਦਾ ਹੈ ਅਤੇ ਸਿਲਾਈ ਦੇ ਸ਼ੁਰੂ ਤੇ ਅਖੀਰ ਵਿੱਚ ਟਾਂਕਾ ਆਪਣੇ ਆਪ ਪੱਕਾ ਹੋ ਜਾਂਦਾ ਹੈ।

## ਬਲਾਕ ਧਰਮਕੋਟ-2 ਵੱਲੋਂ ਮੈਗਾ ਪੀ ਟੀ ਐੱਮ ਤੇ ਮਾਪਿਆਂ ਦੀ ਵਰਕਸ਼ਾਪ



**ਕੋਟ ਈਸੇ ਖਾਂ (ਅਰੋੜਾ)**-ਬਲਾਕ ਧਰਮਕੋਟ-2 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਮੈਡਮ ਕੰਚਨ ਬਾਲਾ ਸਟੇਟ ਐਵਾਰਡੀ ਨੇ ਦੱਸਿਆ ਕਿ ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਕ ਧਰਮਕੋਟ-2 ਦੇ ਸਮੂਹ ਪ੍ਰਾਇਮਰੀ ਸਕੂਲਾਂ ਵਿੱਚ ਸਿੱਖਿਆ ਦਾ ਮਹਾਂ ਜਸ਼ਨ ਮਨਾਇਆ ਗਿਆ।ਮਾਪਿਆਂ ਦੀ ਵਰਕਸ਼ਾਪ ਦਾ ਬੇਮਿਸਾਲ ਆਯੋਜਨ ਕੀਤਾ ਗਿਆ।ਇਸ ਮੈਗਾ ਪੀਟੀਐੱਮ ਦੌਰਾਨ ਕੇਂਦਰ ਸਰਕਾਰ ਦੇ ਅਦਾਰੇ ਨੀਤੀ ਆਯੋਗ ਵੱਲੋਂ ਸਿੱਖਿਆ ਗੁਣਵੱਤਾ ਵਿੱਚ ਪੰਜਾਬ ਦਾ ਪਹਿਲਾ ਸਥਾਨ ਆਉਣ ਉੱਤੇ ਸਕੂਲ ਦੇ ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਨੂੰ ਮੁੱਖ ਮੰਤਰੀ ਪੰਜਾਬ ਵੱਲੋਂ ਉੱਚੇਚੇ ਤੌਰ 'ਤੇ ਸਰਟੀਫਿਕੇਟ ਦੇ ਸਨਮਾਨਤ ਕੀਤਾ ਗਿਆ।ਪੁਰਾਣੇ ਵਿਦਿਆਰਥੀਆਂ ਤੇ ਅਧਿਆਪਕਾਂ, ਕਮੇਟੀ ਮੈਂਬਰ ਸਾਹਿਬਾਨਾਂ, ਦਾਨੀ ਸੱਜਣਾਂ ਤੇ ਪਤਵੰਤਿਆਂ ਦਾ ਵੀ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨ ਕੀਤਾ ਗਿਆ।ਮੈਡਮ ਕੰਚਨ ਬਾਲਾ ਜੀ ਨੇ ਦੱਸਿਆ ਕਿ ਇਨ੍ਹਾਂ ਸਭ ਸਹਿਯੋਗੀਆਂ ਤੋਂ ਸਕੂਲਾਂ ਲਈ ਮਦਦ ਦੀ ਵਚਨਬੱਧਤਾ ਵੀ ਦੁਹਰਾਈ ਗਈ।ਇਸ ਮੌਕੇ ਸੈਂਟਰ ਹੈੱਡ ਟੀਚਰ ਸਾਹਿਬਾਨ, ਹੈੱਡ ਟੀਚਰ ਸਾਹਿਬਾਨ ਸਕੂਲ ਇੰਚਾਰਜ ਤੇ ਸਮੂਹ ਅਧਿਆਪਕਾਂ ਨੂੰ ਇਸ ਸਫਲ ਆਯੋਜਨ ਲਈ ਬੀਆਰਸੀ ਕੁਲਦੀਪ ਸਿੰਘ ਤੇ ਗੌਰਵ ਸ਼ਰਮਾ ਨੇ ਮੁਬਾਰਕਬਾਦ ਵੀ ਪੇਸ਼ ਕੀਤੀ ਤੇ ਭਵਿੱਖ ਵਿੱਚ ਅਜਿਹੇ ਉਪਰਾਲੇ ਕਰਦੇ ਰਹਿਣ ਦੀ ਗੱਲ ਵੀ ਕਹੀ।

## ਡਾ. ਐੱਮ ਆਰ ਗੋਇਲ ਦਾ ਕਹਾਣੀ-ਸੰਗ੍ਰਹਿ 'ਨੀਲੀਆਂ ਅੱਖਾਂ ਵਾਲੀ' ਲੋਕ ਅਰਪਣ



**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਸਹਿਤ ਅਕਾਦਮੀ (ਰਜਿ.) ਵੱਲੋਂ ਸੁਤੰਤਰਤਾ ਸੈਨਾਨੀ ਭਵਨ ਵਿਖੇ ਪ੍ਰਭਾਵਸ਼ਾਲੀ ਸਮਾਗਮ ਕਰਾਇਆ ਗਿਆ।ਸਮਾਗਮ ਦੀ ਪ੍ਰਧਾਨਗੀ ਉਘੇ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਨੇ ਕੀਤੀ। ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਕੇ.ਐਲ.ਗਰਗ, ਡਾ. ਸੁਰਜੀਤ ਬਰਾੜ ਘੋਲੀਆ, ਗੁਰਚਰਨ ਸਿੰਘ ਸੰਘਾ ਤੇ ਡਾ.ਐਮ.ਆਰ. ਗੋਇਲ ਸ਼ਾਮਲ ਸਨ।ਮੰਚ ਦੀ ਕਾਰਵਾਈ ਪ੍ਰਭਾਵਸ਼ਾਲੀ ਢੰਗ ਨਾਲ ਨੌਜਵਾਨ ਸ਼ਾਇਰ ਚਰਨਜੀਤ ਸਮਾਲਸਰ ਨੇ ਨਿਭਾਈ।ਉਘੇ ਆਲੋਚਕ ਡਾ. ਸੁਰਜੀਤ ਬਰਾੜ ਘੋਲੀਆ ਨੇ ਕਿਤਾਬ ਬਾਰੇ ਜਾਣ ਪਛਾਣ ਕਰਾਉਂਦੇ ਹੋਏ ਕਿਹਾ ਕਿ ਇਸ ਕਿਤਾਬ ਦੀਆਂ ਸਾਰੀਆਂ ਕਹਾਣੀਆਂ ਆਦਰਸ਼ਵਾਦੀ ਪਹੁੰਚ ਰੱਖਦੀਆਂ।ਸਮਕਾਲੀ ਮਨੁੱਖ ਲੁਟੇਰਾ ਬਿਰਤੀ ਦਾ ਧਾਰਨੀ ਹੋ ਚੁੱਕਿਆ ਹੈ ਤਾਂ ਕਰਕੇ ਸਮਾਜ ਵਿੱਚ ਦਿਨੋ ਦਿਨ ਤਰੇੜਾਂ ਪੈ ਰਹੀਆਂ ਹਨ।ਸਾਹਿਤਕਾਰ ਕੇ.ਐਲ. ਗਰਗ ਨੇ ਕਿਹਾ ਕਿ ਕਹਾਣੀਕਾਰ ਨੇ 40 ਸਾਲ ਪਹਿਲਾਂ ਲਿਖੀਆਂ ਕਹਾਣੀਆਂ ਨੂੰ ਸਾਡੇ ਸਾਹਮਣੇ ਰੱਖ ਕੇ ਸਾਬਤ ਕਰ ਦਿੱਤਾ ਹੈ ਕਿ ਇਹ ਜਿਸ ਦੌਰ ਵਿੱਚ ਵੀ ਲਿਖੀਆਂ ਗਈਆਂ, ਉਸ ਦੌਰ ਨੂੰ ਤੇ ਅੱਜ ਦੇ ਸਮੇਂ ਨੂੰ ਵੀ ਜਸਟੀਫਾਈ ਕਰਦੀਆਂ ਹਨ।ਡਾ.ਐਮ.ਆਰ. ਗੋਇਲ ਨੇ ਆਪਣੀ ਸਿਰਜਣ ਪ੍ਰਕਿਰਿਆ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਕਹਾਣੀਆਂ ਮੇਰੇ ਜੀਵਨ ਦੇ ਆਲੇ ਦੁਆਲੇ ਵਿਚਰਦੀਆਂ ਰਹੀਆਂ ਹਨ।ਇਨ੍ਹਾਂ ਨੂੰ ਕਿਤਾਬੀ ਰੂਪ ਦੇ ਕੇ ਆਪਣੇ ਆਪ ਨੂੰ ਸੁਰਖ਼ਰੂ ਹੋਇਆ ਮਹਿਸੂਸ ਕਰਦਾ ਹਾਂ।ਉਸ ਨੇ ਲੋਕ ਸਾਹਿਤ ਅਕਾਦਮੀ ਮੋਗਾ ਦਾ ਕਿਤਾਬ ਲੋਕ ਅਰਪਣ ਕਰਨ 'ਤੇ ਧੰਨਵਾਦ ਕੀਤਾ।ਬਲਦੇਵ ਸਿੰਘ ਸੜਕਨਾਮਾ ਨੇ ਡਾ.ਐਮ.ਆਰ. ਗੋਇਲ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਕਿਤਾਬ ਦੀਆਂ ਸਮੁੱਚੀਆਂ ਕਹਾਣੀਆਂ ਔਰਤ ਨੂੰ ਵੱਖ-ਵੱਖ ਕਿਰਦਾਰਾਂ ਵਿੱਚ ਸਾਹਮਣੇ ਰੱਖ ਕੇ ਰਚੀਆਂ ਗਈਆਂ ਹਨ।ਗੁਰਚਰਨ ਸਿੰਘ ਸੰਘਾ, ਡਾ. ਹਰਨੇਕ ਸਿੰਘ ਰੋਡੇ ਅਤੇ ਡਾ.ਰਾਮ ਪ੍ਰਕਾਸ਼ ਗੋਇਲ ਨੇ ਡਾ. ਗੋਇਲ ਦੀ ਨਵੀਂ ਕਿਤਾਬ ਨੂੰ ਜੀ ਆਇਆਂ ਨੂੰ ਆਖਿਆ।

## ਇਕਬਾਲ ਸਿੰਘ ਝੂੰਦਾਂ ਦੇ ਬਿਆਨ ਦੀ ਹਮਾਇਤ 'ਚ ਨਿੱਤਰੇ ਜਸਬੀਰ ਸਿੰਘ ਭੁੱਲਰ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਕਾਲੀ ਦਲ ਪੁਨਰ ਸੁਰਜੀਤ ਦੇ ਹਲਕਾ ਇੰਚਾਰਜ ਫ਼ਿਰੋਜ਼ਪੁਰ ਸ਼ਹਿਰੀ ਜਸਬੀਰ ਸਿੰਘ ਭੁੱਲਰ ਨੇ ਸੀਨੀਅਰ ਆਗੂ ਇਕਬਾਲ ਸਿੰਘ ਝੂੰਦਾਂ ਵੱਲੋਂ ਪੰਜਾਬ ਦੀ ਰਾਜਨੀਤੀ ਨੂੰ ਲੈ ਕੇ ਦਿੱਤੇ ਗਏ ਬਿਆਨ ਦਾ ਪੂਰਾ ਸਮਰਥਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਜਿਸ ਨਾਜ਼ੁਕ ਦੌਰ ਵਿੱਚੋਂ ਗੁਜ਼ਰ ਰਿਹਾ ਹੈ, ਉਸ ਵਿੱਚ ਹਰੇਕ ਸਿਆਸੀ ਪਾਰਟੀ ਅਤੇ ਆਗੂ ਨੂੰ ਆਪਣੇ ਨਿੱਜੀ ਹਿੱਤਾਂ ਦੀ ਥਾਂ ਪੰਜਾਬ, ਪੰਜਾਬੀਅਤ ਅਤੇ ਪੰਥ ਦੇ ਭਵਿੱਖ ਨੂੰ ਪਹਿਲ ਦੇਣੀ ਚਾਹੀਦੀ ਹੈ। ਭੁੱਲਰ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਪੰਜਾਬ ਦੀ ਰਾਜਨੀਤੀ ਦਿੱਲੀ ਕੇਂਦਰਤ ਹੋ ਕੇ ਰਹਿ ਗਈ ਹੈ। ਸੂਬੇ ਦੇ ਅਸਲ ਮਸਲੇ ਕਿਸਾਨੀ ਸੰਕਟ, ਪਾਣੀਆਂ ਦਾ ਮੁੱਦਾ, ਬੇਰੁਜ਼ਗਾਰੀ, ਨਸ਼ਾ, ਉਦਯੋਗਾਂ ਦਾ ਪਲਾਇਨ ਅਤੇ ਨੌਜਵਾਨਾਂ ਦਾ ਵਿਦੇਸ਼ਾਂ ਵੱਲ ਰੁੱਖ ਪਿੱਛੇ ਛੁੱਟਦੇ ਜਾ ਰਹੇ ਹਨ। ਅਜਿਹੇ ਹਾਲਾਤ ਵਿਚ ਇਕਬਾਲ ਸਿੰਘ ਝੂੰਦਾਂ ਵੱਲੋਂ ਸੂਬੇ ਦੇ ਹਿੱਤਾਂ ਦੀ ਗੱਲ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਦੀਆਂ ਸਿਆਸੀ ਤਾਕਤਾਂ ਕਿਸੇ ਵੀ ਅਜਿਹੇ ਗੱਠਜੋੜ ਜਾਂ ਸਿਆਸੀ ਸਮੀਕਰਨ ਤੋਂ ਸੁਚੇਤ ਰਹਿਣ, ਜੋ ਸਿਰਫ਼ ਕੁਰਸੀ ਲਈ ਬਣਾਇਆ ਗਿਆ ਹੋਵੇ ਅਤੇ ਜਿਸ ਵਿੱਚ ਸੂਬੇ ਤੇ ਪੰਥਕ ਹਿੱਤਾਂ ਨੂੰ ਅਣਦੇਖਿਆ ਕੀਤਾ ਜਾਵੇ। ਇਤਿਹਾਸ ਗਵਾਹ ਹੈ ਕਿ ਜਦੋਂ-ਜਦੋਂ ਪੰਜਾਬ ਦੇ ਹਿੱਤਾਂ ਨਾਲ ਸਮਝੌਤਾ ਹੋਇਆ, ਉਦੋਂ-ਉਦੋਂ ਪੰਜਾਬ ਨੂੰ ਵੱਡਾ ਖ਼ਮਿਆਜ਼ਾ ਭੁਗਤਣਾ ਪਿਆ। ਭੁੱਲਰ ਨੇ ਪੰਜਾਬ ਦੇ ਸਾਰੇ ਸਿਆਸਤਦਾਨਾਂ ਨੂੰ ਅਪੀਲ ਕੀਤੀ ਕਿ ਉਹ ਪਾਰਟੀਬਾਜ਼ੀ ਅਤੇ ਸਿਆਸੀ ਲਾਲਚਾਂ ਤੋਂ ਉੱਪਰ ਉੱਠ ਕੇ ਸਾਂਝਾ ਏਜੰਡਾ ਬਣਾਉਣ। ਉਨ੍ਹਾਂ ਕਿਹਾ ਕਿ ਸਿਰਫ਼ ਉਨ੍ਹਾਂ ਨੀਤੀਆਂ ਦਾ ਹੀ ਸਮਰਥਨ ਹੋਣਾ ਚਾਹੀਦਾ ਹੈ, ਜੋ ਪੰਜਾਬ ਤੇ ਪੰਜਾਬੀਅਤ ਦੇ ਹੱਕ ਵਿੱਚ ਹੋਣ, ਜਿਸ ਨਾਲ ਕਿਸਾਨ, ਮਜ਼ਦੂਰ, ਵਪਾਰੀ, ਮੁਲਾਜ਼ਮ ਅਤੇ ਹਰੇਕ ਵਰਗ ਦਾ ਭਲਾ ਹੋ ਸਕੇ। ਉਨ੍ਹਾਂ ਆਸ ਪ੍ਰਗਟਾਈ ਕਿ ਪੰਜਾਬ ਮੁੜ ਤੋਂ ਤਰੱਕੀ, ਖੁਸ਼ਹਾਲੀ ਅਤੇ ਭਾਈਚਾਰਕ ਸਾਂਝ ਦੀ ਮਿਸਾਲ ਬਣ ਕੇ ਉੱਭਰੇਗਾ।

# ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵੱਲੋਂ ਜਨਮ ਦਿਨ ਮੌਕੇ ਸਮਾਰੋਹ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਬਨਾਸਰ ਬਾਗ ਸਥਿਤ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਦੇ ਮੁੱਖ ਦਫਤਰ ਵਿਖੇ ਵਿਸ਼ੇਸ਼ ਸਨਮਾਨ ਸਮਾਰੋਹ ਡਾ. ਨਰਵਿੰਦਰ ਸਿੰਘ ਕੌਸ਼ਲ ਪ੍ਰਧਾਨ ਦੀ ਅਗਵਾਈ ਵਿੱਚ ਕੀਤਾ ਗਿਆ। ਉਨ੍ਹਾਂ ਦੇ ਨਾਲ ਸਰਪ੍ਰਸਤ ਬਲਦੇਵ ਸਿੰਘ ਗੋਸਲ, ਗੁਰਪਾਲ ਸਿੰਘ ਗਿੱਲ, ਦਲਜੀਤ ਸਿੰਘ ਜ਼ਖਮੀ ਅਤੇ ਜਗਨ ਨਾਥ ਗੋਇਲ ਪ੍ਰਧਾਨਗੀ ਵਿੱਚ ਸ਼ਾਮਲ ਹੋਏ। ਸੰਸਥਾ ਦੇ ਜਨਰਲ ਸਕੱਤਰ ਜਗਜੀਤ ਸਿੰਘ ਜੱਸਲ ਨੇ ਸਟੇਜ ਦੀ ਜ਼ਿੰਮੇਵਾਰੀ ਸੰਭਾਲਦਿਆਂ ਮਈ ਮਹੀਨੇ ਦੇ ਇਤਿਹਾਸਕ ਦਿਹਾੜਿਆਂ ਦਾ ਜ਼ਿਕਰ ਕੀਤਾ ਅਤੇ ਗੁਰਮੀਤ ਸਿੰਘ ਹੇਅਰ ਮੈਂਬਰ ਪਾਰਲੀਮੈਂਟ ਅਤੇ ਬੀਬਾ ਨਰਿੰਦਰ ਕੌਰ ਭਰਾਜ ਹਲਕਾ ਵਿਧਾਇਕਾ ਵੱਲੋਂ ਸੰਸਥਾ ਦਫਤਰ ਦੇ ਲੋੜੀਂਦੇ ਵਿਕਾਸ ਲਈ, ਸੰਸਥਾ ਲਈ ਐਲਾਨ ਕੀਤੀ ਵਿੱਤੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਅੱਜ ਦੇ ਸਮਾਗਮ ਵਿੱਚ 50 ਦੇ ਲਗਭਗ ਵੱਖ ਵੱਖ ਵਿਭਾਗਾਂ ਵਿੱਚ ਸੇਵਾ ਮੁਕਤ ਹੋਈਆਂ ਸ਼ਖ਼ਸੀਅਤਾਂ, ਸੰਸਥਾ ਦੇ ਨਵੇਂ ਮੈਂਬਰ ਵਜੋਂ ਸ਼ਾਮਲ ਹੋਏ ਹਨ।ਸਮਾਜ ਸੇਵੀ ਤੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂ ਰਾਜ ਕੁਮਾਰ ਅਰੋੜਾ ਸੀਨੀਅਰ ਮੀਤ ਪ੍ਰਧਾਨ ਨੇ ਸੰਸਥਾ ਹਾਜ਼ਰ ਮੈਂਬਰਾਂ ਦਾ ਸਵਾਗਤ ਕੀਤਾ ਅਤੇ ਮਈ ਮਹੀਨੇ ਵਿੱਚ ਜਨਮੇ ਆਪਣੇ ਸਾਥੀਆਂ ਨੂੰ ਸ਼ੁੱਭਕਾਮਨਾਵਾਂ ਅਤੇ ਉਨਾਂ ਦੀ ਸਿਹਤਮੰਦ ਉਮਰ ਦੀ ਕਾਮਨਾ ਕੀਤੀ। ਸੁਰਿੰਦਰ ਪਾਲ ਸਿੰਘ ਸਿਦਕੀ ਨੇ ਕਿਹਾ ਕਿ ਡਾ ਨਰਵਿੰਦਰ ਸਿੰਘ ਕੌਸ਼ਲ ਪ੍ਰਧਾਨ ਦੀ ਅਗਵਾਈ ਵਿੱਚ ਸਮੁੱਚੀ ਟੀਮ ਦੀ ਕਾਰਜਸ਼ੈਲੀ ਤੋਂ ਉਤਸ਼ਾਹਤ ਹੋ ਕੇ ਸੰਸਥਾ ਦੇ ਪਰਵਾਰ ਵਿੱਚ ਵੱਡਾ ਵਾਧਾ ਹੋਇਆ ਹੈ। ਆਪ ਨੇ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਦੇ ਮੱਦੇਨਜ਼ਰ ਨਸ਼ਿਆਂ ਦੇ ਮਾਰੂ ਪ੍ਰਭਾਵ 'ਤੇ ਵਿਚਾਰ ਸਾਂਝੇ ਕੀਤੇ। ਬਲਦੇਵ ਸਿੰਘ ਗੋਸਲ ਸਰਪ੍ਰਸਤ ਨੇ ਸੰਸਥਾ ਮੈਂਬਰਾਂ ਨਾਲ ਖੁਸ਼ਹਾਲ ਜ਼ਿੰਦਗੀ ਲਈ ਨੁਕਤੇ ਸਾਂਝੇ ਕੀਤੇ। ਸੰਸਥਾ ਦੇ ਕਲਾਕਾਰ ਮਾਸਟਰ ਫ਼ਕੀਰ ਚੰਦ, ਵਾਸਦੇਵ ਸ਼ਰਮਾ, ਮੋਹਨ ਲਾਲ, ਬੀਬੀ ਰਾਜਿੰਦਰ ਕੌਰ ਨੇ ਖ਼ੂਬਸੂਰਤ ਗੀਤਾਂ ਰਾਹੀਂ ਪੰਜਾਬੀ ਸੱਭਿਆਚਾਰ ਨੂੰ ਪੇਸ਼ ਕੀਤਾ। ਉਪਰੰਤ ਸ਼ਕਤੀ ਮਿੱਤਲ, ਪ੍ਰੇਮ ਚੰਦ ਗਰਗ, ਹਰੀ ਦਾਸ ਸ਼ਰਮਾ, ਸੱਤਦੇਵ ਸ਼ਰਮਾ, ਅਵਿਨਾਸ਼ ਸ਼ਰਮਾ, ਪ੍ਰਿੰਸੀਪਲ ਸੁਖਦਰਸ਼ਨ ਸਿੰਘ ਢਿੱਲੋਂ, ਰਾਜ ਕੁਮਾਰ ਬਾਂਸਲ, ਬਾਲ ਕ੍ਰਿਸ਼ਨ, ਕੁਲਵੰਤ ਸਿੰਘ ਅਕੋਈ, ਬਲਦੇਵ ਰਾਜ ਗੁਪਤਾ, ਅਮਰਜੀਤ ਸਿੰਘ ਪਾਹਵਾ ਦੀਆਂ ਵੱਖ ਵੱਖ ਸੇਵਾਵਾਂ ਤਹਿਤ ਜਨਮ ਦਿਨ ਵਾਲੇ ਮੈਂਬਰਾਂ ਵਿੱਚ ਸ਼ਾਮਲ ਡਾ ਨਰਵਿੰਦਰ ਸਿੰਘ ਕੌਸ਼ਲ ਸਮੇਤ ਰਾਜ ਸਰੂਪ ਅਲੀਸ਼ੇਰ, ਜਗਦੀਸ਼ ਰਾਏ ਸਿੰਗਲਾ, ਕੈਪਟਨ ਅਨਿਲ ਕੁਮਾਰ, ਧਰਮਪਾਲ ਬਾਤਿਸ਼, ਐਸ ਪੀ ਸ਼ਰਮਾ, ਹਰਮੇਲ ਸਿੰਘ, ਅਨਿਲ ਕੁਮਾਰ ਗੋਇਲ, ਮੇਜਰ ਸਿੰਘ ਆਦਿ ਨੂੰ ਪ੍ਰਧਾਨਗੀ ਮੰਡਲ ਦੇ ਨਾਲ ਏ ਪੀ ਸਿੰਘ ਬਾਬਾ, ਸੁਰਜੀਤ ਸਿੰਘ ਕੋਹਲੀ, ਕਰਨੈਲ ਸਿੰਘ ਸ਼ੇਖੋਂ, ਨਰਾਤਾ ਰਾਮ ਸਿੰਗਲਾ, ਸੁਰਿੰਦਰ ਸਿੰਘ ਸੋਢੀ, ਸਤਨਾਮ ਸਿੰਘ ਦਮਦਮੀ, ਗੋਬਿੰਦਰ ਸਿੰਘ ਜੱਸਲ, ਰਾਜਿੰਦਰ ਸਿੰਘ ਚੰਗਾਲ, ਕਰਮ ਸਿੰਘ ਨਮੋਲ, ਰਾਜਬੀਰ ਸਿੰਘ ਸਿਬੀਆ, ਪ੍ਰੀਮ ਸਿੰਘ ਜੌਹਲ, ਸੁਰਿੰਦਰ ਸ਼ੋਰੀ ਆਦਿ ਨੇ ਜਦੋਂ ਕਿ ਲੇਡੀਜ਼ ਮੈਂਬਰ ਆਸ਼ਾ ਗੋਇਲ, ਰੀਨਾ ਗੋਇਲ, ਰਾਕੇਸ਼ ਦੇਵੀ, ਹਰਵਿੰਦਰ ਕੌਰ, ਸੁਸ਼ੀਲ ਕੁਮਾਰੀ, ਅੰਜੂ ਬਾਲਾ ਆਦਿ ਨੂੰ ਡਾ ਸੁਨੀਤਾ ਕੌਸ਼ਲ, ਸੁਮਨ ਜ਼ਖ਼ਮੀ, ਅਮਨਦੀਪ ਕੌਰ, ਜੋਗਿੰਦਰ ਕੌਰ, ਦਵਿੰਦਰ ਕੌਰ ਆਦਿ ਸਮੇਤ ਹੋਰਾਂ ਨੇ ਹਾਰ ਪਾ ਕੇ ਅਤੇ ਗਿਫਟ ਦੇ ਕੇ ਸਨਮਾਨਤ ਕੀਤਾ।ਹਾਜ਼ਰ ਜੋੜੀਆਂ ਵੱਲੋਂ ਇੱਕ ਦੂਜੇ ਦੇ ਹਾਰ ਪਾ ਕੇ ਖੁਸ਼ਗਵਾਰ ਮਾਹੌਲ ਬਣਾ ਦਿੱਤਾ। ਨਵੇਂ ਬਣੇ ਮੈਂਬਰਾਂ ਵਿੱਚ ਸ਼ਾਮਲ ਬਹਾਦਰ ਸਿੰਘ ਤਹਿਸੀਲਦਾਰ, ਮਹਿੰਦਰ ਪਾਲ, ਸਤੀਸ਼ ਬਾਂਸਲ, ਅਸ਼ਵਨੀ ਗਰਗ, ਸੱਤਪਾਲ ਸਤਿਅਮ ਪੱਤਰਕਾਰ, ਬਲਵੰਤ ਸਿੰਘ ਜੋਗਾ, ਜਗਮੇਲ ਸਿੰਘ ਸਿੱਧੂ, ਬਲਜਿੰਦਰ ਸਿੰਘ ਨਿੰਪੀ, ਬਲਰਾਜ ਰਾਏ ਬਾਜ਼ੀ, ਕੌਸ਼ਲ ਕੁਮਾਰ ਗਰਗ, ਜਸਵਿੰਦਰ ਜਿੰਦਲ, ਮੇਜਰ ਸਿੰਘ, ਰਾਮੇਸ਼ ਮਾਰਕੰਡੇ, ਸੁਸ਼ੀਲ ਕੁਮਾਰ ਕਾਂਸਲ, ਇੰਦਰਜੀਤ ਸਿੰਘ, ਬਲਬੀਰ ਸਿੰਘ, ਸੁਰਜੀਤ ਸਿੰਘ, ਸੰਤੋਸ਼ ਕੁਮਾਰੀ, ਚੰਚਲ ਬਾਂਸਲ ਆਦਿ ਨੂੰ ਬੈਜ ਲਗਾ ਕੇ ਅਤੇ ਸਨਮਾਨ ਕਰਕੇ ਸੰਸਥਾ ਵਿੱਚ ਸ਼ਾਮਲ ਕੀਤਾ ਗਿਆ। ਡਾ. ਨਰਵਿੰਦਰ ਸਿੰਘ ਕੌਸ਼ਲ ਨੇ ਵੀ ਨਿੱਜੀ ਤੌਰ 'ਤੇ ਨਵੇ ਮੈਂਬਰਾਂ ਦਾ ਸਵਾਗਤ ਕੀਤਾ।

## ਬੱਚਿਆਂ ਲਈ ਸੱਤ ਰੋਜ਼ਾ ਰੰਗਮੰਚ ਫ਼ਿਲਮ ਅਦਾਕਾਰੀ ਵਰਕਸ਼ਾਪ ਅੱਜ ਤੋਂ

**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**-ਇਸ ਸਾਲ ਅਲਾਇੰਸ ਕਲੱਬਜ਼ ਇੰਟਰਨੈਸ਼ਨਲ ਵੱਲੋਂ ਬੱਚਿਆਂ ਲਈ ਮੁਫ਼ਤ 7 ਦਿਨਾ ਰੰਗਮੰਚ ਫ਼ਿਲਮ ਅਦਾਕਾਰੀ ਵਰਕਸ਼ਾਪ ਲਾਈ ਜਾ ਰਹੀ ਹੈ।ਵਰਕਸ਼ਾਪ ਵਿੱਚ ਬੱਚਿਆਂ ਦੇ ਹੁਨਰ ਨੂੰ ਨਿਖਾਰਨ ਲਈ ਟਰੇਨਿੰਗ ਡਾਇਰੈਕਟਰ ਸੁਖਦੇਵ ਲੱਧੜ (ਰੰਗਮੰਚ ਫ਼ਿਲਮ ਅਦਾਕਾਰ ਨਿਰਦੇਸ਼ਕ) ਵੱਲੋਂ ਕਰਾਈ ਜਾਵੇਗੀ।ਇਹ ਉਪਰਾਲਾ ਹਰ ਸਾਲ ਡਾਕਟਰ ਹਰਗੁਰਪ੍ਰਤਾਪ ਸਿੰਘ (ਦੀਪ ਹਸਪਤਾਲ) ਦੀ ਪ੍ਰੇਰਣਾ ਸਦਕਾ ਹੁੰਦਾ ਆ ਰਿਹਾ ਹੈ।ਇਸ ਵਰਕਸ਼ਾਪ ਵਿੱਚ ਪੂਰਨ ਸਹਿਯੋਗ ਐਲੀ ਡਾਕਟਰ ਫ਼ਕੀਰ ਮੁਹੰਮਦ (ਪ੍ਰਧਾਨ ਅਲਾਇੰਸ ਕਲੱਬਜ਼ ਇੰਟਰਨੈਸ਼ਨਲ),ਐਲੀ ਡਾਕਟਰ ਸ਼ਿਵਦੇਵ ਸਿੰਘ (ਅਲਾਇੰਸ ਕਲੱਬਜ਼ ਇੰਟਰਨੈਸ਼ਨਲ) ਅਤੇ ਸਮੂਹ ਕਲੱਬ ਦਾ ਰਹੇਗਾ।ਇਹ ਵਰਕਸ਼ਾਪ 3 ਜੂਨ ਤੋਂ 9 ਜੂਨ ਤੱਕ, ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ, ਦੀਪ ਹਸਪਤਾਲ, ਬਰਨਾਲਾ ਰੋਡ ਵਿਖੇ ਲਾਈ ਜਾ ਰਹੀ ਹੈ।ਇਹ ਵਰਕਸ਼ਾਪ 20 ਸਾਲ ਤੱਕ ਦੇ ਬੱਚਿਆਂ ਲਈ ਬਿਲਕੁਲ ਫ੍ਰੀ ਹੈ।ਇਸ ਵਰਕਸ਼ਾਪ ਵਿੱਚ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਬੱਚੇ ਵਧ ਚੜ੍ਹ ਕੇ ਭਾਗ ਲੈਣ ਲਈ ਰਜਿਸਟ੍ਰੇਸ਼ਨ ਕਰਾ ਰਹੇ ਹਨ।

# 30 ਲੱਖ ਦੀ ਲਾਗਤ ਨਾਲ ਬਣੇਗਾ ਹੈਲਥ ਐਂਡ ਵੈਲਨੈਸ ਸੈਂਟਰ



**ਭਵਾਨੀਗੜ੍ਹ (ਰਾਜ ਖੁਰਮੀ)**-ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਪਿੰਡ ਫੱਗੂਵਾਲ ਵਿਖੇ ਕਰੀਬ 30 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹੈਲਥ ਐਂਡ ਵੈਲਨੈਸ ਸੈਂਟਰ ਦੇ ਨਿਰਮਾਣ ਕਾਰਜਾਂ ਦਾ ਨੀਂਹ ਪੱਥਰ ਰੱਖ ਕੇ ਇਸ ਮਹੱਤਵਪੂਰਨ ਪ੍ਰੋਜੈਕਟ ਦੀ ਸ਼ੁਰੂਆਤ ਕਰਾਈ।ਪਿੰਡ ਵਾਸੀਆਂ, ਪੰਚਾਇਤੀ ਨੁਮਾਇੰਦਿਆਂ ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਕਰਾਏ ਸਮਾਗਮ ਦੌਰਾਨ ਵਿਧਾਇਕ ਭਰਾਜ ਨੇ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਮਿਆਰੀ ਸਿਹਤ ਸੇਵਾਵਾਂ ਦੀ ਪਹੁੰਚ ਯਕੀਨੀ ਬਣਾਉਣਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਸਿਹਤ ਖੇਤਰ ਵਿੱਚ ਵੱਡੇ ਪੱਧਰ 'ਤੇ ਸੁਧਾਰ ਕਰ ਰਹੀ ਹੈ ਤੇ ਪਿੰਡਾਂ ਤੱਕ ਸਿਹਤ ਸਹੂਲਤਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਹੈਲਥ ਐਂਡ ਵੈਲਨੈਸ ਸੈਂਟਰ ਦੇ ਮੁਕੰਮਲ ਹੋਣ ਨਾਲ ਫੱਗੂਵਾਲ ਤੇ ਆਸ-ਪਾਸ ਦੇ ਪਿੰਡਾਂ ਦੇ ਹਜ਼ਾਰਾਂ ਲੋਕਾਂ ਨੂੰ ਸਿੱਧਾ ਲਾਭ ਮਿਲੇਗਾ।ਵਿਧਾਇਕ ਭਰਾਜ ਨੇ ਕਿਹਾ ਕਿ ਨਵੇਂ ਕੇਂਦਰ ਵਿੱਚ ਆਮ ਬਿਮਾਰੀਆਂ ਦੇ ਇਲਾਜ, ਨਿਯਮਿਤ ਸਿਹਤ ਜਾਂਚਾਂ, ਟੀਕਾਕਰਨ, ਗਰਭਵਤੀ ਮਹਿਲਾਵਾਂ ਤੇ ਬੱਚਿਆਂ ਦੀ ਸਿਹਤ ਸੰਭਾਲ, ਵੱਖ-ਵੱਖ ਬਿਮਾਰੀਆਂ ਦੀ ਸਕ੍ਰੀਨਿੰਗ ਤੇ ਸਿਹਤ ਜਾਗਰੂਕਤਾ ਸੇਵਾਵਾਂ ਉਪਲਬਧ ਹੋਣਗੀਆਂ।ਇਸ ਨਾਲ ਲੋਕਾਂ ਨੂੰ ਛੋਟੇ-ਮੋਟੇ ਇਲਾਜ ਲਈ ਸ਼ਹਿਰਾਂ ਦੇ ਹਸਪਤਾਲਾਂ ਦੇ ਚੱਕਰ ਨਹੀਂ ਲਾਉਣੇ ਪੈਣਗੇ ਤੇ ਸਮੇਂ ਦੇ ਨਾਲ-ਨਾਲ ਆਰਥਿਕ ਬਚਤ ਵੀ ਹੋਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ, ਸਿਹਤ, ਬਿਜਲੀ, ਪਾਣੀ ਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵਚਨਬੱਧ ਹੈ।ਸੰਗਰੂਰ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਾਏ ਜਾ ਰਹੇ ਹਨ ਅਤੇ ਹਰ ਪਿੰਡ ਦੀ ਲੋੜ ਅਨੁਸਾਰ ਯੋਜਨਾਵਾਂ ਨੂੰ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ।ਵਿਧਾਇਕ ਨੇ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਪਿੰਡਾਂ ਦੇ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਵੀ ਕੀਤੀ।ਇਸ ਦੇ ਨਾਲ ਹੀ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪ੍ਰੋਜੈਕਟ ਨੂੰ ਨਿਰਧਾਰਤ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਦੇ ਮਾਪਦੰਡਾਂ ਅਨੁਸਾਰ ਮੁਕੰਮਲ ਕੀਤਾ ਜਾਵੇ।

# ਪੀ ਆਰ ਟੀ ਸੀ ਮੁੱਖ ਦਫ਼ਤਰ ਦੇ ਬਾਹਰ ਨਵੇਂ ਬੱਸ ਅੱਡੇ ਦਾ ਉਦਘਾਟਨ, ਚੇਅਰਮੈਨ ਜੁਨੇਜਾ ਨੇ ਸੇਵਾਦਾਰ ਤੋਂ ਕਰਾਈ ਸ਼ੁਰੂਆਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਨਾਭਾ ਰੋਡ 'ਤੇ ਸਥਿਤ ਮੁੱਖ ਦਫ਼ਤਰ ਦੇ ਬਾਹਰ 9.50 ਰੁਪਏ ਲੱਖ ਦੀ ਲਾਗਤ ਨਾਲ ਨਵੇਂ ਬਣਾਏ ਬੱਸ ਸਟਾਪ ਦਾ ਉਦਘਾਟਨ ਇੱਕ ਸੇਵਾਦਾਰ ਤੋਂ ਕਰਾਇਆ।ਚੇਅਰਮੈਨ ਪੀ.ਆਰ.ਟੀ.ਸੀ. ਐਡਵੋਕੇਟ ਹਰਪਾਲ ਜੁਨੇਜਾ ਨੇ ਕਿਹਾ ਕਿ ਭਾਵੇਂ ਪੀਆਰਟੀਸੀ ਦੇ ਕ੍ਰਮਚਾਰੀ ਵੱਖ-ਵੱਖ ਅਹੁਦਿਆਂ 'ਤੇ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ, ਪਰ ਉਨ੍ਹਾਂ ਲਈ ਸਾਰੇ ਕ੍ਰਮਚਾਰੀ ਇਕਸਾਰ ਹਨ। ਇਹ ਉਪਰਾਲਾ ਇਸੇ ਸੋਚ ਦਾ ਪ੍ਰਤੀਕ ਹੈ ਤੇ ਅਦਾਰੇ ਦੇ ਇੱਕ ਸੇਵਾਦਾਰ ਨੇ ਇਸ ਨਵੇਂ ਬੱਸ ਸਟਾਪ ਦਾ ਉਦਘਾਟਨ ਕੀਤਾ ਹੈ ਅਤੇ ਸਾਰੇ ਕ੍ਰਮਚਾਰੀਆਂ ਦੀ ਬਰਾਬਰੀ ਅਤੇ ਸਨਮਾਨ ਦੀ ਭਾਵਨਾ ਨੂੰ ਪ੍ਰਗਟ ਕੀਤਾ ਗਿਆ ਹੈ। ਐਡਵੋਕੇਟ ਹਰਪਾਲ ਜੁਨੇਜਾ ਨੇ ਕਿਹਾ ਕਿ ਨਾਭਾ, ਮਲੇਰਕੋਟਲਾ ਤੇ ਅੱਗੇ ਜਾਣ ਵਾਲੀਆਂ ਸਵਾਰੀਆਂ ਨੂੰ ਬਰਸਾਤ, ਗਰਮੀ ਦੇ ਮੌਸਮ ਤੋਂ ਬਚਾਉਣ ਲਈ 9.50 ਰੁਪਏ ਲੱਖ ਦੀ ਲਾਗਤ ਨਾਲ ਇਸ ਨਵਾਂ ਬੱਸ ਸਟਾਪ ਬਣਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੀ.ਆਰ.ਟੀ.ਸੀ. ਦੀ ਤਰੱਕੀ ਤੇ ਬਿਹਤਰੀ ਲਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਲੋਕ-ਹਿਤੈਸ਼ੀ ਅਤੇ ਕਰਮਚਾਰੀ-ਪੱਖੀ ਉਪਰਾਲੇ ਜਾਰੀ ਰਹਿਣਗੇ। ਜੁਨੇਜਾ ਨੇ ਦੱਸਿਆ ਕਿ ਇਹ ਬੱਸ ਸਟਾਪ ਸਵਾਰੀਆਂ, ਯਾਤਰੀਆਂ ਦੇ ਆਰਾਮ, ਸੁਰੱਖਿਆ ਤੇ ਸਹੂਲਤ ਨੂੰ ਤਰਜੀਹ ਦਿੰਦੇ ਹੋਏ ਇੱਕ ਬਹੁਤ ਹੀ ਆਧੁਨਿਕ ਆਵਾਜਾਈ ਅਨੁਭਵ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਸਵਾਰੀਆਂ/ਯਾਤਰੀਆਂ ਲਈ ਬੈਠਣ ਵਾਲੇ ਗਰੇਨਾਈਟ ਤੇ ਸਟੇਨਲੈਸ ਸਟੀਲ ਬੈਂਚ, ਬੱਸ ਸਟਾਪ ਦੀ ਪਛਾਣ ਲਈ ਡਿਜ਼ੀਟਲ ਸਾਈਨੇਜ ਬੋਰਡ, ਸਵਾਰੀਆਂ ਨੂੰ ਗਰਮੀ ਤੋਂ ਰਾਹਤ ਦੇਣ ਲਈ ਐਲ.ਈ.ਡੀ. ਲਾਈਟਾਂ, ਪੱਖੇ ਆਦਿ ਮੁਹੱਈਆ ਕਰਾਏ ਗਏ ਹਨ। ਐਡਵੋਕੇਟ ਹਰਪਾਲ ਜੁਨੇਜਾ ਚੇਅਰਮੈਨ ਨੇ ਦੱਸਿਆ ਕਿ ਪੀ.ਆਰ.ਟੀ.ਸੀ. ਵੱਲੋਂ ਨਿੱਜੀ ਕੰਪਨੀਆਂ ਅਤੇ ਐਨ.ਜੀ.ਓਜ਼ ਦੇ ਸਹਿਯੋਗ ਨਾਲ ਸ਼ਹਿਰ ਦੇ ਵੱਖ-ਵੱਖ ਥਾਂਵਾਂ 'ਤੇ ਸਵਾਰੀਆਂ ਦੀ ਸਹੂਲਤ ਲਈ ਬੱਸ ਸਟਾਪਾਂ ਦੀ ਉਸਾਰੀ ਜਲਦ ਹੀ ਕਰਾਈ ਜਾ ਰਹੀ ਹੈ।ਇਸ ਤੋਂ ਇਲਾਵਾ ਪੀ.ਆਰ.ਟੀ.ਸੀ. ਮੁੱਖ ਦਫ਼ਤਰ ਪਟਿਆਲਾ ਦੀ ਜ਼ਮੀਨ 'ਤੇ ਆਈ.ਓ.ਸੀ.ਐਲ. ਵੱਲੋਂ ਰਿਟੇਲ ਪੈਟਰੋਲੀਅਮ ਆਊਟਲੈਟ ਸਥਾਪਤ ਕੀਤਾ ਜਾਵੇਗਾ, ਇਸ ਨਾਲ ਪੀ.ਆਰ.ਟੀ.ਸੀ. ਨੂੰ ਅੰਦਾਜ਼ਨ 80.00 ਲੱਖ ਦੀ ਸਾਲਾਨਾ ਆਮਦਨ ਹੋਵੇਗੀ। ਉਨ੍ਹਾਂ ਹੋਰ ਕਿਹਾ ਕਿ ਪੰਜਾਬ ਊਰਜਾ ਵਿਕਾਸ ਏਜੰਸੀ ਵੱਲੋਂ ਪੀ.ਆਰ.ਟੀ.ਸੀ. ਦੇ ਵੱਖ-ਵੱਖ ਅਦਾਰਿਆਂ ਵਿੱਚ 785 ਕਿਲੋਵਾਟ ਦੇ ਸੋਲਰ ਰੂਫਟਾਪ ਪਲਾਂਟ ਸਥਾਪਤ ਕੀਤੇ ਜਾਣੇ ਹਨ ਜਿਸ ਨਾਲ ਪੀ.ਆਰ.ਟੀ.ਸੀ ਨੂੰ ਅੰਦਾਜ਼ਨ ਸਾਲਾਨਾ 97 ਲੱਖ ਰੁਪਏ ਬਿਜਲੀ ਦੇ ਖਰਚੇ ਦੀ ਬਚਤ ਹੋਣ ਦੀ ਸੰਭਾਵਨਾ ਹੈ।ਇਸ ਤੋਂ ਇਲਾਵਾ ਪੀ.ਆਰ.ਟੀ.ਸੀ. ਵੱਲੋਂ ਪੁਰਾਣੇ ਬੱਸ ਸਟੈਂਡ ਪਟਿਆਲਾ, ਨਵੇਂ ਬੱਸ ਸਟੈਂਡ ਪਟਿਆਲਾ ਤੇ ਮੁੱਖ ਦਫ਼ਤਰ ਪਟਿਆਲਾ ਵਿਖੇ ਜਲਦ ਹੀ ਵੇਰਕਾ ਬੂਥ ਵੀ ਸਥਾਪਤ ਕੀਤੇ ਜਾਣਗੇ, ਜਦੋਂ ਕਿ ਪੁਰਾਣੇ ਬੱਸ ਸਟੈਂਡ ਪਟਿਆਲਾ ਦੀ ਮੌਜੂਦਾ ਜ਼ਮੀਨ ਵਿੱਚ 1.50 ਏਕੜ ਜਗ੍ਹਾ ਉੱਪਰ ਬੱਸ ਸਟੈਂਡ ਦੀ ਉਸਾਰੀ ਅਤੇ ਬਾਕੀ ਰਹਿੰਦੀ ਜ਼ਮੀਨ ਨੂੰ ਕਮਰਸ਼ੀਅਲਾਈਜ਼ ਕਰਨ ਸਬੰਧੀ ਕਾਰਵਾਈ ਸਰਕਾਰ ਪੱਧਰ 'ਤੇ ਅਰੰਭੀ ਹੋਈ ਹੈ।

## ਆਤਮ-ਰੱਖਿਆ ਦਾ ਜਜ਼ਬਾ ਭਰ ਕੇ ਸੰਪੰਨ ਹੋਇਆ 'ਮਿਸ਼ਨ ਡਿਫੈਂਸ' ਤਿੰਨ ਰੋਜ਼ਾ ਮਾਰਸ਼ਲ ਆਰਟ ਕੈਂਪ



**ਜਗਰਾਉਂ (ਅਮਿਤ ਖੰਨਾ)**-ਲਾਲਾ ਲਾਜਪਤ ਰਾਏ ਚੈਰੀਟੇਬਲ ਵੈਲਫੇਅਰ ਸੋਸਾਇਟੀ (ਰਜਿ.) ਵੱਲੋਂ ਆਯੋਜਤ ਤਿੰਨ ਰੋਜ਼ਾ ਮੁਫ਼ਤ 'ਮਿਸ਼ਨ ਡਿਫੈਂਸ' ਮਾਰਸ਼ਲ ਆਰਟ ਕੈਂਪ ਦਾ ਸਫ਼ਲਤਾਪੂਰਵਕ ਸਮਾਪਨ ਹੋ ਗਿਆ।ਧੀਆਂ ਨੂੰ ਆਤਮ-ਰੱਖਿਆ ਦੇ ਗੁਣ ਸਿਖਾਉਣ ਤੇ ਉਨ੍ਹਾਂ 'ਚ ਆਤਮ-ਵਿਸ਼ਵਾਸ ਪੈਦਾ ਕਰਨ ਦੇ ਉਦੇਸ਼ ਨਾਲ ਲਾਏ ਗਏ ਇਸ ਕੈਂਪ ਵਿੱਚ 300 ਤੋਂ ਵੱਧ ਬੱਚੀਆਂ ਨੇ ਭਾਗ ਲਿਆ।ਕੈਂਪ ਦੌਰਾਨ ਅੰਤਰਰਾਸ਼ਟਰੀ ਮਾਰਸ਼ਲ ਆਰਟ ਕੋਚ ਸੁਰਿੰਦਰ ਪਾਲ ਹੈਪੀ ਵਿਜ ਨੇ ਭਾਗ ਲੈਣ ਵਾਲੀਆਂ ਧੀਆਂ ਨੂੰ ਆਤਮ-ਰੱਖਿਆ ਦੀਆਂ ਵੱਖ-ਵੱਖ ਤਕਨੀਕਾਂ ਦੀ ਸਿਖਲਾਈ ਦਿੱਤੀ।ਉਨ੍ਹਾਂ ਨੇ ਬੱਚੀਆਂ ਨੂੰ ਦੱਸਿਆ ਕਿ ਆਤਮ-ਰੱਖਿਆ ਸਿਰਫ਼ ਸਰੀਰਕ ਸੁਰੱਖਿਆ ਦਾ ਹੀ ਸਾਧਨ ਨਹੀਂ, ਸਗੋਂ ਆਤਮ-ਵਿਸ਼ਵਾਸ ਅਤੇ ਹੌਸਲੇ ਦਾ ਵੀ ਪ੍ਰਤੀਕ ਹੈ। ਤਿੰਨ ਦਿਨਾਂ ਦੀ ਸਿਖਲਾਈ ਤੋਂ ਬਾਅਦ ਧੀਆਂ ਵਿੱਚ ਆਤਮ-ਵਿਸ਼ਵਾਸ ਅਤੇ ਉਤਸ਼ਾਹ ਦਾ ਵਿਸ਼ੇਸ਼ ਵਾਧਾ ਦੇਖਣ ਨੂੰ ਮਿਲਿਆ।ਸਮਾਪਨ ਸਮਾਰੋਹ ਵਿੱਚ ਸ਼੍ਰੀ ਦੁਆਰਕਾਧੀਸ਼ ਮੰਦਰ ਦੇ ਸੰਚਾਲਕ ਆਚਾਰਿਆ ਸ਼੍ਰੀ ਹਿਤੇਸ਼ ਮੁਨੀ ਜੀ ਮਹਾਰਾਜ, ਜਗਰਾਉਂ ਦੇ ਪ੍ਰਸਿੱਧ ਸਮਾਜਸੇਵੀ ਪਰੀਕਸ਼ਿਤ ਕਤਿਆਲ, ਨੇਹਾ ਕਤਿਆਲ (ਸਤਿਅਮ ਜਵੈਲਰਜ਼ ਪਰਿਵਾਰ), ਜਗਰਾਉਂ ਸਿਟੀ ਦੇ ਡੀਐਸਪੀ ਜਸਵਿੰਦਰ ਸਿੰਘ, ਇੰਸਪੈਕਟਰ ਕਮਲਦੀਪ ਕੌਰ, ਕੈਪਟਨ ਨਰੇਸ਼ ਵਰਮਾ ਗ੍ਰੀਨ ਮਿਸ਼ਨ ਟੀਮ ਸਮੇਤ ਸ਼ਹਿਰ ਦੀਆਂ ਅਨੇਕਾਂ ਸਮਾਜਿਕ, ਧਾਰਮਿਕ ਤੇ ਸੇਵਾ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਪ੍ਰੋਗਰਾਮ ਦੌਰਾਨ ਕੈਂਪ 'ਚ ਭਾਗ ਲੈਣ ਵਾਲੀਆਂ ਸਾਰੀਆਂ ਬੱਚੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਦੇ ਨਾਲ ਹੀ ਮਾਰਸ਼ਲ ਆਰਟ ਨੂੰ ਖ਼ਾਸ ਲਗਨ ਤੇ ਸਮਰਪਣ ਨਾਲ ਸਿੱਖਣ ਵਾਲੀਆਂ 25 ਤੋਂ ਵੱਧ ਧੀਆਂ ਨੂੰ ਟਰਾਫੀਆਂ ਦੇ ਕੇ ਉਨ੍ਹਾਂ ਦਾ ਹੌਸਲਾ ਵਧਾਇਆ ਗਿਆ।ਧੀਆਂ ਨੇ ਮੰਚ ਤੋਂ ਆਪਣੇ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਇਸ ਕੈਂਪ ਨੇ ਉਨ੍ਹਾਂ ਨੂੰ ਆਤਮ ਰੱਖਿਆ ਦੇ ਨਾਲ-ਨਾਲ ਆਤਮ-ਵਿਸ਼ਵਾਸ ਨਾਲ ਜੀਵਨ ਜਿਉਣ ਦੀ ਪ੍ਰੇਰਣਾ ਦਿੱਤੀ ਹੈ।ਇਸ ਮੌਕੇ ਧੀਆਂ ਨੇ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਜੀ ਨੂੰ ਸਮਰਪਤ ਕਵਿਤਾਵਾਂ ਪੇਸ਼ ਕੀਤੀਆਂ ਅਤੇ ਪੂਰੇ ਜੋਸ਼ ਅਤੇ ਹੌਸਲੇ ਨਾਲ ਮੰਚ ਤੋਂ 'ਮਿਸ਼ਨ ਡਿਫੈਂਸ' ਮੁਹਿੰਮ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ।ਉਨ੍ਹਾਂ ਆਪਣੇ ਸਾਥੀਆਂ ਨੂੰ ਵੀ ਆਤਮ-ਰੱਖਿਆ ਦੀ ਸਿਖਲਾਈ ਪ੍ਰਾਪਤ ਕਰਨ ਲਈ ਪ੍ਰੇਰਤ ਕੀਤਾ।

## ਡੋਪ ਟੈਸਟ ਪਾਜ਼ੇਟਿਵ ਆਉਣ 'ਤੇ 2 ਖਿਲਾਫ਼ ਮਾਮਲਾ ਦਰਜ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੁਲਸ ਨੇ 2 ਵਿਅਕਤੀਆਂ ਦਾ ਡੋਪ ਟੈਸਟ ਪਾਜ਼ੇਟਿਵ ਆਉਣ ਉਪਰੰਤ ਉਨ੍ਹਾਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ।ਜਾਣਕਾਰੀ ਅਨੁਸਰ ਪੁਲਿਸ ਪਾਰਟੀ ਦੌਰਾਨੇ ਗਸ਼ਤ ਜਦੋਂ ਪਿਓਰੀ ਰੋਡ ਤੋਂ ਪਿੰਡ ਦੌਲਾ ਨੂੰ ਜਾ ਰਹੇ ਸੀ ਤਾਂ ਸੜਕ ਦੇ ਸੱਜੇ ਹੱਥ 2 ਵਿਅਕਤੀ ਸ਼ੱਕੀ ਹਲਾਤ ਵਿਚ ਝੂਲਦੇ ਦਿਖਾਈ ਦਿੱਤੇ।ਪੁਲਸ ਵੱਲੋਂ ਜਦੋਂ ਉਕਤ ਵਿਅਕਤੀਆਂ ਨੂੰ ਸ਼ੱਕ ਦੇ ਆਧਾਰ 'ਤੇ ਉਨ੍ਹਾਂ ਨੂੰ ਰੋਕ ਕੇ ਪੁੱਛਗਿੱਛ ਕੀਤੀ ਤਾਂ ਉਨ੍ਹਾਂ ਆਪਣਾ ਨਾਂਅ ਕਸ਼ਮੀਰ ਸਿੰਘ ਪੁੱਤਰ ਜਗਜੀਤ ਸਿੰਘ ਵਾਸੀ ਪਿੰਡ ਚੁੱਘੇ ਕਲਾਂ ਅਤੇ ਅਰਸ਼ਦੀਪ ਸਿੰਘ ਪੁੱਤਰ ਜਗਮੰਦਰ ਸਿੰਘ ਵਾਸੀ ਪਿੰਡ ਪਿਓਰੀ ਦੱਸਿਆ। ਉਕਤ ਵਿਅਕਤੀਆਂ ਨੇ ਦੱਸਿਆ ਕਿ ਉਹ ਨਸ਼ਾ ਕਰਨ ਦੇ ਆਦੀ ਹਨ ਅਤੇ ਹੁਣ ਵੀ ਉਨ੍ਹਾਂ ਨੇ ਹੈਰੋਇਨ ਦਾ ਸੇਵਾ ਕੀਤਾ ਹੋਇਆ ਹੈ।ਉਕਤ ਵਿਅਕਤੀਆਂ ਦਾ ਪੁਲਿਸ ਵੱਲੋਂ ਸਿਵਲ ਹਸਪਤਾਲ ਗਿੱਦੜਬਾਹਾ ਵਿਖੇ ਡੋਪ ਟੈਸਟ ਕਰਾਇਆ ਗਿਆ ਜਿਸਦੀ ਰਿਪੋਰਟ ਪਾਜ਼ੇਟਿਵ ਆਉਣ 'ਤੇ ਉਕਤ ਵਿਅਕਤੀਆਂ ਖਿਲਾਫ ਗਿੱਦੜਬਾਹਾ ਪੁਲਿਸ ਨੇ ਐੱਨ.ਡੀ.ਪੀ.ਐੱਸ. ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਰਾਜਪਾਲ ਦੇ ਨਾਂਅ ਡੀ ਸੀ ਨੂੰ ਯਾਦ ਪੱਤਰ



**ਮਾਲੇਰਕੋਟਲਾ (ਅਸਗਰ ਪਰਿਹਾਰ)**
ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਦੇ ਰਾਜਪਾਲ ਨੂੰ ਪੰਥ ਅਤੇ ਪੰਜਾਬ ਨਾਲ ਜੁੜੀਆਂ ਅਹਿਮ ਮੰਗਾਂ ਸਬੰਧੀ ਇੱਕ ਯਾਦ ਪੱਤਰ ਭੇਜਿਆ ਗਿਆ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਇਕਬਾਲ ਸਿੰਘ ਝੂੰਦਾਂ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਆਪਣੇ ਜਨਮ ਸਮੇਂ (ਦਸੰਬਰ 1920) ਤੋਂ ਹੀ ਲਗਾਤਾਰ ਲੋਕ ਹਿੱਤਾਂ ਦੀ ਜੰਗ ਲੜਦਾ ਆ ਰਿਹਾ ਹੈ।ਦੇਸ਼ ਦੀ ਆਜ਼ਾਦੀ ਅਤੇ ਹੱਕਾਂ ਦੀ ਰਾਖੀ ਲਈ ਸ਼ਹੀਦੀਆਂ, ਜੇਲ੍ਹਾਂ ਤੇ ਕੁਰਕੀਆਂ ਦਾ ਸਾਡਾ ਇੱਕ ਸ਼ਾਨਦਾਰ ਤੇ ਲਾਸਾਨੀ ਵਿਰਸਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਪੰਜਾਬ ਦੇ ਲੋਕਾਂ ਅਤੇ ਪੰਥਕ ਮੁੱਦਿਆਂ ਦੀ ਲੜਾਈ ਲੜ ਰਹੀ ਹੈ, ਤਾਂ ਜੁ ਸਰਕਾਰਾਂ ਨੂੰ ਜਨਤਾ ਦੀਆਂ ਜਾਇਜ਼ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ।

ਇਕਬਾਲ ਸਿੰਘ ਝੂੰਦਾਂ ਨੇ ਯਾਦ ਪੱਤਰ 'ਚ ਸ਼ਾਮਲ ਮੁੱਖ ਮੰਗਾਂ ਦਾ ਜ਼ਿਕਰ ਕਰਦਿਆਂ 'ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਾਨੂੰਨ 2026' ਵਿੱਚ ਸੋਧ ਦੀ ਮੰਗ ਕਰਦਿਆਂ ਕਿਹਾ ਕਿ ਇਹ ਕਾਨੂੰਨ ਬਹੁਤ ਕਾਹਲੀ ਵਿੱਚ, ਦੇਸ਼-ਵਿਦੇਸ਼ ਦੀਆਂ ਜ਼ਿੰਮੇਵਾਰ ਸਿੱਖ ਸੰਸਥਾਵਾਂ ਅਤੇ ਸਿੱਖ ਵਿਦਵਾਨਾਂ ਦੀ ਸਲਾਹ ਲਏ ਬਿਨਾਂ ਪਾਸ ਕੀਤਾ ਗਿਆ ਹੈ। ਇਸ ਕਾਰਨ ਇਸ ਵਿੱਚ ਕਈ ਭਾਰੀ ਤਰੁੱਟੀਆਂ ਰਹਿ ਗਈਆਂ ਹਨ ਅਤੇ ਇਹ ਕਾਨੂੰਨ ਵਿਵਾਦਤ ਬਣ ਚੁੱਕਾ ਹੈ। ਇਸ ਮਾਮਲੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ) ਨੇ ਵੀ ਆਪਣਾ ਬਣਦਾ ਰੋਲ ਨਹੀਂ ਨਿਭਾਇਆ, ਜਿਸ ਕਾਰਨ ਪੰਜਾਬ ਸਰਕਾਰ ਤੇ ਸਿੱਖ ਸੰਸਥਾਵਾਂ ਵਿਚਕਾਰ ਟਕਰਾਅ ਦੀ ਸਥਿਤੀ ਪੈਦਾ ਹੋ ਗਈ ਹੈ।

ਉਨ੍ਹਾਂ ਕਿਹਾ ਕਿ ਸਿੱਖ ਪੰਥ ਚਾਹੁੰਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਮਾਣ-ਸਤਿਕਾਰ ਨੂੰ ਢਾਹ ਲਾਉਣ ਵਾਲੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲੇ, ਪਰ ਇਸ ਕਾਨੂੰਨ ਨੇ ਸ਼ਰਧਾਪੂਰਵਕ ਸੇਵਾ-ਸੰਭਾਲ ਕਰਨ ਵਾਲਿਆਂ ਨੂੰ ਹੀ ਦੋਸ਼ੀਆਂ ਦੇ ਬਰਾਬਰ ਖੜਾ ਕਰ ਦਿੱਤਾ ਹੈ।ਪੰਜਾਬ ਸਰਕਾਰ ਅਤੇ ਇਸ ਕਾਨੂੰਨ ਦਾ ਵਿਰੋਧ ਕਰਨ ਵਾਲੀਆਂ ਧਿਰਾਂ ਇਸ ਸੰਵੇਦਨਸ਼ੀਲ ਮੁੱਦੇ 'ਤੇ ਸਿਰਫ਼ ਟਕਰਾਅ ਦੀ ਰਾਜਨੀਤੀ ਕਰ ਰਹੀਆਂ ਹਨ।ਸਰਕਾਰ ਨੂੰ ਸਿੱਖ ਸੰਸਥਾਵਾਂ ਦੇ ਧਾਰਮਿਕ ਖੇਤਰ ਵਿੱਚ ਦਖ਼ਲ ਦੇਣ ਤੋਂ ਤੁਰੰਤ ਰੋਕਿਆ ਜਾਵੇ।

ਦੂਜੀ ਮੁੱਖ ਮੰਗ ਦਾ ਜ਼ਿਕਰ ਕਰਦਿਆਂ ਝੂੰਦਾ ਨੇ ਕਿਹਾ ਕਿ ਜੂਨ 1984 ਵਿੱਚ ਤਤਕਾਲੀ ਕਾਂਗਰਸ ਸਰਕਾਰ ਨੇ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਅਗਵਾਈ ਹੇਠ ਇੱਕ ਬਹੁਤ ਹੀ ਮੰਦਭਾਗਾ ਤੇ ਅਣਮਨੁੱਖੀ ਫੈਸਲਾ ਲਿਆ ਸੀ। ਸਮੁੱਚੀ ਸਿੱਖ ਕੌਮ ਨੂੰ ਨਿਸ਼ਾਨਾ ਬਣਾ ਕੇ ਸਿੱਖਾਂ ਦੇ ਸਰਵਉੱਚ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤੋਪਾਂ-ਟੈਂਕਾਂ ਨਾਲ ਹਮਲਾ ਕੀਤਾ ਗਿਆ।ਇਸ ਹਮਲੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ-ਢੇਰੀ ਕਰ ਦਿੱਤਾ ਗਿਆ ਤੇ ਗੁਰਪੁਰਬ ਮਨਾਉਣ ਆਈਆਂ ਹਜ਼ਾਰਾਂ ਬੇਦੋਸ਼ੀਆਂ ਸਵਾਰੀਆਂ, ਬੀਬੀਆਂ, ਬੱਚਿਆਂ, ਬਜ਼ੁਰਗਾਂ ਅਤੇ ਨੌਜਵਾਨਾਂ ਨੂੰ ਗੋਲੀਆਂ ਦਾ ਨਿਸ਼ਾਨਾ ਬਣਾ ਕੇ ਸ਼ਹੀਦ ਕਰ ਦਿੱਤਾ ਗਿਆ। ਪਾਰਟੀ ਵੱਲੋਂ ਰਾਜਪਾਲ ਰਾਹੀਂ ਮੰਗ ਕੀਤੀ ਗਈ ਕਿ ਭਾਰਤ ਸਰਕਾਰ ਇਸ ਖ਼ੂਨੀ ਸਾਕੇ ਲਈ ਪਾਰਲੀਮੈਂਟ (ਸੰਸਦ) ਵਿੱਚ ਮਤਾ ਪਾਸ ਕਰਕੇ ਅਧਿਕਾਰਤ ਤੌਰ 'ਤੇ ਮਾਫ਼ੀ ਮੰਗੇ।ਇੰਦਰਾ ਗਾਂਧੀ ਨੂੰ ਇਸ ਕਾਂਡ ਦੀ ਮੁੱਖ ਜ਼ਿੰਮੇਵਾਰ ਦੋਸ਼ੀ ਕਰਾਰ ਦਿੰਦਿਆਂ ਉਨ੍ਹਾਂ ਨੂੰ ਦਿੱਤਾ ਗਿਆ ਦੇਸ਼ ਦਾ ਸਰਵਉੱਚ ਸਨਮਾਨ 'ਭਾਰਤ ਰਤਨ' ਵਾਪਸ ਲਿਆ ਜਾਵੇ। ਦਿੱਲੀ ਦੇ 'ਇੰਦਰਾ ਗਾਂਧੀ ਇੰਟਰਨੈਸ਼ਨਲ ਏਅਰਪੋਰਟ' ਦਾ ਨਾਂਅ ਬਦਲ ਕੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਨਾਂਅ 'ਤੇ ਰੱਖਿਆ ਜਾਵੇ।

## ਕਮਿਊਨਿਟੀ ਪੁਲਿਸਿੰਗ ਨੂੰ ਮਜ਼ਬੂਤ ਕਰਨ ਲਈ ਵਪਾਰੀਆਂ ਤੇ ਕਾਰੋਬਾਰੀਆਂ ਨਾਲ ਅਹਿਮ ਮੀਟਿੰਗ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਕਮਿਊਨਿਟੀ ਪੁਲਿਸਿੰਗ ਨੂੰ ਹੋਰ ਮਜ਼ਬੂਤ ਕਰਨ ਤੇ ਆਮ ਲੋਕਾਂ ਨਾਲ ਤਾਲਮੇਲ ਵਧਾਉਣ ਦੇ ਉਦੇਸ਼ ਤਹਿਤ ਫਰੀਦਕੋਟ ਪੁਲਸ ਵੱਲੋਂ ਆੜ੍ਹਤੀਆਂ, ਕਾਰੋਬਾਰੀਆਂ, ਦੁਕਾਨਦਾਰਾਂ ਤੇ ਇਲਾਕੇ ਦੇ ਮੋਹਤਬਰ ਵਿਅਕਤੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਜ਼ਿਲ੍ਹਾ ਪੁਲਿਸ ਮੁਖੀ (ਐਸ.ਐਸ.ਪੀ.) ਡਾ. ਪ੍ਰਗਿਆ ਜੈਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਾਈ ਮੀਟਿੰਗ ਵਿੱਚ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਸਮੇਤ ਵਪਾਰੀ ਵਰਗ ਦੇ ਪ੍ਰਮੁੱਖ ਨੁਮਾਇੰਦੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਐਸ.ਪੀ. (ਇੰਨਵੈਸਟੀਗੇਸ਼ਨ) ਸ਼੍ਰੀ ਜੋਗੇਸ਼ਵਰ ਸਿੰਘ ਗੋਰਾਇਆ ਨੇ ਕਿਹਾ ਕਿ ਐਸ.ਐਸ.ਪੀ. ਡਾ. ਪ੍ਰਗਿਆ ਜੈਨ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਅਪਰਾਧਿਕ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਦੇ ਨਾਲ-ਨਾਲ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ ਇਹ ਮੁਹਿੰਮ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਦੁਕਾਨਦਾਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਸਮਾਜ ਵਿਰੋਧੀ ਅਨਸਰਾਂ ਅਤੇ ਨਸ਼ਾ ਤਸਕਰਾਂ ਬਾਰੇ ਕੋਈ ਵੀ ਸੂਚਨਾ ਤੁਰੰਤ ਪੁਲਿਸ ਨਾਲ ਸਾਂਝੀ ਕੀਤੀ ਜਾਵੇ। ਉਨ੍ਹਾਂ ਭਰੋਸਾ ਦਿੱਤਾ ਕਿ ਜਾਣਕਾਰੀ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।ਇਸ ਦੇ ਨਾਲ ਹੀ ਉਨ੍ਹਾਂ ਮੈਂਬਰਾਂ ਨੂੰ ਨਸ਼ਾ ਪ੍ਰਭਾਵਿਤ ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਅਤੇ ਓ.ਏ.ਟੀ. ਸੈਂਟਰਾਂ ਵਿੱਚ ਦਾਖ਼ਲ ਕਰਵਾਉਣ ਲਈ ਪ੍ਰੇਰਿਤ ਕਰਨ ਦੀ ਵੀ ਅਪੀਲ ਕੀਤੀ।ਵਪਾਰ ਮੰਡਲ ਫਰੀਦਕੋਟ ਅਤੇ ਸਵਰਨਕਾਰ ਯੂਨੀਅਨ ਦੇ ਪ੍ਰਧਾਨ ਰਾਜਨ ਠਾਕੁਰ ਨੇ ਪੁਲਿਸ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਮੀਟਿੰਗਾਂ ਨਾਲ ਪੁਲਿਸ ਤੇ ਵਪਾਰੀ ਵਰਗ ਵਿਚਕਾਰ ਆਪਸੀ ਵਿਸ਼ਵਾਸ ਹੋਰ ਮਜ਼ਬੂਤ ਹੁੰਦਾ ਹੈ।ਉਨ੍ਹਾਂ ਅਤੇ ਮੀਟਿੰਗ ਵਿੱਚ ਹਾਜ਼ਰ ਸਮੂਹ ਕਾਰੋਬਾਰੀਆਂ ਨੇ ਪੁਲਿਸ ਪ੍ਰਸ਼ਾਸਨ ਨੂੰ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਹਰ ਸੰਭਵ ਸਹਿਯੋਗ ਦੇਣ ਦਾ ਪੂਰਨ ਭਰੋਸਾ ਦਿੱਤਾ।

## ਲੋੜਵੰਦ ਮਰੀਜ਼ਾਂ ਨੂੰ ਦਿੱਤੀ ਵਿੱਤੀ ਸਹਾਇਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਡਾ. ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ 32 ਲੋੜਵੰਦ ਮਰੀਜ਼ਾਂ ਨੂੰ ਬੱਤੀ ਹਜ਼ਾਰ ਰੁਪਏ ਦੀ ਦਵਾਈਆਂ ਖਰੀਦਣ ਲਈ ਵਿੱਤੀ ਸਹਾਇਤਾ ਰਾਸ਼ੀ ਦਿੱਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਹ ਮਰੀਜ਼ ਲੰਮੇ ਸਮੇਂ ਤੋਂ ਵੱਖ ਵੱਖ ਬੀਮਾਰੀਆਂ ਤੋਂ ਪੀੜਤ ਹਨ, ਪਰ ਦਵਾਈਆਂ ਖਰੀਦਣ ਤੋਂ ਅਸਮਰਥ ਹਨ।ਇਨ੍ਹਾਂ ਦੇ ਘਰੇਲੂ ਹਾਲਾਤ ਦੇਖਦੇ ਹੋਏ ਇਨ੍ਹਾਂ ਦੀਆਂ ਡਾਕਟਰ ਤੋਂ ਲਿਖੀਆਂ ਦਵਾਈਆਂ ਦੀਆਂ ਪਰਚੀਆਂ ਤੇ ਬੇਨਤੀ ਪੱਤਰ ਡਾਕਟਰ ਐਸ ਪੀ ਸਿੰਘ ਓਬਰਾਏ ਨੂੰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਟੀਮ ਰਾਹੀਂ ਭੇਜੇ ਗਏ ਸਨ। ਡਾ. ਓਬਰਾਏ ਵੱਲੋਂ ਤਰੁੰਤ ਪ੍ਰਵਾਨ ਕਰਦਿਆਂ ਪੈਸੇ ਭੇਜ ਕੇ ਜ਼ਿਲ੍ਹਾ ਟੀਮ ਨੂੰ ਲੋੜਵੰਦ ਮਰੀਜ਼ਾਂ ਤੱਕ ਪੁਚਾਉਣ ਲਈ ਕਿਹਾ ਗਿਆ। ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦਾਂ ਵੱਲੋਂ ਡਾ ਓਬਰਾਏ ਦਾ ਧੰਨਵਾਦ ਕੀਤਾ ਗਿਆ।

## ਚੇਅਰਮੈਨ ਕਾਉਣੀ ਨੇ ਧੂੜਕੋਟ ਵਿੱਚ ਸੀ ਸੀ ਟੀ ਵੀ ਕੈਮਰਿਆਂ ਦਾ ਕੀਤਾ ਉਦਘਾਟਨ



**ਦੋਦਾ/ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਜ਼ਿਲ੍ਹਾ ਯੋਜਨਾ ਬੋਰਡ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਸ੍ਰੀ ਸੁਖਜਿੰਦਰ ਸਿੰਘ ਕਾਉਣੀ ਨੇ ਆਪਣੇ ਅਖਤਿਆਰੀ ਕੋਟੇ ਵਿੱਚੋਂ 5 ਲੱਖ ਰੁਪਏ ਖਰਚ ਕਰਕੇ ਪਿੰਡ ਧੂਲਕੋਟ ਵਿਖੇ 26 ਸੀ.ਸੀ.ਟੀ.ਵੀ.ਕੈਮਰੇ ਲਗਵਾਏ ਜਿਨ੍ਹਾ ਦਾ ਅੱਜ ਉਨ੍ਹਾਂ ਵੱਲੋਂ ਉਦਘਾਟਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਉਹਨਾਂ ਦੱਸਿਆ ਕਿ ਇਹ ਕੈਮਰੇ ਪਿੰਡ ਦੀਆਂ ਸਾਰੀਆਂ ਫਿਰਨੀਆਂ 'ਤੇ ਲਗਵਾਏ ਗਏ ਹਨ, ਤਾਂ ਜੋ ਆਉਣ ਜਾਣ ਵਾਲਿਆਂ ਤੇ ਕਰੜੀ ਨਜ਼ਰ ਰੱਖੀ ਜਾ ਸਕੇ।ਉਹਨਾਂ ਦੱਸਿਆ ਕਿ ਇਹਨਾਂ ਕੈਮਰਿਆਂ ਦੀ ਸਹੂਲਤ ਨਾਲ ਸ਼ਰਾਰਤੀ ਅਨਸਰਾਂ 'ਤੇ ਵੀ ਸਖ਼ਤ ਨਜ਼ਰ ਰੱਖੀ ਜਾਵੇਗੀ ਤਾਂ ਜੋ ਲੋਕਾਂ ਦੀ ਜਾਨ ਅਤੇ ਮਾਲ ਦੀ ਹਿਫ਼ਾਜ਼ਤ ਹੋ ਸਕੇ।ਇਸ ਮੌਕੇ ਯੂਥ ਆਗੂ ਮਨਦੀਪ ਸਿੰਘ ਬਰਾੜ, ਮੈਂਬਰ ਨਿਰਮਲ ਸਿੰਘ ਭੁੱਲਰ, ਮੈਂਬਰ ਭੋਲਾ ਸਿੰਘ, ਸ੍ਰੀ ਸੁਖਮੰਦਰ ਸਿੰਘ, ਸ੍ਰੀ ਰੇਸ਼ਮ ਸਿੰਘ, ਸ੍ਰੀ ਸੁਖਜੀਤ ਸਿੰਘ ਤੇ ਸ੍ਰੀ ਮੱਖਣ ਸਿੰਘ ਹਾਜ਼ਰ ਸਨ।

## ਪੀ ਜੀ ਆਈ ਨੇ ਕਰਮਚਾਰੀਆਂ ਦੇ 30 ਸਾਲ ਤੋਂ ਲਮਕਦੇ ਤਰੱਕੀ ਮਾਮਲੇ ਸੁਲਝਾਏ



**ਸਮਰਾਲਾ (ਸੁਰਜੀਤ ਸਿੰਘ)**-ਪੀ ਜੀ ਆਈ ਚੰਡੀਗੜ੍ਹ ਦੇ ਡਾਇਰੈਕਟਰ ਪ੍ਰੋ ਵਿਵੇਕ ਲਾਲ ਦੀ ਯੋਗ ਅਗਵਾਈ ਤਹਿਤ ਸਿਹਤ ਸੰਸਥਾ ਦੇ ਤਕਨੀਕੀ ਕੇਡਰ ਦੀਆਂ ਤਰੱਕੀਆਂ ਦੇ ਬੀਤੇ 30 ਸਾਲਾਂ ਤੋਂ ਲਮਕਦੇ ਮਾਮਲੇ ਸੁਲਝਾ ਕੇ ਕਰਮਚਾਰੀਆਂ ਵਿਚ ਵਿਸ਼ਵਾਸ ਸਥਾਪਿਤ ਕੀਤਾ ਹੈ। ਪੀ ਜੀ ਆਈ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਇਸ ਨੂੰ ਸਨਮਾਨ ਨਾਲ ਪ੍ਰਸ਼ਾਸਨਿਕ ਨਿਆਂ ਦਸਦਿਆਂ ਕਿਹਾ ਕਿ ਇਹ ਸਿਰਫ ਪ੍ਰਸ਼ਾਸਨਿਕ ਨਹੀਂ, ਸਗੋਂ ਲੋਕਾਂ ਨਾਲ ਜੁੜਿਆ ਮਾਮਲਾ ਹੈ। ਪੀ ਜੀ ਆਈ ਸੂਤਰਾਂ ਮੁਤਾਬਿਕ, ਪੀ ਜੀ ਆਈ ਨੇ ਤਕਨੀਕੀ ਕੈਡਰਾਂ (ਲੈਬਾਰਟਰੀ, ਐਕਸ-ਰੇ ਅਤੇ ਰੇਡੀਓਥੈਰੇਪੀ) ਦੇ ਪੁਨਰਗਠਨ ਨਾਲ ਸਬੰਧਿਤ ਵਿਭਾਗੀ ਤਰੱਕੀਆਂ ਅਤੇ ਪ੍ਰਸ਼ਾਸਨਿਕ ਸੁਧਾਰਾਂ ਨੇ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਦੇ ਲਗਾਤਾਰ ਯਤਨਾਂ ਤੋਂ ਬਾਅਦ ਇੱਕ ਇਤਿਹਾਸਕ ਮੀਲ ਪੱਥਰ ਹਾਸਲ ਕੀਤਾ ਹੈ।ਪੀ ਜੀ ਆਈ ਦੀ ਅਨਾਮਲੀ ਕਮੇਟੀ ਦੇ ਪ੍ਰੋ. ਐੱਸ. ਪ੍ਰਭਾਕਰ ਕਮੇਟੀ ਦੀਆਂ ਸਿਫ਼ਾਰਸ਼ਾਂ ਦੇ ਆਧਾਰ 'ਤੇ ਤਕਨੀਕੀ ਕੈਡਰਾਂ (ਲੈਬਾਰਟਰੀ, ਐਕਸ-ਰੇ ਅਤੇ ਰੇਡੀਓਥੈਰੇਪੀ) ਦੇ ਪੁਨਰਗਠਨ ਨੂੰ 01.03.1992 ਤੋਂ ਲਾਗੂ ਕਰਨ ਲਈ ਮਨਜ਼ੂਰੀ ਦਿੱਤੀ ਗਈ।ਇਸ ਮਾਮਲੇ ਦੀ ਜਟਿਲਤਾ ਅਤੇ ਮਹੱਤਤਾ ਨੂੰ ਦੇਖਦਿਆਂ, ਪੀ ਜੀ ਆਈ ਦੇ ਡਾਇਰੈਕਟਰ ਨੇ ਇੱਕ ਵਿਸ਼ੇਸ਼ ਸੈੱਲ ਦਾ ਗਠਨ ਕੀਤਾ ਤਾਂ ਜੋ ਪੁਨਰਗਠਨ ਪ੍ਰਕਿਰਿਆ ਨੂੰ ਤੇਜ਼ੀ ਨਾਲ ਲਾਗੂ ਕੀਤਾ ਜਾ ਸਕੇ।

## ਸੰਯੁਕਤ ਕਿਸਾਨ ਮੋਰਚੇ ਵੱਲੋਂ ਡੀਸੀ ਦਫਤਰ ਮੂਹਰੇ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)**-ਪਰਾਲੀ ਸਾੜਨ ਸਬੰਧੀ ਦਰਜ ਕੀਤੇ ਮੁਕਦਮੇ ਰੱਦ ਕਰਨ, ਯੂਰੀਆ ਖਾਦ ਦੀ ਕੀਮਤ 'ਚ ਕੀਤਾ ਵਾਧਾ ਵਾਪਸ ਲੈਣ, ਈਂਧਣ ਦਾ ਵਾਧਾ ਰੱਦ ਕਰਨ, ਫ਼ਸਲੀ ਕਰਜ਼ਾ ਮੁਹੱਈਆ ਕਰਾਉਣ, ਸਾਰੀਆਂ ਫਸਲਾਂ 'ਤੇ ਐਮ ਐਸ ਪੀ ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਉਣ, ਸਹਿਕਾਰੀ ਅਤੇ ਲੈਂਡ ਮਾਰਟਗੇਜ਼ ਬੈਂਕਾਂ ਵਿੱਚ ਵਨ ਟਾਇਮ ਸੈਟਲਮੈਂਟ ਸਕੀਮ ਲਾਗੂ ਕਰਨ, ਖੁਦਕਸ਼ੀ ਕਰ ਗਏ ਕਿਸਾਨਾਂ ਦੇ ਇਕ ਜੀਅ ਨੂੰ ਸਰਕਾਰੀ ਨੌਕਰੀ ਤੇ ਸਮੁੱਚੇ ਕਰਜ਼ੇ ਦਾ ਖਾਤਮਾ, 58 ਸਾਲ ਤੋਂ ਵੱਧ ਉਮਰ ਵਾਲੇ ਕਿਸਾਨਾਂ ਨੂੰ 10 ਹਜ਼ਾਰ ਰੁਪਏ ਬੁਢਾਪਾ ਪੈਨਸ਼ਨ, ਸੇਮ ਨਾਲਿਆਂ ਦੀ ਸਫਾਈ ਤੇ ਚੌਵੀ ਘੰਟੇ ਬਿਜਲੀ ਸਪਲਾਈ ਦੇਣ ਸਣੇ ਹੋਰ ਮੁੱਦਿਆਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਡੀਸੀ ਦਫਤਰ ਮੂਹਰੇ ਧਰਨਾ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਗੁਰਭਗਤ ਸਿੰਘ ਭਲਾਈਆਣਾ ਬੀਕੇਯੂ ਉਗਰਾਹਾਂ, ਜਰਨੈਲ ਸਿੰਘ ਰੋੜਾਂਵਾਲੀ, ਗੋਬਿੰਦ ਸਿੰਘ ਕੋਟਲੀ, ਪੂਰਨ ਸਿੰਘ ਵੱਟੂ, ਜਸਵਿੰਦਰ ਸਿੰਘ ਕਿਰਤੀ ਕਿਸਾਨ ਯੂਨੀਅਨ, ਜਗਸੀਰ ਸਿੰਘ, ਗੁਰਪਾਸ਼ ਸਿੰਘ, ਕਾਕਾ ਸਿੰਘ ਖੁੰਡੇ ਹਲਾਲ ਤੇ ਅਮਰਜੀਤ ਪਾਲ ਹੋਰਾਂ ਨੇ ਕਿਹਾ ਕਿ ਸਰਕਾਰਾਂ ਦੀਆਂ ਮਾੜੀਆਂ ਨੀਤੀਆਂ ਨੇ ਖੇਤੀ ਅਧਾਰਤ ਕਿਸਾਨਾਂ ਤੇ ਖੇਤ ਮਜ਼ਦੂਰਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ।ਇਸ ਲਈ ਜਥੇਬੰਦੀਆਂ ਨੂੰ ਸੰਘਰਸ਼ ਦਾ ਰਾਹ ਅਪਣਾਉਣਾ ਪੈ ਰਿਹਾ ਹੈ।ਇਸ ਮੌਕੇ ਵੱਡੀ ਗਿਣਤੀ 'ਚ ਕਿਸਾਨ ਮੌਜੂਦ ਸਨ।ਬਾਅਦ ਵਿੱਚ ਐਸ ਡੀ ਐਮ ਗੁਰਕਿਰਨ ਸਿੰਘ ਨੇ ਧਰਨੇ ਵਿੱਚ ਆ ਕੇ ਕਿਸਾਨਾਂ ਕੋਲੋਂ ਮੰਗ ਪੱਤਰ ਲਿਆ ਤੇ ਪ੍ਰਸ਼ਾਸਨਿਕ ਪੱਧਰ 'ਤੇ ਹੋਣ ਵਾਲੀਆਂ ਮੰਗਾਂ ਤੁਰੰਤ ਪੂਰੀਆਂ ਕਰਨ ਤੇ ਬਾਕੀ ਸਬੰਧੀ ਸਰਕਾਰ ਨੂੰ ਜਾਣੂ ਕਰਾਉਣ ਦਾ ਭਰੋਸਾ ਦਿੱਤਾ।

## ਸਰਕਾਰੀ ਕੰਮ 'ਚ ਵਿਘਨ ਪਾਉਣ ਦਾ ਮਾਮਲਾ : ਝੋਕ ਹਰੀਹਰ 'ਚ ਬਿਜਲੀ ਲਾਈਨ ਦਾ ਕੰਮ ਰੋਕਣ ਵਾਲੇ ਦੋ ਕਿਸਾਨਾਂ ਖ਼ਿਲਾਫ਼ ਮੁਕੱਦਮਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਝੋਕ ਹਰੀਹਰ ਵਿਖੇ 66 ਕੇਵੀ ਗਰਿੱਡ ਨੂੰ 220 ਕੇਵੀ ਵਿਚ ਅਪਗ੍ਰੇਡ ਕਰਨ ਲਈ ਵਿਛਾਈ ਜਾ ਰਹੀ ਨਵੀਂ ਬਿਜਲੀ ਟਰਾਂਸਮਿਸ਼ਨ ਲਾਈਨ ਦੇ ਕੰਮ ਵਿਚ ਕਥਿਤ ਤੌਰ 'ਤੇ ਰੁਕਾਵਟ ਪਾਉਣ ਤੇ ਸਰਕਾਰੀ ਡਿਊਟੀ ਵਿਚ ਵਿਘਨ ਪਾਉਣ ਦੇ ਦੋਸ਼ 'ਚ ਥਾਣਾ ਕੁੱਲਗੜ੍ਹੀ ਦੀ ਪੁਲਿਸ ਨੇ ਦੋ ਕਿਸਾਨਾਂ ਖ਼ਿਲਾਫ਼ 132, 221 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਥਾਣਾ ਕੁੱਲਗੜ੍ਹੀ ਦੇ ਸਹਾਇਕ ਥਾਣੇਦਾਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਪੀਐੱਸਟੀਸੀਐੱਲ. ਦੇ ਸ੍ਰੀ ਮੁਕਤਸਰ ਸਾਹਿਬ ਉਪ-ਮੰਡਲ ਦੇ ਸਹਾਇਕ ਕਾਰਜਕਾਰੀ ਇੰਜੀਨੀਅਰ ਟੀਐੱਲਐੱਸਸੀ ਵੱਲੋਂ ਇੱਕ ਲਿਖਤੀ ਸ਼ਿਕਾਇਤ ਪੱਤਰ ਪ੍ਰਾਪਤ ਹੋਇਆ ਸੀ। 1 ਜੂਨ 2026 ਨੂੰ ਜਾਰੀ ਇਸ ਪੱਤਰ ਨੰਬਰ 188 ਰਾਹੀਂ ਅਧਿਕਾਰੀਆਂ ਨੇ ਪੁਲਸ ਪ੍ਰਸ਼ਾਸਨ ਤੱਕ ਪਹੁੰਚ ਕਰਕੇ ਤੁਰੰਤ ਕਾਰਵਾਈ ਦੀ ਮੰਗ ਕੀਤੀ ਸੀ।

ਸ਼ਿਕਾਇਤਕਰਤਾ ਨੇ ਦੱਸਿਆ ਕਿ ਸਰਕਾਰ ਵੱਲੋਂ ਪਿੰਡ ਝੋਕ ਹਰੀਹਰ ਵਿਖੇ ਮੌਜੂਦ 66 ਕੇਵੀ ਬਿਜਲੀ ਗਰਿੱਡ ਦੀ ਸਮਰੱਥਾ ਨੂੰ ਵਧਾ ਕੇ 220 ਕੇਵੀ ਕਰਨ ਦਾ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ। ਇਸੇ ਯੋਜਨਾ ਤਹਿਤ ਸਾਦਿਕ-ਫ਼ਿਰੋਜ਼ਪੁਰ ਦੀ 220 ਕੇਵੀ ਲਾਈਨ ਨੂੰ ਨਵੇਂ ਬਣ ਰਹੇ 220 ਕੇਵੀ ਸਬ-ਸਟੇਸ਼ਨ ਝੋਕ ਹਰੀਹਰ ਨਾਲ ਜੋੜਨ (ਲੀਲੋ ਸਿਸਟਮ) ਲਈ ਹਾਈ-ਵੋਲਟੇਜ ਟਰਾਂਸਮਿਸ਼ਨ ਲਾਈਨ ਅਤੇ ਟਾਵਰਾਂ ਦੀ ਉਸਾਰੀ ਦਾ ਕੰਮ ਵੱਡੇ ਪੱਧਰ 'ਤੇ ਚੱਲ ਰਿਹਾ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਇਸੇ ਨਵੀਂ ਲਾਈਨ ਦੇ ਟਾਵਰ ਨੰਬਰ 27 ਤੋਂ ਲੈ ਕੇ ਟਾਵਰ ਨੰਬਰ 30 ਦੇ ਦਰਮਿਆਨ ਆਉਂਦੀ ਜ਼ਮੀਨ ਦੇ ਮਾਲਕ ਕਿਸਾਨ ਅਮਰ ਸਿੰਘ ਸੰਧੂ ਤੇ ਹਰਿੰਦਰ ਸਿੰਘ ਸੰਧੂ ਵਾਸੀਅਨ ਝੋਕ ਹਰੀਹਰ ਵੱਲੋਂ ਇਸ ਸਰਕਾਰੀ ਕੰਮ ਨੂੰ ਵਾਰ-ਵਾਰ ਰੋਕਿਆ ਜਾ ਰਿਹਾ ਹੈ। ਅਧਿਕਾਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਕਈ ਵਾਰ ਚੇਤਾਵਨੀ ਦਿੱਤੇ ਜਾਣ ਦੇ ਬਾਵਜੂਦ, ਇਨ੍ਹਾਂ ਕਿਸਾਨਾਂ ਨੇ ਟਾਵਰਾਂ ਦੀ ਫਾਊਂਡੇਸ਼ਨ ਵਾਲੀ ਜਗ੍ਹਾ 'ਤੇ ਜਾਣ-ਬੁੱਝ ਕੇ ਪਾਣੀ ਭਰ ਦਿੱਤਾ ਜਾਂਦਾ ਹੈ, ਜਿਸ ਨਾਲਕੰਮ ਨਹੀਂ ਸਕਿਆ। ਇਸ ਤਰ੍ਹਾਂ ਉਨ੍ਹਾਂ ਵੱਲੋਂ ਬਿਜਲੀ ਬੋਰਡ ਦੇ ਮੁਲਾਜ਼ਮਾਂ ਨੂੰ ਡਿਊਟੀ ਕਰਨ ਤੋਂ ਰੋਕਿਆ ਗਿਆ ਤੇ ਸਰਕਾਰੀ ਕੰਮ ਵਿਚ ਵਿਘਨ ਪਾਇਆ ਗਿਆ। ਜਾਂਚ ਅਧਿਕਾਰੀ ਜਸਵਿੰਦਰ ਸਿੰਘ ਨੇ ਦੱਸਿਆ ਕਿ ਸਰਕਾਰੀ ਵਿਭਾਗ ਦੀ ਸ਼ਿਕਾਇਤ ਅਤੇ ਮੁੱਢਲੀ ਪੜਤਾਲ ਤੋਂ ਬਾਅਦ ਕਿਸਾਨ ਅਮਰ ਸਿੰਘ ਸੰਧੂ ਤੇ ਹਰਿੰਦਰ ਸਿੰਘ ਸੰਧੂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਮੇਰੀ ਰਸੋਈ ਕਿੱਟ ਤਿਆਰ ਕਰਨ ਵਾਲੇ ਮਜ਼ਦੂਰਾਂ ਵਲੋਂ ਲੇਬਰ ਕਮਿਸ਼ਨਰ ਦਫ਼ਤਰ ਦਾ ਘੇਰਾਓ

**ਜਲੰਧਰ (ਰਾਜੇਸ਼ ਥਾਪਾ)**- ਭਗਵੰਤ ਮਾਨ ਸਰਕਾਰ ਦੀ ਮੇਰੀ ਰਸੋਈ ਸਕੀਮ ਤਹਿਤ ਨੀਲੇ ਕਾਰਡ ਧਾਰਕਾਂ ਨੂੰ ਦਿੱਤੇ ਜਾਣ ਵਾਲੇ ਰਾਸ਼ਨ ਦੀਆਂ ਕਿੱਟਾਂ ਭਰਨ ਦਾ ਕੰਮ ਕਰਦੀ ਸੰਜੈ ਗਰੇਨ ਪ੍ਰੋਡਕਟਸ ਪ੍ਰਾਈਵੇਟ ਲਿਮਟਿਡ ਜਲੰਧਰ ਕਪੂਰਥਲਾ ਰੋਡ ਮੰਡ, ਫਿਰੋਜ਼ ਦੇ ਪ੍ਰਬੰਧਕਾਂ ਵਲੋਂ ਕੰਮ ਤੋਂ ਕੱਢੇ ਮਜ਼ਦੂਰਾਂ ਵਲੋਂ ਕੰਮ ਦੀ ਬਹਾਲੀ ਲਈ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਸਹਾਇਕ ਲੇਬਰ ਕਮਿਸ਼ਨਰ ਦੇ ਦਫ਼ਤਰ ਦਾ 8 ਘੰਟੇ ਤੋਂ ਵੱਧ ਸਮਾਂ ਘੇਰਾਓ ਕੀਤਾ ਗਿਆ। ਜਿਸ ਸਦਕਾ ਆਖ਼ਰ ਫੈਕਟਰੀ ਪ੍ਰਬੰਧਕਾਂ ਨੂੰ 60 ਵਰਕਰਾਂ ਨੂੰ 2 ਜੂਨ ਤੋਂ ਕੰਮ ਉੱਤੇ ਬਹਾਲ ਕਰਨ ਦਾ ਲਿਖ਼ਤੀ ਇਕਰਾਰ ਕਰਨਾ ਪਿਆ ਅਤੇ ਬਾਕੀ ਵਰਕਰਾਂ ਦੀ ਬਹਾਲੀ ਅਤੇ ਹੋਰ ਮੰਗਾਂ ਦੇ ਹੱਲ ਲਈ ਪ੍ਰਸ਼ਾਸਨ ਵਲੋਂ 4 ਜੂਨ ਨੂੰ ਲੇਬਰ ਕਮਿਸ਼ਨਰ ਦਫ਼ਤਰ ਵਿਖੇ ਤਿੰਨ ਧਿਰੀਂ ਗੱਲਬਾਤ ਦਾ ਸੱਦਾ ਦਿੱਤਾ ਗਿਆ ਤਾਂ ਜਾ ਕੇ ਸਵੇਰੇ 11 ਵਜੇ ਤੋਂ ਸ਼ੁਰੂ ਹੋ ਕੇ ਸ਼ਾਮ 7 ਵਜੇ ਤੱਕ ਚੱਲਿਆ ਘੇਰਾਓ ਖ਼ਤਮ ਹੋਇਆ। ਦਫ਼ਤਰ ਦੇ ਘੇਰਾਓ ਕਾਰਨ ਸਹਾਇਕ ਲੇਬਰ ਕਮਿਸ਼ਨਰ ਜਲੰਧਰ-1 ਡਾਕਟਰ ਪ੍ਰਦੀਪ ਚੌਧਰੀ, ਸਹਾਇਕ ਲੇਬਰ ਕਮਿਸ਼ਨਰ ਜਲੰਧਰ-2 ਕੁੰਵਰ ਡਾਬਰ,ਲੇਬਰ ਇੰਸਪੈਕਟਰ ਚੰਦਨ ਗਿੱਲ, ਲੇਬਰ ਦਫ਼ਤਰ ਦਾ ਸਟਾਫ਼, ਨਾਇਬ ਤਹਿਸੀਲਦਾਰ ਜਲੰਧਰ, ਜ਼ਿਲ੍ਹਾ ਮੈਨੇਜਰ ਮਾਰਕਫੈਡ ਅਤੇ ਫਰਮ ਦਾ ਜਨਰਲ ਮੈਨੇਜਰ ਅਤੇ ਦਿਹਾਤੀ ਤੇ ਕਮਿਸ਼ਨਰ ਪੁਲਿਸ ਅਧਿਕਾਰੀ ਘੇਰਾਓ ਵਿੱਚ ਘਿਰੇ ਰਹੇ। ਘੇਰਾਓ ਕਾਰਨ 8 ਘੰਟੇ ਮਾਹੌਲ ਤਣਾਅਪੂਰਨ ਬਣਿਆ ਰਿਹਾ ਅਤੇ ਪ੍ਰਸ਼ਾਸਨ ਨੂੰ ਵੱਡੀ ਗਿਣਤੀ ਪੁਲਿਸ ਫੌਰਸ ਤਾਇਨਾਤ ਕਰਨੀਂ ਪਈ।ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਅਤੇ ਯੂਨੀਅਨ ਦੇ ਯੂਥ ਵਿੰਗ ਆਗੂ ਗੁਰਪ੍ਰੀਤ ਸਿੰਘ ਚੀਦਾ ਨੇ ਐਲਾਨ ਕੀਤਾ ਕਿ ਜੇਕਰ ਪ੍ਰਸ਼ਾਸਨ ਵਲੋਂ ਦਿੱਤੇ ਭਰੋਸੇ ਨੂੰ ਅਮਲੀ ਰੂਪ ਨਾ ਦੁਆਇਆ ਗਿਆ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਆਗੂ ਕੇ ਐੱਸ ਅਟਵਾਲ, ਇਸਤਰੀ ਜਾਗ੍ਰਿਤੀ ਮੰਚ ਦੇ ਆਗੂ ਜਸਵੀਰ ਕੌਰ ਜੱਸੀ ਤੇ ਬਲਵਿੰਦਰ ਕੌਰ ਘੁੱਗਸ਼ੋਰ ਨੇ ਵੀ ਸੰਬੋਧਨ ਕੀਤਾ ਅਤੇ ਮਜ਼ਦੂਰ ਦਿਲਬਾਗ ਸਿੰਘ, ਰਿੰਕੂ, ਵਿੱਕੀ, ਜਸਵੰਤ, ਕਿਰਨ, ਜੋਤੀ ਅਤੇ ਗੁਰਮੇਲ ਰਾਮ ਸਮੇਤ ਸੈਂਕੜੇ ਮਜ਼ਦੂਰ ਔਰਤਾਂ ਮਰਦ ਹਾਜ਼ਰ ਸਨ।



# ਚੋਣ ਪ੍ਰਣਾਲੀ ਨੂੰ ਬੇਅਰਥ ਬਣਾਉਣ ਵਾਲੇ ਐੱਸ ਆਈ ਆਰ ਦਾ ਡਟਵਾਂ ਵਿਰੋਧ ਕਰੋ : ਪਾਸਲਾ

**ਜਲੰਧਰ**- ਡਾ. ਸਤਨਾਮ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਹੋਈ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੀ ਰਾਜ ਕਮੇਟੀ ਦੇ ਸਕੱਤਰੇਤ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਦੁਨੀਆ ਭਰ ਦੇ ਲੋਕਾਂ,ਖ਼ਾਸ ਕਰਕੇ ਕਿਰਤੀ ਜਮਾਤ ਨੂੰ, ਨਵੇਂ ਆਜ਼ਾਦ ਹੋਏ ਵਿਕਾਸਸ਼ੀਲ ਦੇਸ਼ਾਂ ਨੂੰ ਨਵੇਂ ਸਿਰਿਓਂ ਨਵ-ਬਸਤੀਵਾਦੀ ਗੁਲਾਮੀ ਦੇ ਜੂਲੇ 'ਚ ਫਸਾਉਣ ਦੀਆਂ ਸਾਮਰਾਜੀ ਸਾਜ਼ਿਸ਼ਾਂ, ਖ਼ਾਸ ਕਰਕੇ ਅਮਰੀਕਾ ਦੇ ਸਨਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਕੁਚਾਲਾਂ ਤੋਂ ਸੁਚੇਤ ਹੋਣ ਦੀ ਅਪੀਲ ਕੀਤੀ ਹੈ। ਪਾਸਲਾ ਨੇ ਕਿਹਾ ਹੈ ਕਿ ਸਾਮਰਾਜੀ ਦੇਸ਼ ਖ਼ਾਸ ਕਰਕੇ ਅਮਰੀਕਾ ਆਪਣੇ ਅੰਦਰੂਨੀ ਸੰਕਟ ਦਾ ਭਾਰ ਸੰਸਾਰਕ ਦੱਖਣ ਦੇ ਦੇਸ਼ਾਂ ਸਿਰ ਲੱਦਣ ਲਈ ਇਨ੍ਹਾਂ ਦੇਸ਼ਾਂ ਅੰਦਰ ਗੜਬੜ ਕਰਾਉਣ ਤੇ ਤਖਤਾ ਪਲਟਾਉਣ ਦੀਆਂ ਸਾਜ਼ਿਸ਼ਾਂ ਰਚ ਰਹੇ ਹਨ। ਪਾਸਲਾ ਨੇ ਅਮਰੀਕਾ ਵਲੋਂ ਕਿਊਬਾ 'ਤੇ ਕੀਤੇ ਜਾਣ ਵਾਲੇ ਸੰਭਾਵਤ ਫੌਜੀ ਹਮਲੇ ਅਤੇ ਇਸ ਸਮਾਜਵਾਦੀ ਦੇਸ਼ ਸਿਰ ਅਮੀਰ ਦੇਸ਼ਾਂ ਵਲੋਂ ਮੜ੍ਹੀਆਂ ਗਲ ਘੋਟੂ ਪਾਬੰਦੀਆਂ ਖਿਲਾਫ਼ ਤਕੜੀ ਲੋਕ ਲਹਿਰ ਉਸਾਰਨ ਦਾ ਸੱਦਾ ਦਿੱਤਾ ਹੈ। ਰਾਜ ਕਮੇਟੀ ਦੇ ਸਕੱਤਰਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ ਮੀਟਿੰਗ ਵਲੋਂ ਆਰ ਐੱਮ ਪੀ ਆਈ ਤੇ ਸੀ ਪੀ ਆਈ (ਐੱਮ ਐੱਲ) ਲਿਬ੍ਰੇਸ਼ਨ ਵਲੋਂ 7 ਜੂਨ ਨੂੰ ਲੁਧਿਆਣਾ ਦੇ 'ਅੰਬੇਦਕਰ ਭਵਨ' ਵਿਖੇ ਆਯੋਜਿਤ ਕੀਤੀ ਜਾ ਰਹੀ 'ਜਨਤਕ ਸੁਣਵਾਈ' 'ਚ ਸੂਬੇ ਭਰ ਚੋਂ ਸੈਂਕੜੇ ਆਗੂਆਂ ਦੀ ਸ਼ਿਰਕਤ ਕਰਵਾਉਣ ਦਾ ਫੈਸਲਾ ਲਿਆ ਗਿਆ ਹੈ। ਮੀਟਿੰਗ ਵਲੋਂ 22 ਜੂਨ ਨੂੰ 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਦੇ ਸੱਦੇ ਤਹਿਤ ਆਰ ਐੱਸ ਐੱਸ ਦੇ ਫਿਰਕੂ ਫਾਸ਼ੀ ਏਜੰਡੇ, ਸੰਘ-ਭਾਜਪਾ ਦੀਆਂ ਪੰਜਾਬ ਵਿਰੋਧੀ ਸਾਜਿਸ਼ਾਂ ਅਤੇ ਪੰਜਾਬ ਦੇ ਦਹਾਕਿਆਂ ਤੋਂ ਲੰਬਿਤ ਮਸਲਿਆਂ ਦੇ ਹੱਲ ਲਈ ਜ਼ਿਲਾ ਕੇਂਦਰਾਂ 'ਤੇ ਕੀਤੇ ਜਾ ਰਹੇ ਰੈਲੀ-ਮੁਜ਼ਾਹਰਿਆਂ 'ਚ ਹਰ ਥਾਂ ਭਰਵੀਂ ਸ਼ਮੂਲੀਅਤ ਕਰਵਾਉਣ ਦੀ ਠੋਸ ਯੋਜਨਾਬੰਦੀ ਉਲੀਕੀ ਗਈ ਹੈ।

# ਦਿਨ-ਦਿਹਾੜੇ ਘਰ ਦੇ ਤਾਲੇ ਤੋੜ ਕੇ ਨਕਦੀ ਚੋਰੀ



**ਅਲਾਵਲਪੁਰ (ਮਦਨ ਬੰਗੜ)**- ਅਲਾਵਲਪੁਰ ਦੇ ਮਹੱਲਾ ਸੁੰਦਰ ਨਗਰ ਵਿੱਚ ਦਿਨ ਦਿਹਾੜੇ ਘਰ ਦੇ ਤਾਲੇ ਤੋੜ ਕੇ ਨਕਦੀ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਮੁਹੱਲਾ ਸੁੰਦਰ ਨਗਰ ਦੇ ਐਮ.ਸੀ. ਬ੍ਰਿਜ ਭੂਸ਼ਣ ਨੇ ਦੱਸਿਆ ਕਿ ਮਹੱਲੇ ਦੀ ਵਸਨੀਕ ਕੰਸੋ ਦੇਵੀ ਪਤਨੀ ਕਸ਼ਮੀਰੀ ਲਾਲ ਸਵੇਰੇ ਕਰੀਬ 7 ਵਜੇ ਕਿਸੇ ਧਾਰਮਿਕ ਸਥਾਨ 'ਤੇ ਮੱਥਾ ਟੇਕਣ ਲਈ ਗਈ ਹੋਈ ਸੀ। ਦੁਪਹਿਰ ਬਾਅਦ ਜਦੋਂ ਉਹ ਵਾਪਸ ਘਰ ਆਈ ਤਾਂ ਵੇਖਿਆ ਕਿ ਘਰ ਦੇ ਦਰਵਾਜ਼ਿਆਂ ਦੇ ਤਾਲੇ ਟੁੱਟੇ ਹੋਏ ਸਨ। ਘਰ ਅੰਦਰ ਦਾਖਲ ਹੋਣ 'ਤੇ ਅਲਮਾਰੀ ਦੇ ਦਰਾਜ਼ ਅਤੇ ਲਾਕ ਵੀ ਟੁੱਟੇ ਹੋਏ ਮਿਲੇ। ਚੋਰਾਂ ਨੇ ਘਰ ਦੀ ਪੂਰੀ ਤਰ੍ਹਾਂ ਫਰੋਲਾ-ਫਰਾਲੀ ਕੀਤੀ ਹੋਈ ਸੀ। ਜਾਂਚ ਕਰਨ 'ਤੇ ਪਤਾ ਲੱਗਾ ਕਿ ਅਲਮਾਰੀ ਵਿੱਚ ਰੱਖੀ 12,800 ਰੁਪਏ ਦੀ ਨਕਦੀ ਚੋਰੀ ਹੋ ਚੁੱਕੀ ਸੀ। ਪੁਲਸ ਚੌਕੀ ਅਲਾਵਲਪੁਰ ਨੂੰ ਸ਼ਿਕਾਇਤ ਦਿੱਤੀ ਗਈ। ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਮੁਹੱਲਾ ਵਾਸੀਆਂ ਨੇ ਪੁਲਸ ਪ੍ਰਸ਼ਾਸਨ ਤੋਂ ਚੋਰੀ ਦੀ ਘਟਨਾ ਦਾ ਜਲਦ ਪਰਦਾਫਾਸ਼ ਕਰਨ ਅਤੇ ਦੋਸ਼ੀਆਂ ਨੂੰ ਕਾਬੂ ਕਰਨ ਦੀ ਮੰਗ ਕੀਤੀ ਹੈ।

# ਦੋਆਬਾ ਫੁੱਟਬਾਲ ਵੈਲਫੇਅਰ ਕਲੱਬ ਵੱਲੋਂ ਫੁੱਟਬਾਲ ਟੂਰਨਾਮੈਂਟ ਕਰਵਾਉਣ ਸੰਬੰਧੀ ਮੀਟਿੰਗ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬੱਡੋਂ ਖਾਲਸਾ ਕੋ. ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬੱਡੋਂ ਵਿਖੇ ਦੋਆਬਾ ਫੁੱਟਬਾਲ ਵੈਲਫਰ ਕਲੱਬ ਵੱਲੋਂ ਸਮਰ ਲੀਗ ਕਰਵਾਉਣ ਸੰਬਧੀ ਵਿਸ਼ੇਸ਼ ਇੱਕ ਮੀਟਿੰਗ ਕਲੱਬ ਦੇ ਚੇਅਰਮੈਨ ਜਥੇਦਾਰ ਹਰੀ ਸਿੰਘ ਜਸਵਾਲ ਭਾਮ ਤੇ ਕਲੱਬ ਪ੍ਰਧਾਨ ਕਿਸ਼ਨ ਚੰਦ ਭਨੋਟ ਪਟਵਾਰੀ ਠੱਕਰਵਾਲ ਦੀ ਅਗਵਾਈ ਹੇਠ ਕੀਤੀ ਗਈ। ਇਸ ਮੌਕੇ ਮੀਟਿੰਗ ਦੌਰਾਨ ਸਮਰ ਲੀਗ ਫੁੱਟਬਾਲ ਟੂਰਨਾਮੈਂਟ ਕਰਾਉਣ ਸੰਬੰਧੀ ਵੱਖ ਵੱਖ ਮੈਂਬਰਾਂ ਵੱਲੋਂ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 3 ਜੂਨ ਤੋਂ ਕੁਆਲੀਫਾਈ ਫੁੱਟਬਾਲ ਟੂਰਨਾਮੈਂਟ ਪਿੰਡ ਪਾਂਸਟਾ ਦੀ ਗਰਾਊਂਡ ਵਿੱਚ ਸ਼ਾਮ 4 ਵਜੇ ਆਰੰਭ ਹੋ ਰਿਹਾ ਹੈ। ਇਸ ਮੌਕੇ ਮੀਟਿੰਗ ਦੌਰਾਨ ਕਲੱਬ ਦੇ ਚੇਅਰਮੈਨ ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਕਲੱਬ ਪ੍ਰਧਾਨ ਕਿਸ਼ਨ ਚੰਦ ਭਨੋਟ ਪਟਵਾਰੀ ਠੱਕਰਵਾਲ, ਹਰਦੀਪ ਸਿੰਘ ਖਾਲਸਾ ਖਜਾਨਚੀ, ਪ੍ਰਿੰਸੀਪਲ ਸੁਖਇੰਦਰ ਸਿੰਘ ਮਿਨਹਾਰ ਸੈਕਟਰੀ, ਰਿਟਾਇਰ ਮਾਸਟਰ ਜਗਮੋਹਣ ਸਿੰਘ ਡਾਂਡੀਆਂ, ਰਿਟਾਇਰ ਪ੍ਰਿੰਸੀਪਲ ਜੁਗਲ ਕਿਸ਼ੋਰ, ਫੁਟਬਾਲ ਕੋਚ ਗੁਰਦੀਪ ਸਿੰਘ ਥਾਪਾ ਭਾਮ, ਹੈਡ ਮਾਸਟਰ ਹਰਭਜਨ ਸਿੰਘ ਅਜਨੋਹਾ, ਸਰਪੰਚ ਡਾਕਟਰ ਬਲਵਿੰਦਰ ਸਿੰਘ ਬੱਡੋ , ਡਾਕਟਰ ਸੁਖਦੇਵ ਸਿੰਘ ਬੱਡੋ, ਜਗਦੀਸ਼ ਸਿੰਘ ਮੋਗੋਪੱਟੀ, ਸੋਡੀ ਰਾਮ ਡੁਮੇਲੀ, ਜਰਨੈਲ ਸਿੰਘ ਠੱਕਰਵਾਰ, ਬਲਵੀਰ ਸਿੰਘ ਪੰਚ ਭਾਮ, ਫੁੱਟਬਾਲ ਕੋਚ ਲਾਲੀ ਹਾਰਟਾ, ਬਿੰਦਰ ਸਿੰਘ ਮਾਟਾ ਆਦਿ ਹਾਜ਼ਰ ਸਨ।

# ਜਥੇਦਾਰ ਕਲਿਆਣਪੁਰ ਵਾਲਿਆਂ ਵੱਲੋਂ ਨਿਹੰਗ ਸਿੰਘਾਂ ਦੀਆਂ ਨਵੀਆਂ ਨਿਯੁਕਤੀਆਂ

**ਨਕੋਦਰ (ਮਨਜੀਤ ਮਾਨ)**- ਸ਼ਹੀਦ ਬਾਬਾ ਦੀਪ ਸਿੰਘ ਗੁਰਮਤਿ ਪ੍ਰਚਾਰ ਵਿਦਿਆਲਿਆ ਵੈੱਲਫੇਅਰ ਸੁਸਾਇਟੀ (ਰਜਿ.), ਪਿੰਡ ਕਲਿਆਣਪੁਰ ਵੱਲੋਂ ਛਾਉਣੀ ਨਿਹੰਗ ਸਿੰਘਾਂ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸੁਸਾਇਟੀ ਦੇ ਕਾਰਜਾਂ ਨੂੰ ਹੋਰ ਗਤੀਸ਼ੀਲ ਅਤੇ ਮਜ਼ਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਇਹ ਨਿਯੁਕਤੀ ਪੱਤਰ ਜਥੇਦਾਰ ਮਹਾਕਾਲ ਬਾਬਾ ਹਰੀ ਸਿੰਘ ਕਲਿਆਣਪੁਰ, ਸੁਸਾਇਟੀ ਦੇ ਪ੍ਰਧਾਨ ਜਥੇਦਾਰ ਗੁਰਵਿੰਦਰ ਸਿੰਘ, ਉਪ ਪ੍ਰਧਾਨ ਕਰਨ ਸਿੰਘ, ਸਕੱਤਰ ਕੁਲਬੀਰ ਪਾਲ ਅਤੇ ਖਜ਼ਾਨਚੀ ਮੋਸਮ ਸਿੰਘ ਵੱਲੋਂ ਸਾਂਝੇ ਤੌਰ 'ਤੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਸੌਂਪੇ ਗਏ।ਸੁਸਾਇਟੀ ਦੀ ਪ੍ਰਬੰਧਕ ਕਮੇਟੀ ਦੀ ਮੀਟਿੰਗ ਵਿੱਚ ਲਏ ਗਏ ਅਹਿਮ ਫੈਸਲੇ ਅਨੁਸਾਰ ਇਸ ਮੌਕੇ ਸਰਬਸੰਮਤੀ ਨਾਲ ਜਤਿੰਦਰ ਸਿੰਘ ਨੂੰ ਚੇਅਰਮੈਨ, ਜਲੰਧਰ ਕੈਂਟ ਮਲਕੀਤ ਸਿੰਘ ਪ੍ਰਧਾਨ, ਜਲੰਧਰ ਕੈਂਟ ਹਰਵਿੰਦਰ ਸਿੰਘ ਉਪ ਪ੍ਰਧਾਨ, ਜਲੰਧਰ ਕੈਂਟ ਸੰਦੀਪ ਸਿੰਘ ਪ੍ਰਧਾਨ, ਜ਼ਿਲ੍ਹਾ ਕਪੂਰਥਲਾ ਪਲਵਿੰਦਰ ਸਿੰਘ ਤੋਂ ਇਲਾਵਾ ਵਿਕਰਮਜੀਤ ਸਿੰਘ, ਬਖਸ਼ੀਸ਼ ਸਿੰਘ, ਗੁਰਪ੍ਰੀਤ ਸਿੰਘ, ਐਜਕ, ਰਣਵੀਰ ਸਿੰਘ, ਰਿੰਕੀ, ਅਸ਼ਵਨੀ ਕੁਮਾਰ, ਅਮਰੀਕ ਸਿੰਘ, ਜਸਵੰਤ ਸਿੰਘ ਮੈਂਬਰ ਚੁਣੇ ਗਏ। ਇਸ ਮੌਕੇ ਬਾਬਾ ਹਰੀ ਸਿੰਘ ਕਲਿਆਣਪੁਰ ਵਾਲਿਆਂ ਨੇ ਕਿਹਾ ਕਿ ਸਿੱਖੀ ਦੇ ਪ੍ਰਸਾਰ ਤੇ ਪ੍ਰਚਾਰ ਨੂੰ ਤੇਜ਼ ਕੀਤਾ ਜਾਵੇਗਾ ਤੇ ਨੌਜੁਆਨਾਂ ਨੂੰ ਬਾਣੀ ਤੇ ਬਾਣੇ ਨਾਲ ਜੋੜਨ ਲਈ ਗੁਰਮਤਿ ਪ੍ਰਚਾਰ ਅਤੇ ਸਮਾਜ ਸੇਵਾ ਸੁਸਾਇਟੀ ਦਾ ਮੁੱਖ ਮਕਸਦ ਹੋਵੇਗਾ। ਇਸ ਮੌਕੇ ਜਥੇਦਾਰ ਬਾਬਾ ਹਰੀ ਸਿੰਘ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਜਥੇਦਾਰ ਬਾਬਾ ਹਰੀ ਸਿੰਘ ਨੇ ਕਿਹਾ ਕਿ ਸੁਸਾਇਟੀ ਦਾ ਮੁੱਖ ਮਕਸਦ ਗੁਰਮਤਿ ਦਾ ਵੱਧ ਤੋਂ ਵੱਧ ਪ੍ਰਚਾਰ-ਪ੍ਰਸਾਰ ਕਰਨਾ ਅਤੇ ਸਮਾਜ ਸੇਵੀ ਕਾਰਜਾਂ ਵਿੱਚ ਮੋਹਰੀ ਹੋ ਕੇ ਹਿੱਸਾ ਪਾਉਣਾ ਹੈ। ਉਨ੍ਹਾਂ ਉਮੀਦ ਜਤਾਈ ਕਿ ਸਾਰੇ ਨਵੇਂ ਮੈਂਬਰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਨਿਸ਼ਕਾਮ ਭਾਵਨਾ ਨਾਲ ਗੁਰੂ ਘਰ ਅਤੇ ਸਮਾਜ ਪ੍ਰਤੀ ਆਪਣੀ ਸੇਵਾ ਨਿਭਾਉਣਗੇ। ਨਵੇਂ ਨਿਯੁਕਤ ਹੋਏ ਮੈਂਬਰਾਂ ਨੇ ਜਥੇਦਾਰ ਸਾਹਿਬ ਅਤੇ ਸਮੁੱਚੀ ਪ੍ਰਬੰਧਕ ਕਮੇਟੀ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੁਸਾਇਟੀ ਦੇ ਸੰਵਿਧਾਨ ਅਤੇ ਨਿਯਮਾਂ 'ਤੇ ਪੂਰੀ ਤਰ੍ਹਾਂ ਪਹਿਰਾ ਦੇਣਗੇ। ਇਸ ਮੌਕੇ ਸੁਸਾਇਟੀ ਦੀ ਪ੍ਰਬੰਧਕ ਕਮੇਟੀ ਤੋਂ ਇਲਾਵਾ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ, ਜਿਨ੍ਹਾਂ ਨੇ ਨਵੇਂ ਬਣੇ ਅਹੁਦੇਦਾਰਾਂ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਵਧਾਈਆਂ ਦਿੱਤੀਆਂ।



# ਲੈਕਚਰਾਰ ਪਰਦੀਪ ਸਿੰਘ ਦਾ ਵਿਦਾਇਗੀ ਤੇ ਪੁਸਤਕ ਰਿਲੀਜ਼ ਸਮਾਰੋਹ ਅਮਿਟ ਛਾਪ ਛੱਡ ਗਿਆ

**ਗੁਰਾਇਆ/ਫਿਲੌਰ (ਬਿੰਦਰ ਸੁਮਨ, ਨਿਰਮਲ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਸੂਰਪੁਰ ਵਿਖੇ ਬਤੌਰ ਲੈਕਚਰਾਰ ਅੰਗਰੇਜ਼ੀ ਸੇਵਾ ਨਿਭਾਅ ਰਹੇ ਪਰਦੀਪ ਸਿੰਘ ਰਾਜਪੁਰਾ 31ਮਈ ਨੂੰ ਸੇਵਾ ਮੁਕਤ ਹੋਏ ਹਨ। ਉਹਨਾਂ ਦੀ ਵਿਦਾਇਗੀ ਅਤੇ ਸਨਮਾਨ ਲਈ ਪ੍ਰਿੰਸੀਪਲ, ਐੱਸ ਐੱਮ ਸੀ ਤੇ ਸਮੂਹ ਸਟਾਫ ਵੱਲੋਂ ਸ਼ਾਨਦਾਰ ਵਿਦਾਇਗੀ ਅਤੇ ਸਨਮਾਨ ਸਮਾਰੋਹ ਕਰਾਇਆ ਗਿਆ ਜਿਸ ਵਿੱਚ ਇਲਾਕੇ ਭਰ ਦੀਆਂ ਨਾਮਵਾਰ ਸ਼ਖਸ਼ੀਅਤਾਂ ਨੇ ਸ਼ਿਰਕਤ ਕੀਤੀ।ਜਿਹਨਾਂ ਵਿੱਚ ਅਮਰਜੀਤ ਖਟਕੜ ਰਿਟਾਇਰਡ ਡਿਪਟੀ ਡੀ ਈ ਓ ਸ਼ਹੀਦ ਭਗਤ ਸਿੰਘ ਨਗਰ, ਦਵਿੰਦਰ ਕੌਰ ਕਜਲਾ ਜ਼ਿਲ੍ਹਾ ਸਪੋਰਟਸ ਅਫਸਰ ਸ਼ਹੀਦ ਭਗਤ ਸਿੰਘ ਨਗਰ, ਪ੍ਰਿੰਸੀਪਲ ਹਰਦੀਪ ਸਿੰਘ, ਪ੍ਰਿੰਸੀਪਲ ਜੁਗਲ ਕਿਸ਼ੋਰ ਟੂਰਾ, ਪ੍ਰਿੰਸੀਪਲ ਵਿਸ਼ਵਿੰਦਰ ਦੱਤ, ਪ੍ਰਿੰਸੀਪਲ ਕ੍ਰਿਸ਼ਨ ਚੰਦ ਮੁਕੰਦਪੁਰ ਸਕੂਲ, ਗੌਰਮਿੰਟ ਸਕੂਲ ਟੀਚਰਜ ਯੂਨੀਅਨ ਦੇ ਸੂਬਾ ਪ੍ਰਧਾਨ ਸੁਰਿੰਦਰ ਪੁਆਰੀ,ਅਮਰਜੀਤ ਮਹਿਮੀ, ਹੈਡ ਮਾਸਟਰ ਸੁਰਿੰਦਰ ਪਾਲ, ਜਸਪਾਲਪ੍ਰੀਤ ਸੰਧੂ, ਡਾ. ਹਰਗੁਣ, ਲੈਕਚਰਾਰ ਮੱਖਣ ਰੱਤੂ, ਮਾਸਟਰ ਅਵਤਾਰ ਲਾਲ, ਲੈਕਚਰਾਰ ਅਸ਼ੋਕ ਕੁਮਾਰ ਮਹਿਮੀ, ਕੁਲਵੰਤ ਕੌਰ ਨਗਰ (ਮਾਨਵਤਾ ਕਲਾ ਮੰਚ), ਬੇਟੀ ਸ਼ਰਨਦੀਪ ਕੌਰ, ਪਰਦੀਪ ਸਿੰਘ ਦੇ ਪੁਰਾਣੇ ਵਿਦਿਆਰਥੀਆਂ ਵਿੱਚੋਂ ਲੈਕਚਰਾਰ ਬਲਵਿੰਦਰ ਸਿੰਘ ਲੈਕਚਰਾਰ ਅਨੀਤਾ, ਜੈਜ਼ਵੀਰ ਚੱਕ ਦੇਸ ਰਾਜ, ਪਰਮਜੀਤ ਬਾਂਸਲ ਆਦਿ ਨੇ ਸੰਬੋਧਨ ਕਰਦਿਆਂ ਪਰਦੀਪ ਸਿੰਘ ਦੇ ਵੱਖ-ਵੱਖ ਸਕੂਲਾਂ ਵਿੱਚ ਸ਼ਾਨਦਾਰ ਨਿਭਾਈਆਂ ਗਈਆਂ ਸੇਵਾਵਾਂ, 100 ਫੀਸਦੀ ਰਹੇ ਨਤੀਜਿਆਂ, ਸਾਹਿਤਿਕ ਅਤੇ ਸਮਾਜ ਨੂੰ ਦਿੱਤੇ ਬਹੁਮੁੱਲੇ ਯੋਗਦਾਨ ਦਾ ਜ਼ਿਕਰ ਕੀਤਾ।

ਇਸ ਵਿਦਾਇਗੀ ਸਮਾਗਮ ਵਿੱਚ ਉਨ੍ਹਾਂ ਦੀ ਜ਼ਿੰਦਗੀ ਅਤੇ ਪ੍ਰਾਪਤੀਆਂ ਨੂੰ ਸਮਰਪਿਤ ਸਨਮਾਨ ਪੱਤਰ ਕੁਲਵਿੰਦਰ ਕੌਰ ਨੇ ਪੜ੍ਹਿਆ ਤੇ ਸਾਰੇ ਸਟਾਫ ਵੱਲੋਂ ਪਰਦੀਪ ਸਿੰਘ ਨੂੰ ਭੇਟ ਕੀਤਾ। ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਸੂਰਪੁਰ ਦੇ ਸਮੂਹ ਅਧਿਆਪਕਾਂ ਅਤੇ ਵੱਖ-ਵੱਖ ਸਕੂਲਾਂ ਤੋਂ ਆਏ ਅਧਿਆਪਕਾਂ, ਰਿਸ਼ਤੇਦਾਰਾਂ ਨੇ ਲੈਕਚਰਾਰ ਪਰਦੀਪ ਸਿੰਘ ਨੂੰ ਆਦਰ ਅਤੇ ਸਤਿਕਾਰ ਵਜੋਂ ਸ਼ਾਨਦਾਰ ਮੋਮੈਂਟੋ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਸ੍ਰ. ਸੁੱਚਾ ਸਿੰਘ ਰਾਹੀ ਯੂ ਐੱਸ ਏ ਵਲੋਂ ਸ਼ਾਨਦਾਰ ਮੋਮੈਂਟੋ ਜਸਵਿੰਦਰ ਸਿੰਘ ਵਿਰਕ, ਕਰਨਵੀਰ ਸਿੰਘ ਵਿਰਕ ਅਤੇ ਬਲਜੀਤ ਕੌਰ ਵਿਰਕ ਰਾਹੀਂ ਭੇਟ ਕੀਤਾ ਗਿਆ।



# ਬਾਬਾ ਬੂਟੇ ਸ਼ਾਹ ਮੇਲਾ ਗਹੂੰਣ ਦਾ ਪੋਸਟਰ ਜਾਰੀ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਪਿੰਡ ਗਹੂੰਣ 'ਚ ਰਮਣੀਕ ਅਸਥਾਨ ਦਰਗਾਹ ਬਾਬਾ ਬੂਟੇ ਸ਼ਾਹ ਦਾ ਸਲਾਨਾ ਮੇਲਾ ਇਸ ਵਾਰ ਵੀ ਸ਼ਰਧਾ ਤੇ ਉਤਸ਼ਾਹ ਨਾਲ ਸਮੂਹ ਨਗਰ ਨਿਵਾਸੀ, ਪੰਚਾਇਤ, ਐਨ.ਆਰ.ਆਈ ਵੀਰਾਂ ਤੇ ਖਾਸ ਤੌਰ 'ਤੇ ਪਿੰਡ ਨੱਥਾ ਨੰਗਲ ਵਾਸੀ ਸੰਗਤ ਤੇ ਸੇਵਾਦਾਰ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਬਾਬਾ ਬੂਟੇ ਸ਼ਾਹ ਦੇ 33ਵੇਂ ਸਾਲਾਨਾ ਜੋੜ ਮੇਲੇ ਸਬੰਧੀ ਤਿਆਰ ਕੀਤਾ ਗਿਆ ਰੰਗਦਾਰ ਪੋਸਟਰ ਪਿੰਡ ਗਹੂੰਣ ਵਿਖੇ ਸਮੂਹ ਨਗਰ ਨਿਵਾਸੀਆਂ ਤੇ ਪ੍ਰਬੰਧਕ ਕਮੇਟੀ ਵੱਲੋਂ ਜਾਰੀ ਕੀਤਾ ਗਿਆ। ਸੇਵਾਦਾਰਾਂ ਨੇ ਦੱਸਿਆ ਕਿ ਮੇਲੇ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ ਤੇ ਸੰਗਤਾਂ ਨੂੰ 10 ਤੇ 11 ਜੂਨ ਨੂੰ ਵੱਧ-ਚੜ੍ਹ ਕੇ ਪਹੁੰਚਣ ਦੀ ਅਪੀਲ ਕੀਤੀ ਗਈ। ਪ੍ਰਬੰਧਕਾਂ ਨੇ ਦੱਸਿਆ ਕਿ 10 ਜੂਨ ਨੂੰ ਸ਼ਾਮ 4 ਵਜੇ ਚਿਰਾਗ ਰੌਸ਼ਨ ਕੀਤੇ ਜਾਣਗੇ ਤੇ 6 ਵਜੇ ਚਾਦਰ ਚੜ੍ਹਾਉਣ ਦੀ ਰਸਮ ਉਪਰੰਤ ਰਾਤ 7 ਤੋਂ 8 ਵਜੇ ਤੱਕ ਪ੍ਰੇਮ ਕਵਾਲ ਐਂਡ ਪਾਰਟੀ ਵੱਲੋਂ ਕਵਾਲੀ, 8 ਤੋਂ 9 ਵਜੇ ਸੰਨੀ ਕੰਗਣਾ ਸੂਫੀ ਮਹਿਫਲ ਲਗਾਉਣਗੇ। ਰਾਤ 9 ਤੋਂ 1 ਵਜੇ ਤੱਕ ਸਾਬੀ ਨਕਾਲ ਪਾਰਟੀ ਵੱਲੋਂ ਆਪਣਾ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। 11 ਜੂਨ ਨੂੰ ਸਵੇਰੇ 10 ਤੋਂ 11 ਵਜੇ ਤੱਕ ਕਵਾਲੀ ਦੀ ਮਹਿਫਲ, 11 ਤੋਂ 1 ਵਜੇ ਤੱਕ ਪ੍ਰਸਿੱਧ ਸੂਫੀ ਗਾਇਕ ਅਫਤਾਰ ਮੁਸਾਫ਼ਿਰ, ਦੁਪਹਿਰ 1 ਤੋਂ 4 ਵਜੇ ਤੱਕ ਲੋਕ ਗਾਇਕ ਸਤਿੰਦਰ ਬੁੱਗਾ ਆਪਣੀ ਗਾਇਕੀ ਨਾਲ ਸੰਗਤ ਨੂੰ ਨਿਹਾਲ ਕਰਨਗੇ। ਇਸ ਤੋਂ ਇਲਾਵਾ ਸ਼ਾਮ ਨੂੰ ਬੈਂਡ ਮਾਸਟਰ ਹਰਮੇਸ਼ ਲਾਲ ਮੇਸ਼ੀ ਬੈਂਡ ਦੀਆਂ ਧੁਨਾਂ ਨਾਲ ਅਤੇ ਰਾਤ ਨੂੰ ਮਾਨਵੀ ਐਂਡ ਤਿੱਤਲੀ ਨਕਾਲ ਪਾਰਟੀ ਵੀ ਆਪਣੀ ਕਲਾ ਦੇ ਜੌਹਰ ਦਿਖਾਉਣਗੇ। ਪ੍ਰਬੰਧਕ ਕਮੇਟੀ ਵੱਲੋਂ ਕਿਹਾ ਗਿਆ ਕਿ ਸਿਰਫ ਸੱਦੇ ਹੋਏ ਕਲਾਕਾਰਾਂ ਨੂੰ ਹੀ ਸਮਾਂ ਦਿੱਤਾ ਜਾਵੇਗਾ।



# ਸਰੂਪ ਸਿਆਲਵੀ ਦੇ ਕਹਾਣੀ ਸੰਗ੍ਰਹਿ ਕਾਲ ਕਾਲਾਂਤਰ 'ਤੇ ਵਿਚਾਰ-ਚਰਚਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਪ੍ਰਗਤੀਸ਼ੀਲ ਲੇਖਕ ਸੰਘ ਚੰਡੀਗੜ੍ਹ ਦੇ ਸਹਿਯੋਗ ਨਾਲ ਪੰਜਾਬ ਕਲਾ ਭਵਨ ਵਿਖੇ ਸਰੂਪ ਸਿਆਲਵੀ ਦੇ ਕਹਾਣੀ ਸੰਗ੍ਰਹਿ 'ਕਾਲ ਕਾਲਾਂਤਰ' 'ਤੇ ਵਿਚਾਰ ਚਰਚਾ ਕਰਵਾਈ ਗਈ। ਪ੍ਰਧਾਨਗੀ ਮੰਡਲ ਵਿੱਚ ਡਾ. ਸਰਬਜੀਤ ਸਿੰਘ, ਕਿਰਪਾਲ ਕਜ਼ਾਕ, ਡਾ. ਜੇ.ਬੀ. ਸੇਖੋਂ, ਡਾ. ਹਰਪ੍ਰੀਤ ਕੌਰ ਅਤੇ ਲੇਖਕ ਸੰਘ ਦੇ ਜਨਰਲ ਸਕੱਤਰ ਡਾ. ਗੁਰਮੇਲ ਸਿੰਘ ਸ਼ਾਮਿਲ ਹੋਏ। ਇਸ ਮੌਕੇ ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਅਕਾਦਮੀ ਦੇ ਟੀਚੇ ਅਨੁਸਾਰ ਲੁਧਿਆਣਾ ਤੋਂ ਬਾਹਰ ਬਾਕੀ ਥਾਵਾਂ 'ਤੇ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਵਿੱਚ ਸਰੂਪ ਸਿਆਲਵੀ ਦੀ ਪੁਸਤਕ 'ਤੇ ਚਰਚਾ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਅਕਾਦਮੀ ਵੱਲੋਂ ਬਹੁਤ ਸਾਰੀਆਂ ਕਿਤਾਬਾਂ ਸਬੰਧੀ ਗੋਸ਼ਟੀਆਂ ਕਰਵਾਈਆਂ ਗਈਆਂ ਹਨ। 'ਕਾਲ ਕਾਲਾਂਤਰ' ਬਾਰੇ ਚਰਚਾ ਛੇੜਦਿਆਂ ਉਨ੍ਹਾਂ ਕਿਹਾ ਕਿ ਭਾਰਤੀ ਇਤਿਹਾਸ-ਮਿਥਿਹਾਸ ਦੀਆਂ ਪਰਤਾਂ ਫਰੋਲਦੀਆਂ ਕਹਾਣੀਆਂ ਦੀ ਸਿਰਜਣਾ ਵਿੱਚ ਸਰੂਪ ਸਿਆਲਵੀ ਦਾ ਨਾਂਅ ਮਨਮੋਹਨ ਬਾਵਾ ਅਤੇ ਪ੍ਰੇਮ ਪ੍ਰਕਾਸ਼ ਤੋਂ ਬਾਅਦ ਆ ਜੁੜਦਾ ਹੈ। ਡਾ. ਜੇ.ਬੀ. ਸੇਖੋਂ ਨੇ ਆਪਣਾ ਪਰਚਾ ਪੇਸ਼ ਕਰਦਿਆਂ ਕਿਹਾ ਕਿ ਸਰੂਪ ਸਿਆਲਵੀ ਦੀਆਂ ਲੰਬੀਆਂ ਕਹਾਣੀਆਂ ਭਾਰਤੀ ਇਤਿਹਾਸ-ਮਿਥਿਹਾਸ ਦੀਆਂ ਡੂੰਘੀਆਂ ਪਰਤਾਂ ਫਰੋਲਦੀਆਂ ਹਨ, ਬੇਸ਼ੱਕ ਇਹ ਕਲਾ ਪੱਖ ਤੋਂ ਕਮਜ਼ੋਰ ਹੀ ਹੋਣ। ਉਨ੍ਹਾਂ ਕਹਾਣੀ ਤੇ ਨਾਵਲ ਦੀ ਤੁਲਨਾ ਟੱਬਰ ਅਤੇ ਕਬੀਲੇ ਦੀ ਉਦਾਹਰਨ ਨਾਲ ਕਰਦਿਆਂ ਭਾਵਪੂਰਤ ਮੁੱਦੇ ਉਠਾਏ। ਦੂਜਾ ਖੋਜ ਪੱਤਰ ਪੜ੍ਹਦਿਆਂ ਡਾ. ਹਰਪ੍ਰੀਤ ਕੌਰ ਨੇ ਕਿਹਾ ਕਿ ਭਾਰਤੀ ਸਮਾਜ ਵਿੱਚ ਜਾਤ ਅਤੇ ਪਿੱਤਰ ਸੱਤ੍ਹਾ ਦੇ ਮਹੱਤਵਪੂਰਨ ਪਹਿਲੂ ਮਨੁੱਖੀ ਜੀਵਨ ਸਬੰਧਾਂ ਤੇ ਸਮਾਜਿਕ ਪਛਾਣ ਨੂੰ ਨਿਰਧਾਰਤ ਕਰਦੇ ਹਨ। ਉੱਘੇ ਕਹਾਣੀਕਾਰ, ਨਾਵਲਕਾਰ ਤੇ ਚਿੰਤਕ ਕਿਰਪਾਲ ਕਜ਼ਾਕ ਨੇ ਆਪਣੇ ਪ੍ਰਧਾਨਗੀ ਭਾਸ਼ਨ ਦੀ ਤਿੱਖੀ, ਬੇਕਿਰਕ ਤੇ ਤੇਜ਼ਾਬੀ ਧਾਰ ਰੱਖਦਿਆਂ ਕਿਸੇ ਵੀ ਖੇਤਰ ਵਿੱਚ ਵਿਚਰ ਰਹੇ ਲੇਖਕਾਂ ਦੀ ਲੇਖਣੀ ਬਾਰੇ ਬੇਬਾਕ ਤੇ ਬੇਲਿਹਾਜ਼ ਟਿੱਪਣੀਆਂ ਕੀਤੀਆਂ। ਸਰੂਪ ਸਿਆਲਵੀ ਦੇ ਕਹਾਣੀ ਸੰਗ੍ਰਹਿ 'ਕਾਲ ਕਾਲਾਂਤਰ' ਦੇ ਹਵਾਲੇ ਨਾਲ਼ ਭਾਰਤੀ ਇਤਿਹਾਸ ਮਿਥਿਹਾਸ ਵਿੱਚ ਜਾਤ-ਪਾਤ ਦੇ ਕੋਹੜ ਨੂੰ ਸਦੀਆਂ ਤੋਂ ਬਰਕਰਾਰ ਰੱਖਣ ਵਾਲ਼ੀਆਂ ਧਿਰਾਂ ਨੂੰ ਕਰਾਰੇ ਹੱਥੀਂ ਲਿਆ। ਸਮਾਰੋਹ ਵਿੱਚ ਡਾ. ਜਸਪਾਲ ਸਿੰਘ ਜੱਸੀ, ਡਾ. ਅਵਤਾਰ ਸਿੰਘ ਪਤੰਗ, ਗੁਰਦਰਸ਼ਨ ਸਿੰਘ ਮਾਵੀ, ਸਤਨਾਮ ਸਿੰਘ ਸ਼ੋਕਰ, ਸੁਰਜੀਤ ਸੁਮਨ, ਜੇ ਐੱਸ ਮਹਿਰਾ, ਭਗਤ ਰਾਮ ਰੰਗਾੜਾ, ਪਰਮਜੀਤ ਮਾਨ, ਹਰਪ੍ਰੀਤ ਚੰਨੂੰ, ਮਨਪ੍ਰੀਤ ਕੌਰ, ਡਾ. ਪ੍ਰਕਾਸ਼ ਸਿੰਘ, ਡਾ. ਰਜਿੰਦਰ ਸਿੰਘ, ਮਨਜੀਤ ਮੀਤ, ਸਰਦਾਰਾ ਸਿੰਘ ਚੀਮਾ, ਪਿਆਰਾ ਸਿੰਘ ਰਾਹੀ, ਹਰਨਾਮ ਸਿੰਘ ਡੱਲਾ, ਸੰਤਵੀਰ ਤੋਂ ਇਲਾਵਾ ਡਾ. ਮਨਮੋਹਨ ਕੌਰ, ਪਵਨਦੀਪ ਕੌਰ, ਡਾ. ਲਖਵੀਰ ਸਿੰਘ, ਰਣਜੀਤ ਕੌਰ, ਡਾ. ਰਵਿੰਦਰ ਸਿੰਘ, ਕਿਰਨਪ੍ਰੀਤ ਕੌਰ ਸਕਾਲਰਜ਼ ਵੱਲੋਂ ਵੀ ਸ਼ਮੂਲੀਅਤ ਕੀਤੀ।



# ਵਿਦਿਆਰਥੀਆਂ ਵੱਲੋਂ ਮੋਬਾਈਲ ਚਾਰਜਿੰਗ ਵੈਂਡਿੰਗ ਮਸ਼ੀਨ ਵਿਦ ਸਕਿਊਰਿਟੀ ਲੌਕ ਪ੍ਰੋਜੈਕਟ ਤਿਆਰ

**ਜਲੰਧਰ (ਸ਼ੈਲੀ ਐਲਬਰਟ)**- ਡਾ. ਜਗਰੂਪ ਸਿੰਘ, ਪ੍ਰਿੰਸੀਪਲ ਅਤੇ ਇੰਜ. ਪ੍ਰੀਤ ਕੰਵਲ, ਇੰਚਾਰਜ, ਈ ਸੀ ਈ ਵਿਭਾਗ ਦੀ ਯੋਗ ਰਹਿਨੁਮਾਈ ਅਤੇ ਪ੍ਰੇਰਣਾ ਹੇਠ ਇਲੈਕਟ੍ਰਾਨਿਕਸ ਐਂਡ ਕਮਿਊਨੀਕੇਸ਼ਨ ਇੰਜੀਨੀਅਰਿੰਗ (535) ਵਿਭਾਗ ਦੇ ਵਿਦਿਆਰਥੀਆਂ ਵੱਲੋਂ ਮੋਬਾਈਲ ਚਾਰਜਿੰਗ ਵੈਂਡਿੰਗ ਮਸ਼ੀਨ ਵਿਦ ਸਿਕਿਊਰਿਟੀ ਲੌਕ ਨਾਮਕ ਇਕ ਨਵੀਂ ਅਤੇ ਉਪਯੋਗੀ ਪ੍ਰੋਜੈਕਟ ਤਿਆਰ ਕੀਤਾ ਗਿਆ ਹੈ। ਇਹ ਮਸ਼ੀਨ ਬੱਸ ਅੱਡਿਆਂ, ਰੇਲਵੇ ਸਟੇਸ਼ਨਾਂ, ਸ਼ਾਪਿੰਗ ਮਾਲਾਂ, ਹਵਾਈ ਅੱਡਿਆਂ, ਕਾਲਜਾਂ ਅਤੇ ਹੋਰ ਜਨਤਕ ਥਾਵਾਂ 'ਤੇ ਲੋਕਾਂ ਨੂੰ ਸੁਰੱਖਿਅਤ ਅਤੇ ਆਸਾਨ ਮੋਬਾਈਲ ਚਾਰਜਿੰਗ ਸਹੂਲਤ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਹੈ।

ਇਸ ਸਮਾਰਟ ਵੈਂਡਿੰਗ ਮਸ਼ੀਨ ਵਿੱਚ ਯੂਜ਼ਰ 10 ਦਾ ਸਿੱਕਾ ਪਾ ਕੇ ਆਪਣਾ ਮੋਬਾਈਲ 30 ਮਿੰਟ ਲਈ ਚਾਰਜ ਕਰ ਸਕਦੇ ਹਨ। ਇਹ ਪ੍ਰੋਜੈਕਟ ਯਾਤਰਾ ਜਾਂ ਐਮਰਜੈਂਸੀ ਦੌਰਾਨ ਮੋਬਾਈਲ ਫੋਨ ਦੀ ਬੈਟਰੀ ਖਤਮ ਹੋਣ ਦੀ ਆਮ ਸਮੱਸਿਆ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਮੋਬਾਈਲ ਫੋਨ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਮਸ਼ੀਨ ਵਿੱਚ ਵੱਖ-ਵੱਖ ਪਾਸਵਰਡ ਅਧਾਰਿਤ ਲਾਕਰ ਦਿੱਤੇ ਗਏ ਹਨ। ਯੂਜ਼ਰ ਆਪਣਾ ਮੋਬਾਈਲ ਲਾਕਰ ਵਿੱਚ ਰੱਖ ਕੇ ਆਪਣਾ ਪਾਸਵਰਡ ਸੈੱਟ ਕਰ ਸਕਦੇ ਹਨ ਅਤੇ ਉਹੀ ਪਾਸਵਰਡ ਦੁਬਾਰਾ ਦਰਜ ਕਰਕੇ ਲਾਕਰ ਖੋਲ੍ਹ ਸਕਦੇ ਹਨ। ਇਹ ਵਿਵਸਥਾ ਚੋਰੀ ਅਤੇ ਗੈਰ-ਅਧਿਕਾਰਤ ਪਹੁੰਚ ਤੋਂ ਸੁਰੱਖਿਆ ਪ੍ਰਦਾਨ ਕਰਦੀ ਹੈ। ਵਧੀਕ ਸੁਰੱਖਿਆ ਲਈ ਮਸ਼ੀਨ ਦੇ ਫਰੰਟ ਪੈਨਲ 'ਤੇ ਇੱਕ ਕੈਮਰਾ ਵੀ ਲਗਾਇਆ ਗਿਆ ਹੈ।



# ਮੈਡੀਕਲ ਕੈਂਪ ਲਗਾਇਆ

**ਕਰਤਾਰਪੁਰ (ਹਰਮੇਸ਼ ਦੱਤ)** ਆਪੀ ਚੈਰੀਟੇਬਲ ਹਸਪਤਾਲ ਕਰਤਾਰਪੁਰ ਵੱਲੋਂ ਮੈਡਮ ਸੁਮਨ ਲਤਾ ਕਲਹਣ ਦੀ ਦੇਖ ਰੇਖ ਹੇਠ ਸ੍ਰੀ ਗੁਰੂ ਅਰਜਨ ਦੇਵ ਜੀ ਪਬਲਿਕ ਸਕੂਲ ਵਿਖੇ ਐਸ ਵੀ ਪੀ ਨਿਸ਼ੁਲਕ ਮੈਡੀਕਲ ਕੈਂਪ ਲਗਾਇਆ ਗਿਆ। ਇਸ ਦੌਰਾਨ ਡਾਕਟਰਾਂ ਦੀ ਟੀਮ ਦੁਆਰਾ 112 ਮਰੀਜ਼ਾਂ ਦੀ ਜਾਂਚ ਕਰਕੇ ਫ੍ਰੀ ਦਵਾਈਆਂ ਵੰਡੀਆਂ ਗਈਆਂ। ਇਸ ਮੌਕੇ ਮੈਡਮ ਸੁਮਨਲਤਾ ਕਲਹਣ, ਪ੍ਰਧਾਨ ਵਿਮਲ ਜੈਨ, ਡਾਕਟਰ ਰੋਹਿਤ ਡੋਗਰਾਂ, ਡਾਕਟਰ ਨੀਰਜ ਕੁਮਾਰ, ਪ੍ਰਿੰਸੀਪਲ ਬਬੀਤਾ ਪਾਹਵਾ, ਮੈਡਮ ਅਮਨਦੀਪ, ਮੈਡਮ ਰਵਿੰਦਰ, ਪਿੰਕੀ ਮੈਡਮ, ਪੂਨਮ ਸ਼ਰਮਾ, ਮੈਡਮ ਗਗਨਪ੍ਰੀਤ ਕੌਰ, ਮੈਡਮ ਮਨਿੰਦਰ ਕੌਰ, ਚਰਨ ਪ੍ਰੀਤ ਕੌਰ, ਮੈਡਮ ਨਵਨੀਤ ਕੌਰ, ਜਗਤਾਰ ਸਿੰਘ ਸਰਾਏ ਮਨਿੰਦਰ ਸਿੰਘ, ਪਰਵੀਨ, ਸੋਢੀ ਸਿੰਘ, ਸਰਬਜੀਤ ਕੌਰ, ਰਮਨ ਕੁਮਾਰ ਸ਼ਰਮਾ, ਸਤਨਾਮ ਪੁਸ਼ਪਾ ਅਤੇ ਚੈਰੀਟੇਬਲ ਹਸਪਤਾਲ ਸਟਾਫ ਹਾਜ਼ਰ ਸੀ।



# ਜ਼ਿਲ੍ਹੇ 'ਚ ਪੋਲਿੰਗ ਸਟੇਸ਼ਨ 'ਤੇ 7 ਨੂੰ ਲੱਗਣਗੇ ਸਪੈਸ਼ਲ ਕੈਂਪ



**ਬੰਗਾ (ਅਵਤਾਰ ਕਲੇਰ)**- ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਸਪੈਸ਼ਲ ਇੰਸੈਂਟਿਵ ਰਵੀਜ਼ਨ-2026 ਜੋ 25 ਜੂਨ ਤੋਂ 24 ਜੁਲਾਈ ਤੱਕ ਚੱਲੇਗੀ, ਜਿਸ ਵਿੱਚ ਬੀ.ਐਲ.ਓਜ਼ ਘਰੋ-ਘਰੀ ਜਾ ਕੇ ਵੋਟਰ ਦੇ ਫਾਰਮ ਭਰਵਾਉਣਗੇ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਨੇ ਦਿੰਦਿਆ ਦੱਸਿਆ ਕਿ ਜ਼ਿਲ੍ਹਾ ਸ਼.ਭ.ਸ.ਨਗਰ ਵਿੱਚ ਪੈਂਦੇ ਤਿੰਨ ਵਿਧਾਨ ਸਭਾ ਚੋਣ ਹਲਕੇ 046-ਬੰਗਾ, 047-ਨਵਾਂਸ਼ਹਿਰ ਅਤੇ 048-ਬਲਾਚੌਰ ਵਿੱਚ ਵੋਟਿੰਗ ਮੈਪਿੰਗ ਦਾ ਕੰਮ ਪ੍ਰੀ-ਐਸ.ਆਈ.ਆਰ. ਦੌਰਾਨ ਤਕਰੀਬਨ 88.73% ਹੋ ਚੁੱਕਾ ਹੈ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੈਪਿੰਗ ਦਾ ਕੰਮ ਮੁਕੰਮਲ ਕਰਨ ਲਈ ਮੁੱਖ ਚੋਣ ਅਫਸਰ, ਪੰਜਾਬ ਵੱਲੋਂ ਪ੍ਰਾਪਤ ਹਦਾਇਤ ਅਨੁਸਾਰ ਇੱਕ ਸਪੈਸ਼ਲ ਕੈਂਪ 7 ਜੂਨ ਨੂੰ ਲਗਾਇਆ ਜਾ ਰਿਹਾ ਹੈ। ਸਪੈਸ਼ਲ ਕੈਂਪ ਦੌਰਾਨ ਬੀ.ਐਲ.ਓਜ਼ ਆਪਣੇ-ਆਪਣੇ ਸਬੰਧਤ ਪੋਲਿੰਗ ਸਟੇਸ਼ਨ 'ਤੇ ਸਵੇਰੇ 10.00 ਵਜੇ ਤੋਂ 04.00 ਵਜੇ ਬੈਠਣਗੇ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਅੱਗੇ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਵੀਜ਼ਨ 2026 ਦੇ ਸਬੰਧ ਵਿੱਚ ਜਿਹੜੇ ਵੋਟਰ ਦੀ ਮੈਪਿੰਗ ਮੌਜੂਦਾ ਵੋਟਰ ਸੂਚੀ ਨਾਲ ਨਹੀ ਹੋਈ , ਉਨ੍ਹਾਂ ਨੂੰ ਮੈਪ ਕਰਨ ਲਈ ਮੁੱਖ ਚੋਣ ਅਫਸਰ ਪੰਜਾਬ ਵੱਲੋਂ ਇੱਕ ਸਪੈਸ਼ਲ ਕੈਂਪ 7 ਜੂਨ ਨੂੰ ਲਗਾਇਆ ਜਾਵੇਗਾ। ਉਨ੍ਹਾਂ ਨੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾਂ ਵਲੋਂ ਅਜੇ ਤੱਕ ਆਪਣੀ ਵੋਟ ਨੂੰ ਵੋਟਰ ਸੂਚੀ 2003 ਨਾਲ ਮੈਪਿੰਗ ਨਹੀਂ ਕਰਵਾਈ ਗਈ, ਉਹ ਇਸ ਸਪੈਸ਼ਲ ਕੈਂਪ ਵਿੱਚ ਪਹੁੰਚ ਕੇ ਬੀ.ਐਲ.ਓਜ਼ ਨਾਲ ਸੰਪਰਕ ਕਰਨ ਅਤੇ ਮੈਪਿੰਗ ਦਾ ਕੰਮ ਨੂੰ 100% ਮੁਕੰਮਲ ਕਰਨ ਵਿੱਚ ਸਹਿਯੋਗ ਕਰਨ। ਇਸ ਤੋਂ ਇਲਾਵਾ ਉਨ੍ਹਾਂ ਨੇ ਸਮੂਹ ਰਾਜਨੀਤਿਕ ਪਾਰਟੀ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਆਪਣੇ ਵਲੋਂ ਨਿਯੁਕਤ ਬੀ.ਐਲ.ਓ. ਨੂੰ ਮੈਪਿੰਗ ਦੇ ਕੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ।

# ਫਤਿਹਗੜ੍ਹ ਵਿਖੇ ਕੁਸ਼ਤੀ ਮੁਕਾਬਲੇ ਕਰਵਾਏ ਗਏ

**ਬੰਗਾ (ਅਵਤਾਰ ਕਲੇਰ)**- ਭੰਗਲ ਪਰਵਾਰ, ਭੰਗਲ ਕੰਸਟਰਕਸ਼ਨ ਅਤੇ ਸਮੂਹ ਗ੍ਰਾਮ ਪੰਚਾਇਤ ਵੱਲੋਂ ਤੀਸਰੇ ਕੁਸ਼ਤੀ ਮੁਕਾਬਲੇ ਠੇਕੇਦਾਰ ਬਲਦੇਵ ਸਿੰਘ ਭੰਗਲ ਦੀ ਯਾਦ 'ਚ ਪਿੰਡ ਫਤਿਹਗੜ੍ਹ ਵਿਖੇ ਕਰਵਾਏ ਗਏ। ਡਾ. ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਅਤੇ ਹਲਕਾ ਇੰਚਾਰਜ ਫਗਵਾੜਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਡਾ. ਚੱਬੇਵਾਲ ਨੇ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੁਸ਼ਤੀ ਦੰਗਲ ਕਰਵਾਉਣੇ ਸਮੇਂ ਦੀ ਜ਼ਰੂਰਤ ਹੈ। ਇਹਨਾਂ ਖੇਡ ਮੇਲਿਆਂ ਨਾਲ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕਦਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਰਹੀ ਹੈ। ਡਾ. ਚੱਬੇਵਾਲ ਨੇ ਸਮੂਹ ਭੰਗਲ ਪਰਵਾਰ ਨੂੰ ਵਧਾਈ ਦਿੱਤੀ। ਉਹਨਾਂ ਨਾਲ ਆਪ ਆਗੂ ਦਲਜੀਤ ਰਾਜੂ ਵੀ ਪਹੁੰਚੇ। ਕੁਸ਼ਤੀ ਮੁਕਾਬਲਿਆਂ ਵਿੱਚ 100 ਤੋਂ ਵੱਧ ਪਹਿਲਵਾਨਾਂ ਨੇ ਹਿੱਸਾ ਲਿਆ। ਪਟਕੇ ਦੀ ਕੁਸ਼ਤੀ ਧਰਮਿੰਦਰ ਕੋਹਾਲੀ ਅਤੇ ਗੌਰਵ ਮਾਛੀਵਾੜਾ ਵਿਚਕਾਰ ਹੋਈ ਜਿਸ ਵਿਚ ਧਰਮਿੰਦਰ ਕੋਹਾਲੀ ਜੇਤੂ ਰਿਹਾ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਆਗੂਆਂ, ਪਹਿਲਵਾਨਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ। ਇਸ ਮੌਕੇ ਸਰਪੰਚ ਸੁਰਿੰਦਰ ਕੌਰ, ਅਮਰਜੀਤ ਸਿੰਘ ਭੰਗਲ, ਗੁਰਜੀਤ ਸਿੰਘ ਭੰਗਲ, ਸੁਖਜੀਤ ਸਿੰਘ ਭੰਗਲ, ਖੇਡ ਪ੍ਰਮੋਟਰ ਸੁਰਜੀਤ ਸਿੰਘ ਇੰਗਲੈਂਡ, ਅਸ਼ੋਕ ਕੁਮਾਰ ਯੂ ਕੇ, ਸਲਵਿੰਦਰ ਸਿੰਘ ਯੂ ਕੇ, ਪ੍ਰਦੀਪ ਸਿੰਘ ਭੰਗਲ, ਕਾਰਤਿਕ, ਨਵਜੀਤ ਸਿੰਘ ਭੰਗਲ, ਮਨਮੀਤ ਭੰਗਲ, ਸੁਭਾਸ਼ ਚੰਦਰ ਭੰਗਲ, ਮੰਗਲ ਸਿੰਘ ਭੰਗਲ, ਕਮਲਜੀਤ ਬੰਗਾ ਮੈਂਬਰ ਸਾਬਕਾ ਜ਼ਿਲ੍ਹਾ ਪ੍ਰੀਸ਼ਦ, ਸੰਤੋਖ ਸਿੰਘ ਭੰਗਲ,ਸੁਖਵੀਰ ਸਿੰਘ ਭੰਗਲ, ਸੇਵਾ ਸਿੰਘ ਭੰਗਲ ਅਤੇ ਖੇਡ ਪ੍ਰੇਮੀ ਹਾਜ਼ਰ ਸਨ ਕੁਮੈਂਟਰੀ ਦੀ ਭੂਮਿਕਾ ਬਲਜਿੰਦਰ ਸਿੰਘ ਘੁੰਮਣ ਅਤੇ ਕਰਮਦੀਨ ਨੇ ਬਾਖੂਬੀ ਨਿਭਾਈ। ਭੰਗਲ ਪਰਵਾਰ ਵੱਲੋਂ ਕੁਸ਼ਤੀ ਖੇਡ ਮੇਲੇ ਵਿੱਚ ਪਹੁੰਚੀਆਂ ਹੋਈਆਂ ਸ਼ਖ਼ਸੀਅਤਾਂ ਅਤੇ ਦਰਸ਼ਕਾਂ ਦਾ ਧੰਨਵਾਦ ਕੀਤਾ।



# ਸੰਤ ਅਵਤਾਰ ਸਿੰਘ ਦੀ ਸਾਲਾਨਾ ਬਰਸੀ ਨੂੰ ਸਮਰਪਤ ਖੇਡ ਮੇਲਾ ਕਰਵਾਇਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸੰਤ ਅਵਤਾਰ ਸਿੰਘ ਦੀ 38ਵੀਂ ਸਲਾਨਾ ਬਰਸੀ ਨੂੰ ਸਮਰਪਿਤ ਕਰਵਾਏ ਗਏ ਵਿਸ਼ਾਲ ਖੇਡ ਮੇਲੇ ਦੌਰਾਨ ਹਾਕੀ ਦੇ ਦੋ ਦਿਨਾ ਰੋਮਾਂਚਕ ਮੁਕਾਬਲੇ ਸਫਲਤਾਪੂਰਵਕ ਸੰਪੰਨ ਹੋਏ। ਦੇਰ ਸ਼ਾਮ ਤੱਕ ਚੱਲੇ ਰੋਮਾਂਚਕ ਮੁਕਾਬਲਿਆਂ ਵਿੱਚ ਜੂਨੀਅਰ ਵਰਗ ਦਾ ਖ਼ਿਤਾਬ ਨਿੱਕੇ ਘੁੰਮਣ ਗੁਰਦਾਸਪੁਰ ਦੀ ਟੀਮ ਨੇ ਆਪਣੇ ਨਾਂਅ ਕੀਤਾ, ਜਦਕਿ ਮੋਗਾ ਦੀ ਟੀਮ ਉਪ-ਵਿਜੇਤਾ ਰਹੀ। ਸੀਨੀਅਰ ਵਰਗ ਵਿੱਚ ਸਰੀਂਹ ਜਲੰਧਰ ਦੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਬੁੱਟਰਾਂ ਦੀ ਟੀਮ ਦੂਜੇ ਸਥਾਨ 'ਤੇ ਰਹੀ। ਸੀਨੀਅਰ ਵਰਗ ਦੇ ਰੋਮਨਚਕ ਤੇ ਫਸਵੇਂ ਮੁਕਾਬਲੇ ਵਿੱਚ ਸਰੀਂਹ ਦੀ ਟੀਮ ਨੇ ਬੁੱਟਰ ਕਲਾਂ ਨੂੰ 1-0 ਨਾਲ ਹਰਾਇਆ। ਅੰਡਰ-11 ਵਰਗ ਦੇ ਸ਼ੋਅ ਮੈਚ ਵਿੱਚ ਸੀਚੇਵਾਲ ਦੀ ਟੀਮ ਜੇਤੂ ਤੇ ਕਪੂਰਥਲਾ ਦੀ ਟੀਮ ਉਪ-ਵਿਜੇਤਾ ਰਹੀ। ਪਹਿਲੇ ਦਿਨ ਜੇਤੂ ਰਹੀਆਂ ਟੀਮਾਂ ਦੇ ਸੈਮੀਫਾਈਨਲ ਅਤੇ ਫਾਈਨਲ ਮੁਕਾਬਲੇ ਦੂਜੇ ਦਿਨ ਕਰਵਾਏ ਗਏ। ਜੂਨੀਅਰ ਵਰਗ ਦੇ ਮੈਚ ਐਸਟ੍ਰੋਟਰਫ ਮੈਦਾਨ 'ਤੇ ਜਦਕਿ ਸੀਨੀਅਰ ਵਰਗ ਦੇ ਮੁਕਾਬਲੇ ਕੱਚੇ ਮੈਦਾਨ ਵਿੱਚ ਖੇਡੇ ਗਏ। ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਇਲਾਵਾ ਹਰਿਆਣਾ ਦੀਆਂ ਟੀਮਾਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ। ਖੇਡ ਮੇਲੇ ਵਿੱਚ ਜੂਨੀਅਰ ਵਰਗ ਦੀਆਂ 16 ਅਤੇ ਸੀਨੀਅਰ ਵਰਗ ਦੀਆਂ 16 ਟੀਮਾਂ ਨੇ ਭਾਗ ਲੈ ਕੇ ਆਪਣੀ ਖੇਡ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਨਾਮ ਵੰਡ ਸਮਾਰੋਹ ਦੌਰਾਨ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਹੀ ਨਹੀਂ ਸਗੋਂ ਆਪਸੀ ਸਾਂਝ, ਟੀਮ ਭਾਵਨਾ ਅਤੇ ਅਨੁਸ਼ਾਸਨ ਦੀ ਵੀ ਸਿੱਖਿਆ ਦਿੰਦੀਆਂ ਹਨ। ਖੇਡ ਮੇਲੇ ਦੌਰਾਨ ਹਾਕੀ ਦੇ ਤਿੰਨ ਕੌਮਾਂਤਰੀ ਖਿਡਾਰੀਆਂ ਵਰੁਣ ਕੁਮਾਰ ਮਿੱਠਾਪੁਰ, ਤਲਵਿੰਦਰ ਸਿੰਘ ਅਤੇ ਗੁਰਜੋਤ ਸਿੰਘ ਦਾ ਵੀ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਸੰਤ ਸੁਖਜੀਤ ਸਿੰਘ, ਸੁਰਜੀਤ ਸਿੰਘ ਸ਼ੰਟੀ, ਕੁਲਵਿੰਦਰ ਸਿੰਘ ਸਮੇਤ ਅਨੇਕਾਂ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਮੁਕਾਬਲਿਆਂ ਨੂੰ ਸੁਚਾਰੂ ਢੰਗ ਨਾਲ ਸੰਪੰਨ ਕਰਵਾਉਣ ਵਾਲੇ ਰੈਫਰੀਆਂ ਅਤੇ ਪ੍ਰਬੰਧਕੀ ਟੀਮ ਦੇ ਮੈਂਬਰਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਖੇਡ ਮੇਲੇ ਦੌਰਾਨ ਐੱਨ ਆਰ ਆਈ ਵੱਲੋਂ ਹਾਕੀ ਕੋਚ ਦਵਿੰਦਰ ਸਿੰਘ ਨੂੰ 71 ਹਜ਼ਾਰ ਰੁਪਏ ਦੀ ਨਕਦ ਰਾਸ਼ੀ ਨਾਲ ਵਿਸ਼ੇਸ਼ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਅੰਡਰ-11 ਵਰਗ ਦੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਲਈ ਜੇਤੂ ਖਿਡਾਰੀਆਂ ਨੂੰ ਹਾਕੀਆਂ ਭੇਟ ਕਰਕੇ ਸਨਮਾਨਿਤ ਕੀਤਾ।



# ਵਿਧਾਇਕ ਨੇ ਦੋ ਬੱਸਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਕੀਤਾ ਰਵਾਨਾ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਡੇਰਾਬਸੀ ਹਲਕੇ ਤੋਂ 51 ਵੀਂ ਅਤੇ 52ਵੀਂ ਬੱਸ ਨੂੰ ਰਵਾਨਾ ਕੀਤਾ ਗਿਆ। ਇਹ ਬੱਸਾਂ ਜਵਾਹਰਪੁਰ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀਆਂ ਗਈਆਂ। ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਦੱਸਿਆ ਕਿ ਯਾਤਰੀ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ, ਜਲਿਆਂਵਾਲਾ ਬਾਗ, ਵਾਲਮੀਕੀ ਮੰਦਰ, ਰਾਮ ਤੀਰਥ ਅਤੇ ਵਾਘਾ ਬਾਰਡਰ ਆਦਿ ਧਾਰਮਿਕ ਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਕੇ ਵਾਪਸ ਡੇਰਾ ਬੱਸੀ ਪਰਤਣਗੇ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਤਿੰਨ ਦਿਨ ਤੇ ਦੋ ਰਾਤਾਂ ਦੀ ਇਸ ਧਾਰਮਿਕ ਯਾਤਰਾ ਦੌਰਾਨ ਆਉਣ-ਜਾਣ ਲਈ ਮੁਫ਼ਤ ਏ ਸੀ ਬੱਸਾਂ, ਰਹਿਣ ਲਈ ਏ ਸੀ ਕਮਰੇ, ਤਿੰਨ ਵਾਰ ਖਾਣਾ, ਦੋ ਵਾਰ ਚਾਹ ਅਤੇ ਸਨੈਕਸ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਹਰ ਬੱਸ ਵਿੱਚ ਇੱਕ ਸਹਾਇਕ ਅਤੇ ਡਾਕਟਰੀ ਟੀਮ ਵੀ ਮੌਜੂਦ ਰਹਿੰਦੀ ਹੈ ਤਾਂ ਜੋ ਸੰਗਤ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਵੇ।ਉਨ੍ਹਾਂ ਇਹ ਵੀ ਕਿਹਾ ਕਿ ਇਹ ਯੋਜਨਾ ਸੀਨੀਅਰ ਸਿਟੀਜ਼ਨਾਂ ਲਈ ਇੱਕ ਸ਼ਲਾਘਾਯੋਗ ਉਪਰਾਲਾ ਹੈ ਅਤੇ ਸੂਬੇ ਭਰ ਦੇ ਬਜ਼ੁਰਗਾਂ ਵਿੱਚ ਇਸ ਪ੍ਰਤੀ ਵੱਡਾ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।



# ਗਾਇਕ ਰਾਏ ਜੁਝਾਰ, ਕੁਲਵਿੰਦਰ ਕਿੰਦਾ ਤੇ ਸਿੱਧਮ ਭੈਣਾਂ ਨੇ ਮੇਲਾ ਲੁੱਟਿਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਰਹਿਮਤਾਂ ਦਾ ਦਰਬਾਰ ਅਤੇ ਸੂਫ਼ੀ ਦਰਗਾਹ ਅਸਤਾਨਾਂ ਔਲੀਆ ਹਜ਼ਰਤ ਸ਼ਾਹ ਬਾਬਾ ਮੁੱਲਾਹ ਬਦਰ ਸਾਹਿਬ ਦੇ ਪਵਿੱਤਰ ਅਸਥਾਨ ਪਿੰਡ ਹਰਦੋ ਸ਼ੇਖ (ਸੇਖਾਂ) ਨੇੜੇ ਸਰੀਂਹ ਸ਼ੰਕਰ (ਨੂਰਮਹਿਲ) ਜ਼ਿਲ੍ਹਾ ਜਲੰਧਰ ਵਿਖੇ ਵਿਸ਼ਾਲ ਸਾਲਾਨਾ ਮੇਲਾ-ਮੇਲਾ ਹਰਦੋ ਸ਼ੇਖਾਂ ਦਾ ਦਰਬਾਰ ਦੇ ਗੱਦੀ ਨਸ਼ੀਨ ਸਰਦਾਰ ਨਿਹਾਲ ਸਿੰਘ ਮਾਹਲ ਦੀ ਯੋਗ ਰਹਿਨੁਮਾਈ ਹੇਠ ਅਥਾਹ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਗਿਆ।ਮੇਲਾ ਪ੍ਰਬੰਧਕ ਤੇ ਸਿੱਧਮ ਦਵਾਖਾਨਾ ਤੇ ਆਸਟਰੋ ਰਿਸਰਚ ਸੈਂਟਰ (ਰਜਿ.) ਪੰਜਾਬ ਦੇ ਸੰਚਾਲਕ ਡਾ. ਵਿਜੇ ਕੁਮਾਰ ਸਿੱਧਮ ਦੇ ਪ੍ਰਬੰਧਾਂ ਹੇਠ ਹੋਏ ਇਸ ਮੇਲੇ ਵਿੱਚ ਪਹਿਲੇ ਦਿਨ ਸ਼ਾਮ ਨੂੰ ਚਰਾਗ ਰੌਸ਼ਨ ਕਰਨ ਨਾਲ ਨਾਲ ਮੇਲੇ ਦੀ ਅਰੰਭਤਾ ਹੋਈ। ਉਪਰੰਤ ਬਾਲ ਗਾਇਕ ਏਕਮ ਬੱਧਣ ਨੇ ਮਹਿਫ਼ਲ ਦਾ ਅਗਾਜ਼ ਕੀਤਾ। ਫਿਰ ਪ੍ਰਸਿੱਧ ਕੱਵਾਲ ਸ਼ਮੀ ਅਲੀ ਨੂਰਮਹਿਲ ਵਾਲੇ, ਹੋਰ ਕਵਾਲ ਪਾਰਟੀਆਂ ਤੇ ਸਿੱਧਮ ਸਿਸਟਰਜ ਨੇ ਦੇਰ ਰਾਤ ਤੱਕ ਮਹਿਫ਼ਲ ਸਜਾਈ ਗਈ। ਸੰਤ ਤਰਮਿੰਦਰ ਸਿੰਘ ਡੇਰਾ ਮੁਖੀ ਸੰਤ ਤਰਲੋਕ ਸਿੰਘ ਸਤਿਸੰਗ ਘਰ ਦੇਸੀਆਂ ਕਾਹਨਾਂ ਵਾਲੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਦੂਸਰੇ ਦਿਨ ਨੂੰ ਸਵੇਰੇ ਸੂਬੇਦਾਰ ਸਾਂਈ ਚਮਨ ਲਾਲ ਗੱਦੀ ਨਸ਼ੀਨ ਨੌਗੱਜਾ ਪੀਰ ਨੂਰਮਹਿਲ ਵਾਲਿਆਂ ਦੀ ਯੋਗ ਅਗਵਾਈ ਵਿੱਚ ਝੰਡੇ (ਨਿਸ਼ਾਨ ਸਾਹਿਬ) ਝੜਾਉਣ ਤੋਂ ਬਾਅਦ ਪਵਿੱਤਰ ਸੂਫ਼ੀ ਦਰਗਾਹਾਂ 'ਤੇ ਦਰਬਾਰ ਪਰਿਕਰਮਾ ਕਰਵਾ ਕੇ ਚਾਦਰਾਂ ਚੜ੍ਹਾਈਆਂ ਗਈਆਂ । ਨਿਹਾਲ ਸਿੰਘ ਮਾਹਲ ਤੇ ਡਾ. ਵਿਜੇ ਸਿੱਧਮ ਨੇਧਾਰਮਿਕ ਰਸਮਾਂ ਉਪਰੰਤ ਖੁੱਲੇ ਤੇ ਆਲੀਸ਼ਾਨ ਪੰਡਾਲ਼ ਵਿੱਚ ਅੰਤਰਰਾਸ਼ਟਰੀ ਗਾਇਕ ਰਾਏ ਜੁਝਾਰ, ਸੂਫ਼ੀ ਫ਼ਨਕਾਰ ਕੁਲਵਿੰਦਰ ਕਿੰਦਾ, ਨਿੱਧੀ - ਫਿਜ਼ਾ ( ਸਿੱਧਮ ਸਿਸਟਰਜ), ਫਤਿਹ, ਜੋਤੀ ਸੱਭਰਵਾਲ, ਮਾਸਟਰ ਅਨੂਪ, ਦੋਗਾਣਾ ਜੋੜੀ ਮਨਵੀਰ ਰਾਣਾ ਤੇ ਹੁਸਨਪ੍ਰੀਤ ਹੰਸ ਤੇ ਹੋਰ ਦਰਜਨ ਕਰੀਬ ਪੰਜਾਬ ਦੇ ਸੁਪ੍ਰਸਿੱਧ ਗਾਇਕ ਗਾਇਕਾਵਾਂ ਵਲੋਂ ਸਵੇਰੇ 11ਵਜੇ ਤੋਂ ਸ਼ਾਮ ਤੱਕ ਆਪੋ ਆਪਣੀ ਕਲਾ ਸਦਕਾ ਰੰਗ ਬੰਨ੍ਹਿਆ ਗਿਆ। ਮੇਲਾ ਹਰਦੋ ਸੇਖਾਂ ਦਾ ਗਾਇਕ ਰਾਏ ਜੁਝਾਰ, ਕੁਲਵਿੰਦਰ ਕਿੰਦਾ ਤੇ ਸਿੱਧਮ ਭੈਣਾਂ ਨੇ ਆਪਣੀ ਕਲਾਂ ਸਦਕਾ ਲੁੱਟ ਲਿਆ। ਇਸ ਮੌਕੇ ਸੰਤ-ਮਹਾਪੁਰਸ਼ ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਹਾਜ਼ਰੀ ਭਰਨਗੀਆਂ। ਸੰਤ ਤਰਮਿੰਦਰ ਸਿੰਘ ਡੇਰਾ ਮੁਖੀ ਸੰਤ ਤਰਲੋਕ ਸਿੰਘ ਸਤਿਸੰਗ ਘਰ ਦੇਸੀਆਂ ਕਾਹਨਾਂ ਵਾਲੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਸੂਬੇਦਾਰ ਸਾਂਈ ਚਮਨ ਲਾਲ ਗੱਦੀ ਨਸ਼ੀਨ ਨੌਗੱਜਾ ਪੀਰ ਨੂਰਮਹਿਲ ਨਿਸ਼ਾਨ ਸਾਹਿਬ ( ਝੰਡੇ) ਝੜਾਉਣ ਦੀ ਸੇਵਾ ਨਿਭਾਉਣਗੇ। ਹੋਰਨਾਂ ਤੋਂ ਇਲਾਵਾ ਡਾਕਟਰ ਕਮਲ ਕੁਮਾਰ ਬੱਧਣ, ਵਿੱਕੀ ਤਕਿਆਰ , ਬਾਬੂ ਅਮਿਤ ਜੀ, ਡਾਕਟਰ ਦਵਿੰਦਰਪਾਲ ਚਾਹਲ, ਰਾਮ ਲੁਭਾਇਆ ਉੱਚਾ ਲਧਾਣਾ-ਹਰੀਸ਼ ਕੁਮਾਰ ਮੁਕੰਦਪੁਰ- ਸਰਦਾਰ ਮਹਿੰਦਰ ਸਿੰਘ ਗਿੱਲ ਫਗਵਾੜਾ (ਤਿੰਨੋਂ ਜੇ ਈ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ), ਗੀਤਕਾਰ ਰਾਮ ਲਾਲ ਪ੍ਰਦੇਸੀ, ਸੁਭਾਸ਼ ਚੰਦਰ ਕਾਲਾ, ਕਿੱਕਰ ਸਿੰਘ ਖੋਜਪੁਰ, ਵਰਿੰਦਰ ਕੁਮਾਰ ਵਿੱਕੀ ਸਿੱਧਮਾਂ ਵਾਲਾ, ਚਾਨਣ ਰਾਮ ਬੰਗੜ, ਫੌਜੀ ਸ਼ੇਰਪੁਰ ਸੇਖੇ, ਦਵਿੰਦਰ ਸਿੰਘ ਲਾਂਬੜਾ, ਸੋਨੂੰ ਧੰਨੋਵਾਲੀ, ਡਾਕਟਰ ਭਾਵਨਾ ਬੱਧਣ, ਨਰਿੰਦਰ ਸਿੰਘ ਚੀਮਾ, ਰਾਜੇਸ਼ ਕੁਮਾਰ ਬਿੱਟੂ ਅੱਪਰਾ, ਮਨੋਹਰ ਸਿੰਘ ਰਾਣਾ ਅਨੇਕਾਂ ਸੰਤ-ਮਹਾਪੁਰਸ਼, ਸਮਾਜਿਕ- ਧਾਰਮਿਕ ਸ਼ਖ਼ਸੀਅਤਾਂ, ਵੱਖ ਵੱਖ ਦਰਬਾਰਾਂ ਦੀਆਂ ਗੱਦੀ ਨਸ਼ੀਨ ਸਰਕਾਰਾਂ, ਪੱਤਰਕਾਰ ਭਾਈਚਾਰਾ ਸਮੇਤ ਦੇਸ਼ ਵਿਦੇਸ਼ਾਂ ਤੋਂ ਹਜ਼ਾਰਾਂ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਬਾਬਾ ਜੀ ਦਾ ਲੰਗਰ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ।



# ਉਰਦੂ ਆਮੋਜ਼ ਸਿਖ਼ਲਾਈ ਕੋਰਸ ਲਈ ਦਾਖ਼ਲਿਆਂ ਦੀ ਮੰਗ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਉਰਦੂ ਭਾਸ਼ਾ ਦਾ ਇਤਿਹਾਸ, ਸਾਹਿਤ ਅਤੇ ਸੱਭਿਆਚਾਰ ਵਿੱਚ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਵਿਲੱਖਣ ਸਥਾਨ ਹੈ। ਇਹ ਭਾਸ਼ਾ ਆਪਣੀ ਮਿਠਾਸ, ਨਫ਼ਾਸਤ (ਨਰਮੀ) ਅਤੇ ਤਹਿਜ਼ੀਬ ਲਈ ਪੂਰੀ ਦੁਨੀਆ ਵਿੱਚ ਜਾਣੀ ਜਾਂਦੀ ਹੈ। ਪੰਜਾਬ ਵਿੱਚ ਵਿੱਚ ਅੱਜ ਵੀ ਜ਼ਮੀਨ-ਜਾਇਦਾਦ ਦੇ ਪੁਰਾਣੇ ਸਰਕਾਰੀ ਰਿਕਾਰਡ, ਅਦਾਲਤੀ ਦਸਤਾਵੇਜ਼ ਅਤੇ ਪੁਰਾਣੀਆਂ ਇਤਿਹਾਸਕ ਲਿਖਤਾਂ ਉਰਦੂ ਵਿੱਚ ਹਨ। ਜ਼ਿਲ੍ਹਾ ਭਾਸ਼ਾ ਦਫ਼ਤਰ ਕਪੂਰਥਲਾ ਵਿਖੇ ਉਰਦੂ ਆਮੋਜ਼ ਸਿਖ਼ਲਾਈ ਕੋਰਸ ਸੈਸ਼ਨ ਜੁਲਾਈ 2026 ਤੋਂ ਦਸੰਬਰ 2026 ਲਈ ਦਾਖ਼ਲਾ ਆਰੰਭ ਹੋ ਚੁੱਕਿਆ ਹੈ, ਇਹ ਕੋਰਸ 6 ਮਹੀਨੇ ਦਾ ਹੈ ਤੇ ਇਹ ਕੋਰਸ ਗੁਰੂ ਨਾਨਕ ਜ਼ਿਲ੍ਹਾ ਲਾਇਬਰੇਰੀ, ਕਪੂਰਥਲਾ ਵਿਖੇ ਸ਼ਾਮ 5 ਵਜੇ ਤੋਂ 6 ਵਜੇ ਤੱਕ ਕੰਮ ਵਾਲੇ ਦਿਨ ਕਰਵਾਇਆ ਜਾਂਦਾ ਹੈ। ਸ੍ਰੀਮਤੀ ਜਸਪ੍ਰੀਤ ਕੌਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਕਪੂਰਥਲਾ ਵੱਲੋਂ ਇਸ ਸਬੰਧੀ ਦੱਸਿਆ ਗਿਆ ਕਿ ਇਸ ਕੋਰਸ ਵਿੱਚ ਦਾਖ਼ਲੇ ਲਈ ਯਕਮੁਸ਼ਤ ਫ਼ੀਸ 500/- ਦੇਣ ਯੋਗ ਹੈ। ਇਹ ਕੋਰਸ ਪੰਜਾਬੀ ਮਾਧਿਅਮ ਨਾਲ ਸਿਖਾਇਆ ਜਾਂਦਾ ਹੈ ਅਤੇ ਇਸ ਵਿੱਚ ਵਿਦਿਆਰਥੀ ਵਰਗ, ਸਰਕਾਰੀ ਕਰਮਚਾਰੀ, ਰਿਟਾਇਰੀ ਜਾਂ ਆਮ ਨਾਗਰਿਕ ਵੀ ਦਾਖ਼ਲਾ ਲੈ ਸਕਦੇ ਹਨ। ਕੋਰਸ ਨੂੰ ਕਰਨ ਦੇ ਚਾਹਵਾਨ ਵਿਅਕਤੀ ਆਪਣਾ ਫ਼ਾਰਮ ਦਫ਼ਤਰ ਦੇ ਪਤੇ ਕਮਰਾ ਨੰਬਰ 404 ਪ੍ਰਬੰਧਕੀ ਕੰਪਲੈਕਸ ਕਪੂਰਥਲਾ ਜਾਂ ਗੁਰੂ ਨਾਨਕ ਜ਼ਿਲ੍ਹਾ ਲਾਇਬਰੇਰੀ ਕਪੂਰਥਲਾ ਤੋਂ ਪ੍ਰਾਪਤ ਕਰ ਸਕਦਾ ਹੈ।



# ਬਿਜ਼ਨਸਮੈਨ ਹਰਮਿੰਦਰ ਸਿੰਘ ਲਾਲੀ ਹਾਰਟਾ ਨੂੰ ਸਦਮਾ, ਪਿਤਾ ਦਾ ਦੇਹਾਂਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬਿਜ਼ਨਸਮੈਨ ਅਤੇ ਸਮਾਜਸੇਵੀ ਹਰਮਿੰਦਰ ਸਿੰਘ ਲਾਲੀ ਹਾਰਟਾ ਨੂੰ ਉਸ ਸਮੇਂ ਭਾਰੀ ਸਦਮਾ ਪਹੁੰਚਿਆ ਜਦੋਂ ਉਨ੍ਹਾਂ ਦੇ ਪਿਤਾ ਟਕਸਾਲੀ ਅਕਾਲੀ ਆਗੂ ਤੇ ਸਮਾਜ ਸੇਵੀ ਮਾ. ਹਰਬੰਸ ਸਿੰਘ ਹਾਰਟਾ ਦਾ ਅਚਾਨਕ ਦੇਹਾਂਤ ਹੋ ਗਿਆ। ਇਸ ਦੁੱਖ ਦੀ ਘੜੀ 'ਚ ਸਾਬਕਾ ਕੈਬਨਿਟ ਮੰਤਰੀ ਸੋਹਣ ਸਿੰਘ ਠੰਡਲ, ਸਾਬਕਾ ਵਿਧਾਇਕ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਜਤਿੰਦਰ ਸਿੰਘ ਲਾਲੀ ਬਾਜਵਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸ਼ਹਿਰੀ, ਸੀਨੀਅਰ ਭਾਜਪਾ ਆਗੂ ਬੀਬੀ ਮਹਿੰਦਰ ਕੌਰ ਜੋਸ਼, ਖੇਡ ਪ੍ਰਮੋਟਰ ਇਕਬਾਲ ਸਿੰਘ ਖੇੜਾ, ਹਲਕਾ ਇੰਚਾਰਜ ਅਕਾਲੀ ਦਲ ਹਰਮਿੰਦਰ ਸਿੰਘ ਸੰਧੂ, ਮਾ. ਰਛਪਾਲ ਸਿੰਘ ਜਲਵੇੜਾ, ਮਾ. ਹਰਭਜਨ ਸਿੰਘ ਅਜਨੋਹਾ, ਨਿਰਮਲ ਸਿੰਘ ਭੀਲੋਵਾਲ, ਬਲਵੀਰ ਸਿੰਘ ਫੁਗਲਾਣਾ ਪ੍ਰਧਾਨ ਦੁਆਬਾ ਜਨਰਲ ਕੈਟਾਗਰੀ ਫ਼ਰੰਟ, ਨੰਬਰਦਾਰ ਭੁਪਿੰਦਰ ਸਿੰਘ ਹੇੜੀਆਂ, ਦੁੱਖ ਭੰਜਨ ਸਿੰਘ ਹਾਰਟਾ, ਦਵਿੰਦਰ ਸਿੰਘ ਬੈਂਸ ਬਾਹੋਵਾਲ, ਕੁਲਦੀਪ ਕੁਮਾਰ ਲਵਲੀ ਬੱਡਲਾ, ਕੁਲਦੀਪ ਸਿੰਘ ਮਾਣਕ, ਜਤਿੰਦਰ ਸਿੰਘ ਘੁੰਮਣ, ਡਾ. ਮੁਖ਼ਤਿਆਰ ਸਿੰਘ ਧਾਲੀਵਾਲ, ਰਾਣਾ ਰਣਵੀਰ ਸਿੰਘ, ਸੁਰਜੀਤ ਸਿੰਘ ਮਸੂਤਾ, ਜਗਤਾਰ ਸਿੰਘ ਭੁੰਗਰਨੀ, ਪਰਮਜੀਤ ਸਿੰਘ ਪੰਜੌੜ ਆਦਿ ਸਮੇਤ ਵੱਡੀ ਗਿਣਤੀ 'ਚ ਇਲਾਕਾ ਵਾਸੀਆਂ ਵਲੋਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਮਾ. ਹਰਬੰਸ ਸਿੰਘ ਦਾ ਅੰਤਿਮ ਸੰਸਕਾਰ 3 ਜੂਨ ਨੂੰ ਉਨ੍ਹਾਂ ਦੇ ਜੱਦੀ ਪਿੰਡ ਹਾਰਟਾ ਦੇ ਸ਼ਮਸ਼ਾਨਘਾਟ 'ਚ ਕੀਤਾ ਜਾਵੇਗਾ।



# ਜੀ ਐੱਸ ਟੀ ਪ੍ਰਾਪਤੀ 'ਚ 305 ਕਰੋੜ ਤੋਂ ਵੱਧ ਦਾ ਸ਼ਾਨਦਾਰ ਵਾਧਾ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੀ ਮਜ਼ਬੂਤ ਵਿੱਤੀ ਕਾਰਗੁਜ਼ਾਰੀ ਨੂੰ ਮੁੜ ਦੁਹਰਾਉਂਦਿਆਂ, ਸੂਬੇ ਦੇ ਵਿੱਤ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇੱਥੇ ਐਲਾਨ ਕੀਤਾ ਕਿ ਸੂਬੇ ਨੇ ਮਈ 2026 ਦੌਰਾਨ ਵਸਤੂਆਂ ਤੇ ਸੇਵਾਵਾਂ ਕਰ (ਜੀ ਐੱਸ ਟੀ) ਪ੍ਰਾਪਤੀ ਵਿੱਚ 14.59 ਫੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਹੈ। ਵਿੱਤ ਮੰਤਰੀ ਚੀਮਾ ਨੇ ਦੱਸਿਆ 'ਇਸ ਮਹੀਨੇ ਦੀ ਕੁੱਲ ਜੀ.ਐੱਸ.ਟੀ. ਕਲੈਕਸ਼ਨ 2,400.52 ਕਰੋੜ ਰੁਪਏ ਤੱਕ ਪਹੁੰਚ ਗਈ ਹੈ, ਜੋ ਕਿ ਮਈ 2025 ਦੌਰਾਨ ਪ੍ਰਾਪਤ ਕੀਤੇ ਗਏ 2,094.81 ਕਰੋੜ ਰੁਪਏ ਦੇ ਮੁਕਾਬਲੇ 305.71 ਕਰੋੜ ਰੁਪਏ ਦਾ ਵੱਡਾ ਵਾਧਾ ਦਰਸਾਉਂਦੀ ਹੈ।' ਵਿੱਤ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਸ਼ਾਨਦਾਰ ਵਾਧਾ ਨਿਰੰਤਰ ਆਰਥਿਕ ਗਤੀਵਿਧੀਆਂ, ਬਿਹਤਰ ਟੈਕਸ ਪਾਲਣਾ, ਅਤੇ ਆਬਕਾਰੀ ਤੇ ਕਰ ਵਿਭਾਗ ਵੱਲੋਂ ਇਨਫੋਰਸਮੈਂਟ ਉਪਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦਾ ਨਤੀਜਾ ਹੈ।ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਸ ਦਾ ਖੁਲਾਸਾ



ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੰਜਾਬ ਦੀ ਜੀ ਐੱਸ ਟੀ ਕਾਰਗੁਜ਼ਾਰੀ ਕੌਮੀ ਰੁਝਾਨਾਂ ਦੇ ਮੁਕਾਬਲੇ ਬੇਹੱਦ ਸ਼ਾਨਦਾਰ ਰਹੀ ਹੈ, ਜੋ ਕਿ ਪਿਛਲੇ ਸਾਲ ਦੇ ਇਸੇ ਮਹੀਨੇ ਦੇ ਮੁਕਾਬਲੇ ਦੇਸ਼ ਦੇ ਕੁੱਲ ਜੀ ਐੱਸ ਟੀ ਮਾਲੀਏ ਦੇ ਲਗਭਗ 3.2 ਫੀਸਦੀ ਦੇ ਵਾਧੇ ਨਾਲੋਂ ਕਿਤੇ ਜ਼ਿਆਦਾ ਹੈ। ਵਿੱਤ ਮੰਤਰੀ ਨੇ ਕਿਹਾ, 'ਜਿੱਥੇ ਪੰਜਾਬ ਦੀ ਨਕਦ ਉਗਰਾਹੀ (ਕੈਸ਼ ਕਲੈਕਸ਼ਨ) ਵਿੱਚ ਵਾਧਾ 6.57 ਫੀਸਦੀ ਰਿਹਾ, ਉੱਥੇ ਹੀ ਸੂਬੇ ਦਾ ਕੁੱਲ ਜੀ ਐੱਸ ਟੀ ਵਾਧਾ 14.59 ਫੀਸਦੀ ਦੇ ਉੱਚੇ ਪੱਧਰ 'ਤੇ ਪਹੁੰਚ ਗਿਆ, ਜੋ ਕਿ ਸੂਬੇ ਦੇ ਮਾਲੀਆ ਅਧਾਰ ਦੇ ਮਜ਼ਬੂਤ ਹੋਣ, ਟੈਕਸ ਪਾਲਣਾ ਦੇ ਪੱਧਰ ਵਿੱਚ ਸੁਧਾਰ ਅਤੇ ਬਹੁਤ ਹੀ ਪ੍ਰਭਾਵਸ਼ਾਲੀ ਟੈਕਸ ਪ੍ਰਸ਼ਾਸਨ ਦੇ ਉਪਾਵਾਂ ਨੂੰ ਦਰਸਾਉਂਦਾ ਹੈ।

ਇਨਫੋਰਸਮੈਂਟ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਚੀਮਾ ਨੇ ਕਿਹਾ, 'ਪੂਰੇ ਪੰਜਾਬ ਵਿੱਚ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਸ (ਸਿਪੂ) ਨੇ ਸਿਰਫ਼ ਮਈ 2026 ਦੌਰਾਨ 182.69 ਕਰੋੜ ਰੁਪਏ ਦਾ ਜੁਰਮਾਨਾ ਲਗਾ ਕੇ ਅਤੇ 178.76 ਕਰੋੜ ਰੁਪਏ ਦੀ ਵਸੂਲੀ ਕਰਕੇ ਸ਼ਾਨਦਾਰ ਨਤੀਜੇ ਦਿੱਤੇ ਹਨ।' ਉਨ੍ਹਾਂ ਦੱਸਿਆ ਕਿ ਇਹ ਵੱਡੀ ਵਸੂਲੀ ਵਿਆਪਕ ਡਾਟਾ ਵਿਸ਼ਲੇਸ਼ਣ (ਡਾਟਾ ਐਨਾਲਿਟਿਕਸ), ਖੁਫੀਆ ਜਾਣਕਾਰੀ ਅਧਾਰਤ ਜਾਂਚਾਂ, ਨਿਸ਼ਚਿਤ ਵੈਰੀਫਿਕੇਸ਼ਨ ਮੁਹਿੰਮਾਂ ਅਤੇ ਸੂਬੇ ਭਰ ਵਿੱਚ ਤਾਲਮੇਲ ਨਾਲ ਚਲਾਏ ਗਏ ਫੀਲਡ ਆਪਰੇਸ਼ਨਾਂ ਸਦਕਾ ਸੰਭਵ ਹੋਈ ਹੈ।

# ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨਾਲ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਨੇ ਕੀਤੀ ਮੁਲਾਕਾਤ

**ਮੁਹਾਲੀ (ਗੁਰਜੀਤ ਬਿੱਲਾ)**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨਾਲ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਵੱਖ-ਵੱਖ ਮੁਲਾਜ਼ਮ ਜੱਥੇਬੰਦੀਆਂ ਦੇ ਨੁਮਾਇੰਦਿਆਂ ਨੇ ਮੁਲਾਕਾਤ ਕੀਤੀ ਅਤੇ ਆਪਣੇ ਮੰਗ ਪੱਤਰ ਪੇਸ਼ ਕਰਦਿਆਂ ਕਰਮਚਾਰੀਆਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਇਸ ਦੌਰਾਨ ਬਰਸਟ ਨੇ ਜੱਥੇਬੰਦੀਆਂ ਦੇ ਨੁਮਾਇੰਦਿਆਂ ਨੂੰ ਭਰੋਸਾ ਦਵਾਇਆ ਕਿ



ਉਹਨਾਂ ਦੀ ਮੰਗਾਂ ਤੇ ਵਿਚਾਰ-ਵਟਾਂਦਰਾ ਕਰਕੇ ਹੱਲ ਕੀਤਾ ਜਾਵੇਗਾ। ਮੁਲਾਕਾਤ ਦੌਰਾਨ ਪੰਜਾਬ ਮੰਡੀ ਬੋਰਡ ਕਰਮਚਾਰੀ ਯੂਨੀਅਨ ਦੇ ਆਗੂਆਂ ਨੇ ਮੁੱਖ ਦਫ਼ਤਰ ਵਿਖੇ ਕੰਮ ਕਰ ਰਹੇ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵਾਧਾ ਕਰਨ ਅਤੇ ਉਹਨਾਂ ਨੂੰ ਚੰਡੀਗੜ੍ਹ ਦੇ ਡੀ ਸੀ ਰੇਟ ਅਨੁਸਾਰ ਭੁਗਤਾਨ ਕਰਨ ਦੀ ਮੰਗ ਰੱਖੀ। ਇਸ ਦੇ ਨਾਲ ਹੀ ਮੰਡੀ ਬੋਰਡ ਵਿੱਚ ਵੱਖ-ਵੱਖ ਅਸਾਮੀਆਂ ਤੇ ਆਊਟ ਸੋਰਸ ਆਧਾਰ 'ਤੇ ਕੰਮ ਕਰ ਰਹੇ ਕਰਮਚਾਰੀਆਂ, ਜਿਨ੍ਹਾਂ ਨੂੰ 3 ਸਾਲ ਤੋਂ ਵੱਧ ਦਾ ਸਮਾਂ ਹੋ ਚੁੱਕਾ ਹੈ, ਨੂੰ ਕੰਟਰੈਕਟ ਬੇਸਿਸ ਤੇ ਕਰਨ ਦੀ ਮੰਗ ਵੀ ਉਠਾਈ ਗਈ। ਇਸੇ ਤਰ੍ਹਾਂ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ, ਪੰਜਾਬ ਦੇ ਨੁਮਾਇੰਦਿਆਂ ਨੇ ਮੰਡੀ ਬੋਰਡ ਦੀਆਂ ਵੱਖ-ਵੱਖ ਸ਼ਾਖਾਵਾਂ ਵਿੱਚ ਲੰਬੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਕੰਟਰੈਕਟ/ਆਊਟ ਸੋਰਸ ਦਰਜਾ ਚਾਰ ਸਮੇਤ ਟੈਕਨੀਕਲ ਕਰਮਚਾਰੀਆਂ ਨੂੰ ਬੋਰਡ ਵਿੱਚ ਮਰਜ਼ ਕਰਨ ਦੀ ਮੰਗ ਰੱਖੀ। ਯੂਨੀਅਨ ਨੁਮਾਇੰਦਿਆਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਸੇਵਾ ਨਿਭਾ ਰਹੇ ਕਰਮਚਾਰੀਆਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਲਈ ਢੁਕਵੇਂ ਕਦਮ ਚੁੱਕੇ ਜਾਣੇ ਚਾਹੀਦੇ ਹਨ।ਪੰਜਾਬ ਮੰਡੀ ਬੋਰਡ ਅਤੇ ਮਾਰਕਿਟ ਕਮੇਟੀ ਆਊਟ ਸੋਰਸ ਕਰਮਚਾਰੀ ਯੂਨੀਅਨ ਦੇ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਕੈਬਨਿਟ ਮੀਟਿੰਗ ਵਿੱਚ ਮਨਜ਼ੂਰ ਕੀਤੇ ਗਏ ਪੰਜਾਬ ਸਟੇਟ ਆਊਟ ਸੋਰਸ ਪਰਸੋਨਲ ਬਿੱਲ-2026 ਸਬੰਧੀ ਆਪਣੀਆਂ ਚਿੰਤਾਵਾਂ ਚੇਅਰਮੈਨ ਦੇ ਧਿਆਨ ਵਿੱਚ ਲਿਆਂਦੀਆਂ। ਉਨ੍ਹਾਂ ਕਿਹਾ ਕਿ ਬਿੱਲ ਵਿੱਚ ਮੰਡੀ ਬੋਰਡ ਅਤੇ ਮਾਰਕਿਟ ਕਮੇਟੀਆਂ ਨੂੰ ਸਪੱਸ਼ਟ ਤੌਰ 'ਤੇ ਸ਼ਾਮਲ ਨਹੀਂ ਕੀਤਾ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ 31 ਮਾਰਚ 2026 ਤੋਂ ਪਹਿਲਾਂ ਸੇਵਾਵਾਂ ਵਿੱਚ ਆਏ ਸਾਰੇ ਕਰਮਚਾਰੀਆਂ ਨੂੰ ਇਸ ਬਿੱਲ ਦੇ ਦਾਇਰੇ ਵਿੱਚ ਲਿਆਂਦਾ ਜਾਵੇ ਅਤੇ ਆਊਟ ਸੋਰਸ ਕਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵੀ ਵਾਧਾ ਕੀਤਾ ਜਾਵੇ।ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਸਾਰੀਆਂ ਜੱਥੇਬੰਦੀਆਂ ਦੇ ਨੁਮਾਇੰਦਿਆਂ ਦੀਆਂ ਗੱਲਾਂ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਕਰਮਚਾਰੀਆਂ ਦੇ ਸਾਰੇ ਮੁੱਦਿਆਂ ਅਤੇ ਮੰਗਾਂ ਨੂੰ ਪੂਰੀ ਗੰਭੀਰਤਾ ਅਤੇ ਹਮਦਰਦੀ ਨਾਲ ਵਿਚਾਰਿਆ ਜਾਵੇਗਾ ਅਤੇ ਇਹਨਾਂ ਦਾ ਹੱਲ ਕੀਤਾ ਜਾਵੇਗਾ।

# ਵਿਦੇਸ਼ ਭੇਜਣ ਦੇ ਨਾਂਅ ਤੇ 10.50 ਲੱਖ ਦੀ ਠੱਗੀ ਮਾਰਨ 'ਤੇ ਮਾਮਲਾ ਦਰਜ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਔੜ ਦੀ ਪੁਲਿਸ ਵੱਲੋ ਇਕ ਮਹਿਲਾ ਨੂੰ ਵਿਦੇਸ਼ ਭੇਜਣ ਦੇ ਨਾਂਅ ਤੇ 10.50 ਲੱਖ ਦੀ ਠੱਗੀ ਮਾਰਨ ਦੇ ਮਾਮਲੇ ਵਿਚ ਪੁਲਿਸ ਵਲੋ ਕਥਿਤ ਮੁਲਜ਼ਮ ਖਿਲਾਫ਼ ਮਾਮਲਾ ਦਰਜ ਕੀਤਾ ਗਿਆ । ਪੁਲਿਸ ਥਾਣਾ ਔੜ ਵਿਖੇ ਦਰਜ਼ ਮਾਮਲੇ ਅਨੁਸਾਰ ਵਰਿੰਦਰ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਬਲੌਂਟੀ ਦੇ ਬਿਆਨ ਤੇ ਪੁਲਿਸ ਨੇ ਕਥਿਤ ਮੁਲਜ਼ਮ ਸੁਖਵਿੰਦਰ ਸਿੰਘ ਉਰਫ ਸੁੱਖੀ ਵਾਸੀ ਸੁੱਖੀ ਟਰੇਡ ਟੈਸਟ ਸੈਂਟਰ, 21 ਯੂ ਜੀ ਸੁਰਿਆ ਆਰਕੇਡ, ਨੈਸ਼ਨਲ ਰੋਡ ਘੁਮਾਰ ਮੰਡੀ ਲੁਧਿਆਣਾ ਦੇ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਵਰਿੰਦਰ ਸਿੰਘ ਨੇ ਦੱਸਿਆ ਕਿ ਕਥਿਤ ਮੁਲਜ਼ਮ ਨੇ ਉਸ ਦੀ ਮਾਤਾ ਨੂੰ ਵਿਦੇਸ਼ ਕੈਨੇਡਾ ਭੇਜਣ ਦੇ ਨਾਂਅ ਤੇ 10.50 ਲੱਖ ਰੁਪਏ ਦੀ ਕਥਿਤ ਤੌਰ ਤੇ ਠੱਗੀ ਮਾਰੀ। ਐੱਸ ਐੱਸ ਪੀ ਦਫਤਰ ਵਿਖੇ ਦਿੱਤੀ ਦਰਖਾਸਤ ਦੀ ਪੜਤਾਲ ਐੱਸ ਪੀ ਜਾਂਚ ਵੱਲੋਂ ਕਰਨ ਉਪਰੰਤ ਅਤੇ ਦਿੱਤੀ ਰਿਪੋਰਟ ਤੋਂ ਬਾਅਦ ਐੱਸ ਐੱਸ ਪੀ ਦੇ ਦਿਸ਼ਾ ਨਿਰਦੇਸ਼ਾ ਤਹਿਤ ਪੁਲਿਸ ਥਾਣਾ ਔੜ ਵਿਖੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਵਿਧਾਇਕ ਨੇ ਮੇਰੀ ਰਸੋਈ ਸਕੀਮ ਤਹਿਤ ਵੰਡੀਆਂ ਰਾਸ਼ਨ ਕਿੱਟਾਂ ਤੇ ਰਾਸ਼ਨ ਕਾਰਡ



**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਦੇ ਤਹਿਤ ਡੇਰਾਬੱਸੀ ਵਿੱਚ ਮੇਰੀ ਰਸੋਈ ਸਕੀਮ ਅਧੀਨ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਰੀਬ 200 ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਤੇ ਨਵੇਂ ਰਾਸ਼ਨ ਕਾਰਡ ਵੰਡੇ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਮਾਜ ਦੇ ਹਰ ਵਰਗ ਤੱਕ ਸਰਕਾਰੀ ਸਹੂਲਤਾਂ ਅਤੇ ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ ਕਿ ਕੋਈ ਵੀ ਲੋੜਵੰਦ ਪਰਿਵਾਰ ਆਪਣੀਆਂ ਬੁਨਿਆਦੀ ਲੋੜਾਂ ਤੋਂ ਵਾਂਝਾ ਨਾ ਰਹੇ ਅਤੇ ਹਰ ਹੱਕਦਾਰ ਨੂੰ ਸਮੇਂ ਸਿਰ ਸਰਕਾਰੀ ਸਹਾਇਤਾ ਮਿਲ ਸਕੇ।ਸਮਾਗਮ ਦੌਰਾਨ ਲਾਭਪਾਤਰੀ ਪਰਿਵਾਰਾਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਰਾਸ਼ਨ ਕਿੱਟਾਂ ਅਤੇ ਨਵੇਂ ਰਾਸ਼ਨ ਕਾਰਡ ਮਿਲਣ ਨਾਲ ਉਨ੍ਹਾਂ ਨੂੰ ਵੱਡੀ ਸਹੂਲਤ ਪ੍ਰਾਪਤ ਹੋਈ ਹੈ।

# ਰੌੜੀ ਵੱਲੋਂ ਸੀਨੀਅਰ ਮੈਡੀਕਲ ਅਫਸਰਾਂ ਨਾਲ ਵਿਸ਼ੇਸ਼ ਸਮੀਖਿਆ ਮੀਟਿੰਗ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ, ਵਿਧਾਇਕ ਹਲਕਾ ਗੜ੍ਹਸ਼ੰਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਸੀਨੀਅਰ ਮੈਡੀਕਲ ਅਫਸਰਾਂ ਨਾਲ ਵਿਸ਼ੇਸ਼ ਸਮੀਖਿਆ ਮੀਟਿੰਗ ਕਰਕੇ ਲੋਕ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਮੀਟਿੰਗ ਦੌਰਾਨ ਡਿਪਟੀ ਸਪੀਕਰ ਰੌੜੀ ਨੇ ਸਪੱਸ਼ਟ ਕੀਤਾ ਕਿ ਹਲਕੇ ਦੇ ਹਰ ਨਾਗਰਿਕ ਨੂੰ ਸਮੇਂ ਸਿਰ ਮਿਆਰੀ ਅਤੇ ਸੁਵਿਧਾਜਨਕ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਪਹਿਲ ਹੈ। ਉਨ੍ਹਾਂ ਸਰਕਾਰੀ ਹਸਪਤਾਲਾਂ, ਸੀ.ਐੱਚ.ਸੀ., ਪੀ.ਐੱਚ.ਸੀ., ਸਬ ਸੈਂਟਰਾਂ ਅਤੇ ਆਮ ਆਦਮੀ ਕਲੀਨਿਕਾਂ ਦੀ ਕਾਰਗੁਜ਼ਾਰੀ ਦਾ ਵਿਸਥਾਰ ਨਾਲ ਜਾਇਜ਼ਾ ਲੈਂਦਿਆਂ ਮਰੀਜ਼ਾਂ ਨੂੰ ਬਿਨਾਂ ਕਿਸੇ ਮੁਸ਼ਕਲ ਦੇ ਇਲਾਜ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਰੌੜੀ ਨੇ ਡਾਕਟਰਾਂ ਦੀ ਉਪਲਬਧਤਾ, ਦਵਾਈਆਂ ਦੇ ਸਟਾਕ, ਐਮਰਜੈਂਸੀ ਸੇਵਾਵਾਂ, ਲੈਬ ਸਹੂਲਤਾਂ, ਮਾਤਾ-ਬਾਲ ਸਿਹਤ ਪ੍ਰੋਗਰਾਮਾਂ ਅਤੇ ਟੀਕਾਕਰਨ ਮੁਹਿੰਮਾਂ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਸਫ਼ਾਈ, ਅਨੁਸ਼ਾਸਨ ਅਤੇ ਮਰੀਜ਼ਾਂ ਨਾਲ ਸੇਵਾ ਭਾਵਨਾ ਨਾਲ ਪੇਸ਼ ਆਉਣ ਲਈ ਵੀ ਕਿਹਾ। ਉਨ੍ਹਾਂ ਭਰੋਸਾ ਦਿੱਤਾ ਕਿ ਗੜ੍ਹਸ਼ੰਕਰ ਹਲਕੇ ਦੀਆਂ ਸਿਹਤ ਸੰਸਥਾਵਾਂ



ਨਾਲ ਸਬੰਧਤ ਹਰ ਜਾਇਜ਼ ਮੰਗ ਨੂੰ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆ ਕੇ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਜੁੜੇ ਮਾਮਲਿਆਂ 'ਤੇ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਸਰਕਾਰ ਹਰ ਨਾਗਰਿਕ ਤੱਕ ਗੁਣਵੱਤਾ ਭਰੀਆਂ ਸਿਹਤ ਸੇਵਾਵਾਂ ਪਹੁੰਚਾਉਣ ਲਈ ਵਚਨਬੱਧ ਹੈ।

# ਕਈ ਬਿਮਾਰੀਆਂ ਦਾ ਕਾਰਨ ਹੈ ਤੰਬਾਕੂ : ਸਿਵਲ ਸਰਜਨ

**ਮੋਹਾਲੀ (ਗੁਰਜੀਤ ਬਿੱਲਾ)**-ਵਿਸ਼ਵ ਤੰਬਾਕੂ ਰਹਿਤ ਦਿਵਸ ਦੇ ਸਬੰਧ 'ਚ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਜਾਗਰੂਕਤਾ ਸਰਗਰਮੀਆਂ ਕੀਤੀਆਂ ਗਈਆਂ। ਸਿਹਤ ਕਾਮਿਆਂ ਨੇ ਮਰੀਜ਼ਾਂ ਅਤੇ ਹੋਰ ਲੋਕਾਂ ਨੂੰ ਤੰਬਾਕੂ ਦੀ ਵਰਤੋਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿਤੀ। ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਸਿਵਲ ਸਰਜਨ ਦਫ਼ਤਰ ਵਿਖੇ ਮੁਲਾਜ਼ਮਾਂ ਅਤੇ ਹੋਰ ਲੋਕਾਂ ਨੇ ਤੰਬਾਕੂ ਦਾ ਸੇਵਨ ਨਾ ਕਰਨ ਸਬੰਧੀ ਅਹਿਦ ਲਿਆ।ਆਪਣੇ ਸੰਬੋਧਨ 'ਚ ਡਾ. ਸੰਗੀਤਾ ਜੈਨ ਨੇ ਆਖਿਆ ਕਿ ਸਿਗਰਟ, ਬੀੜੀ, ਜ਼ਰਦਾ, ਪਾਨ ਮਸਾਲਾ, ਈ ਸਿਗਰਟ, ਚਿਲਮ ਆਦਿ ਤੰਬਾਕੂ ਪਦਾਰਥ ਸਰੀਰ ਲਈ ਬੇਹੱਦ ਖ਼ਤਰਨਾਕ ਹਨ। ਪਹਿਲਾਂ ਨੌਜਵਾਨ ਦੋਸਤਾਂ ਦੀ ਰੀਸੋ-ਰੀਸ ਤੰਬਾਕੂ ਖਾਣਾ ਸ਼ੁਰੂ ਕਰਦਾ ਹੈ, ਫਿਰ ਇਸ ਦੇ ਪੱਕੇ ਤੌਰ 'ਤੇ ਲਪੇਟੇ ਵਿਚ ਆ ਜਾਂਦਾ ਹੈ। ਇਹ ਮਿੱਠਾ ਜ਼ਹਿਰ ਹੈ ਜਿਹੜਾ ਵਿਅਕਤੀ ਦੀ ਜਾਨ ਵੀ ਲੈ ਲੈਂਦਾ ਹੈ, ਇਸ ਲਈ ਤੰਬਾਕੂ ਦਾ ਖਹਿੜਾ ਛੱਡ ਕੇ ਚੰਗੀ ਜ਼ਿੰਦਗੀ ਦਾ ਪੱਲਾ ਫੜਿਆ ਜਾਵੇ। ਉਨ੍ਹਾਂ ਕਿਹਾ ਕਿ ਤੰਬਾਕੂ ਦੀ ਵਰਤੋਂ ਕਈ ਬੀਮਾਰੀਆਂ ਦਾ ਕਾਰਨ ਹੈ ਜਿਵੇਂ ਕੈਂਸਰ, ਸਾਹ ਦੀ ਸਮੱਸਿਆ, ਦਿਲ ਦੀਆਂ ਬੀਮਾਰੀਆਂ, ਸ਼ੱਕਰ ਰੋਗ, ਦੰਦ ਦੀਆਂ ਬੀਮਾਰੀਆਂ, ਸੁਣਨ ਦੀ ਸਮੱਸਿਆ, ਨਿਗ੍ਹਾ ਦੀ ਕਮੀ ਆਦਿ।

# ਨਵੇਂ ਬਣੇ ਕੌਂਸਲਰ ਹਰਜਿੰਦਰ ਸਿੰਘ ਛਿੱਬਰ ਸਨਮਾਨਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਨਗਰ ਕੌਂਸਲ ਮੋਰਿੰਡਾ ਦੀਆਂ ਹੋਈਆਂ ਤਾਜ਼ਾ ਚੋਣਾਂ ਵਿੱਚ ਵਾਰਡ ਨੰਬਰ 14 ਤੋਂ ਜਿੱਤ ਹਾਸਲ ਕਰਨ ਵਾਲੇ ਪੱਤਰਕਾਰ ਹਰਜਿੰਦਰ ਸਿੰਘ ਛਿੱਬਰ ਐੱਮ ਸੀ ਦਾ ਯੁਵਕ ਸੇਵਾਵਾਂ ਕਲੱਬ ਦੇ ਅਹੁਦੇਦਾਰਾਂ ਵਲੋਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਹਰਜਿੰਦਰ ਸਿੰਘ ਛਿੱਬਰ ਦੀ ਜਿੱਤ ਤੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਕਲੱਬ ਦੇ ਪ੍ਰਧਾਨ ਬਿਕਰਮਜੀਤ ਸਿੰਘ ਵਿੱਕੀ ਨੇ ਆਖਿਆ ਕਿ ਹਰਜਿੰਦਰ ਸਿੰਘ ਛਿੱਬਰ ਨੇ ਜਿਥੇ ਪੱਤਰਕਾਰੀ ਦੇ ਖੇਤਰ ਵਿੱਚ ਨਿਧੜਕ ਹੋ ਕੇ ਜਨਤਾ ਦੀ ਸੇਵਾ ਕੀਤੀ ਹੈ, ਹੱਕ,



ਸੱਚ ਦੀ ਆਵਾਜ਼ ਤੇ ਪਹਿਰਾ ਦਿਤਾ ਹੈ, ਉਥੇ ਉਹਨਾਂ ਲੋੜਵੰਦ ਲੋਕਾਂ ਦੀ ਮੱਦਦ ਲਈ ਵੀ ਹਾਅ ਦਾ ਨਾਅਰਾ ਮਾਰਿਆ ਹੈ।

ਉਹਨਾਂ ਆਸ ਪ੍ਰਗਟ ਕੀਤੀ ਕਿ ਛਿੱਬਰ ਬਤੌਰ ਕੌਂਸਲਰ ਵੀ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਪਹਿਲਾਂ ਦੇਣਗੇ ਅਤੇ ਲੋਕਾਂ ਦੀਆਂ ਆਸਾਂ ਤੇ ਖਰਾ ਉਤਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਉੱਘੇ ਸਮਾਜ ਸੇਵਕ ਚੌਧਰੀ ਭੂਸ਼ਨ ਰਾਣਾ, ਮਹਿਲਾ ਚੇਤਨਾ ਮੰਚ ਮੋਰਿੰਡਾ ਦੀ ਪ੍ਰਧਾਨ ਬਲਜੀਤ ਕੌਰ ਛਿੱਬਰ, ਕੁਲਵਿੰਦਰ ਸਿੰਘ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਆਗੂ ਪਰਦੀਪ ਸਿੰਘ ਟੋਨੀ ਅਤੇ ਤੇਜਿੰਦਰ ਸਿੰਘ ਆਦਿ ਨੌਜਵਾਨ ਆਗੂ ਹਾਜ਼ਰ ਸਨ।

# ਸਕਾਊਟਸ ਤੇ ਗਾਈਡਜ਼ ਨੂੰ ਉੱਚ ਸਿੱਖਿਆ ਦੇ ਦਾਖਲਿਆਂ 'ਚ ਵਿਸ਼ੇਸ਼ ਅੰਕ ਦੇਣ ਦਾ ਫੈਸਲਾ ਇਤਿਹਾਸਕ : ਓਂਕਾਰ ਸਿੰਘ

**ਬਲਾਚੌਰ (ਜਸਵਿੰਦਰ ਬੈਂਸ)**

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਲੋਂ ਭਾਰਤ ਸਕਾਊਟਸ ਅਤੇ ਗਾਈਡਜ਼ ਨੂੰ ਉੱਚ ਸਿੱਖਿਆ ਵਿੱਚ ਦਾਖਲਿਆ ਲਈ ਵੇਟਿਜ਼ ਲਿਸ਼ਟ ਵਿੱਚ ਸ਼ਾਮਿਲ ਕੀਤਾ ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਟੇਟ ਆਰਗੇਨਾਈਜ਼ਿੰਗ ਕਮਿਸ਼ਨਰ ਭਾਰਤ ਸਕਾਊਟਸ ਅਤੇ ਗਾਈਡਜ਼ ਪੰਜਾਬ ਸਰਦਾਰ ਉਂਕਾਰ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀ ਭਾਰਤ ਸਕਾਊਟਸ ਅਤੇ ਗਾਈਡਜ਼ ਪੰਜਾਬ ਦੇ ਸਟੇਟ ਆਰਗੇਨਾਈਜ਼ਿੰਗ ਕਮਿਸ਼ਨਰ ਓਕਾਰ ਸਿੰਘ ਤੇ ਟੀਮ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ਼ ਚਾਂਸਲਰ ਪ੍ਰੋ.ਡਾ. ਜਗਦੀਪ ਸਿੰਘ ਵਿਚਕਾਰ ਅਤੇ ਯੂਨੀਵਰਸਿਟੀ ਦੇ ਵੱਖ ਵੱਖ ਵਿਭਾਗਾ ਦੇ ਡੀਨ ਅਤੇ ਦਾਖਲਿਆ ਸਬੰਧੀ ਕਮੇਟੀਆ ਨਾਲ ਵਿਸਥਾਰ ਨਾਲ ਮੀਟਿੰਗਾਂ ਹੋਈਆ ਸਨ ਤੇ ਉਹਨਾਂ ਮੀਟਿੰਗਾਂ ਦੇ ਸਿੱਟੇ ਵਜੋਂ ਪੰਜਾਬੀ ਯੂਨਵਰਸਿਟੀ ਵਲੋਂ ਇਹ ਫੈਸਲਾ ਲਿਆ ਹੈ।ਹੁਣ ਯੂਨੀਵਰਸਿਟੀ ਦੇ ਫੈਸਲੇ ਨਾਲ ਯੂਨੀਵਰਸਿਟੀ ਨਾਲ ਸਬੰਧਤ ਹਾਇਰ ਸਿੱਖਿਆ ਵਿੱਚ ਦਾਖਲੇ ਭਾਰਤ ਸਕਾਊਟਸ ਅਤੇ ਗਾਈਡਜ਼ ਵਾਲੇ ਵਿਦਿਆਰਥੀਆ ਨੂੰ ਦਾਖਲੇ ਲਈ ਵਿਸ਼ੇਸ਼ ਨੰਬਰ ਦੇਣ ਦਾ ਫੈਸਲਾ ਕੀਤਾ ਹੈ।ਜਿਸ ਤਹਿਤ ਤ੍ਰਿਤੀਆ ਸੋਪਾਨ ਸਕਾਊਟ ਗਾਈਡ /ਨਿਪੁੰਨ ਰੋਵਰ/ਰੇਂਜਰ ਲਈ 1% ਵੇਟਿਜ਼, ਸਟੇਟ ਐਵਾਰਡ(ਰਾਜ ਪੁਰਸ਼ਕਾਰ )/ਰੋਵਰ ਰੇਂਜਰ ਲਈ 2%,ਰਾਸਟਰਪਤੀ ਐਵਾਰਡ ਵਾਲੇ ਵਿਦਿਆਰਥੀਆ ਨੂੰ 3% ਵੇਟਿਜ਼ ਅੰਕ ਮੈਰਿਟ ਵਿੱਚ ਦਿੱਤੇ ਜਾਣਗੇ।ਇਸ ਮੌਕੇ ਓਕਾਰ ਸਿੰਘ ਨੇ ਕਿਹਾ ਕਿ ਅੱਜ ਦਾ ਦਿਨ ਭਾਰਤ ਸਕਾਊਟਸ ਅਤੇ ਗਾਈਡਜ਼ ਲਈ ਇੱਕ ਇਤਿਹਾਸਿਕ ਦਿਨ ਹੈ ਜਿਸ ਲਈ ਭਾਰਤ ਸਕਾਊਟਸ ਅਤੇ ਗਾਈਡਜ਼ ਪੰਜਾਬ ਦੀ ਸਮੁੱਚੀ ਟੀਮ ਵਧਾਈ ਦੀ ਪਾਤਰ ਹੈ।ਇਸ ਮੌਕੇ ਉਹਨਾਂ ਪੰਜਾਬੀ ਯੂਨੀਵਰਸਿਟੀ ਦੇ ਵਾਈਸ਼ ਚਾਂਸਲਰ ਪ੍ਰੋ. ਡਾ. ਜਗਦੀਪ ਸਿੰਘ ਤੇ ਉਹਨਾਂ ਦੀ ਪੂਰੀ ਟੀਮ ਦਾ ਵੀ ਧੰਨਵਾਦ ਕੀਤਾ ਜਿਹਨਾਂ ਭਾਰਤ ਸਕਾਊਟਸ ਅਤੇ ਗਾਈਡਜ਼ ਦੀ ਮਹੱਤਤਾ ਨੂੰ ਦੇਖਦੇ ਹੋਏ ਇਹ ਫੈਸਲਾ ਲਿਆ ਹੈ।



# ਅੰਬੇਡਕਰ ਮਿਸ਼ਨ ਸੁਸਾਇਟੀ ਵੱਲੋਂ ਐੱਸ ਆਈ ਆਰ 'ਤੇ ਸੈਮੀਨਾਰ 7 ਨੂੰ

**ਜਲੰਧਰ (ਰਾਜੇਸ਼ ਥਾਪਾ)**

ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.), ਪੰਜਾਬ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਪ੍ਰੋਫੈਸਰ ਬਲਬੀਰ ਦੀ ਪ੍ਰਧਾਨਗੀ ਹੇਠ ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ, ਜਲੰਧਰ ਵਿਖੇ ਹੋਈ। ਮੀਟਿੰਗ ਵਿੱਚ ਦੇਸ਼ ਦੇ ਮੌਜੂਦਾ ਹਾਲਾਤਾਂ ਤੇ ਗਹਿਨ ਚਰਚਾ ਕੀਤੀ ਗਈ। ਚਰਚਾ ਵਿੱਚ ਪਾਇਆ ਗਿਆ ਕਿ ਦੇਸ਼ ਵਿੱਚ ਇਸ ਸਮੇਂ ਦੋ ਅਹਿਮ ਭਖਦੇ ਮੁੱਦੇ ਹਨ, ਐੱਸ ਆਈ ਆਰ ਅਤੇ ਜਨਗਣਨਾ, ਜੋ ਬਹੁਤ ਹੀ ਸੰਵੇਦਨਸ਼ੀਲ ਹਨ। ਸੁਸਾਇਟੀ ਨੇ ਐਸ ਆਈ ਆਰ ਬਾਰੇ ਸਮਾਜ ਨੂੰ ਜਾਣੂ ਕਰਾਉਣ ਲਈ 7 ਜੂਨ ਨੂੰ ਇਸ ਵਿਸ਼ੇ ਤੇ ਇੱਕ ਸੈਮੀਨਾਰ ਕਰਨ ਦਾ ਫੈਸਲਾ ਕੀਤਾ ਹੈ। ਇਸ ਸੈਮੀਨਾਰ ਵਿੱਚ ਮੁੱਖ ਬੁਲਾਰੇ ਸੀਨੀਅਰ ਪੱਤਰਕਾਰ ਸਤਨਾਮ ਸਿੰਘ ਮਾਣਕ ਅਤੇ ਰਿਟਾ. ਪ੍ਰਿੰਸੀਪਾਲ ਡਾ. ਕੇ. ਐਸ. ਫੁੱਲ ਹੋਣਗੇ। ਇਸ ਮੌਕੇ ਡਾ. ਜੀ.ਸੀ. ਕੌਲ, ਬਲਦੇਵ ਰਾਜ ਭਾਰਦਵਾਜ, ਸੂਰਜ ਵਿਰਦੀ, ਐਡਵੋਕੇਟ ਹਰਭਜਨ ਸਾਂਪਲਾ, ਚਰਨ ਦਾਸ ਸੰਧੂ, ਤਿਲਕ ਰਾਜ, ਡਾ. ਕੇ. ਐਸ.



ਫੁੱਲ, ਡਾ. ਮਹਿੰਦਰ ਸੰਧੂ, ਪਰਮਿੰਦਰ ਸਿੰਘ ਖੁਤਣ ,ਕਮਲ ਕੁਮਾਰ, ਮਨਜੀਤ ਸਿੰਘ ਅਤੇ ਪਸ਼ੌਰੀ ਲਾਲ ਸੰਧੂ ਹਾਜ਼ਰ ਸਨ। ਇਹ ਜਾਣਕਾਰੀ ਅੰਬੇਡਕਰ ਮਿਸ਼ਨ ਸੁਸਾਇਟੀ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈੱਸ ਬਿਆਨ ਰਾਹੀਂ ਦਿੱਤੀ।

# ਵਿਧਾਇਕ ਵੱਲੋਂ ਸਟਰੀਟ ਲਾਈਟਾਂ ਦਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਅੱਜ ਡੀਏਵੀ ਕਾਲਜ ਤੋਂ ਅਸਲਮਾਬਾਦ ਬਾਈਪਾਸ ਤੱਕ ਲਗਾਈਆਂ ਗਈਆਂ ਨਵੀਆਂ ਸਟਰੀਟ ਲਾਈਟਾਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਅਤੇ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਪੰਜਾਬ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਇਸ ਰਸਤੇ 'ਤੇ ਲੋੜੀਂਦੀ ਰੋਸ਼ਨੀ ਦੀ ਲੋੜ ਲੰਬੇ ਸਮੇਂ ਤੋਂ ਮਹਿਸੂਸ ਕੀਤੀ ਜਾ ਰਹੀ ਸੀ। ਸਟਰੀਟ ਲਾਈਟਾਂ ਦੇ ਚਾਲੂ ਹੋਣ ਨਾਲ ਨਾ ਸਿਰਫ਼ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਸੁਵਿਧਾ ਮਿਲੇਗੀ, ਸਗੋਂ ਇਲਾਕੇ ਦੀ ਸੁਰੱਖਿਆ ਵੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਰਾਤ ਸਮੇਂ ਇਸ ਸੜਕ ਤੋਂ ਲੰਘਣ ਵਾਲੇ ਵਿਦਿਆਰਥੀਆਂ, ਕਰਮਚਾਰੀਆਂ ਅਤੇ ਆਮ ਲੋਕਾਂ ਨੂੰ ਹੁਣ ਬਿਹਤਰ ਰੌਸ਼ਨੀ ਦਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਾਰੇ ਸ਼ਹਿਰਾਂ ਅਤੇ ਕਸਬਿਆਂ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾ ਰਹੀ ਹੈ। ਇਸੇ ਕੜੀ ਤਹਿਤ ਹੁਸ਼ਿਆਰਪੁਰ ਵਿੱਚ ਵੀ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ ਅਤੇ ਹੋਰ ਲੋਕ-ਹਿੱਤ ਪ੍ਰੋਜੈਕਟਾਂ 'ਤੇ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਵਿਧਾਇਕ ਜਿੰਪਾ ਨੇ ਕਿਹਾ ਕਿ ਲੋਕਾਂ ਵੱਲੋਂ ਦਿੱਤੇ ਗਏ ਭਰੋਸੇ 'ਤੇ ਖਰਾ ਉਤਰਨਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ ਅਤੇ ਇਲਾਕੇ ਦੇ ਵਿਕਾਸ



ਲਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਕੰਮ ਜਾਰੀ ਰਹਿਣਗੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੇ ਹੋਰ ਇਲਾਕਿਆਂ ਵਿੱਚ ਵੀ, ਜਿੱਥੇ ਲੋੜ ਹੋਵੇ, ਉੱਥੇ ਬਿਹਤਰ ਰੌਸ਼ਨੀ ਪ੍ਰਬੰਧ ਯਕੀਨੀ ਬਣਾਇਆਜਾਵੇ।ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਮਾਰਕੀਟ ਕਮੇਟੀ ਹੁਸ਼ਿਆਰਪੁਰ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ, ਮੁਖੀ ਰਾਮ ਸਮੇਤ ਹੋਰ ਪਤਵੰਤੇ ਮੌਜੂਦ ਸਨ। ਸਭ ਨੇ ਇਸ ਵਿਕਾਸ ਕਾਰਜ ਲਈ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

# ਐੱਸ ਸੀ ਕਮਿਸ਼ਨ ਵੱਲੋਂ ਰਵਨੀਤ ਬਿੱਟੂ ਭਲਕੇ ਤਲਬ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਜਾਤੀਸੂਚਕ ਸ਼ਬਦ ਵਰਤਣ ਸਬੰਧੀ ਮਾਮਲੇ ਵਿੱਚ ਆਪਣਾ ਪੱਖ ਰੱਖਣ ਲਈ 4 ਜੂਨ ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਲਈ ਤਲਬ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਸੋਸ਼ਲ ਮੀਡੀਆ ਰਾਹੀਂ ਉਨ੍ਹਾਂ ਦੇ ਧਿਆਨ ਵਿੱਚ ਆਇਆ ਸੀ ਕਿ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਆਪਣੇ ਧੂਰੀ ਦੌਰੇ ਦੌਰਾਨ ਜਾਤੀਸੂਚਕ ਸ਼ਬਦ ਵਰਤੇ ਗਏ ਸਨ ਜਿਸ ਬਾਬਤ ਐੱਸ ਐੱਸ ਪੀ. ਸੰਗਰੂਰ ਤੋਂ ਰਿਪੋਰਟ ਤਲਬ ਕੀਤੀ ਗਈ ਸੀ ਪ੍ਰੰਤੂ ਪੁਲਿਸ ਵੱਲੋਂ ਪੇਸ਼ ਰਿਪੋਰਟ ਨਾਲ ਕਮਿਸ਼ਨ ਵੱਲੋਂ ਅਸਿਹਮਤੀ ਜਾਹਿਰ ਕੀਤੀ ਗਈ ਹੈ।

# ਮੋਹਾਲੀ ਦੇ ਵਿਕਾਸ ਤੇ ਲੋਕਾਂ ਦੇ ਹੱਕਾਂ ਲਈ ਸੰਘਰਸ਼ ਜਾਰੀ ਰਹੇਗਾ : ਸਿੱਧੂ



**ਮੋਹਾਲੀ (ਗੁਰਜੀਤ ਬਿੱਲਾ)**- ਸੀਨੀਅਰ ਕਾਂਗਰਸੀ ਆਗੂ ਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਕਾਂਗਰਸ ਪਾਰਟੀ ਦੇ ਮੋਹਾਲੀ ਵਿਖੇ ਨਵੇਂ ਚੁਣੇ ਗਏ ਅਤੇ ਸਾਬਕਾ ਨਗਰ ਨਿਗਮ ਕੌਂਸਲਰਾਂ ਦੇ ਨਾਲ-ਨਾਲ ਨਗਰ ਨਿਗਮ ਚੋਣਾਂ ਲੜਨ ਵਾਲੇ ਸਾਰੇ ਕਾਂਗਰਸੀ ਉਮੀਦਵਾਰਾਂ ਨਾਲ ਚਾਹ 'ਤੇ ਇਕ ਵਿਸ਼ੇਸ਼ ਮਿਲਣੀ ਦੌਰਾਨ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਦਾ ਮਕਸਦ ਪਾਰਟੀ ਨੂੰ ਹੋਰ ਮਜ਼ਬੂਤ ਕਰਨਾ, ਲੋਕਾਂ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣਾ ਤੇ ਮੋਹਾਲੀ ਦੇ ਵਿਕਾਸ ਲਈ ਰਣਨੀਤੀ ਤਿਆਰ ਕਰਨਾ ਸੀ। ਇਸ ਮੌਕੇ ਬਲਬੀਰ ਸਿੰਘ ਸਿੱਧੂ ਨੇ ਨਗਰ ਨਿਗਮ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਕਾਂਗਰਸੀ ਉਮੀਦਵਾਰਾਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਦਿੱਤਾ ਗਿਆ ਇਹ ਫ਼ਤਵਾ ਉਨ੍ਹਾਂ ਪ੍ਰਤੀ ਭਰੋਸੇ ਅਤੇ ਉਨ੍ਹਾਂ ਦੀ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਲੋਕ ਸੇਵਾ ਦਾ ਨਤੀਜਾ ਹੈ। ਸਿੱਧੂ ਨੇ ਵਾਰਡ ਨੰਬਰ 1 ਤੋਂ ਚਰਨਜੀਤ ਕੌਰ, ਵਾਰਡ ਨੰਬਰ 12 ਤੋਂ ਅਨੁਰਾਧਾ ਆਨੰਦ, ਵਾਰਡ ਨੰਬਰ 14 ਤੋਂ ਕਮਲਪ੍ਰੀਤ ਸਿੰਘ ਬੰਨੀ, ਵਾਰਡ ਨੰਬਰ 25 ਤੋਂ ਮਨਜੀਤ ਕੌਰ, ਵਾਰਡ ਨੰਬਰ 27 ਤੋਂ ਪਰਵਿੰਦਰ ਕੌਰ, ਵਾਰਡ ਨੰਬਰ 30 ਤੋਂ ਹਰਜੀਤ ਸਿੰਘ, ਵਾਰਡ ਨੰਬਰ 37 ਤੋਂ ਬਲਜੀਤ ਕੌਰ ਅਤੇ ਵਾਰਡ ਨੰਬਰ 46 ਤੋਂ ਅਮਨ ਕੁਮਾਰ ਪਾਸਵਾਨ ਨੂੰ ਜਿੱਤ ਦੀਆਂ ਮੁਬਾਰਕਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਆਪਣੇ-ਆਪਣੇ ਵਾਰਡਾਂ ਦੇ ਵਿਕਾਸ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਪੂਰਾ ਉਤਰਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਸਿੱਧੂ ਨੇ ਕੌਂਸਲਰਾਂ ਅਤੇ ਪਾਰਟੀ ਆਗੂਆਂ ਨੂੰ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨ ਲਈ ਕਿਹਾ।

# ਵਿਧਾਇਕ ਵੱਲੋਂ ਸੀਵਰੇਜ ਸਫ਼ਾਈ ਕਾਰਜ ਦਾ ਉਦਘਾਟਨ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਆਉਣ ਵਾਲੇ ਬਰਸਾਤੀ ਮੌਸਮ ਤੋਂ ਪਹਿਲਾਂ ਟਾਂਡਾ ਸ਼ਹਿਰ ਦੇ ਸਾਰੇ ਬੰਦ ਪਏ ਸੀਵਰੇਜ ਪਾਇਪਾਂ ਦੀ ਪੂਰੀ ਤਰ੍ਹਾਂ ਸਫ਼ਾਈ ਕਰਵਾ ਕੇ ਸੀਵਰੇਜ ਖੋਲ ਦਿੱਤੇ ਜਾਣਗੇ ਤਾਂ ਜੋ ਸ਼ਹਿਰ ਵਾਸੀਆਂ ਨੂੰ ਸੀਵਰੇਜ ਸਬੰਧੀ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਕਰੀਬ 26 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ ਸਫ਼ਾਈ ਕਾਰਜ ਦਾ ਉਦਘਾਟਨ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ



ਚੇਅਰਮੈਨ ਬਲਾਕ ਸੰਮਤੀ ਟਾਂਡਾ ਸੁਖਵਿੰਦਰਜੀਤ ਸਿੰਘ ਝਾਵਰ, ਆਪ ਦੇ ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ, ਕੌਂਸਲਰ ਹਰੀਕ੍ਰਿਸ਼ਨ ਸੈਣੀ, ਕੌਂਸਲਰ ਪ੍ਰਵੀਨ ਖੰਨਾ ਉਰਫ ਸੋਨੂੰ, ਕੌਂਸਲਰ ਹਰਮੀਤ ਸਿੰਘ ਵੜੈਚ ਆਦਿ ਵੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਕਰੀਬ 26 ਲੱਖ ਰੁਪਏ ਦੀ ਲਾਗਤ ਨਾਲ ਸ਼ੁਰੂ ਹੋਇਆ ਇਹ ਸੀਵਰੇਜ ਸਫ਼ਾਈ ਦਾ ਕੰਮ ਕਰੀਬ ਦੋ ਮਹੀਨੇ ਤੱਕ ਲਗਾਤਾਰ ਚੱਲੇਗਾ । ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਤੋਂ ਪਹਿਲਾਂ ਸ਼ਹਿਰ ਦੇ ਜਿੰਨੇ ਵੀ ਵੱਡੇ ਛੋਟੇ ਸੀਵਰੇਜ ਬੰਦ ਹੋਏ ਹਨ ਉਨ੍ਹਾਂ ਦੀ ਪੂਰੀ ਤਰ੍ਹਾਂ ਸਫ਼ਾਈ ਕਰ ਦਿੱਤੀ ਜਾਵੇ, ਜਿਸ ਵਾਸਤੇ ਠੇਕੇਦਾਰ ਵਲੋਂ ਸੀਵਰੇਜ ਸਫ਼ਾਈ ਕਰਨ ਵਾਲੀ ਮਸ਼ੀਨ ਲਿਆਂਦੀ ਗਈ ਹੈ ਜੋਂ ਲਗਾਤਾਰ ਸ਼ਹਿਰ ਦੇ ਹਰ ਵਾਰਡ ਵਿਚ ਸੀਵਰੇਜ ਸਫ਼ਾਈ ਦਾ ਕੰਮ ਪੂਰਾ ਕਰੇਗੀ । ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਮੁਹੱਲੇ ਦੇ ਬੰਦ ਪਏ ਸੀਵਰੇਜ ਸਬੰਧੀ ਕਾਰਜ ਸਾਧਕ ਅਫਸਰ ਟਾਂਡਾ ਤੇ ਵਾਰਡ ਦੇ ਮੌਜੂਦਾ ਕੌਂਸਲਰ ਦੇ ਧਿਆਨ ਵਿੱਚ ਲਿਆਉਣ ਤਾਂ ਸੀਵਰੇਜ ਸਫ਼ਾਈ ਦਾ ਕੰਮ ਹੋ ਸਕੇ । ਇਸ ਮੌਕੇ ਸਾਬਕਾ ਕੌਂਸਲਰ ਸੁਰਿੰਦਰਜੀਤ ਸਿੰਘ, ਸਾਬਕਾ ਕੌਂਸਲਰ ਸੁਮਨ ਖੋਸਲਾ, ਆਪ ਆਗੂ ਰਾਜਨ ਸੋਂਧੀ, ਆਪ ਆਗੂ ਅਨਿਲ ਗੋਰਾ, ਨੰਬਰਦਾਰ ਹਰਵਿੰਦਰ ਸਿੰਘ, ਆਪ ਆਗੂ ਅਮਨ ਘੁੰਮਣ, ਆਪ ਆਗੂ ਗੁਰਮੀਤ ਸਿੰਘ, ਨੈਨੂੰ ਜਸਰਾ ਤੇ ਸੁਖਜੀਤ ਸਿੰਘ ਸੁੱਖਾ ਆਦਿ ਵੀ ਹਾਜ਼ਰ ਸਨ।

# ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਦੇ ਹੱਲ ਨੂੰ ਦਿੱਤੀ ਜਾਵੇ ਤਰਜੀਹ : ਡਿਪਟੀ ਕਮਿਸ਼ਨਰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਇੱਕ ਅਹਿਮ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦਿੰਦਿਆਂ ਸਮਾਂਬੱਧ ਢੰਗ ਨਾਲ ਨਿਪਟਾਰਾ ਕੀਤਾ ਜਾਵੇ।ਡਿਪਟੀ ਕਮਿਸ਼ਨਰ ਵੱਲੋਂ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਅਤੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਨਾਲ ਮੀਟਿੰਗ ਕੀਤੀ ਗਈ, ਜਿਸ ਦੌਰਾਨ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਕਮਿਸ਼ਨਰ ਨਗਰ ਨਿਗਮ ਸੰਦੀਪ ਰਿਸ਼ੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਟਰੇਡਰਸ ਕਮਿਸ਼ਨ ਵੱਲੋਂ ਉਠਾਈਆਂ ਗਈਆਂ ਵਪਾਰੀਆਂ ਦੀਆਂ ਮੁਸ਼ਕਲਾਂ ਦੇ ਢੁਕਵੇਂ ਹੱਲ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਗੰਭੀਰ ਯਤਨ ਕੀਤੇ ਜਾ ਰਹੇ ਹਨ ਤੇ ਹਰ ਹਫ਼ਤੇ ਸਮੀਖਿਆ ਮੀਟਿੰਗ ਕੀਤੀ ਜਾਂਦੀ ਹੈ, ਤਾਂ ਜੋ ਸਬੰਧਤ ਵਿਭਾਗਾਂ ਰਾਹੀਂ ਮੁਸ਼ਕਲਾਂ ਦਾ ਸਮਾਂਬੱਧ ਢੰਗ ਨਾਲ ਹੱਲ ਯਕੀਨੀ ਬਣਾਇਆ ਜਾ ਸਕੇ।ਮੀਟਿੰਗ ਦੌਰਾਨ ਵਾਲੀਆ ਨੇ ਹਲਕਾ ਵਾਈਜ਼ ਵੱਖ-ਵੱਖ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ




ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਨ੍ਹਾਂ ਦਾ ਨਿਰਧਾਰਿਤ ਸਮੇਂ ਦੇ ਅੰਦਰ ਯੋਗ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਲੰਬਿਤ ਮਾਮਲਿਆਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਇਕ ਟੀਮ ਦੇ ਤੌਰ 'ਤੇ ਕੰਮ ਕਰਨ ਅਤੇ ਵਪਾਰੀਆਂ ਨੂੰ ਹੋਰ ਸੁਚੱਜੇ ਢੰਗ ਨਾਲ ਸੇਵਾਵਾਂ ਮੁਹੱਈਆ ਕਰਵਾਉਣ ਦੇ ਨਿਰਦੇਸ਼ ਵੀ ਦਿੱਤੇ।

# ਕਾਂਗਰਸ ਵੱਲੋਂ ਨੀਟ ਪੇਪਰ ਲੀਕ ਤੇ ਸੀ ਬੀ ਐੱਸ ਈ ਖ਼ਿਲਾਫ਼ ਰੋਸ ਪ੍ਰਦਰਸ਼ਨ

**ਹੁਸ਼ਿਆਰਪੁਰ (ਓ ਪੀ ਰਾਣਾ)**- ਸੈਂਕੜੇ ਕਾਂਗਰਸੀ ਵਰਕਰਾਂ ਨੇ ਜ਼ਿਲ੍ਹਾ ਕਾਂਗਰਸ ਕਮੇਟੀ ਹੁਸ਼ਿਆਰਪੁਰ ਦੇ ਪ੍ਰਧਾਨ ਦਲਜੀਤ ਸਿੰਘ ਗਿਲਜ਼ੀਆ ਦੀ ਅਗਵਾਈ ਹੇਠ ਨੀਟ



ਪੇਪਰ ਲੀਕ ਅਤੇ ਸੀ ਬੀ ਐੱਸ ਈ ਵਿੱਚ ਫੈਲੀ ਅਵਿਵਸਥਾ ਅਤੇ ਮਾੜੇ ਪ੍ਰਬੰਧਾਂ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਮਾਰਚ ਕੱਢਿਆ ਅਤੇ ਕਾਂਗਰਸ ਵਰਕਰਾਂ ਨੇ ਪ੍ਰਦਰਸ਼ਨ ਕਰਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਪੁਤਲਾ ਵੀ ਫੂਕਿਆ ਤੇ ਸਿੱਖਿਆ ਮੰਤਰੀ ਨੂੰ ਬਰਖਾਸਤ ਕਰਨ ਦੀ ਮੰਗ ਵੀ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਦਲਜੀਤ ਗਿਲਜੀਆਂ ਸੀਨੀਅਰ ਨੇ ਕਿਹਾ ਕਿ ਦੇਸ਼ ਭਰ ਤੋਂ 22 ਲੱਖ ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਦਿੱਤੀ ਸੀ, ਪਰ ਬਾਅਦ ਵਿੱਚ ਇਹ ਸਾਹਮਣੇ ਆਇਆ ਕਿ ਪ੍ਰੀਖਿਆ ਦਾ ਪ੍ਰਸ਼ਨ ਪੱਤਰ ਲੀਕ ਹੋ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਇਹ ਦੂਜੀ ਵਾਰ ਹੋਇਆ ਹੈ, ਜਦੋਂ ਨੀਟ ਦਾ ਪੇਪਰ ਫਿਰ ਲੀਕ ਹੋਇਆ ਹੈ, ਲੇਕਿਨ ਇਸ ਮਾਮਲੇ ਵਿੱਚ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਗਈ।ਇਸ ਮੌਕੇ ਸਾਬਕਾ ਕੈਬਿਨੇਟ ਮੰਤਰੀ ਸੰਗਤ ਸਿੰਘ ਗਿਲਜੀਆ ਨੇ ਮੰਗ ਕੀਤੀ ਕਿ ਵਾਰ-ਵਾਰ ਨੀਟ ਪ੍ਰੀਖਿਆਵਾਂ ਕਰਵਾਉਣ ਵਿੱਚ ਨਾਕਾਮ ਰਹੀ ਨੈਸ਼ਨਲ ਟੈਸਟਿੰਗ ਏਜੰਸੀ (ਐਨ ਟੀ ਏ) ਨੂੰ ਭੰਗ ਕੀਤਾ ਜਾਵੇ ਅਤੇ ਨੀਟ ਪ੍ਰੀਖਿਆਵਾਂ ਲਈ ਭਰੋਸੇਯੋਗ ਅਤੇ ਪਾਰਦਰਸ਼ੀ ਪ੍ਰਣਾਲੀ ਬਣਾਈ ਜਾਵੇ, ਕਿਉਂਕਿ ਇਹ ਦੇਸ਼ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜਿਆ ਮਾਮਲਾ ਹੈ। ਉਨ੍ਹਾਂ ਨੇ ਸੀ ਬੀ ਐੱਸ ਈ ਦੀ ਆਨਲਾਈਨ ਸਕਰੀਨ ਮਾਰਕਿੰਗ (ਓ ਐੱਸ ਐੱਮ) ਪ੍ਰਣਾਲੀ ਵਿੱਚ ਪਾਈਆਂ ਗਈਆਂ ਗੰਭੀਰ ਖਾਮੀਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਸਮੱਸਿਆ ਇਸ ਲਈ ਪੈਦਾ ਹੋਈ ਹੈ, ਕਿਉਂਕਿ ਜਿਸ ਕੰਪਨੀ ਕੋਐਮਪਟ ਐਡੂਟੈਕ ਨੂੰ ਇਸਦਾ ਠੇਕਾ ਦਿੱਤਾ ਗਿਆ ਹੈ, ਉਸ ਕੋਲ ਇਸ ਤਰ੍ਹਾਂ ਦੀਆਂ ਪ੍ਰੀਖਿਆਵਾਂ ਕਰਵਾਉਣ ਲਈ ਲੋੜੀਂਦਾ ਤਜਰਬਾ ਅਤੇ ਮਾਹਰਤਾ ਨਹੀਂ ਹੈ। ਇਸ ਮੌਕੇ ਸੀਨੀਅਰ ਕਾਂਗਰਸੀ ਨੇਤਾ ਐਡਵੋਕੇਟ ਰੋਹਿਤ ਜੋਸ਼ੀ, ਅਮਰਪ੍ਰੀਤ ਲਾਲੀ, ਸੁੰਦਰ ਸ਼ਾਮ ਅਰੋੜਾ, ਇੰਦੂ ਬਾਲਾ, ਰਣਜੀਤ ਕੁਮਾਰ, ਸੁਰਿੰਦਰ ਸਿੱਧੂ, ਬਲਵਿੰਦਰ ਬਿੱਟੂ, ਅਸ਼ਵਨੀ ਸ਼ਰਮਾ, ਬਲਵਿੰਦਰ ਕੌਰ, ਸੋਢੀ ਬਡਿਆਲ, ਮਨਜਿੰਦਰ ਸਿੰਘ, ਸੁਖਬੀਰ ਸਿੰਘ, ਅਸ਼ੋਕ ਸ਼ਰਮਾ, ਅਸ਼ੋਕ ਮਹਿਰਾ, ਹੰਸਰਾਜ, ਤੇ ਵੱਡੀ ਤਾਦਾਦ ਚ ਕਾਂਗਰਸੀ ਆਗੂ ਤੇ ਵਰਕਰ ਮੌਜੂਦ ਸਨ।

# ਦਿਲ 'ਚ ਛੇਕ ਨਾਲ ਸਾਲਾਂ ਤੱਕ ਜੂਝਦੀ ਰਹੀ ਗੁਰਪ੍ਰੀਤ ਕੌਰ 'ਮੁੱਖ ਮੰਤਰੀ ਸਿਹਤ ਯੋਜਨਾ' ਨੇ ਦਿੱਤਾ ਨਵਾਂ ਜੀਵਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਭਗਵੰਤ ਮਾਨ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਪੰਜਾਬ ਦੇ ਲੋਕਾਂ ਨੂੰ ਇਲਾਜ ਦੇ ਖ਼ਰਚ ਦੀ ਚਿੰਤਾ ਤੋਂ ਬਿਨਾਂ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਹੀ ਹੈ। ਇਸ ਯੋਜਨਾ ਅਧੀਨ ਹਰ ਪਾਤਰ ਪਰਵਾਰ ਨੂੰ ਹਰ ਸਾਲ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਦਿੱਤਾ ਜਾਂਦਾ ਹੈ।ਇਸ ਯੋਜਨਾ ਨੂੰ ਲੋਕਾਂ ਵੱਲੋਂ ਵਿਆਪਕ ਸਮਰਥਨ ਮਿਲਿਆ ਹੈ ਅਤੇ ਹੁਣ ਤੱਕ ਇਸ ਵਿੱਚ 45 ਲੱਖ ਤੋਂ ਵੱਧ ਲੋਕਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ। ਅਜਿਹੀ ਹੀ ਇੱਕ ਲਾਭਪਾਤਰੀ ਹੈ ਬਠਿੰਡਾ ਦੀ 37 ਸਾਲਾ ਗੁਰਪ੍ਰੀਤ ਕੌਰ, ਜਿਨ੍ਹਾਂ ਦੀ ਜ਼ਿੰਦਗੀ ਦਿਲ ਦੀ ਇੱਕ ਗੰਭੀਰ ਬੀਮਾਰੀ ਕਾਰਨ ਅਚਾਨਕ ਸੰਕਟ ਵਿੱਚ ਆ ਗਈ। ਜਦੋਂ ਉਨ੍ਹਾਂ ਨੂੰ ਪਤਾ ਲੱਗਾ ਕਿ ਉਨ੍ਹਾਂ ਦੇ ਦਿਲ ਵਿੱਚ ਇੱਕ ਵੱਡਾ ਛੇਕ ਹੈ, ਤਾਂ ਉਨ੍ਹਾਂ ਨੂੰ ਨਾ ਸਿਰਫ਼ ਸਿਹਤ ਸੰਬੰਧੀ ਗੰਭੀਰ ਚੁਣੌਤੀ ਦਾ ਸਾਹਮਣਾ ਕਰਨਾ ਪਿਆ, ਸਗੋਂ ਇਲਾਜ ਦੇ ਭਾਰੀ ਖ਼ਰਚ ਦੀ ਚਿੰਤਾ ਵੀ ਉਨ੍ਹਾਂ ਨੂੰ ਸਤਾਉਣ ਲੱਗੀ। ਪਰ ਏਮਸ ਬਠਿੰਡਾ ਵਿੱਚ ਸਫਲ ਇਲਾਜ ਤੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਸਹਿਯੋਗ ਨਾਲ ਉਨ੍ਹਾਂ ਨੂੰ ਜੀਵਨ ਦਾ ਨਵਾਂ ਮੌਕਾ ਮਿਲਿਆ। ਜਾਂਚ ਦੌਰਾਨ ਡਾਕਟਰਾਂ ਨੇ ਪਾਇਆ ਕਿ ਗੁਰਪ੍ਰੀਤ ਦੇ ਦਿਲ ਦੇ ਉੱਪਰੀ ਦੋਹਾਂ ਹਿੱਸਿਆਂ ਵਿਚਕਾਰ 22 ਮਿਲੀਮੀਟਰ ਦਾ ਵੱਡਾ ਐਟਰੀਅਲ ਸੈਪਟਲ ਡਿਫੈਕਟ (ਏ ਐੱਸ ਡੀ) ਸੀ। ਇਸ ਕਾਰਨ ਖੂਨ ਦੇ ਪ੍ਰਵਾਹ ਵਿੱਚ ਗੜਬੜੀ ਆ ਗਈ ਅਤੇ ਦਿਲ 'ਤੇ ਵਾਧੂ ਦਬਾਅ ਪੈ ਰਿਹਾ ਸੀ। ਜੇ ਇਸ ਦਾ ਇਲਾਜ ਨਾ ਹੁੰਦਾ ਤਾਂ ਅੱਗੇ ਚੱਲ ਕੇ ਇਹ ਦਿਲ ਦੇ ਫੇਲ੍ਹ ਹੋਣ ਵਰਗੀਆਂ ਗੰਭੀਰ ਜਟਿਲਤਾਵਾਂ ਦਾ ਕਾਰਨ ਬਣ ਸਕਦਾ ਸੀ।ਏਮਸ ਬਠਿੰਡਾ ਦੇ ਮਾਹਿਰਾਂ ਨੇ ਇਸ ਖਾਮੀ ਨੂੰ ਠੀਕ ਕਰਨ ਲਈ ਵਿਸ਼ੇਸ਼ ਪ੍ਰਕਿਰਿਆ ਦੀ ਸਲਾਹ ਦਿੱਤੀ। ਹਸਪਤਾਲ ਦੇ ਰਿਕਾਰਡ ਮੁਤਾਬਕ, 5 ਮਈ 2026 ਨੂੰ ਕਾਰਡਿਯਕ ਕੈਥੇਟਰਾਈਜ਼ੇਸ਼ਨ ਲੈਬ ਵਿੱਚ ਜਨਰਲ ਐਨੇਸਥੀਸੀਆ ਹੇਠ ਇਹ ਪ੍ਰਕਿਰਿਆ ਕੀਤੀ ਗਈ। ਇਸ ਦੌਰਾਨ 24 ਮਿਲੀਮੀਟਰ ਦਾ ਐਮਪਲੈਟਜ਼ਰ ਸੈਪਟਲ ਓਕਲੂਡਰ ਡਿਵਾਈਸ ਲਗਾ ਕੇ ਦਿਲ ਦੇ ਛੇਕ ਨੂੰ ਬੰਦ ਕੀਤਾ ਗਿਆ।ਪਰਵਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ 'ਤੇ ਭਰੋਸਾ ਕੀਤਾ, ਜਿਸ ਨੇ ਕਰੀਬ ਇੱਕ ਲੱਖ ਰੁਪਏ ਦੀ ਇਲਾਜ ਲਾਗਤ ਨੂੰ ਕਵਰ ਕੀਤਾ।

# ਖਾਲਸਾ ਕਾਲਜ ਦੇ ਦਾਖ਼ਲਾ ਕੇਂਦਰ ਦਾ ਉਦਘਾਟਨ

**ਮਾਹਿਲਪੁਰ (ਸ਼ਫਰੀ)**

ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵੱਲੋਂ ਨਵੇਂ ਸੈਸ਼ਨ 2026-27 ਵਿੱਚ ਦਾਖ਼ਲੇ ਸਬੰਧੀ ਖੇਤਰ ਦੇ ਕਸਬਾ ਸੈਲਾ ਖੁਰਦ ਅਧੀਨ ਪੈਂਦੇ ਪਿੰਡ ਕੁੱਕੜਾਂ ਦੇ ਬੱਸ ਅੱਡਾ ਨੇੜੇ ਸੀ ਐੱਸ ਸੀ ਸੈਂਟਰ ਵਿਖੇ ਵਿਦਿਆਰਥੀਆਂ ਦੀ ਕਰੀਅਰ ਸੇਧ ਅਤੇ ਕਾਉਂਸਲਿੰਗ ਦੀ ਸਹੂਲਤ ਲਈ ਵਿਸ਼ੇਸ਼ ਦਾਖ਼ਲਾ ਕੇਂਦਰ ਖੋਲ੍ਹਿਆ ਗਿਆ। ਦਾਖ਼ਲਾ ਕੇਂਦਰ ਦਾ ਉਦਘਾਟਨ ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਤੇ ਪਿੰਡ ਦੀਆਂ ਮੋਹਤਬਰ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਪਿੰਡ ਦੀ ਮਹਿਲਾ ਸਰਪੰਚ ਸਵੀਟੀ ਨੇ ਕੀਤਾ। ਇਸ ਮੌਕੇ ਡਾ ਜੇ ਬੀ ਸੇਖੋਂ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਤੇ ਕਾਲਜ ਵੱਲੋ ਇਲਾਕੇ ਦੇ ਵਿਕਾਸ ਵਿੱਚ ਪਾਏ ਯੋਗਦਾਨ ਬਾਰੇ ਦੱਸਿਆ। ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਇਸ ਦਾਖ਼ਲਾ ਕੇਂਦਰ ਦੀ ਸਹੂਲਤ ਨਾਲ ਇਲਾਕੇ ਦੇ ਵਿਦਿਆਰਥੀਆਂ ਨੂੰ ਵੱਡਾ ਲਾਭ ਹੋਵੇਗਾ।ਉਨ੍ਹਾਂ ਕਾਲਜ ਵਿੱਚ ਨਵੇਂ ਸ਼ੁਰੂ ਹੋ ਰਹੇ ਕੋਰਸਾਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਕਾਲਜ ਵਿਚ ਲੋੜਵੰਦ ਤੇ ਹੁਸ਼ਿਆਰ ਵਿਦਿਆਰਥੀਆਂ ਦੀ ਵਿਸ਼ੇਸ਼ ਆਰਥਿਕ ਮਦਦ, ਵੱਖ-ਵੱਖ ਵਜ਼ੀਫਾ ਰਾਸ਼ੀਆਂ ਸਮੇਤ ਆਧੁਨਿਕ ਸਹੂਲਤਾਂ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਲਈ ਮਦਦਗਾਰ ਸਾਬਤ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਸਬਾ ਜੇਜੋਂ ਤੋਂ ਸੈਲਾਖੁਰਦ ਵਿਚਕਾਰ ਅਤੇ ਨੇੜਲੇ ਪਿੰਡਾਂ ਦੇ ਵਿਦਿਆਰਥੀ ਕੇਂਦਰ ਵਿੱਚ ਆ ਕੇ ਮਾਹਿਰ ਸਟਾਫ਼ ਤੋਂ ਆਪਣੀ ਚੋਣ ਅਨੁਸਾਰ ਵੱਖ-ਵੱਖ ਕੋਰਸਾਂ ਸੰਬੰਧੀ ਜਾਣਕਾਰੀ ਲੈ ਸਕਦੇ ਹਨ। ਇਸ ਮੌਕੇ ਪਿੰਡ ਦੇ



ਸਾਬਕਾ ਸਰਪੰਚ ਅਤੇ ਸਮਾਜ ਸੇਵੀ ਜੁਝਾਰ ਸਿੰਘ ਸਨੀ ਨਾਗਰਾ ਨੇ ਆਪਣੇ ਸੰਬੋਧਨ ਵਿੱਚ ਸੰਸਥਾ ਨੂੰ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਪੰਚਾਇਤ ਮੈਂਬਰ ਗਗਨਵੀਰ ਸਿੰਘ, ਕਸ਼ਮੀਰ ਸਿੰਘ, ਸਤਵਿੰਦਰ ਸਿੰਘ, ਡਾ ਗੁਰਮੁੱਖ ਸਿੰਘ, ਜੋਗਾ ਸਿੰਘ ਜੋਗੀ, ਦਵਿੰਦਰ ਸਿੰਘ ਫੌਜੀ, ਸੁਖਵੀਰ ਸਿੰਘ ਭੱਟੀ, ਪਰਮਜੀਤ ਸਿੰਘ ਭਰੋਵਾਲ ਸਮੇਤ ਕਾਲਜ ਦਾ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਹਾਜ਼ਰ ਸੀ।

# ਲਟਕਦੀਆਂ ਬਿਜਲੀ ਦੀਆਂ ਤਾਰਾਂ ਤੇ ਟੁੱਟੇ ਖੰਭੇ ਦੇ ਰਹੇ ਹਾਦਸੇ ਨੂੰ ਸੱਦਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ, ਪੂਜਾ)**

ਸ਼ਹਿਰ ਅੰਦਰ ਬਿਜਲੀ ਦੀਆਂ ਢਿੱਲੀਆਂ ਤਾਰਾਂ, ਖੰਭਿਆਂ 'ਤੇ ਲੱਗੇ ਤਾਰਾਂ ਦੇ ਜਾਲ ਅਤੇ ਟੁੱਟੇ ਹੋਏ ਖੰਭੇ ਆਮ ਲੋਕਾਂ ਦੀ ਜਾਨ ਲਈ ਵੱਡੀ ਮੁਸੀਬਤ ਬਣੇ ਹੋਏ ਹਨ। ਬਿਜਲੀ ਦੇ ਬਕਸਿਆਂ (ਮੀਟਰ ਬਾਕਸਾਂ) ਤੋਂ ਹੇਠਾਂ ਲਮਕ ਕੇ ਜ਼ਮੀਨ ਨੂੰ ਛੂਹ ਰਹੀਆਂ ਬਿਜਲੀ ਦੀਆਂ ਤਾਰਾਂ ਕਾਰਨ ਸ਼ਹਿਰ ਵਾਸੀਆਂ 'ਚ ਹਰ ਵੇਲੇ ਦਹਿਸ਼ਤ ਦਾ ਮਾਹੌਲ ਬਣਿਆ ਰਹਿੰਦਾ ਹੈ। ਬਾਰਿਸ਼ਾਂ ਦੇ ਮੌਸਮ 'ਚ ਇਹ ਤਾਰਾਂ ਪਾਣੀ ਵਿੱਚ ਡੁੱਬ ਜਾਂਦੀਆਂ ਹਨ, ਜਿਸ ਕਾਰਨ ਇਲਾਕੇ 'ਚ ਕਰੰਟ ਫੈਲਣ ਅਤੇ ਕੋਈ ਵੱਡਾ ਜਾਨੀ ਨੁਕਸਾਨ ਹੋਣ ਦਾ ਲਗਾਤਾਰ ਖ਼ਤਰਾ ਬਣਿਆ ਹੋਇਆ ਹੈ। ਬਿਜਲੀ ਬਕਸਿਆਂ ਤੋਂ ਇਲਾਵਾ ਸ਼ਹਿਰ ਦੇ ਬਿਜਲੀ ਖੰਭਿਆਂ ਉੱਪਰ ਵੀ ਤਾਰਾਂ ਦੇ ਭਾਰੀ ਜੰਜਾਲ ਬਣੇ ਹੋਏ ਹਨ। ਇਨ੍ਹਾਂ 'ਚ ਬਿਜਲੀ ਦੀਆਂ ਤਾਰਾਂ, ਇੰਟਰਨੈੱਟ ਦੀਆਂ ਕੇਬਲਾਂ, ਟੈਲੀਫੋਨ ਦੀਆਂ ਤਾਰਾਂ ਅਤੇ ਹੋਰ ਕਈ ਨਿੱਜੀ ਕੰਪਨੀਆਂ ਦੀਆਂ ਤਾਰਾਂ ਆਪਸ 'ਚ ਇਸ ਕਦਰ ਮਿਕਸ ਹੋ ਚੁੱਕੀਆਂ ਹਨ ਕਿ ਇਹ ਪਤਾ ਲਗਾਉਣਾ ਮੁਸ਼ਕਲ ਹੋ ਜਾਂਦਾ ਹੈ ਕਿ ਕਿਹੜੀ ਤਾਰ ਬਿਜਲੀ ਦੀ ਹੈ। ਕਈ ਵਾਰ ਤਾਂ ਖ਼ਰਾਬੀ ਠੀਕ ਕਰਨ ਆਏ ਬਿਜਲੀ ਮੁਲਾਜ਼ਮਾਂ ਨੂੰ ਵੀ ਅਸਲੀ ਤਾਰ ਲੱਭਣ 'ਚ ਘੰਟਿਆਂ ਬੱਧੀ ਮੁਸ਼ੱਕਤ ਕਰਨੀ ਪੈਂਦੀ ਹੈ। ਵਾਹਨਾਂ 'ਚ ਫਸ ਕੇ ਟੁੱਟ ਰਹੀਆਂ ਨੀਵੀਂਆਂ ਤਾਰਾਂ ਸ਼ਹਿਰ ਦੇ ਪ੍ਰਮੁੱਖ ਹਿੱਸਿਆਂ ਜਿਵੇਂ ਕਿ ਗੋਨਿਆਣਾ, ਅਬੋਹਰ ਰੋਡ, ਰਾਮਬਾੜਾ ਬਾਜ਼ਾਰ, ਬਿਜਲੀ ਵਾਲਾ ਖੂਹ ਅਤੇ ਬੂੜਾ ਗੁੱਜਰ ਰੋਡ ਤੇ ਜ਼ਿਆਦਾਤਰ ਬਿਜਲੀ ਦੀਆਂ ਤਾਰਾਂ ਬਹੁਤ ਢਿੱਲੀਆਂ ਅਤੇ ਨੀਵੀਂਆਂ ਹਨ। ਲੰਘਣ ਵਾਲੇ ਟਰੱਕ ਜਾਂ ਹੋਰ ਉੱਚੇ ਵਾਹਨਾਂ 'ਚ ਅੜ ਕੇ ਇਹ ਤਾਰਾਂ ਅਕਸਰ ਟੁੱਟ ਜਾਂਦੀਆਂ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸ਼ਿਕਾਇਤ ਦੇ ਬਾਵਜੂਦ ਬਿਜਲੀ ਮੁਲਾਜ਼ਮ ਕਈ ਵਾਰ ਚਾਰ-ਚਾਰ ਘੰਟੇ ਤਾਰ ਠੀਕ ਕਰਨ ਨਹੀਂ ਪਹੁੰਚਦੇ। ਇਸ ਭਿਆਨਕ ਗਰਮੀ 'ਚ ਬਿਜਲੀ ਗੁੱਲ ਰਹਿਣ ਕਾਰਨ ਘਰਾਂ 'ਚ ਬੈਠੇ ਬੱਚਿਆਂ ਅਤੇ ਬਜ਼ੁਰਗਾਂ ਦਾ ਬੁਰਾ ਹਾਲ ਹੋ ਜਾਂਦਾ ਹੈ। ਗੋਨਿਆਣਾ ਰੋਡ ਗਲੀ ਨੰਬਰ 8 ਦੀ ਹਾਲਤ ਖ਼ਸਤਾ ਸ਼ਹਿਰ ਅੰਦਰ ਸਿਰਫ਼ ਤਾਰਾਂ ਹੀ ਨਹੀਂ, ਸਗੋਂ ਕਈ ਜਗ੍ਹਾ ਬਿਜਲੀ ਦੇ ਖੰਭੇ ਵੀ ਬੁਰੀ ਤਰ੍ਹਾਂ ਟੁੱਟੇ ਹੋਏ ਹਨ, ਖ਼ਾਸ ਕਰਕੇ ਗੋਨਿਆਣਾ ਰੋਡ ਦੀ ਗਲੀ ਨੰਬਰ 8 ਵਿੱਚ ਪਿਛਲੇ ਲੰਬੇ ਸਮੇਂ ਤੋਂ ਇੱਕ ਖੰਭਾ ਟੁੱਟਿਆ ਹੋਇਆ ਹੈ, ਜਿਸ ਵੱਲ ਵਿਭਾਗ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਇਸ ਗੰਭੀਰ ਸਮੱਸਿਆ ਨੂੰ ਲੈ ਕੇ ਸ਼ਹਿਰ ਨਿਵਾਸੀ ਰਾਜ ਕੁਮਾਰ, ਵਿਪਨ ਕੁਮਾਰ, ਬਲਦੇਵ ਸਿੰਘ, ਰਾਜੂ ਸਿੰਘ, ਅਸ਼ੋਕ ਕੁਮਾਰ, ਬਿੱਟੂ, ਅਮਨਦੀਪ ਸਿੰਘ, ਬਿੰਦਰ ਸਿੰਘ ਨੇ ਬਿਜਲੀ ਵਿਭਾਗ (ਪਾਵਰਕਾਮ) ਦੇ ਉੱਚ ਅਧਿਕਾਰੀਆਂ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸ਼ਹਿਰ ਅੰਦਰ ਬਿਜਲੀ ਦੀਆਂ ਢਿੱਲੀਆਂ ਅਤੇ ਨੀਵੀਂਆਂ ਤਾਰਾਂ ਨੂੰ ਤੁਰੰਤ ਕੱਸ ਕੇ ਠੀਕ ਕੀਤਾ ਜਾਵੇ, ਬਕਸਿਆਂ ਤੋਂ ਹੇਠਾਂ ਜ਼ਮੀਨ ਨਾਲ ਲੱਗਦੀਆਂ ਤਾਰਾਂ ਨੂੰ ਉੱਚਾ ਕੀਤਾ ਜਾਵੇ ਤਾਂ ਜੋ ਇਹ ਬੱਚਿਆਂ ਦੀ ਪਹੁੰਚ ਤੋਂ ਦੂਰ ਰਹਿਣ, ਖੰਭਿਆਂ 'ਤੇ ਬਣੇ ਤਾਰਾਂ ਦੇ ਨਾਜਾਇਜ਼ ਜੰਜਾਲ ਨੂੰ ਹਟਾ ਕੇ ਤਾਰਾਂ ਨੂੰ ਸਹੀ ਢੰਗ ਨਾਲ ਵਿਵਸਥਿਤ ਕੀਤਾ ਜਾਵੇ ਅਤੇ ਗੋਨਿਆਣਾ ਰੋਡ ਸਣੇ ਸ਼ਹਿਰ ਦੇ ਸਮੁੱਚੇ ਟੁੱਟੇ ਹੋਏ ਖੰਭਿਆਂ ਨੂੰ ਪੁੱਟ ਕੇ ਤੁਰੰਤ ਨਵੇਂ ਖੰਭੇ ਲਗਾਏ ਜਾਣ। ਸ਼ਹਿਰ ਵਾਸੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਵਿਭਾਗ ਨੇ ਜਲਦੀ ਹੀ ਇਸ ਸਮੱਸਿਆ ਦਾ ਹੱਲ ਨਾ ਕੀਤਾ ਅਤੇ ਕੋਈ ਅਣਸੁਖਾਵੀਂ ਘਟਨਾ ਵਾਪਰੀ, ਤਾਂ ਇਸ ਦੀ ਸਾਰੀ ਜ਼ਿੰਮੇਵਾਰੀ ਬਿਜਲੀ ਵਿਭਾਗ ਦੀ ਹੋਵੇਗੀ।

## ਪੰਜਾਬੀ ਫੀਚਰ ਫ਼ਿਲਮ 'ਬੇਦੋਸ਼ੇ' ਭਲਕੇ ਰਿਲੀਜ਼



**ਜਗਰਾਉਂ (ਸੰਜੀਵ ਅਰੋੜਾ)**-ਹੌਗੀ ਮੂਵੀਜ਼ ਤੇ ਸੌਫਟ ਵੇਅ ਮੀਡੀਆ ਦੇ ਬੈਨਰ ਹੇਠ ਬਣੀ ਪੰਜਾਬੀ ਫੀਚਰ ਫ਼ਿਲਮ 'ਬੇਦੋਸ਼ੇ' ਚਾਰ ਜੂਨ ਨੂੰ ਦੁਨੀਆ ਭਰ ਵਿੱਚ ਰਿਲੀਜ਼ ਕੀਤੀ ਜਾਵੇਗੀ। ਫ਼ਿਲਮ ਦਾ ਮੁੱਖ ਕਿਰਦਾਰ ਨਿਭਾਉਣ ਵਾਲੇ ਲੋਕ ਗਾਇਕ ਮਣੀ ਹਠੂਰ ਨੇ ਦੱਸਿਆ ਕਿ ਫਿਲਮ ਦਾ ਸੰਗੀਤ ਪ੍ਰਸਿੱਧ ਸੰਗੀਤਕਾਰ ਐਂਡ ਹਾਮੂੰ ਨੇ ਦਿੱਤਾ ਹੈ। ਫਿਲਮ ਦੇ ਲੇਖਕ ਤੇ ਨਿਰਦੇਸ਼ਕ ਗੁਰਵਿੰਦਰ ਮਾਨ ਹਨ, ਪ੍ਰੋਡਿਊਸਰ ਹਰਦਿਆਲ ਸਿੰਘ ਸ਼ੀਤਾ ਹਨ। ਇਹ ਫ਼ਿਲਮ ਦਰਸ਼ਕਾਂ ਵਿੱਚ ਭਾਈਚਾਰਕ ਸਾਂਝ ਤੇ ਆਪਸੀ ਪਿਆਰ ਸਤਿਕਾਰ ਦਾ ਸੁਨੇਹਾ ਦੇਵੇਗੀ, ਇਹ ਦੋ ਭਰਾਵਾਂ ਦੀ ਪਰਵਾਰਕ ਸਾਂਝ ਨੂੰ ਬਿਆਨ ਕਰਦੀ ਪਰਵਾਰਕ ਫਿਲਮ ਹੈ। ਉਨ੍ਹਾਂ ਦੱਸਿਆ ਕਿ ਇਸ ਫਿਲਮ ਦੀ ਸ਼ੂਟਿੰਗ ਵੱਖ-ਵੱਖ ਥਾਵਾਂ 'ਤੇ ਬਹੁਤ ਹੀ ਖੂਬਸੂਰਤ ਤਰੀਕੇ ਨਾਲ ਫਿਲਮਾਈ ਗਈ ਹੈ। ਉਨ੍ਹਾਂ ਕਿਹਾ ਕਿ ਮੈਨੂੰ ਯਕੀਨ ਹੈ ਕਿ ਮੇਰੇ ਸਰੋਤੇ ਮੇਰੇ ਗੀਤਾ ਵਾਗ ਇਸ ਫੀਚਰ ਫਿਲਮ 'ਬੇਦੋਸ਼ੇ' ਨੂੰ ਵੀ ਮਾਂ ਵਰਗਾ ਪਿਆਰ ਤੇ ਸਤਿਕਾਰ ਦੇਣਗੇ। ਇਸ ਮੌਕੇ ਉਨ੍ਹਾਂ ਹਰਮਨਜੋਤ ਸਿੰਘ ਅਤੇ ਫਿਲਮ ਵਿਚ ਸਹਿਯੋਗ ਦੇਣ ਵਾਲਿਆ ਦਾ ਧੰਨਵਾਦ ਕੀਤਾ।

## ਧੂਰੀ ਖੰਡ ਮਿੱਲ ਮੁੜ ਚਾਲੂ ਕਰਾਉਣ ਲਈ ਕਿਸਾਨਾਂ ਕਮਰ ਕੱਸੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਬੰਦ ਪਈ ਖੰਡ ਮਿੱਲ ਨੂੰ ਮੁੜ ਸੁਰਜੀਤ ਕਰਨ ਲਈ ਕਿਸਾਨ ਜਥੇਬੰਦੀਆਂ ਨੇ ਸੰਘਰਸ਼ ਦਾ ਬਿਗਲ ਵਜਾ ਦਿੱਤਾ ਹੈ।ਗੰਨਾ ਕਾਸ਼ਤਕਾਰ ਸਲਾਹਕਾਰ ਕਮੇਟੀ ਦੇ ਮੋਢੀ ਆਗੂ ਹਰਿੰਦਰ ਸਿੰਘ ਕਾਹਲੋਂ ਕਹੇਰੂ ਅਤੇ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਦੀ ਅਗਵਾਈ ਹੇਠ ਇੱਕ ਹੰਗਾਮੀ ਮੀਟਿੰਗ ਹੋਈ।ਇਸ ਬੈਠਕ ਵਿੱਚ ਵੱਖ-ਵੱਖ ਕਿਸਾਨ ਆਗੂਆਂ ਨੇ ਭਰਵੀਂ ਸ਼ਿਰਕਤ ਕਰਦਿਆਂ ਮਿੱਲ ਨੂੰ ਚਲਾਉਣ ਲਈ ਆਰ-ਪਾਰ ਦੀ ਲੜਾਈ ਲੜਨ ਦਾ ਅਹਿਦ ਲਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਧੂਰੀ ਖੰਡ ਮਿੱਲ ਦਾ ਇਸ ਖੇਤਰ ਦੇ ਵਿਕਾਸ ਵਿੱਚ ਬਹੁਤ ਵੱਡਾ ਯੋਗਦਾਨ ਰਿਹਾ ਹੈ।ਇਹ ਮਿੱਲ ਨਾ ਸਿਰਫ਼ ਸੈਂਕੜੇ ਬੇਰੁਜ਼ਗਾਰ ਨੌਜਵਾਨਾਂ ਦੇ ਰੁਜ਼ਗਾਰ ਦਾ ਮੁੱਖ ਸਾਧਨ ਹੈ, ਸਗੋਂ ਧਰਤੀ ਹੇਠਲੇ ਡਿੱਗ ਰਹੇ ਪਾਣੀ ਦੇ ਪੱਧਰ ਨੂੰ ਬਚਾਉਣ ਲਈ ਵੀ ਇੱਕ ਲਾਹੇਵੰਦ ਹੱਲ ਹੈ।ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਰਵਾਇਤੀ ਝੋਨੇ-ਕਣਕ ਦੇ ਫਸਲੀ ਚੱਕਰ ਵਿੱਚੋਂ ਨਿਕਲਣ ਲਈ ਗੰਨਾ ਇੱਕ ਸਰਵੋਤਮ ਬਦਲਵੀਂ ਫਸਲ ਹੈ।ਮਿੱਲ ਦੇ ਬੰਦ ਹੋਣ ਕਾਰਨ ਅੱਜ ਇਲਾਕੇ ਦਾ ਕਿਸਾਨ ਅਤੇ ਮਜ਼ਦੂਰ ਦੋਵੇਂ ਹੀ ਗੰਭੀਰ ਸੰਕਟ ਵਿੱਚੋਂ ਗੁਜ਼ਰ ਰਹੇ ਹਨ।

## ਸੀਨੀਅਰ ਸਿਟੀਜ਼ਨਾਂ ਨੇ ਜਨਮ ਦਿਨ ਮਨਾਏ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸੀਨੀਅਰ ਸਿਟੀਜ਼ਨ ਆਫ ਧੂਰੀ ਵੈਲਫੇਅਰ ਐਸੋਸੀਏਸ਼ਨ, ਰਾਮ ਬਾਗ ਪਾਰਕ ਦੇ ਯੋਗਾ ਹਾਲ 'ਚ ਮਹੀਨਾਵਾਰ ਮੀਟਿੰਗ ਸੁਖਵੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸੇ ਦੌਰਾਨ ਰਾਈਸਿਲਾ ਹੈਲਥ ਫੂਡਜ਼ ਲਿਮ: ਦੇ ਡਾਇਰੈਕਟਰ ਪ੍ਰਸ਼ੋਤਮ ਦਾਸ ਗਰਗ ਦਾ ਜਨਮ ਦਿਨ ਮਨਾਇਆ ਗਿਆ ਤੇ ਉਨ੍ਹਾਂ ਨੂੰ ਲੋਈ ਅਤੇ ਗਿਫਟ ਦੇ ਕੇ ਸਨਮਾਨਤ ਕੀਤਾ ਗਿਆ।ਇਸੇ ਹੀ ਦੌਰਾਨ ਸਾਥੀ ਮੈਂਬਰਾਂ ਫਕੀਰ ਸਿੰਘ, ਸਖਦੇਵ ਸਿੰਘ, ਮਾ. ਬੁੱਧ ਰਾਮ, ਹਰਮਿੰਦਰ ਸਿੰਘ, ਹਰਨੇਕ ਸਿੰਘ, ਗੁਰਬਖਸ ਸਿੰਘ, ਬਲਜੀਤ ਸਿੰਘ, ਚਰਨਜੀਤ ਸਿੰਘ ਈਸੜਾ, ਦਰਸ਼ਨ ਸਿੰਘ ਰੇਲਵੇ, ਰਵਿੰਦਰ ਸ਼ਰਮਾ, ਅਨਿਲ ਕੁਮਾਰ, ਰਣਜੀਤ ਅਜਾਦ, ਦਰਸ਼ਨ ਸਿੰਘ, ਜਗਦੇਵ ਸੋਹੀ, ਦਵਿੰਦਰ ਸਿੰਘ ਸਿੱਧੂ ਦੇ ਜਨਮ ਦਿਨ ਮਨਾਏ ਗਏ। ਉਨ੍ਹਾ ਦੇ ਐਸੋਸੀਏਸ਼ਨ ਵੱਲੋਂ ਹਾਰ ਪਾ ਕੇ ਅਤੇ ਯਾਦਗਾਰੀ ਗਿਫਟ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਮੈਂਬਰਸ਼ਿਪ ਲੈਣ ਵਾਲੇ ਨਵੇਂ ਮੈਂਬਰਾਂ ਦਾ ਸਵਾਗਤ ਕੀਤਾ ਗਿਆ।ਜਸਪਾਲ ਭੁੱਲਰ ਨੇ ਸਟੇਜ ਸਕੱਤਰ ਦਾ ਫਰਜ਼ ਬਾਖੂਬੀ ਨਿਭਾਇਆ।ਅਖੀਰ ਵਿੱਚ ਪ੍ਰੀਤਮ ਸਿੰਘ ਨੇ ਆਏ ਮੈਂਬਰਾਂ ਦਾ ਧੰਨਵਾਦ ਕੀਤਾ।

## ਨੌਜਵਾਨ ਭਾਰਤ ਸਭਾ ਇਲਾਕਾ ਮੋਗਾ ਵੰਨ ਦੀ ਮੀਟਿੰਗ, ਪਿੰਡਾਂ ਦੇ ਮਸਲਿਆਂ 'ਤੇ ਵਿਚਾਰ ਕੀਤੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਨੌਜਵਾਨ ਭਾਰਤ ਸਭਾ ਇਲਾਕਾ ਮੋਗਾ 1 ਕਮੇਟੀ ਦੀ ਰਾਜਾ ਸਿੰਘ ਢੁੱਡੀਕੇ ਦੀ ਅਗਵਾਈ ਹੇਠ ਮੀਟਿੰਗ ਹੋਈ, ਜਿਸ ਵਿੱਚ 7 ਜੂਨ ਨੂੰ ਮੋਗਾ ਵਿਖੇ ਹੋ ਰਹੀ ਜ਼ਿਲ੍ਹਾ ਪੱਧਰੀ ਵਰਕਸ਼ਾਪ ਅਤੇ ਵੱਖ-ਵੱਖ ਪਿੰਡਾਂ ਦੇ ਮਸਲਿਆਂ 'ਤੇ ਡੂੰਘਾਈ ਨਾਲ ਵਿਚਾਰ ਕੀਤਾ ਗਿਆ।ਨੌਜਵਾਨ ਭਾਰਤ ਸਭਾ ਦੇ ਇਲਾਕਾ ਸਕੱਤਰ ਰਾਜਾ ਸਿੰਘ ਢੁੱਡੀਕੇ, ਜਗਜੀਤ ਸਿੰਘ ਮਹਿਨਾ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਸੂਬਾ ਜਨਰਲ ਸਕੱਤਰ ਕਰਮਜੀਤ ਮਾਣੂੰਕੇ ਵੀ ਸ਼ਾਮਲ ਹੋਏ।ਉਨ੍ਹਾਂ ਦੱਸਿਆ ਕਿ ਪਿੰਡ ਢੁੱਡੀਕੇ ਦੀ ਬਾਜਾ ਪੱਤੀ ਵਿੱਚ ਦੇ ਇੱਕੋ ਟਰਾਂਸਫਾਰਮਰ ਹੋਣ ਕਰਕੇ ਬਿਜਲੀ ਦੀ ਵਧਦੀ ਲੋੜ ਨੂੰ ਮੱਦੇਨਜ਼ਰ ਰੱਖਦਿਆਂ ਲਗਭਗ 50 ਘਰਾਂ ਲਈ ਵੱਖਰਾ ਟਰਾਂਸਫਾਰਮਰ ਲਾਉਣ ਦਾ ਪ੍ਰਸਤਾਵ ਪਾਸ ਕੀਤਾ ਗਿਆ, ਕਿਉਂਕਿ ਜ਼ਿਆਦਾ ਬਿਜਲੀ ਲੋਡ ਹੋਣ ਕਰਕੇ ਫੇਜ ਉੱਡ ਜਾਂਦਾ ਹੈ ਤੇ ਸਾਰੀ ਸਾਰੀ ਰਾਤ ਬਿਜਲੀ ਦੇ ਕੱਟ ਲੱਗਦੇ ਹਨ, ਦੋ ਤਿੰਨ ਵਾਰ ਫੇਜ ਲਾਉਂਦੇ ਹੋਏ ਕੁੱਝ ਵਿਅਕਤੀਆਂ ਨੂੰ ਕਰੰਟ ਵੀ ਲੱਗ ਚੁੱਕਾ ਹੈ।ਇਸ ਕਰਕੇ ਘਰ ਘਰ ਦਸਤਖਤੀ ਮੁਹਿੰਮ ਚਲਾਕੇ ਐਸ ਡੀ ਉ ਅਜੀਤਵਾਲ ਨੂੰ ਦਰਖਾਸਤ ਸੌਂਪੀ ਜਾਵੇਗੀ।ਇਸੇ ਤਰ੍ਹਾਂ ਪਿੰਡ ਮਧੇਕੇ ਵਿਖੇ ਅੱਠਵੀਂ ਜਮਾਤ ਤੱਕ ਦੇ ਸਕੂਲ ਨੂੰ ਸੀਨੀਅਰ ਸੈਕੰਡਰੀ ਸਕੂਲ ਵਿੱਚ ਅਪਗ੍ਰੇਡ ਕਰਨ ਦੀ ਮੰਗ 'ਤੇ ਸਬੰਧੀ ਪਿੰਡ ਦੇ ਸਰਪੰਚ ਨੂੰ ਅਪੀਲ ਕੀਤੀ ਜਾਵੇਗੀ, ਜੇਕਰ ਲੋੜ ਪਈ ਤਾਂ ਸੰਘਰਸ਼ ਵੀ ਵਿੱਢਿਆ ਜਾਵੇਗਾ।

# ਡਾ. ਬਲਜੀਤ ਕੌਰ ਨੇ ਮਿਮਿਟ ਦੇ ਸਟਾਫ ਮੈਂਬਰਾਂ ਨੂੰ ਵੰਡੇ ਤਰੱਕੀ ਪੱਤਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ, ਐਮ.ਐਲ.ਏ. ਮਲੋਟ ਵਿਸ਼ੇਸ਼ ਤੌਰ 'ਤੇ ਮਿਮਿਟ ਮਲੋਟ ਵਿਖੇ ਪਹੁੰਚੇ ਅਤੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਸਥਾਪਤ ਸੰਸਥਾ ਮਿਮਿਟ ਮਲੋਟ ਇਲਾਕੇ ਦੀ ਸ਼ਾਨ ਹੈ। ਇੱਥੋਂ ਦੇ ਵਿਦਿਆਰਥੀ ਵੱਖ-ਵੱਖ ਦੇਸ਼ਾਂ ਵਿਦੇਸ਼ਾਂ ਦੀਆਂ ਕੰਪਨੀਆਂ ਵਿੱਚ ਜਾ ਕੇ ਸਾਡੇ ਇਲਾਕੇ ਦਾ ਨਾਂਅ ਰੌਸ਼ਨ ਕਰਦੇ ਹਨ, ਜਿੱਥੇ ਮਿਮਿਟ ਮਲੋਟ ਦੇ ਵਿਦਿਆਰਥੀ ਸਾਡੇ ਇਲਾਕੇ ਦਾ ਨਾਂਅ ਰੌਸ਼ਨ ਕਰਦੇ ਹਨ, ਉੱਥੇ ਇਸ ਸੰਸਥਾ ਦੇ ਸਟਾਫ ਦੀ ਮਿਹਨਤ ਦੇ ਸਦਕਾ ਹੀ ਇਹ ਵਿਦਿਆਰਥੀ ਆਪਣਾ ਭਵਿੱਖ ਉਜਵਲ ਕਰਦੇ ਹਨ।ਇੱਥੋਂ ਦੇ ਨਾਨ ਟੀਚਿੰਗ ਸਟਾਫ਼ ਦੀਆਂ ਤਰੱਕੀਆਂ ਪਿਛਲੇ ਲੰਮੇ ਸਮੇਂ ਤੋਂ ਪੈਂਡਿੰਗ ਸਨ, ਪਰ ਪੰਜਾਬ ਸਰਕਾਰ ਦੀ ਮੁਲਾਜ਼ਮ ਪੱਖੀ ਸੋਚ ਦੇ ਸਦਕਾ ਮਿਮਿਟ ਵਿਖੇ ਪਿਛਲੇ 8-15 ਸਾਲਾਂ ਤੋਂ ਪੈਂਡਿੰਗ ਤਰਕੀਆਂ ਦੇ ਰਾਹ ਖੁੱਲ੍ਹੇ ਹਨ, ਜਿਨ੍ਹਾਂ ਤਹਿਤ ਉਨ੍ਹਾਂ ਵੱਲੋਂ ਸੰਸਥਾ ਦੇ 10 ਕ੍ਰਮਾਰੀਆਂ ਨੂੰ ਤਰੱਕੀਆਂ ਦੇ ਪੱਤਰ ਵੰਡੇ ਗਏ। ਮੁਲਾਜ਼ਮਾਂ ਨੂੰ ਤਰੱਕੀਆਂ ਦੇ ਪੱਤਰ ਦੇਣ ਉਪਰੰਤ ਡਾਕਟਰ ਬਲਜੀਤ ਕੌਰ ਨੇ ਕਿਹਾ ਕਿ ਸੰਸਥਾ ਵਿੱਚ 15-16 ਸਾਲਾਂ ਤੋਂ ਠੇਕੇ ਦੇ ਅਧਾਰ 'ਤੇ ਕੰਮ ਕਰ ਰਹੇ ਟੀਚਿੰਗ ਤੇ ਨਾਨ-ਟੀਚਿੰਗ ਦੇ 35 ਕ੍ਰਮਚਾਰੀਆਂ ਦੀ ਸੇਵਾਵਾਂ ਨੂੰ ਵੀ ਜਲਦ ਤੋਂ ਜਲਦ ਰੈਗੂਲਰ ਕੀਤਾ ਜਾਵੇਗਾ ਤੇ ਟੀਚਿੰਗ ਸਟਾਫ ਦੇ ਸੱਤਵੇਂ ਪੇ ਕਮਿਸ਼ਨ ਨੂੰ ਵੀ ਆਉਣ ਵਾਲੇ ਦਿਨਾਂ ਵਿੱਚ ਲਾਗੂ ਕਰਾ ਦਿੱਤਾ ਜਾਵੇਗਾ। ਸੰਸਥਾ ਦੇ ਡਾਇਰੈਕਟਰ ਡਾ. ਅਸ਼ਵਨੀ ਬਾਂਸਲ, ਰਜਿਸਟਰਾਰ ਡਾ. ਸੰਜੀਵ ਸ਼ਰਮਾ ਨੇ ਦੱਸਿਆ ਕਿ ਸੰਸਥਾ ਦੇ 1400 ਤੋਂ ਵੱਧ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਦੀਆਂ ਸਿਹਤ ਸੇਵਾਵਾਂ ਲਈ ਡਾਕਟਰ ਬਲਜੀਤ ਕੌਰ ਵੱਲੋਂ ਨਵੀਂ ਐਂਬੂਲੈਂਸ ਨੂੰ ਹਰੀ ਝੰਡੀ ਕੇ ਇਸ ਦੀ ਸ਼ੁਰੂਆਤ ਕੀਤੀ ਗਈ।ਤਰੱਕੀਆਂ ਹਾਸਲ ਕਰਨ ਵਾਲੇ ਸਟਾਫ ਮੈਂਬਰਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਡਾਕਟਰ ਬਲਜੀਤ ਕੌਰ ਦਾ ਵਿਸ਼ੇਸ਼ ਧੰਨਵਾਦ ਕੀਤਾ।

## ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਦੇ ਸੋਧੇ ਹੋਏ ਸ਼ਡਿਊਲ ਜਾਰੀ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਅਮਨਦੀਪ ਕੌਰ ਨੇ ਜਾਣਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ 1 ਅਕਤੂਬਰ 2026 ਨੂੰ ਯੋਗਤਾ ਮਿਤੀ ਮੰਨਦਿਆਂ ਪੰਜਾਬ ਰਾਜ ਵਿਚ ਕਰਵਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸਆਈਆਰ)-2026 ਦੇ ਸ਼ਡਿਊਲ ਵਿਚ ਸੋਧ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਦੇ ਪੱਤਰ ਅਨੁਸਾਰ ਡਰਾਫਟ ਵੋਟਰ ਸੂਚੀ ਦਾ ਪ੍ਰਕਾਸ਼ਨ ਹੁਣ 3 ਅਗਸਤ ਨੂੰ ਕੀਤਾ ਜਾਵੇਗਾ, ਜਦਕਿ ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ ਤੱਕ ਪ੍ਰਾਪਤ ਕੀਤੇ ਜਾਣਗੇ। ਇਸੇ ਤਰ੍ਹਾਂ ਦਾਅਵਿਆਂ ਅਤੇ ਇਤਰਾਜ਼ਾਂ ਦੇ ਨਿਪਟਾਰੇ ਦੀ ਕਾਰਵਾਈ 3 ਅਗਸਤ ਤੋਂ 28 ਸਤੰਬਰ ਤੱਕ ਕੀਤੀ ਜਾਵੇਗੀ। ਡਾ. ਅਮਨਦੀਪ ਕੌਰ ਨੇ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ-2026 ਦੀਆਂ ਬਾਕੀ ਸਾਰੀਆਂ ਗਤੀਵਿਧੀਆਂ ਪਹਿਲਾਂ ਜਾਰੀ ਕੀਤੇ ਗਏ ਸ਼ਡਿਊਲ ਅਨੁਸਾਰ ਹੀ ਜਾਰੀ ਰਹਿਣਗੀਆਂ। ਉਨ੍ਹਾਂ ਸਮੂਹ ਯੋਗ ਨਾਗਰਿਕਾਂ, ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਸੋਧੇ ਹੋਏ ਸ਼ਡਿਊਲ ਅਨੁਸਾਰ ਵੋਟਰ ਸੂਚੀਆਂ ਨਾਲ ਸਬੰਧਤ ਦਾਅਵੇ ਅਤੇ ਇਤਰਾਜ਼ ਸਮੇਂ ਸਿਰ ਦਰਜ ਕਰਵਾਉਣ ਅਤੇ ਵੋਟਰ ਸੂਚੀਆਂ ਦੀ ਸ਼ੁੱਧਤਾ ਨੂੰ ਯਕੀਨੀ ਬਣਾਉਣ ਵਿਚ ਆਪਣਾ ਯੋਗਦਾਨ ਪਾਉਣ।

## ਪੰਜਾਬ ਸਰਕਾਰ ਦਾ 51 ਵਿਭਾਗਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨਾ ਸ਼ਲਾਘਾਯੋਗ ਕਦਮ : ਡਾ. ਬੱਬੂ ਮਾਛੀਕੇ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ 51 ਵਿਭਾਗਾਂ ਵਿੱਚ ਸੇਵਾਵਾਂ ਨਿਭਾਅ ਰਹੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਲਿਆ ਗਿਆ ਫ਼ੈਸਲਾ ਵੱਖ-ਵੱਖ ਵਰਗਾਂ ਵੱਲੋਂ ਸਵਾਗਤਯੋਗ ਤੇ ਸ਼ਲਾਘਾਯੋਗ ਕਦਮ ਕਰਾਰ ਦਿੱਤਾ ਜਾ ਰਿਹਾ ਹੈ।ਇਸ ਫ਼ੈਸਲੇ ਨਾਲ ਲੰਬੇ ਸਮੇਂ ਤੋਂ ਨਿਯਮਤ ਨੌਕਰੀ ਦੀ ਉਡੀਕ ਕਰ ਰਹੇ ਹਜ਼ਾਰਾਂ ਮੁਲਾਜ਼ਮਾਂ ਨੂੰ ਵੱਡੀ ਰਾਹਤ ਮਿਲੇਗੀ।ਮੁਲਾਜ਼ਮ ਆਗੂਆਂ ਨੇ ਕਿਹਾ ਕਿ ਕੱਚੇ ਮੁਲਾਜ਼ਮ ਸਾਲਾਂ ਤੋਂ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਸਨ ਤੇ ਉਹ ਨੌਕਰੀ ਦੀ ਸੁਰੱਖਿਆ ਅਤੇ ਹੋਰ ਸਹੂਲਤਾਂ ਦੀ ਮੰਗ ਕਰਦੇ ਆ ਰਹੇ ਸਨ। ਸਰਕਾਰ ਦੇ ਇਸ ਫ਼ੈਸਲੇ ਨਾਲ ਨਾ ਸਿਰਫ਼ ਮੁਲਾਜ਼ਮਾਂ ਦਾ ਮਨੋਬਲ ਵਧੇਗਾ, ਸਗੋਂ ਉਨ੍ਹਾਂ ਦੇ ਪਰਵਾਰਾਂ ਨੂੰ ਵੀ ਆਰਥਿਕ ਅਤੇ ਸਮਾਜਿਕ ਸੁਰੱਖਿਆ ਮਿਲੇਗੀ।ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਕਦਮ ਮੁਲਾਜ਼ਮ ਹਿਤਾਂ ਦੀ ਰੱਖਿਆ ਕਰਨ ਦੇ ਨਾਲ-ਨਾਲ ਸਰਕਾਰੀ ਪ੍ਰਬੰਧ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਵੀ ਸਹਾਈ ਸਾਬਤ ਹੋਵੇਗਾ।ਵੱਖ-ਵੱਖ ਜਥੇਬੰਦੀਆਂ ਤੇ ਸਮਾਜਿਕ ਆਗੂਆਂ ਨੇ ਪੰਜਾਬ ਸਰਕਾਰ ਦੇ ਇਸ ਫ਼ੈਸਲੇ ਦਾ ਸਵਾਗਤ ਕਰਦਿਆਂ ਆਸ ਜਤਾਈ ਕਿ ਭਵਿੱਖ ਵਿੱਚ ਵੀ ਮੁਲਾਜ਼ਮਾਂ ਦੇ ਹੱਕਾਂ ਤੇ ਭਲਾਈ ਲਈ ਅਜਿਹੇ ਫ਼ੈਸਲੇ ਲਏ ਜਾਂਦੇ ਰਹਿਣਗੇ।ਮੁਲਾਜ਼ਮ ਵਰਗ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਫ਼ੈਸਲੇ ਨਾਲ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਨੂੰ ਬਲ ਮਿਲਿਆ ਹੈ ਅਤੇ ਉਨ੍ਹਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ।

## ਹੋਲੀ ਹਾਰਟ ਸਕੂਲ 'ਚ ਠੰਢੇ-ਮਿੱਠੇ ਪਾਣੀ ਦੀ ਛਬੀਲ ਲਾਈ



**ਅਜੀਤਵਾਲ (ਨਛੱਤਰ ਸੰਧੂ)**-ਗਰਮੀ ਦੇ ਵਧ ਰਹੇ ਕਹਿਰ ਤੇ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਹੋਲੀ ਹਾਰਟ ਸਕੂਲ ਵਿਖੇ ਠੰਢੇ ਮਿੱਠੇ ਪਾਣੀ ਦੀ ਛਬੀਲ ਲਾਈ ਗਈ। ਇਸ ਸੇਵਾ ਕਾਰਜ ਵਿੱਚ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਬੰਧਕ ਕਮੇਟੀ ਨੇ ਪੂਰੇ ਉਤਸ਼ਾਹ ਤੇ ਸਮਰਪਣ ਨਾਲ ਭਾਗ ਲਿਆ।ਛਬੀਲ ਦੌਰਾਨ ਰਾਹਗੀਰਾਂ, ਪਿੰਡ ਵਾਸੀਆਂ, ਮਾਪਿਆਂ ਤੇ ਸਕੂਲ ਆਉਣ ਵਾਲੇ ਹਰ ਵਿਅਕਤੀ ਨੂੰ ਠੰਢਾ ਮਿੱਠਾ ਪਾਣੀ ਪਿਲਾਇਆ ਗਿਆ, ਜਿਸ ਨਾਲ ਲੋਕਾਂ ਨੂੰ ਗਰਮੀ ਤੋਂ ਕਾਫ਼ੀ ਰਾਹਤ ਮਿਲੀ। ਸਕੂਲ ਦੇ ਵਿਦਿਆਰਥੀਆਂ ਨੇ ਸੇਵਾ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਖੁਦ ਪਾਣੀ ਵੰਡਣ ਦੀ ਸੇਵਾ ਨਿਭਾਈ।ਬੱਚਿਆਂ ਨੇ ਬਹੁਤ ਹੀ ਨਿਮਰਤਾ ਤੇ ਪਿਆਰ ਨਾਲ ਲੋਕਾਂ ਨੂੰ ਪਾਣੀ ਪਿਲਾਇਆ, ਜਿਸ ਨਾਲ ਉਨ੍ਹਾਂ ਵਿੱਚ ਸਮਾਜ ਸੇਵਾ ਤੇ ਮਨੁੱਖਤਾ ਪ੍ਰਤੀ ਸਤਿਕਾਰ ਦੀ ਭਾਵਨਾ ਹੋਰ ਮਜ਼ਬੂਤ ਹੋਈ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਹੈ ਤੇ ਅਜਿਹੇ ਉਪਰਾਲੇ ਸਾਨੂੰ ਦੂਜਿਆਂ ਦੀ ਮਦਦ ਕਰਨ ਲਈ ਪ੍ਰੇਰਿਤ ਕਰਦੇ ਹਨ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਛਬੀਲ ਦੀ ਪਰੰਪਰਾ ਪੰਜਾਬ ਦੀ ਅਮੀਰ ਸੱਭਿਆਚਾਰਕ ਅਤੇ ਧਾਰਮਿਕ ਵਿਰਾਸਤ ਦਾ ਮਹੱਤਵਪੂਰਨ ਹਿੱਸਾ ਹੈ।ਇਹ ਸਾਨੂੰ ਨਿਸ਼ਕਾਮ ਸੇਵਾ, ਦਇਆ, ਪਿਆਰ ਤੇ ਭਾਈਚਾਰੇ ਦਾ ਸੰਦੇਸ਼ ਦਿੰਦੀ ਹੈ।ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਪਿਆਸੇ ਲੋਕਾਂ ਨੂੰ ਠੰਢਾ ਪਾਣੀ ਪਿਲਾਉਣਾ ਇੱਕ ਬਹੁਤ ਹੀ ਪੁੰਨ ਦਾ ਕੰਮ ਹੈ ਤੇ ਹਰ ਕਿਸੇ ਨੂੰ ਆਪਣੀ ਸਮਰੱਥਾ ਅਨੁਸਾਰ ਅਜਿਹੇ ਸੇਵਾ ਕਾਰਜਾਂ ਵਿੱਚ ਹਿੱਸਾ ਲੈਣਾ ਚਾਹੀਦਾ ਹੈ।ਸਕੂਲ ਦੇ ਸਮੂਹ ਸਟਾਫ ਮੈਂਬਰਾਂ ਨੇ ਵੀ ਵਧ-ਚੜ੍ਹ ਕੇ ਸਹਿਯੋਗ ਦਿੱਤਾ ਤੇ ਛਬੀਲ ਦੇ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ।ਮਾਪਿਆਂ ਵੱਲੋਂ ਸਕੂਲ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੇ ਸਮਾਜਿਕ ਅਤੇ ਸੇਵਾ ਕਾਰਜ ਲੋਕਾਂ ਵਿੱਚ ਆਪਸੀ ਪਿਆਰ, ਸਾਂਝ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।

## ਆਜ਼ਾਦ ਕੌਂਸਲਰ ਨੇ 'ਆਪ' ਦਾ ਪੱਲਾ ਫੜਿਆ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੇ ਵਿਕਾਸਮੁਖੀ ਸੋਚ ਤੋਂ ਪ੍ਰਭਾਵਤ ਹੋ ਕੇ ਦੋਰਾਹਾ ਦੇ ਵਾਰਡ ਨੰਬਰ 9 ਤੋਂ ਆਜ਼ਾਦ ਕੌਂਸਲਰ ਸ਼੍ਰੀਮਤੀ ਪੰਕਜ ਗੌਤਮ ਧਰਮਪਤਨੀ ਸ਼੍ਰੀ ਪੰਕਜ ਕੁਮਾਰ ਗੌਤਮ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ।ਉਨ੍ਹਾਂ ਨੇ ਪਾਰਟੀ ਦੀਆਂ ਨੀਤੀਆਂ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹੋ ਰਹੇ ਵਿਕਾਸ ਕਾਰਜਾਂ 'ਤੇ ਭਰੋਸਾ ਜਤਾਉਂਦਿਆਂ ਪਾਰਟੀ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ।ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸ਼੍ਰੀਮਤੀ ਪੰਕਜ ਗੌਤਮ ਧਰਮਪਤਨੀ ਸ਼੍ਰੀ ਪੰਕਜ ਕੁਮਾਰ ਗੌਤਮ ਦਾ ਦਿਲੋਂ ਸਵਾਗਤ ਹੈ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਨ੍ਹਾਂ ਦੇ ਜੁੜਨ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਲੋਕਾਂ ਦੀ ਸੇਵਾ ਲਈ ਸਾਡੇ ਯਤਨਾਂ ਨੂੰ ਨਵਾਂ ਬਲ ਮਿਲੇਗਾ।

## ਡਿਪਟੀ ਕਮਿਸ਼ਨਰ ਵੱਲੋਂ ਵਪਾਰੀਆਂ ਦੀਆਂ ਸ਼ਿਕਾਇਤਾਂ ਲਈ ਮੀਟਿੰਗ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਵਪਾਰੀ ਵਰਗ ਨਾਲ ਸੰਬੰਧਤ ਹਰ ਸ਼ਿਕਾਇਤ ਨੂੰ ਪਹਿਲ ਦੇ ਆਧਾਰ 'ਤੇ ਅਤੇ ਨਿਰਧਾਰਤ ਸਮੇਂ ਅੰਦਰ ਹੱਲ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਵਪਾਰਕ ਸੰਸਥਾਵਾਂ ਦੇ ਮੈਂਬਰਾਂ ਨਾਲ ਰੀਵਿਊ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨ.) ਮਨਦੀਪ ਕੌਰ, ਐੱਸ.ਡੀ.ਐੱਮ ਜਲਾਲਾਬਾਦ ਕੰਵਰਜੀਤ ਸਿੰਘ ਮਾਨ, ਚੀਫ ਮਨਿਸਟਰ ਫੀਲਡ ਅਫਸਰ ਬਬਨਦੀਪ ਸਿੰਘ ਵੀ ਹਾਜ਼ਰ ਸਨ।ਡਿਪਟੀ ਕਮਿਸ਼ਨਰ ਨੇ www.punjabdisewa.com ਪੋਰਟਲ 'ਤੇ ਪ੍ਰਾਪਤ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਰੀਵਿਊ ਕੀਤਾ।ਇਸ ਦੌਰਾਨ ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸਬੰਧਤ ਸ਼ਿਕਾਇਤਾਂ ਜਿਵੇਂ ਕਿ ਮੰਡੀਆਂ ਦੀਆਂ ਤਕਮੀਨਾਂ, ਸੜਕਾਂ ਤੇ ਟੁਆਇਟ ਵਾਸਤੇ ਅਸਟੀਮੇਟ ਤੇ ਸਾਫ ਸਫਾਈ ਅਤੇ ਬੱਲੂਆਣਾ ਬੀ ਡੀ ਪੀ ਓ ਨੂੰ ਸੜਕਾਂ, ਬੱਸ ਸਟੈਂਡ, ਸੀ.ਸੀ.ਟੀ.ਵੀ. ਕੈਮਰੇ, ਪਬਲਿਕ ਟੁਆਇਲਿਟ ਆਦਿ ਦੀ ਰਿਪੇਅਰ ਤੇ ਸਾਫ ਸਫਾਈ ਦੀਆਂ ਸ਼ਿਕਾਇਤਾਂ ਦੇ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ।ਇਸ ਤੋਂ ਇਲਾਵਾ ਫਾਜ਼ਿਲਕਾ ਦੀਆਂ ਸ਼ਿਕਾਇਤਾਂ ਜਿਵੇਂ ਕਿ ਬਿਜਲੀ ਬੋਰਡ ਦੀਆਂ ਢਿੱਲੀਆਂ ਤਾਰਾਂ ਸਬੰਧੀ ਐਕਸੀਅਨ ਬਿਜਲੀ ਬੋਰਡ ਅਤੇ ਚੋਰੀਆਂ ਦੀਆਂ ਵਾਰਦਾਤਾਂ ਬਾਰੇ ਪੁਲਸ ਵਿਭਾਗ ਦੇ ਅਧਿਕਾਰੀਆਂ ਨੂੰ ਹੱਲ ਕਰਨ ਲਈ ਕਿਹਾ।ਇਸੇ ਤਰ੍ਹਾਂ ਜਲਾਲਾਬਾਦ ਦੀਆਂ ਸਿਕਾਇਤਾਂ ਜਿਵੇਂ ਕਿ ਊਧਮ ਸਿੰਘ ਪਾਰਕ 'ਚ ਵਾਟਰ ਸਪਲਾਈ ਦੇ ਪ੍ਰਬੰਧ, ਜਨਤਾ ਭਵਨ ਨੇੜੇ ਗਊਸ਼ਾਲਾ ਰੋਡ ਤੇ ਪਾਰਕਿੰਗ ਸਮੱਸਿਆ ਦੇ ਹੱਲ ਤੇ ਸਾਫ ਸਫਾਈ ਬਾਰੇ ਕਾਰਜ ਸਾਧਕ ਅਫਸਰ ਜਲਾਲਾਬਾਦ ਨੂੰ ਤੁਰੰਤ ਹੱਲ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਨਾਲ ਸਬੰਧਿਤ ਬਹੁਤੀਆਂ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ।ਬਾਕੀ ਰਹਿੰਦੀਆਂ ਸ਼ਿਕਾਇਤਾਂ ਦਾ ਵੀ ਜਲਦ ਹੱਲ ਕੀਤਾ ਜਾਵੇਗਾ।ਇਸ ਮੌਕੇ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਵੰਦਨਾ ਕੰਬੋਜ ਸਮੇਤ ਪੁਲਿਸ ਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵਪਾਰਕ ਸੰਸਥਾਵਾਂ ਦੇ ਮੈਂਬਰ ਵੀ ਮੌਜੂਦ ਸਨ।

## ਛੰਨਾ ਦੇ ਕਈ ਨੌਜਵਾਨ 'ਆਪ' 'ਚ ਸ਼ਾਮਲ



**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਹਲਕਾ ਸਨੌਰ ਵਿੱਚ ਕਰਾਏ ਜਾ ਰਹੇ ਰਿਕਾਰਡਤੋੜ ਵਿਕਾਸ ਕਾਰਜਾਂ ਸਦਕਾ ਆਮ ਆਦਮੀ ਪਾਰਟੀ ਦਾ ਕਾਫ਼ਲਾ ਨਿਰੰਤਰ ਵੱਡਾ ਹੁੰਦਾ ਜਾ ਰਿਹਾ ਹੈ।

ਪਿੰਡ ਛੰਨਾ ਵਿਖੇ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਯੋਗ ਅਗਵਾਈ ਹੇਠ ਪਿੰਡ ਦੇ ਕਈ ਪ੍ਰਮੁੱਖ ਨੌਜਵਾਨ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ 'ਆਪ' ਪਰਵਾਰ ਵਿੱਚ ਸ਼ਾਮਲ ਹੋ ਗਏ। ਨੌਜਵਾਨਾਂ ਦੀ ਇਹ ਸ਼ਮੂਲੀਅਤ ਪਿੰਡ ਦੇ ਮੋਹਤਬਰ ਆਗੂਆਂ ਨਛੱਤਰ ਸਿੰਘ ਤੇ ਕਾਕਾ ਗਿਰ ਦੀ ਪ੍ਰੇਰਨਾ ਤੇ ਵਿਸ਼ੇਸ਼ ਅਗਵਾਈ ਹੇਠ ਕਰਾਈ ਗਈ।ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਪਾਰਟੀ 'ਚ ਸ਼ਾਮਲ ਹੋਣ ਵਾਲੇ ਕਾਕਾ ਛੰਨਾ, ਮਾਛੂ ਗਿਰ, ਰਵੀ ਬਾਬਾ, ਮੋਹਨ ਲਾਲ, ਨਛੱਤਰ ਸਿੰਘ, ਕਰਮਾ ਗਿਰ , ਰਘਬੀਰ ਗਿਰ , ਲਖਵਿੰਦਰ ਗਿਰ , ਸਤਨਾਮ ਸਿੰਘ, ਜੱਸੀ ਬਾਬਾ, ਹਰਸ਼ ਠੇਕੇਦਾਰ, ਹਰਦਮ ਭਾਰਤੀ, ਗੁਣੀ ਰਾਮ, ਸੋਹਣ ਗਿਰ, ਜਸਵਿੰਦਰ ਸਿੰਘ, ਵੈਦ ਸਿੰਘ ਤਾਜਲਪੁਰ, ਜਗਤਾਰ ਸਿੰਘ ਤੇ ਹੋਰ ਕਈ ਨੌਜਵਾਨਾਂ ਦਾ ਆਪ ਵਿੱਚ ਸ਼ਾਮਲ ਹੋਣ ਤੇ ਸਿਰੋਪਾਓ ਭੇਟ ਕਰਕੇ ਜਥੇਬੰਦੀ ਵਿੱਚ ਨਿੱਘਾ ਸਵਾਗਤ ਕੀਤਾ।

ਹਡਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੌਜਵਾਨਾਂ ਦੀ ਆਪਣੀ ਪਾਰਟੀ ਹੈ, ਜਿਸ ਨੇ ਪੰਜਾਬ ਦੇ ਹਜ਼ਾਰਾਂ ਗੱਭਰੂਆਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਇੱਕ ਨੌਜਵਾਨ ਸਾਥੀ ਨੂੰ ਬਣਦਾ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।

## ਬਾਬਾ ਖੇਮ ਦਾਸ ਦੀ ਸਾਲਾਨਾ ਬਰਸੀ ਮਨਾਈ



**ਭੀਖੀ (ਗੁਰਿੰਦਰ ਸਿੰਘ ਔਲਖ)**-ਨਾਗਰ ਨਿਵਾਸੀਆਂ ਤੇ ਘੁੱਲੂ ਪੱਤੀ ਦੀ ਸੰਗਤ ਵੱਲੋਂ ਬ੍ਰਹਮਲੀਨ ਸੰਤ ਬਾਬਾ ਖੇਮਦਾਸ (ਲੋਪੇਆਣੇ ਵਾਲੇ) ਦੀ ਸਾਲਾਨਾ ਬਰਸੀ ਮਨਾਈ ਗਈ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਤੇ ਦੂਰੋਂ ਨੇੜੇ ਸੰਗਤਾਂ ਨੇ ਭਰਵੇਂ ਰੂਪ 'ਚ ਬਾਬਾ ਦੇ ਸਥਾਨ ਤੇ ਭਰਵੀਂ ਹਾਜ਼ਰੀ ਲਵਾਈ।ਮਲਕੀਤ ਸਿੰਘ ਬਾਬੇਕਾ, ਕਰਮਜੀਤ ਸਿੰਘ ਪੱਪੀ ਤੇ ਹਰਦੇਵ ਸਿੰਘ ਨੇ ਕਿਹਾ ਕਿ ਇਲਾਕੇ ਵਿੱਚ ਬਾਬਾ ਖੇਮ ਦਾਸ ਦੀ ਬਹੁਤ ਮੰਨਤ ਹੈ ਤੇ ਵਿਦੇਸ਼ਾਂ 'ਚੋਂ ਵੀ ਸੰਗਤਾਂ ਹਰ ਸਾਲ ਉਹਨਾਂ ਦੇ ਦਰ 'ਤੇ ਆ ਕੇ ਹਾਜ਼ਰੀ ਭਰਦੀਆਂ ਹਨ।ਉਨ੍ਹਾਂ ਅੱਗੇ ਕਿਹਾ ਕਿ ਬਾਬਾ ਜੀ ਨੇ ਆਪਣਾ ਸਾਰਾ ਜੀਵਨ ਲੋਕਾਂ ਦੀ ਭਲਾਈ ਅਤੇ ਭਗਤੀ 'ਚ ਗੁਜ਼ਾਰਿਆ।

# ਖ਼ੂਨਦਾਨੀ ਜਗਦੀਪ ਸਿੰਘ ਮਾਂਗਟ ਤੇ ਪੰਜਾਬੀ ਸੱਭਿਆਚਾਰ ਨੂੰ ਸਮਰਪਤ ਡਾ. ਅਮਨ ਜੋਤੀ ਸਨਮਾਨਤ




**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਬਾਗਬਾਨ ਕੰਪਲੈਕਸ ਮੱਖੂ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਪ੍ਰਦੀਪ ਧਵਨ ਪਰਧਾਨ ਜੀ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫ਼ਿਰੋਜ਼ਪੁਰ ਦੇ ਇੰਜੀਨੀਅਰ ਜਗਦੀਪ ਸਿੰਘ ਮਾਂਗਟ ਜਿਨ੍ਹਾਂ ਵੱਲੋਂ ਮਨੁੱਖੀ ਜੀਵਨ ਬਚਾਉਣ ਲਈ ਤਕਰੀਬਨ 60ਵਾਰ ਖ਼ੂਨਦਾਨ ਕੀਤਾ। ਉਨ੍ਹਾਂ ਦੀ ਧਰਮਪਤਨੀ ਡਾਕਟਰ ਅਮਨ ਜੋਤੀ ਮਾਂਗਟ ਸਰਕਾਰੀ ਡਾਇਟ ਕਾਲਜ ਫ਼ਿਰੋਜ਼ਪੁਰ ਵਿੱਖੇ ਬਤੌਰ ਅੰਗਰੇਜ਼ੀ ਲੈਕਚਰਾਰ ਵਜੋਂ ਸੇਵਾ ਨਿਭਾਅ ਰਹੇ ਹਨ ਨੇ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਬਹੁਤ ਵਧੀਆ ਯੋਗਦਾਨ ਪਾਇਆ ਹੈ। ਇਹਨਾਂ ਦੋਵਾਂ ਨੂੰ ਅੱਜ ਫ਼ੋਰਮ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾਕਟਰ ਅਮਨ ਜੋਤੀ ਤੇ ਸ਼੍ਰੀ ਜਗਦੀਪ ਸਿੰਘ ਮਾਂਗਟ ਵੱਲੋਂ ਸੀਨੀਅਰ ਸਿਟੀਜਨ ਫੋਰਮ ਵੱਲੋਂ ਬਜ਼ੁਰਗਾਂ ਦੀ ਸਿਹਤ ਸੰਭਾਲ ਅਤੇ ਚਿੰਤਾਵਾਂ ਘਟਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਫ਼ੋਰਮ ਦੇ ਬਣੇ ਸੰਵਿਧਾਨ ਵਿੱਚ ਕੀਤੀਆਂ ਸੋਧਾਂ ਨੂੰ ਜਨਰਲ ਹਾਊਸ ਵੱਲੋਂ ਮਨਜ਼ੂਰ ਕੀਤਾ ਗਿਆ। ਇਸ ਸਮੇਂ ਮਹੀਨਾ ਅਪ੍ਰੈਲ ਤੇ ਮਈ ਦੇ ਜਨਮ ਦਿਵਸ ਵਾਲੇ ਮੈਂਬਰ ਸਾਹਿਬਾਨ ਨੂੰ ਜਨਮ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਗਿਫ਼ਟ ਭੇਟ ਕੀਤੇ ਗਏ। ਮੀਟਿੰਗ ਵਿੱਚ ਪ੍ਰਵੀਨ ਤਲਵਾੜ, ਦੀਵਾਨ ਚੰਦ ਸੁਖੀਜਾ, ਪ੍ਰਵੇਸ਼ ਕੁਮਾਰ, ਪ੍ਰੇਮ ਕੁਮਾਰ ਰੱਸਿਆ, ਰਾਕੇਸ਼ ਸ਼ਰਮਾ, ਅਸ਼ੋਕ ਸ਼ਰਮਾ, ਸਤੀਸ਼ ਪੁਰੀ, ਤਿਲਕ ਰਾਜ ਐਰੀ, ਡਾਕਟਰ ਸੁਰਿੰਦਰ ਸਿੰਘ, ਪ੍ਰਦੀਪ ਸਿੰਘ ਰਾਣਾ, ਸ਼ਿਵ ਦਰਸ਼ਨ ਲਾਲ, ਸੁਭਾਸ਼ ਚੰਦਰ ਡੋਡਾ ਆਦਿ ਨੇ ਸੰਬੋਧਨ ਕੀਤਾ ਅਤੇ ਮੈਂਬਰ ਸਾਹਿਬਾਨ ਦਾ ਗੀਤ ਸੰਗੀਤ ਨਾਲ ਮਨੋਰੰਜਨ ਕੀਤਾ। ਸਟੇਜ ਸੈਕਟਰੀ ਦੀ ਭੂਮਿਕਾ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਨੇ ਨਿਭਾਈ। ਅੰਤ ਵਿੱਚ ਪ੍ਰਧਾਨ ਨੇ ਮੈਂਬਰ ਸਾਹਿਬਾਨ ਵੱਲੋਂ ਆਏ ਵਿਚਾਰਾਂ ਬਾਰੇ ਜਾਣਕਾਰੀ ਦਿੱਤੀ ਅਤੇ ਧਨਵਾਦ ਕੀਤਾ। ਇਹ ਵੀ ਦੱਸਿਆ ਗਿਆ ਕਿ ਫ਼ੋਰਮ ਦੇ ਸੀਨੀਅਰ ਆਗੂ ਪ੍ਰਵੀਨ ਧਵਨ ਵੱਲੋਂ ਵਾਤਾਵਰਨ ਬਚਾਉਣ ਲਈ ਘੱਟੋ ਘੱਟ 200 ਪੌਦੇ ਲਗਾਏ ਜਾਣਗੇ।

## ਲਾਰਡ ਬੁੱਧਾ ਚੈਰੀਟੇਬਲ ਟਰੱਸਟ ਦੀ ਮੀਟਿੰਗ ਅੱਜ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਲਾਰਡ ਬੁੱਧਾ ਚੈਰੀਟੇਬਲ ਟਰੱਸਟ ਦੀ ਜ਼ਿਲ੍ਹਾ ਇਕਾਈ ਦੀ ਵਿਸ਼ੇਸ਼ ਮੀਟਿੰਗ 3 ਜੂਨ ਨੂੰ ਸ਼ਾਮ 6:00 ਵਜੇ ਸਥਾਨਕ ਜੈਸਮੀਨ ਹੋਟਲ ਵਿਖੇ ਉਲੀਕੀ ਗਈ ਹੈ।ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਅਤੇ ਜਨ ਸਿਹਤ ਵਿਭਾਗ ਦੇ ਸੇਵਾ-ਮੁਕਤ ਸੁਪਰਡੈਂਟ ਡੀ.ਪੀ.ਐੱਸ. ਭੋਲਾ ਨੇ ਦੱਸਿਆ ਕਿ ਮੀਟਿੰਗ ਵਿੱਚ ਸੰਸਥਾ ਦੇ ਸਮੂਹ ਅਹੁਦੇਦਾਰ ਅਤੇ ਮੈਂਬਰ ਹਿੱਸਾ ਲੈਣਗੇ।ਮੀਟਿੰਗ ਦੀ ਖ਼ਾਸ ਗੱਲ ਇਹ ਹੋਵੇਗੀ ਕਿ ਲਾਰਡ ਬੁੱਧਾ ਟਰੱਸਟ ਦੇ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣ ਲਈ ਪਹੁੰਚ ਰਹੇ ਹਨ।ਟਰੱਸਟ ਦੇ ਪ੍ਰੈਸ ਸਕੱਤਰ ਕੇ.ਪੀ. ਸਰਾਂ ਵੱਲੋਂ ਜਾਰੀ ਬਿਆਨ ਅਨੁਸਾਰ ਇਸ ਮੀਟਿੰਗ ਦਾ ਮੁੱਖ ਮਨੋਰਥ ਟਰੱਸਟ ਦੀਆਂ ਸਮਾਜ ਭਲਾਈ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨਾ ਹੈ।ਮੀਟਿੰਗ ਦੌਰਾਨ ਜ਼ਿਲ੍ਹਾ ਪੱਧਰ ਦੇ ਉੱਚ ਅਧਿਕਾਰੀਆਂ ਤੇ ਬਾਬਾ ਫਰੀਦ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਰਾਜੀਵ ਸੂਦ ਨਾਲ ਮੁਲਾਕਾਤ ਕਰਨ ਸਬੰਧੀ ਰਣਨੀਤੀ ਉਲੀਕੀ ਜਾਵੇਗੀ।ਸਮੂਹ ਮੈਂਬਰਾਂ ਵੱਲੋਂ ਟਰੱਸਟ ਦੀਆਂ ਨੀਤੀਆਂ ਨੂੰ ਆਮ ਲੋਕਾਂ ਤੱਕ ਪੁਚਾਉਣ ਤੇ ਇਮਾਨਦਾਰੀ ਤੇ ਨਿਰਪੱਖਤਾ ਨਾਲ ਸਮਾਜ ਸੇਵਾ ਦੇ ਕਾਰਜਾਂ ਨੂੰ ਨੇਪਰੇ ਚਾੜ੍ਹਨ ਦਾ ਸੰਕਲਪ ਲਿਆ ਜਾਵੇਗਾ।

## ਸੁਪਰੀਮ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਵੱਲੋਂ ਬਲੂ ਆਈਜ਼ ਮੋਗਾ ਦਾ ਟੂਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਵੱਲੋਂ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਡਾਇਰੈਕਟਰ ਮੋਹਨੀਸ਼ ਮਿਸ਼ਾ ਤੇ ਸਕੂਲ ਸਟਾਫ਼ ਦੀ ਦੇਖ ਰੇਖ ਹੇਠ ਇੱਕ ਬਲੂ ਆਈਜ਼ਵਾਟਰ ਪਾਰਕ (ਮੋਗਾ) ਦੀ ਯਾਤਰਾ ਕਰਾਈ ਗਈ।ਡਾਇਰੈਕਟਰ ਮੋਹਨੀਸ਼ ਮਿਸ਼ਾ ਦੇ ਨਾਲ ਵਿਦਿਆਰਥੀ ਸਕੂਲ ਤੋਂ ਰਵਾਨਾ ਹੋਏ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਵਿੱਦਿਆ ਦੇ ਨਾਲ-ਨਾਲ ਮਨੋਰੰਜਨ ਸਰਗਰਮੀਆਂ ਦਾ ਹੋਣਾ ਵੀ ਜ਼ਰੂਰੀ ਹੈ ਤੇ ਬੱਚੇ ਇਸ ਟੂਰ ਲਈ ਬਹੁਤ ਉਤਸ਼ਾਹਤ ਸਨ।ਬੱਚਿਆਂ ਦੇ ਚਿਹਰਿਆਂ 'ਤੇ ਖੁਸ਼ੀ ਦੀਆਂ ਛੱਲਾਂ ਵੱਜਦੀਆਂ ਸਾਫ਼ ਦਿਖਾਈ ਦੇ ਰਹੀਆਂ ਸਨ।ਇਸ ਯਾਤਰਾ ਦੌਰਾਨ ਵਿਦਿਆਰਥੀਆਂ ਨੇ ਬਹੁਤ ਆਨੰਦ ਮਾਣਿਆ ਪਾਣੀ ਵਿੱਚ ਡੁੱਬਕੀਆਂ ਲਾਉਂਦੇ ਬੱਚਿਆਂ ਦੀ ਖੁਸ਼ੀ ਦੇਖਣ ਯੋਗ ਸੀ। ਜਿਸ ਦੀਆਂ ਸਕੂਲ ਸਟਾਫ ਵੱਲੋਂ ਯਾਦਗਾਰੀ ਤਸਵੀਰਾਂ ਵੀ ਲਈਆਂ ਗਈਆਂ। ਸਕੂਲ ਸਟਾਫ ਦੀ ਖਾਸ ਦੇਖ -ਰੇਖ ਵਿੱਚ ਬੱਚਿਆਂ ਦੀ ਸਕੂਲ ਵਾਪਸੀ ਕਰਵਾਈ ਗਈ ਅਤੇ ਜਦੋਂ ਬੱਚੇ ਵਾਪਸ ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਪਹੁੰਚੇ ਤਾਂ ਉਹ ਬਹੁਤ ਖੁਸ਼ ਸਨ ਅਤੇ ਉਹਨਾਂ ਨੇ ਆਪਣੀ ਖੁਸ਼ੀ ਨੂੰ ਸਭ ਨਾਲ ਸਾਂਝਾ ਕੀਤਾ।ਮਾਪਿਆਂ ਨੇ ਵੀ ਸਕੂਲ ਦੌਰੇ ਦੀ ਭਰਪੂਰ ਸ਼ਲਾਘਾ ਕੀਤੀ।ਸਕੂਲ ਦੇ ਡਾਇਰੈਕਟਰ ਮੋਹਨੀਸ਼ ਮਿਸ਼ਾ ਨੇ ਕਿਹਾ ਕਿ ਸਕੂਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਹਮੇਸ਼ਾ ਮੋਹਰੀ ਰਹੇਗਾ ਤੇ ਉਨ੍ਹਾਂ ਨੇ ਭਰੋਸਾ ਵੀ ਦਿੱਤਾ ਕਿ ਭਵਿੱਖ 'ਚ ਵੀ ਅਜਿਹੀਆਂ ਸਰਗਰਮੀਆਂ ਜਾਰੀ ਰਹਿਣਗੀਆਂ।

## 'ਆਪ' ਨੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ, ਧੱਕੇਸ਼ਾਹੀ ਨਾਲ ਜਿੱਤੀਆਂ ਚੋਣਾਂ : ਸ਼ੰਮੀ ਠੁੱਲੀਵਾਲ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਬਲਾਕ ਮਹਿਲ ਕਲਾਂ ਦੇ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਨੇ ਚੋਣ ਨਤੀਜਿਆਂ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਹਰਮਨਪਿਆਰਤਾ ਨਹੀਂ, ਬਲਕਿ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ, ਧੱਕੇਸ਼ਾਹੀ ਤੇ ਵਿਰੋਧੀ ਉਮੀਦਵਾਰਾਂ ਨੂੰ ਡਰਾਉਣ-ਧਮਕਾਉਣ ਦਾ ਨਤੀਜਾ ਹਨ, ਜੋ ਲੋਕਤੰਤਰ ਲਈ ਚਿੰਤਾਜਨਕ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਲੋਕਾਂ ਦੇ ਫੈਸਲੇ ਦਾ ਸਤਿਕਾਰ ਕਰਦੀ ਹੈ, ਪਰ ਚੋਣਾਂ ਵਿੱਚ ਹੋਈਆਂ ਬੇਨਿਯਮੀਆਂ ਅਤੇ ਪ੍ਰਸ਼ਾਸਨਿਕ ਪੱਖਪਾਤ ਨੂੰ ਅਣਡਿੱਠਾ ਨਹੀਂ ਕੀਤਾ ਜਾ ਸਕਦਾ, ਕਿਉਂਕਿ ਅਜਿਹੇ ਹੱਥਕੰਡਿਆਂ ਨਾਲ ਜਨਤਾ ਦਾ ਲੋਕਤੰਤਰ 'ਤੇ ਵਿਸ਼ਵਾਸ ਕਮਜ਼ੋਰ ਹੁੰਦਾ ਹੈ।ਮੌਜੂਦਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਬੇਰੋਜ਼ਗਾਰੀ, ਨਸ਼ਾਖੋਰੀ, ਵਧਦੇ ਕਰਜ਼ੇ, ਖੇਤੀਬਾੜੀ ਸੰਕਟ, ਉਦਯੋਗਾਂ ਦੇ ਪਲਾਇਨ ਤੇ ਕਾਨੂੰਨ-ਵਿਵਸਥਾ ਵਰਗੀਆਂ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ, ਪਰ ਸਰਕਾਰ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਦੀ ਬਜਾਏ ਰਾਜਨੀਤਕ ਲਾਭ ਲਈ ਸਰਕਾਰੀ ਸਾਧਨਾਂ ਦੀ ਵਰਤੋਂ ਕਰ ਰਹੀ ਹੈ।ਸ਼ੰਮੀ ਠੁੱਲੀਵਾਲ ਨੇ ਦੁਹਰਾਇਆ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਤੰਤਰਕ ਕਦਰਾਂ-ਕੀਮਤਾਂ ਤੇ ਜਨਤਾ ਦੇ ਅਧਿਕਾਰਾਂ ਲਈ ਸੰਘਰਸ਼ ਕਰਦੀ ਰਹੀ ਹੈ ਅਤੇ ਸੂਬੇ ਦੇ ਲੋਕ ਆਉਣ ਵਾਲੇ ਸਮੇਂ ਵਿੱਚ ਇਸ ਲੋਕ-ਵਿਰੋਧੀ ਨੀਤੀ ਦਾ ਜਵਾਬ ਲੋਕਤੰਤਰਕ ਤਰੀਕੇ ਨਾਲ ਦੇਣਗੇ।

## ਸਵੱਦੀ ਕਲਾਂ 'ਚ ਨੌਜਵਾਨਾਂ ਨੂੰ ਸਪੋਰਟਸ ਕਿੱਟਾਂ ਵੰਡੀਆਂ



**ਜਗਰਾਉਂ (ਨਛੱਤਰ ਸੰਧੂ)**-ਪੰਜਾਬ ਸਰਕਾਰ ਰਾਜ ਦੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜੁ ਖੇਡਾਂ ਦੇ ਖੇਤਰ ਵਿੱਚ ਪੰਜਾਬ ਨੂੰ ਮੋਹਰੀ ਸੂਬੇ ਵਜੋਂ ਉਭਾਰਿਆ ਜਾ ਸਕੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਨਗਰੇਨ ਦੇ ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ ਵੱਲੋਂ ਵਿਧਾਨ ਸਭਾ ਹਲਕਾ ਦਾਖਾ ਅਧੀਨ ਪਿੰਡ ਸਵੱਦੀ ਕਲਾਂ ਵਿਖੇ ਨੌਜਵਾਨਾਂ ਨੂੰ ਕ੍ਰਿਕਟ ਸਪੋਰਟਸ ਕਿੱਟਾਂ ਸਪੁਰਦ ਕਰਦਿਆਂ ਕੀਤਾ।ਚੇਅਰਮੈਨ ਗਿੱਲ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਵੱਲ ਰੁਚਿਤ ਕਰਨ ਹਿੱਤ ਖੇਡ ਮੇਲੇ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਰਾਜ ਦੀ ਜਵਾਨੀ ਦੀ ਤਰੱਕੀ ਤੇ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ ਤਾਂ ਜੁ ਉਹ ਆਪਣਾ ਜੀਵਨ ਪੱਧਰ ਉੱਚਾ ਚੁੱਕ ਸਕਣ।ਉਨ੍ਹਾਂ ਸੂਬੇ ਦੇ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਵੱਧ ਚੜ ਕੇ ਹਿੱਸਾ ਲੈਣ, ਕਿਉਂਕਿ ਪੰਜਾਬ ਇੱਕ ਅਜਿਹਾ ਸੂਬਾ ਹੈ ਜਿਸ ਨੇ ਰਾਸ਼ਟਰੀ ਪੱਧਰ ਦੇ ਨਾਮਵਰ ਖਿਡਾਰੀ ਪੈਦਾ ਕੀਤੇ ਹਨ।

# ਟਰਾਂਸਪੋਰਟ ਮੰਤਰੀ ਨਾਲ ਮੀਟਿੰਗ ਅੱਜ, ਸਰਕਾਰ ਸਮਾਂ ਟਪਾਉਣ ਦੀ ਬਜਾਏ ਮੰਗਾਂ ਦਾ ਕਰੇ ਹੱਲ : ਸਰਬਜੀਤ ਸਿੰਘ ਭੁੱਲਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਪੰਜਾਬ ਰੋਡਵੇਜ਼, ਪਨਬਸ, ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਬਠਿੰਡਾ ਡਿਪੂ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਸਾਰੀਆਂ ਮੰਗਾਂ ਉਪਰ ਚਰਚਾ ਕੀਤੀ ਗਈ ਤੇ ਵਰਕਰਾਂ ਨੇ ਸਰਕਾਰ ਤੋਂ ਤੰਗ ਆ ਕੇ ਮੰਗਾਂ ਪ੍ਰਤੀ ਵੱਖ ਵੱਖ ਸੰਘਰਸ਼ ਕਰਨ ਦੀ ਸਲਾਹ ਦਿੱਤੀ। ਮੀਟਿੰਗ ਦੀ ਪ੍ਰਧਾਨਗੀ ਹਰਤਾਰ ਸ਼ਰਮਾ ਨੇ ਕੀਤੀ। ਸੂਬਾ ਆਗੂ ਸਰਬਜੀਤ ਸਿੰਘ ਭੁੱਲਰ ਮੀਟਿੰਗ ਵਿੱਚ ਹਾਜ਼ਰ ਹੋਏ। ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਆਊਟ ਸੋਰਸ ਠੇਕੇਦਾਰ ਵਿਚੋਲੀਏ ਬਾਹਰ ਕੱਢਣ ਦਾ ਫੈਸਲਾ ਮੁਲਾਜ਼ਮਾਂ ਨੂੰ ਕੁੱਝ ਰਾਹਤ ਜ਼ਰੂਰ ਦੇਵੇਗਾ, ਪਰ ਜ਼ਿੰਦਗੀ ਦੇ 15-16 ਸਾਲ ਟਰਾਂਸਪੋਰਟ ਵਿਭਾਗ ਨੂੰ ਦੇ ਚੁੱਕੇ ਮੁਲਾਜ਼ਮਾਂ ਨਾਲ ਅੱਜ ਵੀ ਇਨਸਾਫ਼ ਨਹੀਂ ਕੀਤਾ ਜਾ ਰਿਹਾ। ਸਭ ਤੋਂ ਖ਼ਤਰਨਾਕ ਡਿਊਟੀ ਕਰਨ ਵਾਲੇ ਭਾਵੇਂ ਕਰੋਨਾ, ਜੰਗ ਦਾ ਮਾਹੌਲ, ਹੜ੍ਹਾਂ ਵਿੱਚ, ਦੰਗਿਆਂ ਵਿੱਚ ਕੇਵਲ ਟਰਾਂਸਪੋਰਟ ਵਿਭਾਗ ਹੀ ਲੋਕਾਂ ਅਤੇ ਫੋਰਸ ਨੂੰ ਮੰਜ਼ਿਲ ਤੱਕ ਪੁਚਾਉਂਦੇ ਹਨ। ਉਨ੍ਹਾਂ ਨੂੰ ਖਤਰਨਾਕ ਕੈਟਾਗਿਰੀ ਵਿੱਚੋਂ ਬਾਹਰ ਕੱਢ ਕੇ 3 ਸਾਲ ਦੀ ਬਜਾਏ 5 ਸਾਲ ਠੇਕੇਦਾਰ ਕੋਲ ਰੱਖਣਾ ਗਲਤ ਹੈ। ਉਹ ਵਾਰ-ਵਾਰ ਠੇਕੇਦਾਰ ਵਲੋਂ ਕੀਤੀ ਜਾਂ ਰਹੀ ਲੁੱਟ ਬਾਰੇ ਸ਼ਿਕਾਇਤਾਂ ਕਰ ਚੁੱਕੇ ਹਨ, ਪਰ ਉਨ੍ਹਾਂ ਵੱਲ ਬਿਲਕੁਲ ਧਿਆਨ ਨਹੀਂ ਦਿੱਤਾ ਜਾ ਰਿਹਾ। ਠੇਕੇਦਾਰ ਨੂੰ ਕਰੋੜਾਂ ਰੁਪਏ ਲੁੱਟ ਕਰਾ ਕੇ ਵਿਭਾਗ ਭਜਾ ਦਿੰਦਾ ਹੈ, ਇਸ ਲਈ ਪੰਜਾਬ ਸਰਕਾਰ ਦਾ ਠੇਕੇਦਾਰ ਨੂੰ ਬਾਂਹਰ ਕੱਢਣ ਦਾ ਫੈਸਲਾ ਜਿੰਨਾ ਚਿਰ ਠੇਕੇਦਾਰ ਵਿਚੋਲੀਏ ਉਪਰ ਕਾਰਵਾਈ ਨਹੀਂ ਹੁੰਦੀ ਤੇ ਇਹ ਫੈਸਲਾ ਲਾਗੂ ਨਹੀਂ ਹੁੰਦਾ, ਇਸ ਨੂੰ ਟਰਾਂਸਪੋਰਟ ਵਿਭਾਗ ਦੇ ਮੁਲਾਜ਼ਮਾਂ ਵਲੋਂ ਇੱਕ ਜ਼ੁਲਮਾਂ ਹੀ ਸਮਝਿਆ ਜਾਵੇਗਾ। ਦੂਜੇ ਪਾਸੇ ਕੰਟਰੈਕਟ ਮੁਲਾਜ਼ਮਾਂ ਨੂੰ 10-11 ਸਾਲ ਹੋ ਚੁੱਕੇ ਹਨ ਪੱਕਾ ਨਹੀਂ ਕੀਤਾ ਗਿਆ। ਉਨ੍ਹਾਂ ਨੂੰ ਵਿਭਾਗ ਵਿੱਚ ਸਰਵਿਸਜ਼ ਰੂਲਾ ਤਹਿਤ ਪੱਕੇ ਕਰਨ ਦੀ ਬਜਾਏ ਫੇਰ ਤੋਂ ਨਵੇਂ ਜੰਜਾਲ ਸਪੈਸ਼ਲ ਕਾਂਡਰ ਵਿੱਚ ਧੱਕਿਆ ਜਾ ਰਿਹਾ ਹੈ, ਜਿਸ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤੀ ਜਾਵੇਗਾ। ਸਰਕਾਰ ਟਰਾਂਸਪੋਰਟ ਵਿਭਾਗ ਨੂੰ ਚਲਾਉਣ ਵਿੱਚ ਫੇਲ੍ਹ ਹੋ ਚੁੱਕੀ ਹੈ, ਇਸ ਲਈ ਇਸ ਵਿਭਾਗ ਨੂੰ ਨਿੱਜੀ ਘਰਾਣਿਆਂ ਦੇ ਹੱਥਾਂ ਵਿੱਚ ਦੇਣ ਲਈ ਕਿਲੋਮੀਟਰ ਸਕੀਮ ਬੱਸਾਂ ਤਹਿਤ ਨਿੱਜੀਕਰਨ ਕਰਨ ਵੱਲ ਰੁਚਿਤ ਹੈ। ਆਗੂਆਂ ਨੇ ਕਿਹਾ ਕਿ ਵੋਟਾਂ ਤੋਂ ਪਹਿਲਾਂ ਸਰਕਾਰ ਵੱਲੋਂ ਕੀਤੇ ਵਾਅਦਿਆਂ ਨੂੰ ਪੂਰਾ ਨਹੀਂ ਕੀਤਾ ਜਾ ਰਿਹਾ। ਕੰਟਰੈਕਟ ਵਾਲੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਵਿੱਚ ਕੋਈ ਕਾਨੂੰਨੀ ਜਾਂ ਵਿੱਤੀ ਅੜਚਨ ਨਹੀਂ ਹੈ। ਇਨ੍ਹਾਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਨਾਲ ਉਲਟਾ ਖ਼ਜ਼ਾਨੇ ਨੂੰ ਮੁਨਾਫਾ ਹੋਵੇਗਾ, ਕਿਉਂਕਿ ਇਹ ਮੁਲਾਜ਼ਮ ਸਫ਼ਰ ਕਰਾਉਣ ਲਈ ਰੋਜ਼ਾਨਾ ਕਰੋੜਾਂ ਰੁਪਏ ਪੰਜਾਬ ਦੇ ਲੋਕਾਂ ਕੋਲੋਂ ਕਮਾਈ ਕਰਕੇ ਵਿਭਾਗ ਦਾ ਖਜ਼ਾਨਾ ਭਰਦੇ ਹਨ, ਪਰ ਸਰਕਾਰ ਜਾਣਬੁੱਝ ਕੇ ਪੱਕੇ ਨਹੀਂ ਕਰ ਰਹੀ ਜਾਂ ਫੇਰ ਟਰਾਂਸਪੋਰਟ ਮਾਫੀਏ ਦੇ ਦਬਾਅ ਕਾਰਨ ਇਹ ਹੱਲ ਨਹੀਂ ਕਰ ਰਹੀ ਸਰਕਾਰ ਵਲੋਂ ਸੁਪਰੀਮ ਕੋਰਟ ਅਤੇ ਹੁਣ ਹਾਈਕੋਰਟ ਦੇ ਆਏ ਫੈਸਲੇ ਅਨੁਸਾਰ ਮੁਲਾਜ਼ਮਾਂ ਨੂੰ ਬਰਾਬਰ ਕੰਮ ਬਰਾਬਰ ਤਨਖਾਹ ਨਹੀਂ ਦਿੱਤੀ ਜਾ ਰਹੀ ਮੁਲਾਜ਼ਮਾਂ ਦਾ ਘੱਟ ਤਨਖਾਹਾਂ ਤੇ ਲਗਾਤਾਰ ਸ਼ੋਸ਼ਣ ਕੀਤਾ ਜਾ ਰਿਹਾ ਹੈ। ਸਰਕਾਰ ਨੇ ਚਾਰ ਸਾਲਾਂ ਵਿੱਚ ਇੱਕ ਵੀ ਸਰਕਾਰੀ ਬੱਸਾਂ ਨਹੀਂ ਪਾਈ ਵਿਭਾਗ ਵਿੱਚ ਨਵੀਂਆਂ ਸਰਕਾਰੀ ਬੱਸਾਂ ਪਾਉਣ ਦੀ ਬਜਾਏ ਕਿਲੋਮੀਟਰ ਸਕੀਮ ਬੱਸਾਂ ਪਾਈਆਂ ਜਾ ਰਹੀਆਂ ਹਨ। ਇਨ੍ਹਾਂ ਪ੍ਰਾਈਵੇਟ ਬੱਸਾਂ ਦਾ ਵਿਰੋਧ ਕਰਦੇ ਮੁਲਾਜ਼ਮਾਂ ਨੂੰ ਪਿਛਲੇ 6 ਮਹੀਨਿਆਂ ਤੋਂ ਸੰਗਰੂਰ ਜੇਲ੍ਹ ਵਿੱਚ ਬੰਦ ਕੀਤਾ ਗਿਆ ਹੈ।

## ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਵਿਖੇ ਆਈ ਕਿਊ ਏ ਸੀ ਦੀ ਮੀਟਿੰਗ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਵਿਖੇ ਅੰਦਰੂਨੀ ਗੁਣਵੱਤਾ ਭਰੋਸਾ ਸੈੱਲ ਦੀ ਪਹਿਲੀ ਅਹਿਮ ਮੀਟਿੰਗ ਮਾਣਯੋਗ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਦੀ ਪ੍ਰਧਾਨਗੀ ਹੇਠ ਆਫ਼ਲਾਈਨ ਤੇ ਆਨਲਾਈਨ ਦੋਹਾਂ ਮਾਧਿਅਮਾਂ ਰਾਹੀਂ ਸਫਲਤਾਪੂਰਵਕ ਆਯੋਜਤ ਕੀਤੀ ਗਈ।ਮੀਟਿੰਗ ਦਾ ਸੰਚਾਲਨ ਆਈ.ਕਿਊ.ਏ.ਸੀ. ਦੀ ਟੀਮ ਵੱਲੋਂ ਵਾਈਸ ਚਾਂਸਲਰ ਦੀ ਸਿੱਧੀ ਨਿਗਰਾਨੀ ਹੇਠ ਕੀਤਾ ਗਿਆ।ਮੀਟਿੰਗ ਦੀ ਸ਼ੁਰੂਆਤ ਕਰਦਿਆਂ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਸਵਾਗਤੀ ਭਾਸ਼ਣ ਦਿੱਤਾ।ਉਨ੍ਹਾਂ ਯੂਨੀਵਰਸਿਟੀ ਵਿੱਚ ਗੁਣਵੱਤਾ ਮਾਪਦੰਡਾਂ ਨੂੰ ਹੋਰ ਮਜ਼ਬੂਤ ਕਰਨ, ਅਕਾਦਮਿਕ ਉੱਤਮਤਾ, ਖੋਜ ਕਾਰਜਾਂ ਤੇ ਸੁਚਾਰੂ ਪ੍ਰਸ਼ਾਸਨ ਨੂੰ ਉਤਸ਼ਾਹਿਤ ਕਰਨ ਲਈ ਆਈ.ਕਿਊ.ਏ.ਸੀ. ਦੀ ਅਹਿਮ ਭੂਮਿਕਾ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ।ਡਾ. ਓ.ਪੀ. ਕਾਲੜਾ ਨੇ ਵਰਲਡ ਯੂਨੀਵਰਸਿਟੀ ਸਸਟੇਨੇਬਿਲਿਟੀ ਇੰਪੈਕਟ ਰੈਂਕਿੰਗ ਤੇ ਟਿਕਾਊ ਵਿਕਾਸ ਟੀਚਿਆਂ ਨਾਲ ਜੁੜੇ ਵਾਤਾਵਰਣਕ, ਸਮਾਜਿਕ ਅਤੇ ਪ੍ਰਸ਼ਾਸਕੀ ਸਿਧਾਂਤਾਂ ਬਾਰੇ ਪੇਸ਼ਕਾਰੀ ਦਿੱਤੀ।ਡਾ. ਅਤੁਲ ਮੋਹਨ ਕੋਚਰ ਨੇ 'ਨੈਸ਼ਨਲ ਐਕਰੀਡਿਟੇਸ਼ਨ ਬੋਰਡ ਫ਼ਾਰ ਹਸਪਤਾਲਜ਼ ਐਂਡ ਹੈਲਥਕੇਅਰ ਪ੍ਰੋਵਾਈਡਰਜ਼' ਬਾਰੇ ਜਾਣਕਾਰੀ ਸਾਂਝੀ ਕੀਤੀ।ਡਾ. ਪੰਕਜ ਜੌਹਰੀ ਨੇ 'ਨੈਸ਼ਨਲ ਐਕਰੀਡਿਟੇਸ਼ਨ ਬੋਰਡ ਫ਼ਾਰ ਟੈਸਟਿੰਗ ਐਂਡ ਕੈਲੀਬ੍ਰੇਸ਼ਨ ਲੈਬੋਰਟਰੀਜ਼' ਸਬੰਧੀ ਜਾਣੂ ਕਰਾਇਆ।ਬੁਲਾਰਿਆਂ ਨੇ ਜ਼ੋਰ ਦੇ ਕੇ ਕਿਹਾ ਕਿ ਉੱਚ ਸਿੱਖਿਆ ਅਤੇ ਸਿਹਤ ਸੰਸਥਾਵਾਂ ਵਿੱਚ ਮਾਨਤਾ ਬਹੁਤ ਜ਼ਰੂਰੀ ਹੈ, ਇਸ ਲਈ ਹਰ ਮੈਡੀਕਲ ਕਾਲਜ ਅਤੇ ਪ੍ਰਯੋਗਸ਼ਾਲਾ ਨੂੰ ਮਾਨਤਾ ਪ੍ਰਾਪਤ ਕਰਨ ਲਈ ਹੰਭਲਾ ਮਾਰਨਾ ਚਾਹੀਦਾ ਹੈ।ਮੀਟਿੰਗ ਵਿੱਚ ਵਿਅਕਤੀਗਤ ਤੌਰ 'ਤੇ ਸ਼ਾਮਲ ਹੋਏ ਡਾ. ਏ.ਕੇ. ਮਦਾਨ (ਸਾਬਕਾ ਡੀਨ, ਐਮ.ਡੀ.ਯੂ.), ਡਾ. ਆਰ.ਐਸ. ਜੌਲੀ (ਸਾਬਕਾ ਡਾਇਰੈਕਟਰ, ਆਈ.ਐਮ.ਟੈਕ.) ਤੇ ਪ੍ਰੋ. ਵਿਨੇ ਕਪੂਰ ਮਹਿਰਾ (ਸਾਬਕਾ ਵਾਈਸ ਚਾਂਸਲਰ, ਅੰਬੇਡਕਰ ਲਾਅ ਯੂਨੀਵਰਸਿਟੀ) ਨੇ ਖੋਜ ਸੰਸਕ੍ਰਿਤੀ ਨੂੰ ਹੋਰ ਮਜ਼ਬੂਤ ਕਰਨ, ਅਧਿਆਪਕਾਂ-ਵਿਦਿਆਰਥੀਆਂ ਨੂੰ ਖੋਜ ਕਾਰਜਾਂ ਲਈ ਉਤਸ਼ਾਹਤ ਕਰਨ ਤੇ ਡਾਟਾ ਦੀ ਘੜਤ (ਨੂੰ ਰੋਕਣ ਲਈ ਸਖ਼ਤ ਨਿਯਮ ਲਾਗੂ ਕਰਨ ਦੀ ਵਕਾਲਤ ਕੀਤੀ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬੁਰਜ ਸਾਹਿਬ ਧਾਰੀਵਾਲ ਦੀ ਇਕੱਤਰਤਾ

■ ਜਥੇਬੰਦੀ ਦੇ ਭਵਿੱਖ ਦੇ ਸੰਘਰਸ਼ਾਂ ਤੇ ਵੱਖ-ਵੱਖ ਭਖਵੇਂ ਮੁੱਦਿਆਂ 'ਤੇ ਕੀਤੀ ਵਿਚਾਰ-ਚਰਚਾ



**ਧਾਰੀਵਾਲ, (ਮਨਦੀਪ ਵਿੱਕੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜੋਨ ਬੁਰਜ ਸਾਹਿਬ ਧਾਰੀਵਾਲ ਦੀ ਮੀਟਿੰਗ ਜ਼ੋਨ ਪ੍ਰਧਾਨ ਹਰਚਰਨ ਸਿੰਘ ਧਾਰੀਵਾਲ ਕਲਾਂ ਅਤੇ ਸਕੱਤਰ ਸਤਨਾਮ ਸਿੰਘ ਖਾਨਮਲਕ ਦੀ ਅਗਵਾਈ ਹੇਠ ਇਤਿਹਾਸਕ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਵਿਖੇ ਹੋਈ। ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਜਥੇਬੰਦੀ ਦੇ ਆਉਣ ਵਾਲੇ ਸੰਘਰਸ਼ਾਂ ਅਤੇ ਵੱਖ ਵੱਖ ਮੁੱਦਿਆਂ 'ਤੇ ਚਰਚਾ ਕੀਤੀ ਗਈ। ਜ਼ੋਨ ਆਗੂਆਂ ਨੇ ਸਾਰੀ ਕੋਰ ਕਮੇਟੀ ਨੂੰ ਹਦਾਇਤ ਕਰਦਿਆਂ ਵਾਰਨਿੰਗ ਦਿੱਤੀ ਕਿ 4/5 ਮੀਟਿੰਗਾਂ ਵਿੱਚ ਗੈਰਹਾਜ਼ਰ ਰਹਿਣ ਵਾਲੇ ਮੈਂਬਰ ਸਬੰਧੀ ਜਥੇਬੰਦੀ ਦੀ ਪੜਤਾਲੀਆ ਕਮੇਟੀ ਫੈਸਲਾ ਲਵੇਗੀ। ਆਗੂਆਂ ਨੇ ਵੱਧ ਰਹੀ ਮਹਿੰਗਾਈ ਅਤੇ ਡਿੱਗ ਰਿਹਾ ਰੁਪਈਆ ਦੇਸ਼ ਨੂੰ ਕਾਰਪੋਰੇਟ ਦੇ ਗੁਲਾਮ ਕਰਨ ਵੱਲ ਵੱਧ ਰਹੀਆਂ ਸਰਕਾਰਾਂ ਦੀਆਂ ਨੀਤੀਆਂ ਦੱਸਿਆ। ਉਨ੍ਹਾਂ ਕਿਹਾ ਡੀਜ਼ਲ, ਪੈਟਰੋਲ, ਗੈਸ, ਖਾਂਦਾ, ਦਵਾਈਆਂ ਦੀਆਂ ਵੱਧ ਰਹੀਆਂ ਕੀਮਤਾਂ ਨਾਲ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ 'ਤੇ ਭਾਰੀ ਆਰਥਿਕ ਬੋਝ ਪੈ ਰਿਹਾ, ਜਿਸ ਕਾਰਨ ਉਨ੍ਹਾਂ ਨੂੰ ਆਪਣੇ ਪਰਿਵਾਰਾਂ ਦੇ ਗੁਜ਼ਾਰੇ ਕਰਨ ਔਖੇ ਹੋ ਗਏ ਹਨ। ਕਿਸਾਨ ਆਗੂਆਂ ਨੇ ਦੱਸਿਆ ਕਿ ਮੰਡੀਆਂ ਵਿੱਚ ਰੁਲੀ ਕਣਕ ਅਤੇ ਹੜ੍ਹਾਂ ਦਾ ਮੁਆਵਜ਼ਾ ਨਾ ਮਿਲਣਾ, ਖੇਤਾਂ ਨੂੰ ਝੋਨੇ ਲਈ ਨਹਿਰੀ ਪਾਣੀ ਕਾਗਜ਼ਾਂ ਵਿੱਚ ਹੀ ਸੀਮਤ ਰਹਿਣਾ, ਬਣੇ ਖਾਲਿਆਂ ਨੂੰ ਢਵਾਉਣਾ, ਖੇਤਾਂ ਵਿੱਚ ਰਹਿੰਦੇ ਲੋਕਾਂ ਦੇ ਘਰਾਂ ਨੂੰ ਜਾਂਦੇ ਰਸਤੇ ਅਜੇ ਤੱਕ ਕੱਚੇ ਹੋਣ ਕਾਰਨ ਬਰਸਾਤਾਂ ਦੇ ਦਿਨਾਂ ਵਿੱਚ ਆਉਣ ਜਾਣ ਸਮੇਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਆਦਿ ਮੰਗਾਂ ਮਸਲਿਆਂ ਸਬੰਧੀ ਹਰੇਕ ਮਹਿਕਮੇ ਨੂੰ ਮੰਗ ਪੱਤਰ ਦਿੱਤਾ ਪਰ ਅਜੇ ਤੱਕ ਕੋਈ ਹੱਲ ਨਹੀਂ ਹੋਇਆ। ਇਸ ਸਬੰਧੀ ਜਲਦ ਹੀ ਸੂਬਾ ਆਗੂਆਂ ਨਾਲ ਮੀਟਿੰਗ ਕਰਕੇ ਆਉਣ ਵਾਲੇ ਦਿਨਾਂ ਵਿੱਚ ਵੱਡੇ ਸੰਘਰਸ਼ਾਂ ਦੇ ਐਲਾਨ ਕੀਤੇ ਜਾਣਗੇ। ਮੀਟਿੰਗ ਵਿੱਚ ਜ਼ੋਨ ਪ੍ਰਧਾਨ ਹਰਚਰਨ ਸਿੰਘ, ਸਕੱਤਰ ਸਤਨਾਮ ਸਿੰਘ ਖਾਨਮਲਕ ਤੋਂ ਇਲਾਵਾ ਖਜਾਨਚੀ ਪ੍ਰਗਟ ਸਿੰਘ, ਸੀਨੀਅਰ ਮੀਤ ਪ੍ਰਧਾਨ ਗੁਰਦੇਵ ਸਿੰਘ, ਜੱਥੇਬੰਦਕ ਸਕੱਤਰ ਪਿੰਕੀ, ਵਿਜੇ ਕੁਮਾਰ, ਪ੍ਰਚਾਰ ਸਕੱਤਰ ਪਲਵਿੰਦਰ ਸਿੰਘ, ਸਲਾਹਕਾਰ ਸਰਬਜੀਤ ਕੌਰ, ਲੰਗਰ ਇੰਚਾਰਜ ਹੇਮ ਸਿੰਘ, ਵਲੰਟੀਅਰ ਰਵੇਲ ਸਿੰਘ, ਮੈਂਬਰ ਬਲਵਿੰਦਰ ਕੌਰ, ਅਜੀਤ ਸਿੰਘ ਜਸਪਾਲ ਸਿੰਘ ਆਦਿ ਹਾਜਰ ਸਨ।

# ਸੇਵਾ ਕੇਂਦਰ ਮੁਲਾਜ਼ਮਾਂ ਵੱਲੋਂ ਆਰ-ਪਾਰ ਦੇ ਸੰਘਰਸ਼ ਦਾ ਅਹਿਦ

■ 6 ਨੂੰ ਸੁਨਾਮ ਵਿਖੇ ਸੂਬਾ ਪੱਧਰੀ ਮਹਾਂ-ਰੈਲੀ ਕਰਨ ਦਾ ਐਲਾਨ



**ਚੋਹਲਾ ਸਾਹਿਬ (ਰਮਨ ਚੱਢਾ)**-ਸੇਵਾ ਕੇਂਦਰ ਮੁਲਾਜ਼ਮ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਵੱਲੋਂ ਗੁਰਦੁਆਰਾ ਅੰਬ ਸਾਹਿਬ ਵਿਖੇ ਪੂਰੇ ਪੰਜਾਬ ਦੇ ਅਹੁਦੇਦਾਰਾਂ ਦੀ ਇੱਕ ਅਹਿਮ ਸੂਬਾ ਪੱਧਰੀ ਮੀਟਿੰਗ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸੂਬਾ ਉਪ ਪ੍ਰਧਾਨ ਗੁਰਸੇਵਕ ਸਿੰਘ ਲਾਲੂ ਘੁੰਮਣ ਅਤੇ ਤਰਨ ਤਾਰਨ ਇਕਾਈ ਤੋਂ ਸਰਪ੍ਰਸਤ ਕਰਨਬੀਰ ਸਿੰਘ ਪਹੂ ਵਿੰਡ ਅਤੇ ਸੱਕਤਰ ਵਰਿੰਦਰ ਕੁਮਾਰ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਸਾਲ 2016 ਵਿੱਚ ਪਿਛਲੀ ਸਰਕਾਰ ਵੱਲੋਂ ਸੇਵਾ ਕੇਂਦਰਾਂ ਨੂੰ ਇੱਕ 'ਡਰੀਮ ਪ੍ਰੋਜੈਕਟ' ਵਜੋਂ ਸ਼ੁਰੂ ਕੀਤਾ ਗਿਆ ਸੀ।ਹਾਲਾਂਕਿ ਪਿਛਲੀ ਕਾਂਗਰਸ ਸਰਕਾਰ ਵੱਲੋਂ ਕਈ ਸੇਵਾ ਕੇਂਦਰ ਬੰਦ ਕਰ ਦਿੱਤੇ ਗਏ ਸਨ, ਪਰ ਮੌਜੂਦਾ ਸਮੇਂ ਚੱਲ ਰਹੇ ਕੇਂਦਰਾਂ ਵਿੱਚ ਤਕਰੀਬਨ 1850 ਕਰਮਚਾਰੀ ਪਿਛਲੇ 10 ਸਾਲਾਂ ਤੋਂ ਲਗਾਤਾਰ, ਪੂਰੀ ਇਮਾਨਦਾਰੀ ਅਤੇ ਲਗਨ ਨਾਲ ਜਨਤਾ ਨੂੰ ਸੇਵਾਵਾਂ ਦੇ ਰਹੇ ਹਨ।ਸੂਬਾ ਪ੍ਰਧਾਨ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਇਨ੍ਹਾਂ ਮੁਲਾਜ਼ਮਾਂ ਨੂੰ ਆਊਟਸੋਰਸ ਰਾਹੀਂ ਰੱਖਿਆ ਗਿਆ ਹੈ ਅਤੇ ਨਿੱਜੀ ਠੇਕੇਦਾਰ ਇਨ੍ਹਾਂ ਕਰਮਚਾਰੀਆਂ ਨਾਲ ਸਿੱਧੀ ਧੱਕੇਸ਼ਾਹੀ ਕਰ ਰਹੇ ਹਨ।ਮੁਲਾਜ਼ਮਾਂ ਨੂੰ ਪੂਰਾ ਡੀ. ਸੀ. ਰੇਟ ਵੀ ਨਹੀਂ ਦਿੱਤਾ ਜਾ ਰਿਹਾ ਅਤੇ ਉਨ੍ਹਾਂ ਦੀ ਤਨਖਾਹ ਵਿੱਚੋਂ ਕੱਟੇ ਜਾ ਰਹੇ ਈ. ਐੱਸ. ਆਈ. ਦਾ ਵੀ ਕੋਈ ਲਾਭ ਨਹੀਂ ਮਿਲ ਰਿਹਾ।ਮਹਿਜ਼ 10 ਤੋਂ 12 ਹਜ਼ਾਰ ਰੁਪਏ ਮਹੀਨੇ ਦੀ ਨਾਮਾਤਰ ਤਨਖਾਹ ਨਾਲ ਇਸ ਮਹਿੰਗਾਈ ਦੇ ਦੌਰ ਵਿੱਚ ਪਰਿਵਾਰਾਂ ਦਾ ਗੁਜ਼ਾਰਾ ਕਰਨਾ ਬਿਲਕੁਲ ਅਸੰਭਵ ਹੋ ਚੁੱਕਾ ਹੈ। ਇਸੇ ਸ਼ੋਸ਼ਣ ਖ਼ਿਲਾਫ਼ ਮੁਲਾਜ਼ਮ 26 ਮਈ ਤੋਂ ਪੂਰੇ ਪੰਜਾਬ ਵਿੱਚ ਕਲਮ ਛੋੜ ਹੜਤਾਲ 'ਤੇ ਹਨ।ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਪੰਜਾਬ ਏਟਕ ਦੇ ਪ੍ਰਧਾਨ ਕਾਮਰੇਡ ਬੰਤ ਸਿੰਘ ਬਰਾੜ, ਸੂਬਾ ਮੀਤ ਪ੍ਰਧਾਨ ਵਿਨੋਦ ਚੁੱਘ ਅਤੇ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਜਸਪਾਲ ਸਿੰਘ ਦੱਪਰ ਨੇ ਸਰਕਾਰ ਦੇ ਇਸ ਵਤੀਰੇ ਦੀ ਤਿੱਖੀ ਨਿਖੇਧੀ ਕੀਤੀ।ਜਥੇਬੰਦੀ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਸੇਵਾ ਕੇਂਦਰਾਂ ਵਿੱਚ ਨਵੀਂ ਭਰਤੀ ਕਰਨ 'ਤੇ ਤੁਰੰਤ ਰੋਕ ਲਗਾਈ ਜਾਵੇ ਅਤੇ ਠੇਕੇਦਾਰੀ ਸਿਸਟਮ ਖ਼ਤਮ ਕਰਕੇ ਮੁਲਾਜ਼ਮਾਂ ਨੂੰ ਸਿੱਧਾ ਸਰਕਾਰ ਦੇ ਰੋਲ ਤੇ ਲਿਆਂਦਾ ਜਾਵੇ।ਇਸ ਦੇ ਨਾਲ ਹੀ ਬਰਖਾਸਤਗੀ ਦੇ ਹੁਕਮ ਤੁਰੰਤ ਰੱਦ ਕੀਤੇ ਜਾਣ, ਪੁਰਾਣੇ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇ ਅਤੇ ਘੱਟੋ-ਘੱਟ ਤਨਖਾਹ 40,000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ।ਸੰਘਰਸ਼ ਦਾ ਐਲਾਨ ਕਰਦਿਆਂ ਦੱਸਿਆ ਕਿ 3 ਜੂਨ ਨੂੰ ਪੰਜਾਬ ਭਰ ਵਿੱਚ ਜਿੱਥੇ ਵੀ ਸਰਕਾਰੀ ਰੁਜ਼ਗਾਰ ਮੇਲੇ ਲਗਾਏ ਜਾਣਗੇ, ਮੁਲਾਜ਼ਮ ਉਨ੍ਹਾਂ ਦੇ ਬਾਹਰ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕਰਨਗੇ ਅਤੇ ਮੰਗ ਕਰਨਗੇ ਕਿ ਸੇਵਾ ਕੇਂਦਰਾਂ ਵਿੱਚ ਕੋਈ ਵੀ ਨਵੀਂ ਭਰਤੀ ਨਾ ਕੀਤੀ ਜਾਵੇ, ਬਲਕਿ ਪਹਿਲਾਂ ਤੋਂ ਕੰਮ ਕਰ ਰਹੇ ਪੁਰਾਣੇ ਮੁਲਾਜ਼ਮਾਂ ਨੂੰ ਹੀ ਪੱਕਾ ਕੀਤਾ ਜਾਵੇ।ਜੇਕਰ 3 ਜੂਨ ਤੱਕ ਸਰਕਾਰ ਨੇ ਕੋਈ ਫੈਸਲਾ ਨਾ ਲਿਆ, ਤਾਂ 6 ਜੂਨ ਨੂੰ ਪੂਰੇ ਪੰਜਾਬ ਦੇ ਕਰਮਚਾਰੀ ਇਕੱਠੇ ਹੋ ਕੇ ਮਾਲ ਮੰਤਰੀ ਅਮਨ ਅਰੋੜਾ ਦੇ ਸ਼ਹਿਰ ਸੁਨਾਮ ਵਿਖੇ ਇੱਕ ਵਿਸ਼ਾਲ ਰੋਸ ਰੈਲੀ ਅਤੇ ਪ੍ਰਦਰਸ਼ਨ ਕਰਨਗੇ।ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਇਸ ਸੰਘਰਸ਼ ਦੌਰਾਨ ਹੋਣ ਵਾਲੇ ਹਰ ਤਰ੍ਹਾਂ ਦੇ ਨੁਕਸਾਨ ਦੀ ਪੂਰਨ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਅਮਰੀਕਾ ਸਮੇਤ ਸਾਮਰਾਜੀ ਮੁਲਕਾਂ ਨਾਲ ਵਪਾਰਕ ਸਮਝੌਤੇ ਰੱਦ ਕੀਤੇ ਜਾਣ: ਸੰਯੁਕਤ ਕਿਸਾਨ ਮੋਰਚਾ



ਪਠਾਨਕੋਟ (ਦਵਿੰਦਰ ਸਿੰਘ)-ਸੰਯੁਕਤ ਕਿਸਾਨ ਮੋਰਚਾ ਪਠਾਨਕੋਟ ਨੇ ਰੋਸ ਪ੍ਰਦਰਸ਼ਨ ਤੋਂ ਉਪਰੰਤ ਡੀ ਸੀ ਦਫਤਰ ਸਾਹਮਣੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ।ਆਗੂਆਂ ਨੇ ਡੀ ਸੀ ਪਠਾਨਕੋਟ ਰਾਹੀਂ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਦਿੱਤਾ ।ਇਸ ਦੀ ਅਗਵਾਈ ਦੁਆਬਾ ਕਿਸਾਨ ਸੰਘਰਸ਼ ਕਮੇਟੀ ਵੱਲੋਂ ਮਿਹਰ ਸਿੰਘ, ਓਂਕਾਰ ਸਿੰਘ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵੱਲੋਂ ਕੇਵਲ ਸਿੰਘ ਕੰਗ, ਬਲਵਿੰਦਰ ਸਿੰਘ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਪਰਸ਼ੋਤਮ ਕੁਮਾਰ, ਚਮਨ ਲਾਲ, ਜਮਹੂਰੀ ਕਿਸਾਨ ਸਭਾ ਵੱਲੋਂ ਬਲਵੰਤ ਸਿੰਘ ਘੋ, ਰਘਬੀਰ ਧਲੋਰੀਆ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਮੱਸਾ ਸਿੰਘ, ਇਕਬਾਲ ਸਿੰਘ, ਕਿਰਤੀ ਕਿਸਾਨ ਯੂਨੀਅਨ ਵੱਲੋਂ ਮੁਖਤਿਆਰ ਸਿੰਘ, ਵਿਜੈ ਕੁਮਾਰ ਨੇ ਕੀਤੀ। ਇਸ ਵੇਲੇ ਹੋਰਨਾਂ ਤੋਂ ਇਲਾਵਾ ਕੇਵਲ ਕਾਲੀਆ, ਬਲਵੰਤ ਸਿੰਘ, ਬਿਕਰਮ ਜੀਤ, ਸੁਰਿੰਦਰ ਸਹਿਗਲ, ਸੁਧਾ ਰਾਣੀ, ਦੇਵੀ ਸੈਣੀ, ਆਈ. ਐੱਸ. ਗੁਲਾਟੀ, ਮੰਗਲ ਸਿੰਘ, ਸੁਖਵਿੰਦਰ ਸਿੰਘ, ਸਾਗਰ ਸਿੰਘ, ਅਵਤਾਰ ਸਿੰਘ, ਸੁਰਮਖ ਸਿੰਘ, ਕੁਲਬੀਰ ਸਿੰਘ ਨੇ ਸੰਬੋਧਨ ਕੀਤਾ।ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਅੱਜ ਸਾਰੇ ਦੇਸ਼ ਵਿੱਚ ਮੰਗ ਪਤਰ ਦਿੱਤੇ ਗਏ ਹਨ।ਆਗੂਆਂ ਮੰਗ ਕੀਤੀ ਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਅਤੇ ਹਰਿਆਣਾ ਦੀ ਪੱਕੀ ਨੁਮਾਇੰਦਗੀ ਦਾ ਹੱਕ ਖੋਹਣ ਵਾਲਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ।ਖੇਤੀ ਲਾਗਤ ਤੇ ਮੁੱਲ ਕਮਿਸ਼ਨ ਨੂੰ ਦਰਜਾ ਦੇ ਕੇ ਸਾਰਿਆਂ ਫ਼ਸਲਾਂ ਤੇ ਐੱਮ ਐੱਸ ਪੀ ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ।ਕਾਰਪੋਰੇਟ ਘਰਾਣਿਆਂ ਦੀ ਤਰ੍ਹਾਂ ਮਜ਼ਦੂਰਾਂ ਤੇ ਕਿਸਾਨਾਂ ਦਾ ਕਰਜ਼ਾ ਮੁਆਫ ਕੀਤਾ ਜਾਵੇ।ਡੀਜ਼ਲ ਪੈਟਰੋਲ ਤੇ ਰਸੋਈ ਗੈਸ ਦੇ ਵਧਾਏ ਰੇਟ ਰੱਦ ਕੀਤੇ ਜਾਣ।ਮੁਕਤ ਵਪਾਰ ਸਮਝੌਤਾ ਵਿੱਚੋ ਖੇਤੀ ਅਤੇ ਸਹਾਇਕ ਧੰਦਿਆਂ ਨੂੰ ਬਾਹਰ ਰੱਖਿਆ ਜਾਵੇ।ਬਿਜਲੀ ਬਿੱਲ 2025, ਬੀਜ ਬਿੱਲ, ਮਨਰੇਗਾ ਦਾ ਨਾਂ ਬਦਲ ਕੇ ਲਿਆਂਦਾ ਗਿਆ ਕਾਨੂੰਨ ਤੇ ਕੋਡ ਬਿੱਲ ਵਾਪਸ ਲਏ ਜਾਣ।ਦਿੱਲੀ ਅੰਦੋਲਨ ਦੌਰਾਨ, ਉਸ ਤੋਂ ਪਹਿਲਾਂ ਅਤੇ ਉਸ ਤੋਂ ਬਾਅਦ ਕਿਸਾਨਾਂ ਉਤੇ ਦਰਜ ਸਾਰੇ ਕੇਸ ਵਾਪਸ ਲਏ ਜਾਣ।ਖੇਤੀ ਮੰਡੀਕਰਨ ਸਬੰਧੀ ਨਵੇਂ ਖਰੜੇ ਨੂੰ ਕੇਂਦਰ ਸਰਕਾਰ ਰੱਦ ਕਰੇ।ਹੜ੍ਹਾਂ ਦੀ ਰੋਕਥਾਮ ਲਈ ਅਗਾਊਂ ਪ੍ਰਬੰਧ ਕੀਤੇ ਜਾਣ।ਭਾਰਤ-ਪਾਕਿ ਸਰਹੱਦ ਤੇ ਲੱਗੀ ਤਾਰ ਨੂੰ ਸਰਹੱਦ ਨਜ਼ਦੀਕ ਲਗਾਇਆ ਜਾਵੇ ਅਤੇ ਤਾਰ ਤੋਂ ਪਾਰਲੇ ਖੇਤਾਂ ਦਾ 30 ਹਜ਼ਾਰ ਸਾਲਾਨਾ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ।

## ਜਨਗਣਨਾ 'ਚ ਲੱਗੀ ਡਿਊਟੀ ਨਾ ਕਰਨ ਵਾਲਿਆਂ ਵਿਰੁੱਧ ਵਿਭਾਗੀ ਕਵਾਇਦ ਸ਼ੁਰੂ

ਬਟਾਲਾ, (ਡਾ. ਮਲਵਿੰਦਰ ਸਿੰਘ)-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਨਗਣਨਾ ਵਿੱਚ ਲੱਗੀ ਡਿਊਟੀ ਨਾ ਜੁਆਇਨ ਕਰਨ ਵਾਲਿਆਂ ਵਿਰੁੱਧ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਗੁਰਦਾਸਪੁਰ ਆਦਿੱਤਿਆ ਉੱਪਲ ਵੱਲੋਂ ਐੱਸ ਐੱਸ ਪੀ ਗੁਰਦਾਸਪੁਰ ਤੇ ਬਟਾਲਾ ਨੂੰ ਜਨਗਣਨਾ ਵਿੱਚ ਡਿਊਟੀ ਲੱਗਣ ਦੇ ਬਾਵਜੂਦ ਡਿਊਟੀ ਨਾ ਕਰਨ ਵਾਲਿਆਂ ਵਿਰੁੱਧ ਐੱਫ ਆਈ ਆਰ ਦਰਜ ਕਰਨ ਅਤੇ ਵਿਭਾਗੀ ਕਾਰਵਾਈ ਕਰਨ ਦੀ ਪ੍ਰਕਿਰਿਆ ਆਰੰਭ ਦਿੱਤੀ ਗਈ ਹੈ।

ਉਨ੍ਹਾਂ ਸਪੱਸ਼ਟ ਕੀਤਾ ਕਿ ਜਨਗਣਨਾ ਵਿੱਚ ਲੱਗੀ ਡਿਊਟੀ ਤੋਂ ਆਨਾਕਾਨੀ ਕਰਨ ਵਾਲਿਆਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਡਿਊਟੀ ਵਿੱਚ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਕਰਨਬੀਰ ਸਿੰਘ ਬੁਰਜ ਵੱਲੋਂ ਸੇਵਾ ਕੇਂਦਰ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਮੰਗ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਨੇ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਨੂੰ ਠੇਕੇਦਾਰ ਪ੍ਰਣਾਲੀ ਤੋਂ ਮੁਕਤ ਕਰਕੇ ਪੱਕਾ ਕਰਨ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਸੇਵਾ ਕੇਂਦਰਾਂ ਦੇ ਕਰਮਚਾਰੀ ਲੰਬੇ ਸਮੇਂ ਤੋਂ ਲੋਕਾਂ ਨੂੰ ਸਰਕਾਰੀ ਸੇਵਾਵਾਂ ਮੁਹੱਈਆ ਕਰਵਾ ਰਹੇ ਹਨ ਤੇ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਤਨਦੇਹੀ ਨਾਲ ਨਿਭਾ ਰਹੇ ਹਨ।ਇਸ ਦੇ ਬਾਵਜੂਦ ਉਹ ਅਜੇ ਵੀ ਠੇਕੇਦਾਰ ਸਿਸਟਮ ਹੇਠ ਕੰਮ ਕਰਨ ਲਈ ਮਜਬੂਰ ਹਨ।ਇਸ ਕਾਰਨ ਉਨ੍ਹਾਂ ਨੂੰ ਨੌਕਰੀ ਦੀ ਅਸਥਿਰਤਾ ਸਮੇਤ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਕਰਨਬੀਰ ਸਿੰਘ ਬੁਰਜ ਨੇ ਕਿਹਾ ਕਿ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਵੱਲ ਧਿਆਨ ਦੇਣਾ ਚਾਹੀਦਾ ਹੈ ਤੇ ਉਨ੍ਹਾਂ ਨੂੰ ਪੱਕਾ ਕਰਕੇ ਰੁਜ਼ਗਾਰ ਸੁਰੱਖਿਆ ਦੇਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਨੂੰ ਪੱਕਾ ਕਰਨ ਨਾਲ ਉਨ੍ਹਾਂ ਦਾ ਮਨੋਬਲ ਵਧੇਗਾ ਤੇ ਲੋਕਾਂ ਨੂੰ ਮਿਲਣ ਵਾਲੀਆਂ ਸੇਵਾਵਾਂ ਦੀ ਗੁਣਵੱਤਾ 'ਚ ਵੀ ਸੁਧਾਰ ਆਵੇਗਾ।ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਮਸਲੇ ਦਾ ਜਲਦ ਹੱਲ ਕੱਢ ਕੇ ਮੁਲਾਜ਼ਮਾਂ ਨੂੰ ਰਾਹਤ ਦਿੱਤੀ ਜਾਵੇ।ਇਸ ਮੌਕੇ ਗੁਰਬਾਜ ਸਿੰਘ ਮਾਲੂਵਾਲ ਤੇ ਵਿਰਸਾ ਸਿੰਘ ਮਾਲੂਵਾਲ ਆਦਿ ਹਾਜ਼ਰ ਸਨ।

## ਚੇਅਰਮੈਨ ਸਰਹਾਲੀ ਵੱਲੋਂ ਵਰਕਰਾਂ ਨਾਲ ਪਿੰਡ-ਪਿੰਡ ਮੀਟਿੰਗਾਂ



ਚੋਹਲਾ ਸਾਹਿਬ (ਰਮਨ ਚੱਢਾ)-ਹਲਕਾ ਪੱਟੀ ਤੋਂ ਸੀਨੀਅਰ ਆਗੂ ਬੇਦਾਗ ਸਿਆਸਦਾਨ ਚੇਅਰਮੈਨ ਗੁਰਮਹਾਂਵੀਰ ਸਿੰਘ ਸਰਹਾਲੀ ਵੱਲੋਂ ਵਿਧਾਨ ਸਭਾ ਹਲਕਾ ਪੱਟੀ ਵਿੱਚ ਸਰਗਰਮੀਆਂ ਤੇਜ਼ ਕਰਦਿਆਂ ਪਿੰਡ-ਪਿੰਡ ਜਾ ਕੇ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸ ਲੜੀ ਦੇ ਤਹਿਤ ਵਿਧਾਨ ਸਭਾ ਹਲਕਾ ਪੱਟੀ ਦੇ ਪਿੰਡ ਅਧੀਨ ਆਉਂਦੇ ਪਿੰਡ ਰੱਤਾ ਗੁੱਦਾ ਵਿਖੇ ਨੱਛੱਤਰ ਸਿੰਘ ਦੇ ਗ੍ਰਹਿ ਵਿਖੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਸੰਬੰਧ ਵਿੱਚ ਵਿਚਾਰ ਵਟਾਂਦਰਾ ਕੀਤਾ ਗਿਆ।ਪੱਟੀ ਹਲਕੇ ਦੇ ਵਰਕਰਾਂ ਵੱਲੋਂ ਚੇਅਰਮੈਨ ਨੂੰ ਭਰੋਸਾ ਦਿੱਤਾ ਜਾ ਰਿਹਾ ਕਿ ਅਸੀਂ ਚੇਅਰਮੈਨ ਦੇ ਨਾਲ ਚੱਟਾਨ ਵਾਂਗ ਖੜੇ ਹਾਂ। ਇਸ ਮੌਕੇ ਨਛੱਤਰ ਸਿੰਘ, ਪੰਜਾਬ ਸਿੰਘ, ਲਖਵਿੰਦਰ ਸਿੰਘ, ਅਜੀਤ ਸਿੰਘ, ਬਲਵੰਤ ਸਿੰਘ, ਅਵਤਾਰ ਸਿੰਘ ਅਤੇ ਨਿਸ਼ਾਨ ਸਿੰਘ ਆਦਿ ਆਗੂ ਹਾਜ਼ਰ ਸਨ।

## ਮਾਂ ਚਿੰਤਪੁਰਨੀ ਸੇਵਕ ਸਭਾ ਵੱਲੋਂ ਕੀਰਤਨ 7 ਨੂੰ

ਛੇਹਰਟਾ, (ਮਨੋਜ ਕੁਮਾਰ) : ਮਾਂ ਚਿੰਤਪੁਰਨੀ ਸੇਵਕ ਸਭਾ ਵੱਲੋਂ ਹਰ ਮਹੀਨੇ ਕਰਵਾਇਆ ਜਾਣ ਵਾਲਾ ਕੀਰਤਨ ਇਸ ਵਾਰ 7 ਜੂਨ ਸ਼ਾਮ 6 ਵਜੇ ਤੋਂ 8 ਵਜੇ ਤਕ ਨਮਕ ਮੰਡੀ ਚਿੰਤਪੁਰਨੀ ਮੰਦਿਰ ਵਿਖੇ ਪ੍ਰਸਿੱਧ ਗਾਇਕ ਗਰੁੱਪ ਨਵਲ ਵਰਮਾ ਵੱਲੋਂ ਕਰਵਾਇਆ ਜਾਵੇਗਾ। ਪ੍ਰਸਿੱਧ ਭਜਨ ਗਾਇਕ ਨਵਲ ਵਰਮਾ ਨੇ ਦੱਸਿਆ ਕਿ ਹਲਕਾ ਉੱਤਰੀ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਇਸ ਮੌਕੇ ਮੌਜੂਦ ਰਹਿਣਗੇ। ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਆਰਤੀ ਰਾਤ 8 ਵਜੇ ਹੋਵੇਗੀ, ਜਿਸ ਤੋਂ ਬਾਅਦ ਕੰਜਕ ਪੂਜਨ ਤੇ ਪ੍ਰਸ਼ਾਦ ਵੰਡਿਆ ਜਾਵੇਗਾ।

## ਕਾਂਗਰਸ ਹਾਈਕਮਾਨ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨੇ :ਵਡਾਲਾ



ਬਿਆਸ (ਰੱਖੜਾ) ਐੱਸ ਸੀ ਸੈੱਲ ਆਲ ਇੰਡੀਆ ਕਾਂਗਰਸ ਦੇ ਨੈਸ਼ਨਲ ਸਕੱਤਰ ਬਲਕਾਰ ਸਿੰਘ ਵਡਾਲਾ ਨੇ ਰਾਹੁਲ ਗਾਂਧੀ ਨੂੰ ਅਪੀਲ ਕੀਤੀ ਹੈ ਕਿ ਜੇਕਰ 2027 ਦੀਆਂ ਚੋਣਾਂ ਵਿੱਚ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਉਣੀ ਹੈ ਤਾਂ ਕਾਂਗਰਸ ਪਾਰਟੀ ਵੱਲੋਂ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨ ਦੇਣਾ ਚਾਹੀਦਾ ਹੈ। ਉਨ੍ਹਾ ਪ੍ਰਧਾਨ ਮਲਿਕਾਰਜੁਨ ਖੜਗੇ, ਵੀਨੂੰ ਗੋਪਾਲ ਸਕੱਤਰ ਕੋਰ ਕਮੇਟੀ ਅਤੇ ਪ੍ਰਿਅੰਕਾ ਗਾਂਧੀ ਨੂੰ ਵੀ ਅਪੀਲ ਕੀਤੀ ਕਿ ਪੰਜਾਬ ਵਿਚ ਚੰਨੀ ਨੂੰ ਜਲਦੀ ਤੋਂ ਜਲਦੀ ਮੁੱਖ ਮੰਤਰੀ ਦਾ ਚਿਹਰਾ ਐਲਾਨਿਆ ਜਾਵੇ । ਉਹਨਾ ਕਿਹਾ ਕਿ ਚੰਨੀ ਨੇ ਅੱਜ ਸਮੁੱਚੇ ਪੰਜਾਬ ਵਿੱਚ ਕਾਂਗਰਸ ਦੀ ਸ਼ਾਨ ਬਣਾਈ ਰੱਖੀ ਹੈ। ਨਿਗਮ ਚੋਣਾਂ ਵਿੱਚ 15 ਵਿੱਚੋਂ 13 ਅਤੇ 13 ਵਿਚੋਂ 11 ਸੀਟਾਂ 'ਤੇ ਜਿੱਤ ਹਾਸਲ ਕੀਤੀ ਹੈ।

## ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਵੱਡੇ ਸੰਘਰਸ਼ ਦਾ ਐਲਾਨ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ ਸੂਬਾ ਬਾਡੀ ਵੱਲੋਂ ਸਰਕਾਰੀ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਪ੍ਰਤੀ ਗਹਿਰੀ ਨਾਰਾਜ਼ਗੀ ਪ੍ਰਗਟ ਕੀਤੀ ਗਈ। ਯੂਨੀਅਨ ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਬਕਾਇਆ ਡੀ. ਏ. ਦੀਆਂ ਕਿਸ਼ਤਾਂ ਜਾਰੀ ਕਰਨ ਅਤੇ ਹੋਰ ਮੁਲਾਜ਼ਮੀ ਮੰਗਾਂ ਸਬੰਧੀ ਸਰਕਾਰ ਵੱਲੋਂ ਕੋਈ ਢੁੱਕਵਾਂ ਕਦਮ ਨਹੀਂ ਚੁੱਕਿਆ ਗਿਆ। ਯੂਨੀਅਨ ਨੇ ਦੱਸਿਆ ਕਿ 8 ਅਪ੍ਰੈਲ ਨੂੰ ਅਪੀਲ ਜਾਰੀ ਕਰਨ ਅਤੇ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮੁਲਾਕਾਤ ਦੌਰਾਨ ਮੰਗਾਂ ਦੇ ਹੱਲ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅਜੇ ਤੱਕ ਕੋਈ ਪ੍ਰਗਤੀ ਨਹੀਂ ਹੋਈ।ਇਸ ਕਾਰਨ 2 ਜੂਨ ਨੂੰ ਜ਼ਿਲ੍ਹਾ ਤਰਨ ਤਾਰਨ ਦੇ ਸਮੂਹ ਵਿਭਾਗੀ ਅਤੇ ਰਿਟਾਇਰਡ ਮੁਲਾਜ਼ਮਾਂ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ, ਜਿਸ ਵਿੱਚ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕੀਤਾ ਗਿਆ।ਮੀਟਿੰਗ ਵਿੱਚ ਸੂਬਾ ਪ੍ਰਧਾਨ ਹਰਦੇਵ ਸਿੰਘ ਅਤੇ ਅੰਗਰੇਜ਼ ਸਿੰਘ ਰੰਧਾਵਾ ਨੇ ਐਲਾਨ ਕੀਤਾ ਕਿ 3 ਜੂਨ ਨੂੰ ਪੰਜਾਬ ਸਰਕਾਰ ਨਾਲ ਹੋਣ ਵਾਲੀ ਮੀਟਿੰਗ ਵਿੱਚ ਜੇਕਰ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਤਾਂ ਸੂਬਾ ਬਾਡੀ ਵੱਲੋਂ ਸੰਘਰਸ਼ ਦੀ ਅਗਲੀ ਰਣਨੀਤੀ ਦਾ ਐਲਾਨ ਕੀਤਾ ਜਾਵੇਗਾ ਅਤੇ ਜ਼ਿਲ੍ਹਾ ਤਰਨ ਤਾਰਨ ਇਸ ਸੰਘਰਸ਼ ਵਿੱਚ ਵੱਧ-ਚੜ੍ਹ ਕੇ ਭਾਗ ਲਵੇਗਾ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਆਗੂਆਂ ਅਤੇ ਕਰਮਚਾਰੀ ਯੂਨੀਅਨਾਂ ਦੇ ਨੁਮਾਇੰਦਿਆਂ ਨੇ ਹਾਜ਼ਰੀ ਭਰ ਕੇ ਮੁਲਾਜ਼ਮ ਏਕਤਾ ਅਤੇ ਮੰਗਾਂ ਦੀ ਪੂਰਤੀ ਲਈ ਸਾਂਝੇ ਸੰਘਰਸ਼ ਦਾ ਸਮਰਥਨ ਕੀਤਾ।

## ਮੋਦੀ ਦੇ ਨਿਆਂ ਵਿਜ਼ਨ ਨੂੰ ਹਰਿਆਣਾ 'ਚ ਸਾਕਾਰ ਕਰ ਰਹੀ ਹੈ ਸਰਕਾਰ : ਨਾਇਬ ਸਿੰਘ ਸੈਣੀ

ਚੰਡੀਗੜ੍ਹ (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਟੀਚਾ ਹੈ ਕਿ ਨਿਆਂ ਸਿਰਫ ਮਿਲੇ ਹੀ ਨਹੀਂ, ਸਗੋ ਸਮਾਂਬੱਧ, ਪਾਰਦਰਸ਼ੀ ਅਤੇ ਤਕਨੀਕ-ਸਮਰੱਥ ਵਿਵਸਥਾ ਰਾਹੀਂ ਹਰ ਨਾਗਰਿਕ ਤੱਕ ਪਹੁੰਚੇ। ਹਰਿਆਣਾ ਸਰਕਾਰ ਨਵੇਂ ਅਪਰਾਧਿਕ ਕਾਨੂੰਨਾਂ ਦੇ ਪ੍ਰਭਾਵੀ ਲਾਗੂਕਰਨ ਵੱਲੋਂ ਇਸ ਵਿਜ਼ਨ ਨੂੰ ਜ਼ਮੀਨੀ ਪੱਧਰ 'ਤੇ ਉਤਾਰਦਿਆਂ ਨਿਆਂ ਪ੍ਰਣਾਲੀ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਕੁਸ਼ਲਤਾ ਨੂੰ ਨਵੀਂ ਮਜ਼ਬੂਤੀ ਪ੍ਰਦਾਨ ਕਰ ਰਹੀ ਹੈ।ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੋਮਵਾਰ ਨੂੰ ਭਾਰਤੀ ਨਿਆਂ ਸੰਹਿਤਾ ਸਮੇਤ ਤਿੰਨਾਂ ਨਵੇਂ ਅਪਰਾਧਿਕ ਕਾਨੂੰਨਾਂ ਨੂੰ ਲਾਗੂ ਕਰਨ ਦੀ ਪ੍ਰਗਤੀ ਦੀ ਸਮੀਖਿਆ ਲਈ ਆਯੋਜਿਤ ਮੀਟਿੰਗ ਦੀ ਅਗਵਾਈ ਕੀਤੀ। ਇਸ ਦੌਰਾਨ ਉਨ੍ਹਾਂ ਨੇ ਵਿਸ਼ੇਸ਼ ਦਿਸ਼ਾ-ਨਿਰਦੇਸ਼ ਵੀ ਦਿੱਤੇ।

## ਪੰਜਗਰਾਈਆਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ



ਸ੍ਰੀ ਹਰਗੋਬਿੰਦਪੁਰ ਸਾਹਿਬ/ਬਟਾਲਾ, (ਡਾ. ਮਲਵਿੰਦਰ ਸਿੰਘ)-ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵਲੋਂ ਪਿੰਡ ਸ਼ਾਹਪੁਰ ਅਰਾਇਆਂ ਵਿਖੇ ਨਵੀਂ ਬਣਾਈ ਜਾ ਰਹੀ ਸੜਕ ਦੇ ਚੱਲਦੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਸਬੰਧਿਤ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ।ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਇਤਿਹਾਸਕ ਅਤੇ ਧਾਰਮਿਕ ਹਲਕੇ ਸ਼੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ।ਪਿੰਡਾਂ ਵਿੱਚ ਲੋਕਾਂ ਦੀ ਸਹੂਲਤ ਲਈ ਗੰਦੇ ਪਾਣੀ ਦੀ ਨਿਕਾਸੀ, ਗਲੀਆਂ ਤੇ ਪਾਰਕਾਂ ਸਮੇਤ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ।ਨੌਜਵਾਨਾਂ ਨੂੰ ਸਪਰੋਟਸ ਕਿੱਟਾਂ ਵੰਡੀਆਂ ਗਈਆਂ ਹਨ ਤਾਂ ਜੋ ਨੌਜਵਾਨ ਵੱਧ ਤੋਂ ਵੱਧ ਖੇਡਾਂ ਨਾਲ ਜੁੜ ਸਕਣ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲੋਕਾਂ ਨੂੰ 600 ਯੂਨਿਟ ਬਿਜਲੀ ਮੁਫ਼ਤ, ਮੁਹੱਲਾ ਕਲੀਨਿਕ, ਸਕੂਲ ਆਫ ਐਮੀਨੈਂਸ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ,10 ਲੱਖ ਰੁਪਏ ਤੱਕ ਦਾ ਸਿਹਤ ਇਲਾਜ ਕਰਵਾਉਣ ਸਮੇਤ ਵੱਖ-ਵੱਖ ਲੋਕ ਭਲਾਈ ਸਕੀਮਾਂ ਨੂੰ ਲਾਗੂ ਕੀਤਾ ਹੈ।

## ਦੇਸ਼ ਨਕਸ਼ੇ 'ਤੇ ਖਿੱਚੀਆਂ ਲੀਕਾਂ ਜਾਂ ਇਮਾਰਤਾਂ ਨਾਲ ਨਹੀਂ ਬਣਦਾ, ਬਲਕਿ ਉੱਥੋਂ ਦੇ ਲੋਕਾਂ ਨਾਲ ਬਣਦਾ: ਹਰਬੰਸ ਸਿੰਘ



ਧਾਰੀਵਾਲ, (ਮਨਦੀਪ ਵਿੱਕੀ)-ਦੇਸ਼ ਨਕਸ਼ੇ ਤੇ ਖਿੱਚੀਆਂ ਲੀਕਾਂ ਜਾਂ ਇਮਾਰਤਾਂ ਨਾਲ ਨਹੀਂ ਬਣਦਾ, ਬਲਕਿ ਉਥੋਂ ਦੇ ਲੋਕਾਂ ਨਾਲ ਬਣਦਾ ਹੈ। ਇਹ ਵਿਚਾਰ ਹਰਬੰਸ ਸਿੰਘ (ਸਲਾਹਕਾਰ, ਸ਼ਹੀਦ ਭਗਤ ਸਿੰਘ ਪ੍ਰੈੱਸ ਐਸੋਸੀਏਸ਼ਨ ਪੰਜਾਬ) ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੇ ਲੀਡਰ ਕਹਿੰਦੇ ਹਨ ਕਿ ਇੰਡੀਆ ਨੂੰ ਬੇਹਤਰ ਕਰਨਾ ਹੈ ਪਰੰਤੂ ਇਹ ਕਹਿਣਾ ਗਲਤ ਹੈ ।ਇੰਡੀਅਨ ਨੂੰ ਪੜ੍ਹਾ ਲਿਖਾ ਕੇ ਬੇਹਤਰ ਬਣਾਓ ਇੰਡੀਆ ਆਪ ਹੀ ਬੇਹਤਰ ਬਣ ਜਾਵੇਗਾ। ਇਸ ਗੱਲ ਵਿੱਚ ਬਹੁਤ ਡੂੰਘੀ ਸੱਚਾਈ ਹੈ।ਲੀਡਰ ਅਕਸਰ ਵੱਡੇ-ਵੱਡੇ ਬੁਨਿਆਦੀ ਜਾਂ ਆਰਥਿਕ ਅੰਕੜਿਆਂ ਨੂੰ ਬਿਹਤਰ ਬਣਾਉਣ ਦੀ ਗੱਲ ਕਰਦੇ ਹਨ, ਪਰ ਉਹ ਇਹ ਭੁੱਲ ਜਾਂਦੇ ਹਨ ਕਿ ਜਦੋਂ ਤੱਕ ਦੇਸ਼ ਦੇ ਨਾਗਰਿਕਾਂ ਦਾ ਮਾਨਸਿਕ ਅਤੇ ਵਿਦਿਅਕ ਵਿਕਾਸ ਨਹੀਂ ਹੁੰਦਾ, ਉਦੋਂ ਤੱਕ ਕੋਈ ਵੀ ਤਰੱਕੀ ਸਥਾਈ ਨਹੀਂ ਹੋ ਸਕਦੀ।ਇਨਸਾਨੀ ਵਿਕਾਸ ਸਭ ਤੋਂ ਕਿਉਂ ਜ਼ਰੂਰੀ ਹੈ ? ਜਦੋਂ ਇੱਕ ਆਮ ਇੰਡੀਅਨ ਪੜ੍ਹਿਆ-ਲਿਖਿਆ ਅਤੇ ਜਾਗਰੂਕ ਹੋਵੇਗਾ, ਤਾਂ ਉਹ ਸਮਾਜਿਕ ਬੁਰਾਈਆਂ, ਭ੍ਰਿਸ਼ਟਾਚਾਰ ਅਤੇ ਗੰਦਗੀ ਖ਼ਿਲਾਫ਼ ਖੁਦ ਖੜ੍ਹਾ ਹੋਵੇਗਾ।ਸਰਕਾਰਾਂ ਨੂੰ ਕਾਨੂੰਨ ਲਾਗੂ ਕਰਨ ਦੀ ਮਿਹਨਤ ਨਹੀਂ ਕਰਨੀ ਪਵੇਗੀ, ਲੋਕ ਖੁਦ ਜ਼ਿੰਮੇਵਾਰ ਬਣਨਗੇ।ਸਿੱਖਿਆ ਸਿਰਫ਼ ਨੌਕਰੀ ਲੈਣ ਲਈ ਨਹੀਂ, ਬਲਕਿ ਨਵੇਂ ਵਿਚਾਰ ਅਤੇ ਇਨੋਵੇਸ਼ਨ ਲਈ ਜ਼ਰੂਰੀ ਹੈ।ਜਦੋਂ ਦੇਸ਼ ਦੇ ਨੌਜਵਾਨ ਹੁਨਰਮੰਦ ਹੋਣਗੇ, ਤਾਂ ਦੇਸ਼ ਆਰਥਿਕ ਤੌਰ ਤੇ ਆਪਣੇ ਆਪ ਮਜ਼ਬੂਤ ਹੋ ਜਾਵੇਗਾ।ਇੱਕ ਪੜ੍ਹਿਆ-ਲਿਖਿਆ ਅਤੇ ਸਮਝਦਾਰ ਨਾਗਰਿਕ ਕਦੇ ਵੀ ਜਾਤ-ਪਾਤ, ਧਰਮ ਜਾਂ ਮੁਫ਼ਤ ਦੀਆਂ ਸਹੂਲਤਾਂ ਦੇ ਲਾਲਚ ਵਿੱਚ ਆ ਕੇ ਵੋਟ ਨਹੀਂ ਪਾਵੇਗਾ।ਉਹ ਸਹੀ ਸਵਾਲ ਪੁੱਛੇਗਾ, ਜਿਸ ਨਾਲ ਲੀਡਰਾਂ ਨੂੰ ਵੀ ਸੁਧਰਨਾ ਹੀ ਪਵੇਗਾ।ਜੇਕਰ ਅਸੀਂ ਸਿਰਫ਼ ਸੜਕਾਂ, ਪੁਲ ਜਾਂ ਵੱਡੀਆਂ ਇਮਾਰਤਾਂ ਬਣਾਉਂਦੇ ਰਹੇ ਪਰ ਉਨ੍ਹਾਂ ਨੂੰ ਵਰਤਣ ਵਾਲੇ ਲੋਕਾਂ ਦੀ ਮਾਨਸਿਕਤਾ ਨਾ ਬਦਲੀ, ਤਾਂ ਉਹ ਤਰੱਕੀ ਸਿਰਫ਼ ਦਿਖਾਵਾ ਬਣ ਕੇ ਰਹਿ ਜਾਵੇਗੀ।ਇਸ ਲਈ ਇੰਡੀਆ ਨੂੰ ਬਦਲਣ ਦੀ ਸ਼ੁਰੂਆਤ ਇੰਡੀਅਨ ਨੂੰ ਬਦਲਣ ਨਾਲ ਹੀ ਹੋਣੀ ਚਾਹੀਦੀ ਹੈ।

## 'ਬਰਨ ਮੈਨੇਜਮੈਂਟ ਤੇ ਸਕਿਨ ਕੇਅਰ' ਵਿਸ਼ੇ 'ਤੇ ਵਰਕਸ਼ਾਪ



**ਛੇਹਰਟਾ, (ਮਨੋਜ ਕੁਮਾਰ)** : ਸ੍ਰੀ ਗੁਰੂ ਅਰਜਨ ਦੇਵ ਇੰਸਟੀਚਿਊਟ ਆਫ ਨਰਸਿੰਗ, ਝਬਾਲ ਰੋਡ, ਅੰਮ੍ਰਿਤਸਰ ਵਿਚ 'ਬਰਨ ਮੈਨੇਜਮੈਂਟ ਤੇ ਸਕਿਨ ਕੇਅਰ' ਵਿਸ਼ੇ 'ਤੇ ਵਰਕਸ਼ਾਪ ਕਰਵਾਈ ਗਈ। ਵਰਕਸ਼ਾਪ ਵਿਚ ਪ੍ਰਸਿੱਧ ਸਰਜਨ ਡਾ. ਅਮਿਤੇਸ਼ਵਰ ਸਿੰਘ ਮੁੱਖ ਬੁਲਾਰੇ ਵਜੋਂ ਮੌਜੂਦ ਸਨ। ਵਰਕਸ਼ਾਪ ਦੌਰਾਨ ਡਾ. ਅਮਿਤੇਸ਼ਵਰ ਸਿੰਘ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਕਿਸਮਾਂ ਦੀਆਂ ਜਲਣ ਦੀਆਂ ਸੱਟਾਂ, ਜ਼ਰੂਰੀ ਮੁੱਢਲੀ ਸਹਾਇਤਾ ਪ੍ਰਕਿਰਿਆਵਾਂ, ਇਨਫੈਕਸ਼ਨ ਕੰਟਰੋਲ, ਜ਼ਖ਼ਮਾਂ ਦੀ ਦੇਖਭਾਲ ਤੇ ਆਧੁਨਿਕ ਡਾਕਟਰੀ ਤਰੀਕਿਆਂ ਦੀ ਵਰਤੋਂ ਕਰ ਕੇ ਮਰੀਜ਼ਾਂ ਦੇ ਇਲਾਜ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਦੱਸਿਆ ਕਿ ਝੁਲਸਣ ਦੇ ਗੰਭੀਰ ਮਾਮਲਿਆਂ ਵਿਚ ਮੁੱਢਲੀ ਸਹਾਇਤਾ ਤੇ ਸਹੀ ਦੇਖਭਾਲ ਮਰੀਜ਼ ਦੀ ਜਾਨ ਬਚਾਉਣ ਅਤੇ ਪੇਚੀਦਗੀਆਂ ਨੂੰ ਘੱਟ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਅਸਲ-ਜੀਵਨ ਦੇ ਡਾਕਟਰੀ ਮਾਮਲਿਆਂ ਦੀਆਂ ਉਦਾਹਰਣਾਂ ਰਾਹੀਂ ਇਹ ਵੀ ਸਮਝਾਇਆ ਕਿ ਸਰੀਰਕ ਦੇਖਭਾਲ ਤੋਂ ਇਲਾਵਾ, ਝੁਲਸਣ ਵਾਲੇ ਪੀੜਤਾਂ ਨੂੰ ਮਾਨਸਿਕ ਤੇ ਭਾਵਨਾਤਮਕ ਸਹਾਇਤਾ ਪ੍ਰਦਾਨ ਕਰਨਾ ਵੀ ਇਲਾਜ ਪ੍ਰਕਿਰਿਆ ਦਾ ਮਹੱਤਵਪੂਰਨ ਹਿੱਸਾ ਹੈ। ਵੀਡੀਓ ਸੰਦੇਸ਼ ਵਿਚ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਾਲਜ ਡਾਇਰੈਕਟਰ ਰਾਧਿਕਾ ਚੁੱਘ ਨੇ ਕਿਹਾ ਕਿ ਸਿਹਤ ਸੰਭਾਲ ਦੇ ਖੇਤਰ ਵਿਚ ਲਗਾਤਾਰ ਬਦਲਦੀਆਂ ਤਕਨਾਲੋਜੀਆਂ ਤੇ ਇਲਾਜ ਦੇ ਤਰੀਕਿਆਂ ਤੋਂ ਜਾਣੂ ਰਹਿਣਾ ਹਰੇਕ ਨਰਸਿੰਗ ਪੇਸ਼ੇਵਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਿੱਦਿਅਕ ਤੇ ਸਿਖਲਾਈ ਪ੍ਰੋਗਰਾਮ ਵਿਦਿਆਰਥੀਆਂ ਦੇ ਗਿਆਨ, ਵਿਸ਼ਵਾਸ ਤੇ ਵਿਹਾਰਕ ਹੁਨਰਾਂ ਨੂੰ ਵਿਕਸਤ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਪ੍ਰੋਗਰਾਮ ਦੇ ਅੰਤ ਵਿਚ ਕਾਲਜ ਮੈਨੇਜਮੈਂਟ ਨੇ ਡਾ. ਅਮਿਤੇਸ਼ਵਰ ਸਿੰਘ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਮੈਨੇਜਮੈਂਟ ਵੱਲੋਂ ਮੋਨਿਕਾ ਤਲਵਾੜ, ਰਮਨਦੀਪ ਕੌਰ, ਹਰਸੁਮਿਤ ਕੌਰ, ਸਨੇਹਾ, ਪਾਇਲ, ਜੈਸਮੀਨ, ਅਰਸ਼ਦੀਪ, ਜਸ਼ਨ, ਆਂਚਲ, ਸਾਨੀਆ ਤੇ ਸੁਨੈਨਾ ਵੀ ਮੌਜੂਦ ਸਨ।

## ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਛੱਡ ਕੇ 19 ਪਰਿਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪਿੰਡ ਮੱਤੇਵਾਲ ਤੋਂ ਕਰੀਬ 19 ਪਰਿਵਾਰ ਸ਼੍ਰੋਮਣੀ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ ਜਿਨ੍ਹਾਂ ਨੂੰ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਜੀ ਆਇਆਂ ਕਹਿੰਦਿਆਂ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਮਜੀਠਾ ਹੁਣ ਹਰ ਪੱਖ ਤੋਂ ਤਰੱਕੀ ਦੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ, ਆਉਂਦੇ ਕੁਝ ਦਿਨਾਂ ਵਿੱਚ ਹਲਕੇ ਦੇ ਰਹਿੰਦੇ ਹੋਏ ਕੰਮਕਾਜ ਸ਼ੁਰੂ ਕਰ ਦਿੱਤੇ ਜਾਣਗੇ। ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਪੰਜ ਵਾਰ ਬਣ ਚੁੱਕੇ ਮੈਂਬਰ ਪੰਚਾਇਤ ਮੰਗਤ ਸਿੰਘ ਤੋਂ ਇਲਾਵਾ ਲਾਭਜੀਤ ਸਿੰਘ, ਬਾਬਾ ਹਰਜਿੰਦਰ ਸਿੰਘ, ਬਾਬਾ ਮੇਜਰ ਸਿੰਘ, ਬਾਬਾ ਰਵੇਲ ਸਿੰਘ, ਸੁੱਚਾ ਸਿੰਘ, ਬਲਕਾਰ ਸਿੰਘ, ਗੁਰਦੀਪ ਸਿੰਘ, ਜੋਗਿੰਦਰ ਸਿੰਘ, ਗੁਰਮੀਤ ਸਿੰਘ, ਬਿਕਰਮ ਸਿੰਘ, ਮਨਜੀਤ ਸਿੰਘ, ਸਤਨਾਮ ਸਿੰਘ, ਸੇਵਾ ਸਿੰਘ, ਸਾਹਿਬ ਸਿੰਘ, ਬੰਟੀ, ਕਰਮ ਸਿੰਘ ਤੇ ਪ੍ਰਭ ਸਿੰਘ ਨੂੰ ਸਨਮਾਨਿਤ ਕਰਦਿਆਂ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦੇਣ ਦਾ ਐਲਾਨ ਕੀਤਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਆਪ ਆਗੂ ਅਤੇ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਪਰਮਜੀਤ ਸਿੰਘ ਮੱਤੇਵਾਲ, ਬਲਾਕ ਸੰਮਤੀ ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿਦਵਾਲੀ, ਆਮ ਆਦਮੀ ਪਾਰਟੀ ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬਲਬੀਰ ਸਿੰਘ ਬੋਪਾਰਾਏ, ਬਲਜਿੰਦਰ ਸਿੰਘ ਛੀਨਾ, ਸਰਪੰਚ ਹਰਪਾਲ ਸਿੰਘ ਮੱਤੇਵਾਲ, ਗੁਰਸੇਵਕ ਸਿੰਘ, ਬਚਿੱਤਰ ਸਿੰਘ ਮੱਤੇਵਾਲ, ਡਾਕਟਰ ਬਲਵਿੰਦਰ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਸਵੰਤ ਸਿੰਘ ਨੰਗਲ ਪਨਵਾ, ਜੋਗਾ ਸਿੰਘ ਉਦੋਕੇ ਅਤੇ ਹੋਰ ਆਗੂ ਹਾਜ਼ਰ ਸਨ।

## ਰਾਜਵਿੰਦਰ ਕੌਰ ਨੇ ਕੇਵਲ ਢਿੱਲੋਂ ਨੂੰ ਦਿੱਤੀ ਵਧਾਈ



ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੀ ਸਕੱਤਰ ਰਾਜਵਿੰਦਰ ਕੌਰ ਨੇ ਪੰਜਾਬ ਭਾਜਪਾ ਦੇ ਨਵ ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਗੁਲਦਸਤਾ ਭੇਟ ਕੀਤਾ ਤੇ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਹਾਰਦਿਕ ਵਧਾਈ ਦਿੱਤੀ। ਇਸ ਮੌਕੇ ਰਾਜਵਿੰਦਰ ਕੌਰ ਨੇ ਕਿਹਾ ਕਿ ਕੇਵਲ ਸਿੰਘ ਢਿੱਲੋਂ ਤਜਰਬੇਕਾਰ, ਮਿਹਨਤੀ ਤੇ ਲੋਕਾਂ ਨਾਲ ਜੁੜੇ ਹੋਏ ਆਗੂ ਹਨ। ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਭਾਜਪਾ ਹੋਰ ਮਜ਼ਬੂਤ ਹੋਵੇਗੀ ਅਤੇ ਪਾਰਟੀ ਨੂੰ ਨਵੀਂ ਦਿਸ਼ਾ ਤੇ ਊਰਜਾ ਮਿਲੇਗੀ। ਉਨ੍ਹਾਂ ਨੇ ਢਿੱਲੋਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ ਕਾਮਨਾਵਾਂ ਦਿੰਦਿਆਂ ਕਿਹਾ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਪਾਰਟੀ ਵਰਕਰ ਪੂਰੀ ਲਗਨ ਤੇ ਸਮਰਪਣ ਨਾਲ ਕੰਮ ਕਰਨਗੇ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਪੰਜਾਬ ਵਿਚ ਆਪਣੇ ਜਨ ਆਧਾਰ ਨੂੰ ਹੋਰ ਮਜ਼ਬੂਤ ਕਰੇਗੀ ਤੇ ਲੋਕਾਂ ਦਾ ਭਰੋਸਾ ਜਿੱਤਣ ਵਿਚ ਕਾਮਯਾਬ ਹੋਵੇਗੀ।

ਰਾਜਵਿੰਦਰ ਕੌਰ ਨੇ ਕਿਹਾ ਕਿ ਭਾਜਪਾ ਦੀਆਂ ਲੋਕ-ਭਲਾਈ ਨੀਤੀਆਂ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਤੇ ਮਜ਼ਬੂਤ ਜਥੇਬੰਦਕ ਢਾਂਚੇ ਸਦਕਾ ਪਾਰਟੀ ਪੰਜਾਬ ਵਿਚ ਮਜ਼ਬੂਤ ਬਦਲ ਵਜੋਂ ਉਭਰ ਰਹੀ ਹੈ। ਇਸ ਮੌਕੇ ਪੰਜਾਬ ਦੇ ਰਾਜਨੀਤਿਕ ਹਾਲਾਤ, ਪਾਰਟੀ ਦੇ ਵਿਸਥਾਰ ਤੇ ਆਉਣ ਵਾਲੀਆਂ ਚੋਣਾਂ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

## ਸੰਯੁਕਤ ਕਿਸਾਨ ਮੋਰਚੇ ਨੇ ਪੰਜਾਬ ਤੇ ਕੇਂਦਰ ਸਰਕਾਰ ਨੂੰ ਭੇਜੇ ਮੰਗ ਪੱਤਰ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਡੀਸੀ ਦਫ਼ਤਰ ਅੰਮ੍ਰਿਤਸਰ ਵਿਚ ਵਿਸ਼ਾਲ ਰੋਸ ਰੈਲੀ ਕੀਤੀ ਗਈ। ਇਹ ਰੈਲੀ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਪ੍ਰਧਾਨਾਂ ਦੀ ਅਗਵਾਈ ਵਿਚ ਹੋਈ, ਜਿਸ ਵਿਚ ਜਮਹੂਰੀ ਕਿਸਾਨ ਸਭਾ, ਕੁੱਲ ਹਿੰਦ ਕਿਸਾਨ ਸਭਾ, ਕਿਰਤੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ, ਉਗਰਾਹਾਂ ਰਾਜੇਵਾਲ, ਆਜ਼ਾਦ ਕਿਸਾਨ ਸਭਾਵਾਂ ਦੇ ਵਰਕਰਾਂ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ। ਰੈਲੀ ਨੂੰ ਸੰਬੋਧਨ ਕਰਦਿਆਂ ਕਾਮਰੇਡ ਸਤਨਾਮ ਸਿੰਘ ਅਜਨਾਲਾ, ਸੁੱਚਾ ਸਿੰਘ ਅਜਨਾਲਾ, ਡਾਕਟਰ ਪਰਮਿੰਦਰ ਸਿੰਘ, ਹਰਜੀਤ ਸਿੰਘ ਝੀਤਾ, ਜਤਿੰਦਰ ਛੀਨਾ, ਧਨਵੰਤ ਸਿੰਘ ਖਤਰਾਏ ਕਲਾਂ, ਸੁਖਰਾਮਬੀਰ ਸਿੰਘ ਲੁਹਾਰਕਾ, ਗੁਰਦੇਵ ਸਿੰਘ ਵਰਪਾਲ, ਲਖਬੀਰ ਸਿੰਘ ਨਿਜ਼ਾਮਪੁਰਾ ਨੇ ਸੰਬੋਧਨ ਕਰਦਿਆਂ ਮੋਦੀ ਤੇ ਪੰਜਾਬ ਸਰਕਾਰ ਦੀਆਂ ਲੋਕ ਤੇ ਮਜ਼ਦੂਰ ਵਿਰੋਧੀ ਨੀਤੀਆਂ ਦੀ ਵਿਆਖਿਆ ਕੀਤੀ ਅਤੇ ਤਿੱਖੇ ਸੰਘਰਸ਼ ਲਈ ਤਿਆਰ ਰਹਿਣ ਦਾ ਹੋਕਾ ਦਿੱਤਾ। ਡੀਸੀ ਅੰਮ੍ਰਿਤਸਰ ਰਾਹੀਂ ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਨੂੰ ਮੰਗ ਪੱਤਰ ਭੇਜੇ ਗਏ, ਜਿਸ ਵਿਚ ਸਾਰੀਆਂ ਫਸਲਾਂ 'ਤੇ ਐੱਮਐੱਸਪੀ ਦੇਣ, ਕਿਸਾਨਾਂ ਦੇ ਕਰਜ਼ੇ ਮਾਫ਼ ਕਰਨ, ਭਾਖੜਾ ਮੈਨੇਜਮੈਂਟ ਵਿਚ ਪੰਜਾਬ ਦੀ ਸਥਾਈ ਮੈਂਬਰੀ ਦੀ ਬਹਾਲੀ, ਬਿਜਲੀ ਬਿੱਲ 2025 ਨੂੰ ਰੱਦ ਕਰਕੇ ਵੱਧ ਰਹੀ ਮਹਿੰਗਾਈ ਨੂੰ ਰੋਕਣ ਦੀ ਮੰਗ ਸ਼ਾਮਿਲ ਸੀ। ਇਸ ਮੌਕੇ ਰਤਨ ਸਿੰਘ, ਸਵਿੰਦਰ ਸਿੰਘ ਮੀਰਾਂਕੋਟ, ਰਣਜੀਤ ਬੱਲ, ਸੁਖਵਿੰਦਰ ਸਿੰਘ, ਹਰਪਾਲ ਸਿੰਘ, ਕੰਵਲਜੀਤ ਕੌਰ, ਵਿਜੇ ਕੁਮਾਰ, ਯਸ਼ਪਾਲ, ਕਿਰਪਾ ਰਾਮ, ਬਲਕਾਰ ਦੁਧਾਲਾ, ਬਲਦੇਵ ਸਿੰਘ ਵੇਰਕਾ ਆਦਿ ਹਾਜ਼ਰ ਸਨ।

## ਆਊਟ ਸੋਰਸਿੰਗ ਸੁਪਰਵਾਈਜ਼ਰਾਂ ਤੇ ਮੀਟਰ ਰੀਡਰਾਂ ਦੀ ਹੜਤਾਲ ਅੱਠਵੇਂ ਦਿਨ 'ਚ ਦਾਖਲ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਪਾਵਰ ਕਾਰਪੋਰੇਸ਼ਨ ਅਧੀਨ ਆਊਟ ਸੋਰਸਿੰਗ ਦੇ ਆਧਾਰ ਤੇ ਕੰਮ ਕਰਦੇ ਸੁਪਰਵਾਈਜ਼ਰ ਤੇ ਮੀਟਰ ਰੀਡਰ ਪਿਛਲੇ 14-15 ਸਾਲਾਂ ਤੋਂ ਵਿਭਾਗ ਅੰਦਰ ਸੇਵਾਵਾਂ ਨਿਭਾਆ ਰਹੇ ਹਨ ਪਰ ਸਰਕਾਰ ਵੱਲੋਂ ਅਜੇ ਤੱਕ ਇਨ੍ਹਾਂ ਨੂੰ ਪੱਕਿਆਂ ਨਹੀਂ ਕੀਤਾ ਗਿਆ। 2022 ਦੀਆਂ ਅਸੈਂਬਲੀ ਚੋਣਾਂ 'ਚ ਕਾਮਿਆਂ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਸੀ ਪਰ ਕੀਤੀ ਨਹੀਂ। ਸਮੁੱਚੇ ਪੰਜਾਬ ਅੰਦਰ ਰੋਸ ਵਜੋਂ ਸੁਪਰਵਾਈਜ਼ਰ ਅਤੇ ਮੀਟਰ ਰੀਡਰ 21 ਮਈ ਤੋਂ ਲਗਾਤਾਰ ਹੜਤਾਲ ਉਪਰ ਹਨ ਪਰ ਪੰਜਾਬ ਸਰਕਾਰ ਦੇ ਕੰਨਾਂ 'ਤੇ ਜੂ ਨਹੀਂ ਸਰਕ ਰਹੀ ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਪਾਵਰ ਆਊਟ ਸੋਰਸਿੰਗ ਸਪੋਰਟ ਬਿਲਿੰਗ ਸੁਪਰਵਾਈਜ਼ਰ ਅਤੇ ਮੀਟਰ ਰੀਡਰ ਯੂਨੀਅਨ ਮੰਡਲ ਪੱਟੀ ਦੇ ਪ੍ਰਧਾਨ ਅਮਨਪ੍ਰੀਤ ਸਿੰਘ ਅਤੇ ਆਗੂ ਗੁਰਪ੍ਰੀਤ ਸਿੰਘ ਗੋਪੀ, ਕਵਲਬੀਰ ਸਿੰਘ, ਗੁਰਜੀਤ ਸਿੰਘ ਅਤੇ ਕਮਲਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਆਗੂਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਿਗੂਣੀਆਂ ਤਨਖ਼ਾਹਾਂ ਤੇ ਕੰਮ ਕਰਦਿਆਂ ਸਾਨੂੰ 14 ਤੋਂ 15 ਸਾਲ ਹੋ ਗਏ , ਜਵਾਨੀ ਵਿੱਚ ਭਰਤੀ ਹੋਏ ਸੀ ਅਤੇ ਹੁਣ ਬੁਢਾਪਾ ਆ ਗਿਆ, ਹੁਣ ਕੋਈ ਹੋਰ ਕੰਮ ਵੀ ਨਹੀਂ ਕਰ ਸਕਦੇ ਹਾਂ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਾਵਰ ਕਾਰਪੋਰੇਸ਼ਨ ਅਧੀਨ ਆਊਟ ਸੋਰਸਿੰਗ ਦੇ ਆਧਾਰ ਤੇ ਕੰਮ ਕਰਦੇ ਸਮੂਹ ਸੁਪਰਵਾਈਜ਼ਰ ਅਤੇ ਮੀਟਰ ਰੀਡਰਾਂ ਨੂੰ ਪੱਕਿਆਂ ਕੀਤਾ ਜਾਵੇ ਅਤੇ ਬਾਕੀ ਮੰਗਾਂ ਪ੍ਰਵਾਨ ਕੀਤੀਆਂ ਜਾਣ।ਉਨ੍ਹਾਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕਾਮਿਆਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਏਗਾ।

## ਗੈਸ ਏਜੰਸੀਆਂ ਦੇ ਕਰਿੰਦੇ ਸ਼ਰੇਆਮ ਮਾਰ ਰਹੇ ਹਨ ਲੋਕਾਂ ਦੀਆਂ ਜੇਬਾਂ 'ਤੇ ਡਾਕਾ



ਝਬਾਲ (ਨਜ਼ਸ)-ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਰਕਾਰਾਂ ਭਾਵੇਂ ਲੱਖ ਦਾਅਵੇ ਕਰਦੀਆਂ ਹਨ ਕਿ ਗੈਸ ਸਿਲੰਡਰ ਦੀ ਆਮ ਲੋਕਾਂ ਨੂੰ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਵੇਗੀ ਪਰ ਇਹ ਦਾਅਵੇ ਖੋਖਲੇ ਸਾਬਤ ਹੋ ਰਹੇ ਹਨ। ਗੈਸ ਏਜੰਸੀਆਂ ਦੇ ਕਰਿੰਦੇ ਆਪਣੀ ਮਰਜ਼ੀ ਦੇ ਰੇਟ ਲਾ ਕੇ ਆਮ ਲੋਕਾਂ ਨੂੰ ਖੂਬ ਲੁੱਟ ਰਹੇ ਹਨ।ਆਮ ਲੋਕਾਂ ਦੇ ਬੁੱਕ ਹੋਏ ਸਿਲੰਡਰ ਵੀ ਲੋਕਾਂ ਨੂੰ ਟਾਇਮ ਸਿਰ ਨਹੀਂ ਮਿਲਦੇ।ਇਹ ਵੱਧ ਪੈਸੇ ਲੈ ਕੇ ਬੁੱਕ ਹੋਏ ਸਿਲੰਡਰ ਵੀ ਲੋਕਾਂ ਨੂੰ ਵੇਚ ਦਿੰਦੇ ਹਨ ਤੇ ਮੋਟੀ ਕਮਾਈ ਕਰਕੇ ਆਪਣੀਆਂ ਜੇਬਾਂ ਭਰ ਰਹੇ ਹਨ।ਜਦੋਂ ਇਨ੍ਹਾਂ ਨੂੰ ਆਪਣੇ ਬੁੱਕ ਹੋਏ ਸਿਲੰਡਰ ਬਾਰੇ ਪੁੱਛਿਆ ਜਾਂਦਾ ਹੈ ਤਾਂ ਇਹ ਬੁਕਿੰਗ ਕੈਂਸਲ ਦਾ ਬਹਾਨਾ ਲਾ ਕੇ ਲੋਕਾਂ ਨੂੰ ਗੁੰਮਰਾਹ ਕਰਦੇ ਹਨ।ਇੰਡੀਅਨ ਗੈਸ ਏਜੰਸੀ ਦੇ ਕਰਿੰਦੇ ਨੂੰ ਤਾਂ ਅਸੀਂ ਖੁਦ ਫੜਿਆ ਜਦੋਂ ਸਾਡੇ ਆਪਣੇ ਹੀ ਪਿੰਡ ਕੋਟ ਧਰਮ ਚੰਦ ਕਲਾਂ ਵਿੱਚ ਬਲੈਕ ਵਿੱਚ ਅਠਾਰਾਂ ਸੌ ਰੁਪਏ ਤੋਂ ਲੈ ਕੇ ਦੋ ਹਜ਼ਾਰ ਰੁਪਏ ਦੇ ਹਿਸਾਬ ਨਾਲ ਸਿਲੰਡਰ ਬਲੈਕ ਵਿੱਚ ਸਪਲਾਈ ਕਰ ਰਿਹਾ ਸੀ ਅਤੇ ਅਸੀਂ ਵੀ ਇਸ ਕਾਲੇ ਧੰਦੇ ਦਾ ਪਰਦਾਫਾਸ਼ ਕਰਨ ਲਈ ਅਠਾਰਾਂ ਸੌ ਦੇ ਹਿਸਾਬ ਨਾਲ ਦੋ ਸਿਲੰਡਰ ਖਰੀਦ ਲਏ।ਜਦੋਂ ਅਸੀਂ ਇਨ੍ਹਾਂ ਦਾ ਸਿਲੰਡਰ ਕੰਡੇ ਉਪਰ ਤੋਲ ਕੀਤਾ ਤਾਂ ਢਾਈ ਕਿੱਲੋ ਗੈਸ ਵੀ ਘੱਟ ਨਿਕਲੀ।ਜਦ ਇਸਦਾ ਕਾਰਨ ਪੁੱਛਿਆ ਤਾਂ ਇਸ ਨੇ ਮੇਰੇ ਪਿੰਡ ਦੇ ਬੰਦਿਆਂ ਨੂੰ ਨਾਲ ਲੈ ਕੇ ਆਪਣੀ ਕੀਤੀ ਹੋਈ ਗਲਤੀ ਮੰਨ ਲਈ।ਇਹ ਸ਼ਿਕਾਇਤ ਉਕਤ ਏਜੰਸੀ ਦੇ ਮਾਲਕ ਨੂੰ ਕੀਤੀ ਸੀ।ਇਸੇ ਤਰ੍ਹਾਂ ਹਰਬਾਲ ਗੈਸ ਏਜੰਸੀ ਦਾ ਕਰਿੰਦਾ ਗੁਰਪਾਲ ਸਿੰਘ ਆਪਣੀ ਮਨ ਮਰਜ਼ੀ ਨਾਲ ਹੀ ਸਿਲੰਡਰਾਂ ਦੀ ਸਪਲਾਈ ਕਰਦਾ ਹੈ।ਇੱਕ ਸਲੰਡਰ ਦੀ ਸਰਕਾਰੀ ਕੀਮਤ ਨੌਂ ਸੌ ਸੱਠ ਰੁਪਏ ਹੈ ਪਰ ਇਹ ਇੱਕ ਹਜ਼ਾਰ ਵੀਹ ਰੁਪਏ ਵਿੱਚ ਸਪਲਾਈ ਦੇ ਰਿਹਾ ਹੈ ਜੋ ਕਿ ਇੱਕ ਸਿਲੰਡਰ ਮਗਰ ਸੱਠ ਰੁਪਏ ਲੈ ਕੇ ਗਰੀਬਾਂ ਦੀ ਖੂਨ ਪਸੀਨੇ ਦੀ ਕਮਾਈ 'ਤੇ ਡਾਕਾ ਮਾਰ ਰਿਹਾ। ਇਸ ਦੀ ਵੀ ਸ਼ਿਕਾਇਤ ਮੈਂ ਭਾਰਤ ਗੈਸ ਏਜੰਸੀ ਦੇ ਮਾਲਕ ਨੂੰ ਕਰ ਦਿੱਤੀ ਹੈ। ਜ਼ਿਲ੍ਹੇ ਦੇ ਡੀ ਸੀ ਅਤੇ ਫੂਡ ਸਪਲਾਈ ਇੰਸਪੈਕਟਰ ਤੋਂ ਮੰਗ ਕੀਤੀ ਕਿ ਇਸ ਕਾਲੇ ਧੰਦੇ 'ਤੇ ਤੁਰੰਤ ਕਾਬੂ ਪਾਇਆ ਜਾਵੇ ਨਹੀਂ ਤਾਂ ਲੋਕਾਂ ਨੂੰ ਨਾਲ ਲੈ ਕੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਭਗਤ ਪੂਰਨ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਤਿੰਨ ਰੋਜ਼ਾ ਪ੍ਰੋਗਰਾਮਾਂ ਦੀ ਸ਼ੁਰੂਆਤ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਭਗਤ ਪੂਰਨ ਸਿੰਘ ਬਾਨੀ ਪਿੰਗਲਵਾੜਾ ਸੰਸਥਾ ਦੇ 122ਵੇਂ ਜਨਮ ਦਿਨ ਨੂੰ ਸਮਰਪਿਤ ਤਿੰਨ ਰੋਜ਼ਾ ਪ੍ਰੋਗਰਾਮਾਂ ਦੀ ਸ਼ੁਰੂਆਤ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ (ਰਜਿ.) ਅੰਮ੍ਰਿਤਸਰ ਦੇ ਵਿਹੜੇ ਵਿੱਚ ਹੋਈ। ਪ੍ਰੋਗਰਾਮ ਦੀ ਆਰੰਭਤਾ ਗੁਰਬਾਣੀ ਦੇ ਰਸਭਿੰਨੇ ਸ਼ਬਦ ਨਾਲ ਹੋਈ। ਪਹਿਲੇ ਦਿਨ ਦੇ ਪ੍ਰੋਗਰਾਮ ਵਿੱਚ ਵਾਤਾਵਰਨ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ "ਗੁਰਮਤਿ ਵਿਚਾਰਧਾਰਾ ਦੀ ਰੌਸ਼ਨੀ ਵਿੱਚ ਕੁਦਰਤ ਦੀ ਸੰਭਾਲ" ਵਿਸ਼ੇ ਤੇ ਸੈਮੀਨਾਰ ਕੀਤਾ ਗਿਆ। ਇਸ ਮੌਕੇ ਪਿੰਗਲਵਾੜਾ ਸੰਸਥਾ ਦੇ ਮੁੱਖ ਸੇਵਾਦਾਰ ਡਾ. ਇੰਦਰਜੀਤ ਕੌਰ ਨੇ ਆਏ ਵਿਦਵਾਨਾਂ ਅਤੇ ਸਰੋਤਿਆਂ ਨੂੰ ਜੀ ਆਇਆਂ ਆਖਿਆ। ਸੈਮੀਨਾਰ ਵਿੱਚ ਵਿਚਾਰਾਂ ਦੀ ਸਾਂਝ ਉੱਘੇ ਵਿਦਵਾਨ ਤੇ ਡੀਨ ਖਾਲਸਾ ਕਾਲਜ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਸਰੋਤਿਆਂ ਨਾਲ ਪਾਈ। ਉਨ੍ਹਾਂ ਕਿਹਾ ਕਿ ਭਗਤ ਪੂਰਨ ਸਿੰਘ ਦੁਨੀਆ ਅਤੇ ਵਾਤਾਵਰਨ ਦੇ ਸੱਚੇ ਪਹਿਰੇਦਾਰ ਸਨ। ਉਨ੍ਹਾਂ ਕਿਹਾ ਕਿ ਭਗਤ ਜੀ ਦੇ 122ਵੇਂ ਜਨਮ ਦਿਨ ਮੌਕੇ ਵਾਤਾਵਰਨ ਦੀ ਸਾਂਭ-ਸੰਭਾਲ ਕਰਨੀ ਹੈ ਉਨ੍ਹਾਂ ਪ੍ਰਤੀ ਸੱਚੀ-ਸੁੱਚੀ ਸ਼ਰਧਾਂਜਲੀ ਹੈ। ਇਸ ਮੌਕੇ ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਐੱਮ. ਐੱਲ. ਏ ਅੰਮ੍ਰਿਤਸਰ, ਡਾ. ਜਗਦੀਪਕ ਸਿੰਘ ਮੀਤ ਪ੍ਰਧਾਨ ਪਿੰਗਲਵਾੜਾ, ਮੁਖਤਾਰ ਸਿੰਘ ਗੋਰਾਇਆ ਆਨਰੇਰੀ ਸਕੱਤਰ, ਰਾਜਬੀਰ ਸਿੰਘ ਮੈਂਬਰ ਪਿੰਗਲਵਾੜਾ, ਹਰਜੀਤ ਸਿੰਘ ਅਰੋੜਾ ਮੈਂਬਰ ਪਿੰਗਲਵਾੜਾ, ਬੀਬੀ ਪ੍ਰੀਤਇੰਦਰ ਕੌਰ ਮੈਂਬਰ ਪਿੰਗਲਵਾੜਾ, ਡਾ. ਨਿਰਮਲ ਸਿੰਘ ਮੈਂਬਰ ਪਿੰਗਲਵਾੜਾ ਸੋਸਾਇਟੀ, ਯੋਗੇਸ਼ ਸੂਰੀ ਮੁੱਖ ਪ੍ਰਸ਼ਾਸਕ, ਰਜਿੰਦਰ ਸਿੰਘ ਪ੍ਰਸ਼ਾਸਕ ਮਾਨਾਂਵਾਲਾ ਬ੍ਰਾਂਚ, ਤਿਲਕ ਰਾਜ ਜਨਰਲ ਮੈਨੇਜਰ, ਗੁਰਨਾਇਬ ਸਿੰਘ, ਨਰਿੰਦਰ ਸਿੰਘ ਸੋਹਲ, ਬੀਬੀ ਰਾਜਵਿੰਦਰ ਕੌਰ ਬਾਜਵਾ (ਰਿਟਾ.) ਇੰਸਪੈਕਟਰ, ਸ਼੍ਰੀ ਪਵਨ ਸ਼ਰਮਾ, ਮਨਮੋਹਨ ਸਿੰਘ, ਕੁਲਵੰਤ ਸਿੰਘ ਅੰਮ੍ਰਿਤਸਰ ਵਿਕਾਸ ਮੰਚ ਆਦਿ ਸ਼ਾਮਲ ਸਨ। ਇਸ ਤੋਂ ਇਲਾਵਾ ਸੈਮੀਨਾਰ ਵਿੱਚ ਚੀਫ਼ ਖਾਲਸਾ ਦੀਵਾਨ ਇੰਟਰਨੈਸ਼ਨਲ ਨਰਸਿੰਗ ਕਾਲਜ ਦੇ ਅਧਿਆਪਕ ਅਤੇ ਵਿਦਿਆਰਥੀ, ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸ ਅੰਮ੍ਰਿਤਸਰ ਦੇ ਵਿਦਿਆਰਥੀ ਅਤੇ ਅਧਿਆਪਕ, ਸਰੂਪ ਰਾਣੀ ਸਰਕਾਰੀ ਕਾਲਜ ਅੰਮ੍ਰਿਤਸਰ ਦੇ ਅਧਿਆਪਕ ਅਤੇ ਵਿਦਿਆਰਥੀ ਭਗਤ ਪੂਰਨ ਸਿੰਘ ਆਦਰਸ਼ ਸੀ. ਸੈ. ਸਕੂਲ ਮਾਨਾਂਵਾਲਾ, ਭਗਤ ਪੂਰਨ ਸਿੰਘ ਆਦਰਸ਼ ਹਾਈ ਸਕੂਲ ਬੁੱਟਰਕਲਾਂ ਦੇ ਅਧਿਆਪਕ ਅਤੇ ਸੀਨੀਅਰ ਵਿਦਿਆਰਥੀ, ਪ੍ਰਿੰਸੀਪਲ ਨਰੇਸ਼ ਕਾਲੀਆ, ਪ੍ਰਿੰ. ਦਲਜੀਤ ਕੌਰ, ਪ੍ਰਿੰ. ਲਖਵਿੰਦਰ ਕੌਰ, ਪ੍ਰਿੰ. ਅਨੀਤਾ ਬੱਤਰਾ, ਵਾਰਡਾਂ ਅਤੇ ਹੋਸਟਲ ਇੰਚਾਰਜ ਆਦਿ ਹਾਜ਼ਰ ਸਨ।

# ਨਵੀਆਂ ਵਿਕਸਿਤ ਹੋ ਰਹੀਆਂ ਅਣ-ਅਧਿਕਾਰਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈ. ਏ. ਐੱਸ. ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਯਤ, ਪੀ. ਸੀ. ਐੱਸ. ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਸਹਾਇਕ ਨਗਰ ਯੋਜਨਕਾਰ ਸਮੇਤ ਰੈਗੂਲੇਟਰੀ ਵਿੰਗ ਵੱਲੋਂ ਪਿੰਡ ਚਾਟੀਵਿੰਡ ਵਿਖੇ ਲਿੰਕ ਰੋਡ ਉਪਰ ਕਿੰਗ ਐਵੀਨਿਊ ਅਤੇ ਇੱਕ ਹੋਰ ਅਣ-ਅਧਿਕਾਰਤ ਕਲੋਨੀ ਵਿਰੁੱਧ ਕਾਰਵਾਈ ਕਰਦੇ ਹੋਏ ਦੋਨੋਂ ਕਲੋਨੀਆਂ ਨੂੰ ਢਾਹ ਦਿੱਤਾ ਗਿਆ।ਰੈਗੂਲੇਟਰੀ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਚਾਟੀਵਿੰਡ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਇਹਨਾਂ ਵਿਰੁੱਧ 2 ਜੂਨ ਰਾਹੀਂ ਡੈਮੋਲਿਸ਼ਨ ਦੀ ਕਾਰਵਾਈ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਉਕਤ ਅਣ-ਅਧਿਕਾਰਤ ਕਲੋਨੀਆਂ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਮੌਕੇ ਤੇ ਵਿਕਾਸ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ, ਜਿਸ ਦੇ ਤਹਿਤ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਰੈਗੂਲੇਟਰੀ ਵਿੰਗ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿੰਡ ਚਾਟੀਵਿੰਡ ਵਿਖੇ ਬਣ ਰਹੀ ਅਣ-ਅਧਿਕਾਰਤ ਕਲੋਨੀ ਨੂੰ ਵਿਭਾਗ ਵੱਲੋਂ ਨੋਟਿਸ ਜਾਰੀ ਕਰਦੇ ਹੋਏ ਕਈ ਵਾਰ ਉਸਾਰੀ ਦਾ ਕੰਮ ਰੋਕਿਆ ਗਿਆ ਸੀ ਜਿਸਦੇ ਬਾਵਜੂਦ ਕਲੋਨੀਕਾਰ ਵੱਲੋਂ ਮੌਕੇ ਤੇ ਉਸਾਰੀ ਦਾ ਕੰਮ ਜਾਰੀ ਰੱਖਿਆ ਜਾ ਰਿਹਾ ਸੀ ਜਿਸ ਕਰਕੇ ਉੱਚ ਅਧਿਕਾਰੀਆਂ ਵੱਲੋਂ ਇਸ ਅਣ-ਅਧਿਕਾਰਤ ਕਲੋਨੀ ਨੂੰ ਢਾਹੁਣ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ।ਉਕਤ ਹੁਕਮਾਂ ਨੂੰ ਅਮਲ ਵਿੱਚ ਲਿਆਉਣ ਅਤੇ ਮੌਕੇ ਤੇ ਲਾਅ ਅਤੇ ਆਰਡਰ ਦੀ ਸਥਿਤੀ ਨੂੰ ਬਹਾਲ ਰੱਖਣ ਹਿੱਤ ਲੋੜੀਂਦੀ ਪੁਲਸ ਫੋਰਸ ਮੁਹੱਈਆ ਕਰਵਾਉਣ ਲਈ ਸੀਨੀਅਰ ਪੁਲਸ ਕਪਤਾਨ ਨੂੰ ਉਕਤ ਹੁਕਮਾਂ ਦੀ ਕਾਪੀ ਕਰਦੇ ਹੋਏ ਲਿਖਿਆ ਗਿਆ ਸੀ ਪਰੰਤੂ ਇਸ ਸਬੰਧੀ ਡਿਪਟੀ ਕਮਿਸ਼ਨਰ ਅਤੇ ਥਾਣਾ ਚਾਟੀਵਿੰਡ ਦੇ ਅਧਿਕਾਰੀਆਂ ਨਾਲ ਵਾਰ-ਵਾਰ ਸੰਪਰਕ ਕਰਨ ਦੇ ਬਾਵਜੂਦ ਉਨ੍ਹਾਂ ਵੱਲੋਂ ਲੋੜੀਂਦੀ ਪੁਲਸ ਫੋਰਸ ਮੁਹੱਈਆ ਨਾ ਕਰਵਾਉਣ ਦੇ ਕਾਰਨ ਉਕਤ ਕਲੋਨੀ ਖਿਲਾਫ ਡੈਮੋਲਿਸ਼ਨ ਦੀ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਜਾ ਸਕੀ, ਜਿਸ ਦੇ ਚਲਦੇ ਅੱਜ ਦੁਬਾਰਾ ਡੈਮੋਲਿਸ਼ਨ ਦੀ ਕਾਰਵਾਈ ਕੀਤੀ ਗਈ।ਇਸ ਤੋਂ ਇਲਾਵਾ ਪਿੰਡ ਚਾਟੀਵਿੰਡ ਵਿਖੇ ਵਿਕਸਿਤ ਕਿੰਗ ਐਵੀਨਿਊ ਖਿਲਾਫ ਪਹਿਲਾਂ ਵੀ 14 ਫਰਵਰੀ 2025 ਰਾਹੀਂ ਡੈਮੋਲਿਸ਼ਨ ਦੀ ਕਾਰਵਾਈ ਕੀਤੀ ਗਈ ਸੀ, ਪਰ ਕਲੋਨੀ ਦੇ ਮਾਲਕਾਂ ਵੱਲੋਂ ਹੁਣ ਮੌਕੇ ਤੇ ਦੁਬਾਰਾ ਵਿਕਾਸ ਦੇ ਕੰਮ ਸ਼ੁਰੂ ਕਰ ਲਏ ਸਨ, ਜਿਸ ਕਰਕੇ ਹੁਣ ਨਵੇਂ ਕੀਤੇ ਵਿਕਾਸ ਕਾਰਜਾਂ ਨੂੰ ਮੁੜ ਢਾਹਿਆ ਗਿਆ।ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ ਜਿਸ ਕਰਕੇ ਉਕਤ ਕਲੋਨੀ ਅਧੀਨ ਆਉਂਦੀ ਜ਼ਮੀਨ ਦੇ ਮਾਲਕਾਂ ਅਤੇ ਕਲੋਨੀ ਵਿਕਸਿਤ ਕਰਨ ਵਾਲਿਆਂ ਖ਼ਿਲਾਫ਼ ਲੋੜੀਂਦੀ ਕਾਰਵਾਈ ਕਰਨ ਲਈ ਪੁਲਸ ਵਿਭਾਗ ਨੂੰ ਵੀ ਰੈਵੇਨਿਊ ਰਿਕਾਰਡ ਦੇ ਆਧਾਰ ਲਿਖਿਆ ਜਾ ਰਿਹਾ ਹੈ।ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਜ਼ਿਲੇ ਅੰਦਰ ਕਿਸੇ ਵੀ ਜਗ੍ਹਾ ਉਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

## ਸ੍ਰੀ ਹੇਮਕੁੰਟ ਸਾਹਿਬ ਲਈ 32ਵੀਂ ਪੈਦਲ ਯਾਤਰਾ ਰਵਾਨਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਤੋਂ ਸ੍ਰੀ ਹੇਮਕੁੰਟ ਸਾਹਿਬ ਲਈ 32ਵੀਂ ਯਾਤਰਾ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਰਵਾਨਾ ਹੋਈ। ਇਸ ਮੌਕੇ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਭਾਈ ਜਸਵਿੰਦਰ ਸਿੰਘ ਤੇ ਮਨਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੇ ਕੀਰਤਨੀਏ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਤੇ ਹੈੱਡ ਗ੍ਰੰਥੀ ਭਾਈ ਨਛੱਤਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਇਸ ਮਹਾਨ ਪੈਦਲ ਯਾਤਰਾ ਨੂੰ ਰਵਾਨਾ ਕੀਤਾ ਗਿਆ। ਰਸਤੇ ਵਿਚ ਸੰਗਤਾਂ ਵੱਲੋਂ ਜਿੱਥੇ ਵੱਖ-ਵੱਖ ਇਸ ਪੈਦਲ ਯਾਤਰਾ ਦਾ ਸਵਾਗਤ ਕੀਤਾ ਗਿਆ ਉਥੇ ਨਾਲ ਹੀ ਕਈ ਪ੍ਰਕਾਰ ਦੇ ਲੰਗਰ ਵੀ ਲਗਾਏ ਗਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਹੇਮਕੁੰਟ ਸਾਹਿਬ ਪੈਦਲ ਯਾਤਰਾ ਸੁਸਾਇਟੀ ਬਟਾਲਾ ਦੇ ਮੁੱਖ ਸੇਵਾਦਾਰ ਡਾ. ਗੁਰਦੇਵ ਸਿੰਘ ਧਾਰੋਵਲੀ ਨੇ ਦੱਸਿਆ ਕਿ ਇਹ ਪੈਦਲ ਯਾਤਰਾ ਵੱਖ-ਵੱਖ ਕਸਬਿਆਂ 'ਚ ਪੜਾਅ ਕਰਦੀ ਹੋਈ 35 ਦਿਨਾਂ ਦਾ ਸਫ਼ਰ ਤੈਅ ਕਰਕੇ ਸ੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨ ਕਰਨ ਉਪਰੰਤ 6 ਜੁਲਾਈ ਨੂੰ ਵਾਪਸ ਡੇਰਾ ਬਾਬਾ ਨਾਨਕ ਪੁੱਜੇਗੀ। ਇਸ ਮੌਕੇ ਹੇਮਕੁੰਟ ਯਾਤਰਾ ਸੁਸਾਇਟੀ ਦੇ ਮੁਖੀ ਡਾ. ਗੁਰਦੇਵ ਸਿੰਘ ਧਾਰੋਵਾਲੀ, ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲੇ, ਬਲਵਿੰਦਰ ਸਿੰਘ ਹਰੁਵਾਲ, ਕੁਲਵਿੰਦਰ ਸਿੰਘ ਬੇਦੀ ਵਾਇਸ ਪ੍ਰਧਾਨ ਨਗਰ ਕੌਂਸਲ, ਪ੍ਰੋ. ਗੁਰਵਿੰਦਰ ਸਿੰਘ, ਸਰਪੰਚ ਗੁਲਜ਼ਾਰ ਸਿੰਘ, ਮੈਨੇਜਰ ਸਤਨਾਮ ਸਿੰਘ ਗੋਸਲ, ਦਲਜੀਤ ਸਿੰਘ ਜੋਸ਼ ਸਾਬਕਾ ਐੱਮਸੀ, ਸੈਕਟਰੀ ਹਰਜਿੰਦਰ, ਪ੍ਰੋ. ਗੁਰਵਿੰਦਰ ਸਿੰਘ ਮੰਮਣਕੇ, ਬਲਦੇਵ ਸਿੰਘ ਪਾਠੀ, ਰਣਧੀਰ ਸਿੰਘ, ਜਗਜੀਤ ਸਿੰਘ ਠੇਠਰਕੇ, ਹਰਜਿੰਦਰਪਾਲ ਸਿੰਘ ਸਾਧਾਂਵਾਲੀ, ਡੀਐੱਸਪੀ ਸੁਖਵਿੰਦਰ ਸਿੰਘ, ਮਾਸਟਰ ਸਤਨਾਮ ਸਿੰਘ, ਡਾ. ਮਨਮੋਹਨ ਸਿੰਘ ਭੱਟੀ, ਸੁਖਜਿੰਦਰ ਸਿੰਘ ਲਾਲੀ, ਹਰਪਾਲ ਸਿੰਘ, ਅਰਮਿੰਦਰ ਸਿੰਘ ਗੋਲਡੀ, ਦਲਜੀਤ ਸਿੰਘ, ਸੀਤਲ ਸਿੰਘ, ਸਤਨਾਮ ਸਿੰਘ ਠੇਠਰਕੇ, ਬਾਬਾ ਸਾਹਿਬ ਸਿੰਘ, ਮੋਹਨ ਸਿੰਘ, ਬਾਬਾ ਬਲਜਿੰਦਰ ਸਿੰਘ, ਮਨਜੀਤ ਸਿੰਘ ਬਿੱਲਾ, ਨਰਿੰਦਰ ਸਿੰਘ ਪ੍ਰੂੰਨੀ, ਮਾਸਟਰ ਚਰਨਜੀਤ ਸਿੰਘ ਬੇਦੀ, ਮਾਸਟਰ ਸਤਨਾਮ ਸਿੰਘ ਧਾਰੋਵਾਲੀ, ਤਰਸੇਮ ਸਿੰਘ ਆਦਿ ਹਾਜ਼ਰ ਸਨ।

# ਏਸ਼ੀਅਨ ਪਾਵਰ ਲਿਫਟਿੰਗ ਫੈਡਰੇਸ਼ਨ ਚੈਂਪੀਅਨਸ਼ਿਪ ’ਚ ਅਵਲੀਨ ਕੌਰ ਨੇ ਜਿੱਤੇ ਚਾਰ ਚਾਂਦੀ ਦੇ ਤਗਮੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪਾਵਰਲਿਫਟਿੰਗ ਫੈਡਰੇਸ਼ਨ ਵੱਲੋਂ ਚੀਨ ਦੇ ਹੈਨਾਨ ਸ਼ਹਿਰ ਵਿੱਚ ਕਰਵਾਈ ਗਈ ਚੈਂਪੀਅਨਸ਼ਿਪ ਵਿੱਚ ਨੂਰਮਹਿਲ ਦੇ ਨੇੜਲੇ ਪਿੰਡ ਭੱਲੋਵਾਲ ਦੀ ਜੰਮਪਲ ਤੇ ਭਾਰਤ ਦੀ ਹੋਣਹਾਰ ਖਿਡਾਰਨ ਅਵਲੀਨ ਕੌਰ ਨੇ ਸਬ-ਜੂਨੀਅਰ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚਾਰ ਚਾਂਦੀ ਦੇ ਤਗਮੇ ਆਪਣੇ ਨਾਂਅ ਕੀਤੇ ਹਨ।ਮੁਕਾਬਲਿਆਂ ਦੌਰਾਨ ਅਵਲੀਨ ਕੌਰ ਨੇ ਸਕੁਆਟ ਵਿੱਚ 190 ਕਿਲੋਗ੍ਰਾਮ ਭਾਰ ਚੁੱਕ ਕੇ ਚਾਂਦੀ ਦਾ ਤਗਮਾ, ਬੈਂਚ ਪ੍ਰੈੱਸ ਵਿੱਚ 85 ਕਿਲੋਗ੍ਰਾਮ ਨਾਲ ਚਾਂਦੀ ਦਾ ਤਗਮਾ ਤੇ ਡੈੱਡਲਿਫਟ ਵਿੱਚ 150 ਕਿਲੋਗ੍ਰਾਮ ਭਾਰ ਚੁੱਕ ਕੇ ਚਾਂਦੀ ਦਾ ਤਗਮਾ ਹਾਸਲ ਕੀਤਾ। ਇਸ ਤੋਂ ਇਲਾਵਾ 425 ਕਿਲੋਗ੍ਰਾਮ ਦੇ ਕੁੱਲ ਭਾਰ ਨਾਲ ਉਸ ਨੇ



ਓਵਰਆਲ ਵਰਗ ਵਿੱਚ ਵੀ ਚਾਂਦੀ ਦਾ ਤਗਮਾ ਜਿੱਤਿਆ।ਅਵਲੀਨ ਕੌਰ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਦੇਸ਼ ਤੇ ਪੰਜਾਬ ਦਾ ਨਾਂਅ ਅੰਤਰਰਾਸ਼ਟਰੀ ਪੱਧਰ ’ਤੇ ਰੌਸ਼ਨ ਹੋਇਆ ਹੈ। ਉਸ ਦੀ ਇਸ ਕਾਮਯਾਬੀ ’ਤੇ ਖੇਡ ਪ੍ਰੇਮੀਆਂ ਅਤੇ ਇਲਾਕੇ ਦੇ ਲੋਕਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾਂ ਕਰਦਿਆਂ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।ਜ਼ਿਕਰ ਯੋਗ ਹੈ ਕਿ ਲਵਲੀਨ ਕੌਰ ਪਾਵਰਕੌਮ ਵਿੱਚ ਆਪਣੀਆਂ ਸੇਵਾ ਨਿਭਾ ਰਹੇ ਗੁਰਵਿੰਦਰ ਸਿੰਘ ਦੀ ਸਪੁੱਤਰੀ ਹੈ। ਇਸ ਨੌਜਵਾਨ ਲੜਕੀ ਦੀ ਇਸ ਵੱਡੀ ਪ੍ਰਾਪਤੀ ਲਈ ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ, ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ, ਡਾਕਟਰ ਨਵਜੋਤ ਦਾਈਆ, ਰਜਿੰਦਰ ਕਾਲੜਾ,ਦਿਨੇਸ਼ ਕੁਮਾਰ ਨਿੱਕੂ ਕੌਂਸਲਰ, ਨੰਦ ਕਿਸ਼ੋਰ ਸਾਬਕਾ ਕੌਂਸਲਰ, ਅਕਾਲੀ ਆਗੂ ਕੇ ਐੱਸ ਮੱਖਣ ਨੇ ਲਵਲੀਨ ਕੌਰ ਤੇ ਉਸ ਦੇ ਪਰਵਾਰ ਨੂੰ ਵਧਾਈਆਂ ਦਿੱਤੀਆਂ।

# ਡਿਪਟੀ ਸਪੀਕਰ ਨੂੰ ਬਾਬਾ ਹਾਥੀ ਰਾਮ ਮਹਾਰਾਜ ਦੇ ਜੋੜ ਮੇਲੇ ਦਾ ਦਿੱਤਾ ਸੱਦਾ ਪੱਤਰ

**ਫਿਲੌਰ (ਨਿਰਮਲ)** ਪ੍ਰਬੰਧਕ ਕਮੇਟੀ ਧੰਨ ਧੰਨ ਬਾਬਾ ਹਾਥੀ ਰਾਮ ਮਹਾਰਾਜ ਗੁਣਾਚੌਰ ਦਾ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਅਤੇ ਉਤਸ਼ਾਹ



ਨਾਲ ਮਨਾਇਆ ਜਾ ਰਿਹਾ ਹੈ। ਇਸ ਜੋੜ ਮੇਲੇ ਸਬੰਧੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਕੁਲਵੰਤ ਰਾਮਾ ਵੱਲੋਂ ਜੈ ਕਿਸ਼ਨ ਰੋੜੀ ਡਿਪਟੀ ਸਪੀਕਰ ਪੰਜਾਬ ਨੂੰ ਸੱਦਾ ਪੱਤਰ ਦਿੱਤਾ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਡਿਪਟੀ ਸਪੀਕਰ ਨੂੰ ਗੁਰੂ ਘਰ ਵਿੱਚ ਰਹਿੰਦੇ ਵਿਕਾਸ ਕਾਰਜ ਜਿਨ੍ਹਾਂ ’ਚ ਨਵੀਆਂ ਸ਼ੈਡਾਂ, ਨਵੇਂ ਗੇਟ ਦੀ ਉਸਾਰੀ ਅਤੇ ਹੋਰ ਮੰਗਾਂ ਸਬੰਧੀ ਬੇਨਤੀ ਕੀਤੀ ਗਈ । ਉਹਨਾ ਦੀਆਂ ਮੰਗਾਂ ’ਤੇ ਗੌਰ ਕਰਨ ਉਪਰੰਤ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਵੱਲੋਂ ਗੁਰੂਘਰ ਦੇ ਵਿਕਾਸ ਕਾਰਜਾਂ ਲਈ ਗ੍ਰਾਂਟ ਦੇਣ ਦਾ ਭਰੋਸਾ ਦਿਵਾਇਆ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਜੋੜ ਮੇਲੇ ਦਾ ਕਾਰਡ ਜੈ ਕਿਸ਼ਨ ਰੋੜੀ ਨੂੰ ਦਿੱਤਾ ਅਤੇ ਧੰਨਵਾਦ ਕੀਤਾ। ਇਸ ਮੌਕੇ ਹਾਜ਼ਰ ਪ੍ਰਧਾਨ ਡਾ ਕੁਲਵੰਤ ਸਿੰਘ ਰਾਮਾ (ਨਗਰ), ਚੇਅਰਮੈਨ ਪਰਮਜੀਤ ਕੁਲਥਮ, ਕੈਸ਼ੀਅਰ ਮਾਸਟਰ ਜੋਗਿੰਦਰ ਸਿੰਘ, ਸਕੱਤਰ ਬਲਜੀਤ ਸਿੰਘ ਰਾਮਾ, ਵਾਈਸ ਕੈਸ਼ੀਅਰ ਮਨਪ੍ਰੀਤ ਰਾਹੋਂ, ਸੀਨੀਅਰ ਮੈਂਬਰ ਬਲਵਿੰਦਰ ਸਿੰਘ ਰਾਮਾ ਅਤੇ ਹੋਰ ਹਾਜ਼ਰ ਸਨ।

# ਮਸ਼ਹੂਰ ਖਿਡਾਰੀ ਕਿੰਦਾ ਬਿਹਾਰੀਪੁਰੀਆ ‘ਆਪ’ ’ਚ ਸ਼ਾਮਲ

**ਚੰਡੀਗੜ੍ਹ, (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਆਮ ਆਦਮੀ ਪਾਰਟੀ (ਆਪ) ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ ਜਦੋਂ ਕਬੱਡੀ ਜਗਤ ਵਿੱਚ ਚੀਤਾ ਦੇ ਨਾਂਅ ਨਾਲ ਜਾਣੇ ਜਾਂਦੇ ਮਸ਼ਹੂਰ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਕਿੰਦਾ ਬਿਹਾਰੀਪੁਰੀਆ ਮੰਗਲਵਾਰ ਨੂੰ ਕਈ ਹੋਰ ਪ੍ਰਮੁੱਖ ਖੇਡ ਹਸਤੀਆਂ ਅਤੇ ਸਮਾਜਿਕ ਆਗੂਆਂ ਸਮੇਤ ਪਾਰਟੀ ਵਿੱਚ ਸ਼ਾਮਲ ਹੋ ਗਏ।ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐੱਸ ਡੀ ਰਾਜਬੀਰ ਸਿੰਘ ਘੁੰਮਣ ਨੇ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਪਾਰਟੀ ਵਿੱਚ ਰਸਮੀ ਤੌਰ ’ਤੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਸਤਿਕਾਰਤ ਖਿਡਾਰੀਆਂ ਅਤੇ ਨੌਜਵਾਨ ਆਗੂਆਂ ਵੱਲੋਂ ਮਿਲ ਰਿਹਾ ਲਗਾਤਾਰ ਸਮਰਥਨ ‘ਆਪ’ ਸਰਕਾਰ ਦੀਆਂ ਨੀਤੀਆਂ ਅਤੇ ਸ਼ਾਸਨ ਵਿੱਚ ਲੋਕਾਂ ਦੇ ਭਰੋਸੇ ਨੂੰ ਦਰਸਾਉਂਦਾ ਹੈ।ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਕਿੰਦਾ ਬਿਹਾਰੀਪੁਰੀਆ, ਜੀਤਾ ਬਾਦਲਗੜ੍ਹ, ਬੱਬੂ ਝਨੇੜੀ ਅਤੇ ਸੇਮਾ ਘਰਾਚੋਂ ਸ਼ਾਮਲ ਸਨ। ਕਬੱਡੀ ਖਿਡਾਰੀ



ਮਲਕੀਤ ਸਿੰਘ ਅਤੇ ਬਰਿੰਦਰ ਸਿੰਘ ਵੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਤੋਂ ਇਲਾਵਾ ਨਾਮਵਰ ਰੈਫਰੀ ਸਤਗੁਰ ਝਨੇੜੀ, ਅੰਤਰਰਾਸ਼ਟਰੀ ਕੁਮੈਂਟੇਟਰ ਕੁਲਬੀਰ ਟਿੰਬਰਵਾਲ, ਨੌਜਵਾਨ ਆਗੂ ਅਮਰਿੰਦਰ ਸਿੰਘ ਰੋੜੀਆਂ ਤੇ ਸਤਨਾਮ ਸਿੰਘ ਵਿਰਕ ਦੇ ਨਾਲ-ਨਾਲ ਮਨਜੋਤ ਸਿੰਘ ਅਤੇ ਹਰਦੀਪ ਸਿੰਘ ਨੇ ਵੀ ‘ਆਪ’ ਦਾ ਪੱਲਾ ਫੜਿਆ।ਨਵੇਂ ਮੈਂਬਰਾਂ ਦਾ ਸਵਾਗਤ ਕਰਦਿਆਂ ਰਾਜਬੀਰ ਸਿੰਘ ਘੁੰਮਣ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ‘ਆਪ’ ਸਰਕਾਰ ਨੌਜਵਾਨਾਂ ਅਤੇ ਖੇਡ ਜਗਤ ਸਮੇਤ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਅਣਥੱਕ ਕਾਰਜ ਕਰ ਰਹੀ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਇਨ੍ਹਾਂ ਪ੍ਰਮੁੱਖ ਸ਼ਖਸੀਅਤਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਜ਼ਮੀਨੀ ਪੱਧਰ ’ਤੇ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਇਸ ਦਾ ਸੁਨੇਹਾ ਲੋਕਾਂ ਤੱਕ ਪਹੁੰਚਾਉਣ ਵਿੱਚ ਮਦਦ ਮਿਲੇਗੀ।ਨਵੇਂ ਸ਼ਾਮਲ ਹੋਏ ਮੈਂਬਰਾਂ ਨੇ ਕਿਹਾ ਕਿ ਉਹ ਭਗਵੰਤ ਮਾਨ ਸਰਕਾਰ ਦੇ ਪਾਰਦਰਸ਼ੀ ਅਤੇ ਲੋਕ-ਪੱਖੀ ਸ਼ਾਸਨ ਤੋਂ ਬਹੁਤ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਰੁਜ਼ਗਾਰ, ਖੇਡਾਂ ਅਤੇ ਜਨ ਭਲਾਈ ਦੇ ਖੇਤਰਾਂ ਵਿੱਚ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਨੇ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਅਤੇ ਪੰਜਾਬ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਹੈ।

# ਕੈਲੀਫੋਰਨੀਆ ਪੰਜਾਬੀ ਸਾਹਿਤ ਸਭਾ ਵੱਲੋਂ ‘ਦ ਅਲਕਮੀ ਆਫ਼ ਲਾਈਫ਼’ ਦਾ ਲੋਕ ਅਰਪਣ

**ਸੈਕਰਾਮੈਂਟੋ, ਕੈਲੀਫੋਰਨੀਆ**- ਕੈਲੀਫੋਰਨੀਆ ਪੰਜਾਬੀ ਸਾਹਿਤ ਸਭਾ, ਸੈਕਰਾਮੈਂਟੋ ਵੱਲੋਂ ਆਯੋਜਿਤ ਮਾਸਿਕ ਕਵੀ ਦਰਬਾਰ ਬਹੁਤ ਹੀ ਸਫਲ ਤੇ ਯਾਦਗਾਰੀ ਰਿਹਾ। ਇਸ ਸਾਹਿਤਕ ਸਮਾਗਮ ਵਿੱਚ ਕਵੀਆਂ, ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਕਵਿਤਾ, ਚਿੰਤਨ ਅਤੇ ਸਿਰਜਣਾਤਮਕਤਾ ਦਾ ਜਸ਼ਨ ਮਨਾਇਆ।ਸਮਾਗਮ ਦਾ ਸੰਚਾਲਨ ਉੱਘੇ ਲੇਖਕ, ਗੀਤਕਾਰ ਅਤੇ ਫ਼ਿਲਮ ਰਾਈਟਰ ਜੀਵਨ ਰੱਤੂ ਵੱਲੋਂ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਸੁਚੱਜੇ ਢੰਗ ਨਾਲ ਕੀਤਾ ਗਿਆ। ਉਨ੍ਹਾਂ ਦੀਆਂ ਟਿੱਪਣੀਆਂ ਅਤੇ ਸਾਹਿਤਕ ਸਮਝ ਨੇ ਪੂਰੇ ਪ੍ਰੋਗਰਾਮ ਨੂੰ ਇੱਕ ਵਿਲੱਖਣ ਰੰਗ ਬਖ਼ਸ਼ਿਆ।ਇਸ ਮੌਕੇ ਹਰਜਿੰਦਰ ਕੌਰ, ਬਲਜੀਤ ਸੋਹੀ, ਸੁਰਿੰਦਰ ਬਰਾੜ, ਦਲਜੀਤ ਸੰਧੂ, ਜਗਰੂਪ ਮਾਂਗਟ ਬੂਰਾਂ, ਅਮਰ ਸਿੰਘ ਹੁੰਦਲ, ਅਵਿਨਾਸ਼ ਸਿੰਘ ਰਾਠੌਰ, ਕਮਲ, ਡਾ. ਪ੍ਰਦੀਪ ਨਾਂਗਲੂ, ਸੋਹਮ ਨਾਂਗਲੂ, ਇੰਦਰਜੀਤ ਸਿੰਘ, ਰਾਜਾ ਆਮਿਰ ਖ਼ਾਨ ਤੇ ਹੋਰ ਅਨੇਕਾਂ ਉੱਘੇ ਕਵੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀਆਂ ਰਚਨਾਵਾਂ ਰਾਹੀਂ ਸਰੋਤਿਆਂ ਨੂੰ ਮੰਤਰਮੁਗਧ ਕਰ ਦਿੱਤਾ।ਕਵੀ ਦਰਬਾਰ ਦੌਰਾਨ ਕਵਿਤਾ ਦੇ ਅਨੇਕਾਂ ਰੰਗ ਦੇਖਣ ਨੂੰ ਮਿਲੇ। ਪ੍ਰੇਮ, ਵਿਛੋੜਾ, ਜੀਵਨ ਦਰਸ਼ਨ, ਰੂਹਾਨੀਅਤ, ਮਨੁੱਖੀ ਸੰਵੇਦਨਾਵਾਂ ਅਤੇ ਸਮਾਜਿਕ ਚੇਤਨਾ ਨਾਲ ਭਰਪੂਰ ਕਵਿਤਾਵਾਂ ਨੇ ਸਰੋਤਿਆਂ ਦੇ ਦਿਲਾਂ ਨੂੰ ਛੂਹ ਲਿਆ। ਤਾੜੀਆਂ ਦੀ ਗੂੰਜ, ਵਾਹ-ਵਾਹ ਦੀਆਂ ਆਵਾਜ਼ਾਂ ਅਤੇ



ਸਾਹਿਤਕ ਰਸ ਨਾਲ ਭਰੇ ਮਾਹੌਲ ਨੇ ਪੂਰੇ ਹਾਲ ਨੂੰ ਊਰਜਾਵਾਨ ਅਤੇ ਤਰੋਤਾਜ਼ਾ ਕਰ ਦਿੱਤਾ।

ਵਿਸ਼ੇਸ਼ ਤੌਰ ’ਤੇ ਰਾਜਾ ਆਮਿਰ ਖ਼ਾਨ, ਇੰਦਰਜੀਤ ਸਿੰਘ, ਬਲਜੀਤ ਬਰਾੜ ਅਤੇ ਜਗਰੂਪ ਮਾਂਗਟ ਨੇ ਆਪਣੀ ਦਾਰਸ਼ਨਿਕ ਅਤੇ ਚਿੰਤਨਸ਼ੀਲ ਕਾਵਿ ਸ਼ੈਲੀ ਰਾਹੀਂ ਸਰੋਤਿਆਂ ਦਾ ਮਨ ਮੋਹ ਲਿਆ। ਇਸ ਕਵੀ ਦਰਬਾਰ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਪ੍ਰਸਿੱਧ ਮਨੋਵਿਗਿਆਨੀ, ਲੇਖਕ ਅਤੇ ਕਵੀ ਡਾ. ਪਰਦੀਪ ਨਾਂਗਲੂ ਦੀ ਹਾਲ ਹੀ ਵਿੱਚ ਪ੍ਰਕਾਸ਼ਿਤ ਅੰਗਰੇਜ਼ੀ ਕਵਿਤਾ ਪੁਸਤਕ ‘ਦ ਅਲਕਮੀ ਆਫ਼ ਲਾਈਫ਼’ ਦਾ ਸ਼ਾਨਦਾਰ ਲੋਕ ਅਰਪਣ ਰਿਹਾ। ਪੁਸਤਕ ਨੂੰ ਸਾਹਿਤਕ ਭਾਈਚਾਰੇ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਤਾੜੀਆਂ ਦੀ ਗੂੰਜ ਵਿਚਕਾਰ ਇਸ ਨੂੰ ਰਸਮੀ ਤੌਰ ’ਤੇ ਲੋਕ ਅਰਪਿਤ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਡਾ. ਪਰਦੀਪ ਨਾਂਗਲੂ ਨੇ ਆਪਣੇ ਪੱਚੀ ਸਾਲਾਂ ਦੇ ਵਿਅਕਤੀਗਤ ਅਤੇ ਪੇਸ਼ੇਵਰ ਤਜ਼ਰਬਿਆਂ ਨੂੰ ਸਾਂਝਾ ਕਰਦਿਆਂ ਦੱਸਿਆ ਕਿ ਜੀਵਨ ਦੇ ਸੰਘਰਸ਼ਾਂ, ਟੁੱਟਣਾਂ, ਉਮੀਦਾਂ, ਇਲਾਜ ਅਤੇ ਆਤਮਿਕ ਰੂਪਾਂਤਰਨ ਦੀਆਂ ਯਾਤਰਾਵਾਂ ਨੇ ਇਸ ਪੁਸਤਕ ਨੂੰ ਜਨਮ ਦਿੱਤਾ ਹੈ। ਸਮਾਗਮ ਦੇ ਅੰਤ ਵਿੱਚ ਕੈਲੀਫੋਰਨੀਆ ਪੰਜਾਬੀ ਸਾਹਿਤ ਸਭਾ ਦੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ ਗਈ, ਜੋ ਵਿਦੇਸ਼ ਦੀ ਧਰਤੀ ’ਤੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਨਿਰੰਤਰ ਯਤਨਸ਼ੀਲ ਹੈ। ਕਵਿਤਾਵਾਂ ਦੀ ਮਹਿਕ, ਤਾੜੀਆਂ ਦੀ ਗੂੰਜ ਅਤੇ ਦ ਅਲਕਮੀ ਆਫ਼ ਲਾਈਫ਼ ਦੇ ਲੋਕ ਅਰਪਣ ਨੇ ਇਸ ਸ਼ਾਮ ਨੂੰ ਇੱਕ ਯਾਦਗਾਰ ਸਾਹਿਤਕ ਤਿਉਹਾਰ ਵਿੱਚ ਬਦਲ ਦਿੱਤਾ।

# ਰੁੜਕੀ ਹੀਰਾਂ ਵਿਖੇ ਖ਼ੂਨਦਾਨ ਕੈਂਪ ਲਗਾਇਆ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੱਬੀ)**- ਗ੍ਰਾਮ ਪੰਚਾਇਤ ਪਿੰਡ ਰੁੜਕੀ ਹੀਰਾਂ ਵੱਲੋਂ ਪਿੰਡ ਦੇ ਸਰਪੰਚ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ ਕੀਤਾ ਗਿਆ ਜਦੋਂ ਕਿ ਮੁੱਖ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਪੀ ਸੀ ਏ ਦੀ ਅਪੈਕਸ ਕੌਂਸਲ ਦੇ ਮੈਂਬਰ ਬੀਰਦਵਿੰਦਰ ਸਿੰਘ ਬੱਲਾਂ ਨੇ ਸ਼ਮੂਲੀਅਤ ਕੀਤੀ। ਸਰਪੰਚ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਬਲੱਡ ਬੈਂਕ ਚੰਡੀਗੜ੍ਹ ਤੋਂ ਡਾਕਟਰ ਰੋਲੀ ਅਗਰਵਾਲ ਦੀ ਦੇਖ-ਰੇਖ ਹੇਠ ਆਈ ਟੀਮ ਵੱਲੋਂ 72 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।



ਉਨ੍ਹਾਂ ਦੱਸਿਆ ਕਿ ਪੀ ਜੀ ਆਈ ਚੰਡੀਗੜ੍ਹ, ਜਨਰਲ ਹਸਪਤਾਲ ਚੰਡੀਗੜ੍ਹ ਅਤੇ ਸਰਕਾਰੀ ਮੈਡੀਕਲ ਕਾਲਜ ਤੇ ਹਸਪਤਾਲ ਸੈਕਟਰ 32 ਵਿੱਚ ਗਰਮੀ ਦੇ ਸੀਜ਼ਨ ਦੌਰਾਨ ਮਰੀਜ਼ਾਂ ਦੀ ਗਿਣਤੀ ਵਧ ਜਾਂਦੀ ਹੈ ਅਤੇ ਖ਼ੂਨ ਦੀ ਕਮੀ ਹੋ ਜਾਂਦੀ ਹੈ, ਜਿਸ ਕਾਰਨ ਬਲੱਡ ਬੈਂਕ ਵੱਲੋਂ ਵੱਖ ਵੱਖ ਸਮਾਜਸੇਵੀ ਸੰਸਥਾਵਾਂ ਅਤੇ ਗ੍ਰਾਮ ਪੰਚਾਇਤਾਂ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਏ ਜਾਂਦੇ ਹਨ। ਡਾ. ਚਰਨਜੀਤ ਸਿੰਘ ਨੇ ਕਿਹਾ ਕਿ ਖ਼ੂਨਦਾਨ ਉੱਤਮ ਦਾਨ ਹੈ ਜਿਸ ਦੀ ਇਕ ਬੂੰਦ ਵੀ ਕਿਸੇ ਲੋੜਵੰਦ ਦੀ ਜ਼ਿੰਦਗੀ ਨੂੰ ਬਚਾ ਸਕਦੀ ਹੈ। ਯੂਥ ਆਗੂ ਵੀਰਦਵਿੰਦਰ ਸਿੰਘ ਬੱਲਾਂ ਨੇ ਗ੍ਰਾਮ ਪੰਚਾਇਤ ਵੱਲੋਂ ਲਗਾਏ ਖ਼ੂਨਦਾਨ ਕੈਂਪ ਦੀ ਸ਼ਲਾਘਾ ਕੀਤੀ।

ਇਸ ਮੌਕੇ ਚੇਅਰਮੈਨ ਸਕਿੰਦਰ ਸਿੰਘ ਸਹੇੜੀ, ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆ, ਸਰਪੰਚ ਹਰਪ੍ਰੀਤ ਸਿੰਘ, ਸਰਪੰਚ ਅਤੇ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਫਾਲਕਨ ਇੰਟਰਨੈਸ਼ਨਲ ਸਕੂਲ ਦਾ ਡਰੀਮਲੈਂਡ ਸਮਰ ਟ੍ਰਿਪ



**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸਕੂਲ ਵੱਲੋਂ ਵਿਦਿਆਰਥੀਆਂ ਲਈ ਡਰੀਮਲੈਂਡ ਵਿਖੇ ਵਿਸ਼ੇਸ਼ ਸਮਰ ਟ੍ਰਿਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਪਹਿਲੀ ਤੋਂ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਡਰੀਮਲੈਂਡ ਪਹੁੰਚ ਕੇ ਵਿਦਿਆਰਥੀਆਂ ਨੇ ਵੱਖ-ਵੱਖ ਝੂਲਿਆਂ, ਮਨੋਰੰਜਕ ਗਤੀਵਿਧੀਆਂ ਅਤੇ ਰੋਮਾਂਚਕ ਰਾਈਡਾਂ ਦਾ ਭਰਪੂਰ ਆਨੰਦ ਮਾਣਿਆ। ਇਹ ਟ੍ਰਿਪ ਵਿਦਿਆਰਥੀਆਂ ਲਈ ਸਿੱਖਣ ਦੇ ਨਾਲ-ਨਾਲ ਮਨੋਰੰਜਨ ਦਾ ਵੀ ਇੱਕ ਯਾਦਗਾਰ ਅਨੁਭਵ ਸਾਬਤ ਹੋਇਆ।ਸਕੂਲ ਦੇ ਚੈਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ, ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ, ਪ੍ਰਿੰਸੀਪਲ ਪਰਵੀਨ ਕੌਰ ਅਤੇ ਵਾਈਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਨੇ ਇਸ ਸਫਲ ਆਯੋਜਨ ਲਈ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਮਾਪਿਆਂ ਦਾ ਧੰਨਵਾਦ ਕੀਤਾ।

## ਨਵਾਂਸ਼ਹਿਰ-ਗੜ੍ਹਸ਼ੰਕਰ ਰੋਡ ਦੀ ਖਸਤਾ ਹਾਲਤ ਵਿਰੁੱਧ ਕੀਤਾ ਟਰੈਫਿਕ ਜਾਮ

**ਨਵਾਂਸ਼ਹਿਰ (ਮਨੋਜ ਲਾਡੀ)**- ਨਵਾਂਸ਼ਹਿਰ ਗੜ੍ਹਸ਼ੰਕਰ ਰੋਡ ਦੀ ਖਸਤਾ ਹਾਲਤ ਤੋਂ ਤੰਗ ਹੋਣ ਕਾਰਨ ਲਾਗੇ ਦੇ ਪਿੰਡਾਂ ਦੇ ਲੋਕਾਂ ਨੇ ਸੜਕ ਉੱਤੇ ਹੀ ਜਾਮ ਲਗਾ ਦਿੱਤਾ। ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸਰਪੰਚ ਮਨਦੀਪ ਕੌਰ, ਪੰਚ ਸੁਰਜੀਤ ਕੌਰ, ਸਾਬਕਾ ਚੈਅਰਮੈਨ ਹਰਬੰਸ ਲਾਲ, ਮਾਸਟਰ ਗੁਰਦਿਆਲ ਸਿੰਘ, ਆਟੋ ਯੂਨੀਅਨ ਦੇ ਪ੍ਰਧਾਨ ਪੁਨੀਤ ਕੁਮਾਰ, ਦੇਸ ਰਾਜ ਬਾਲੀ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਹਰਮੇਸ਼ ਢੇਸੀ, ਪੇਂਡੂ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਕਮਲਜੀਤ ਸਨਾਵਾ ਤੇ ਇਲਾਕਾ ਪ੍ਰਧਾਨ ਕਿਰਨਜੀਤ ਕੌਰ ਨੇ ਕਿਹਾ ਕਿ ਕਈ ਸਰਕਾਰਾਂ ਆਈਆਂ ਤੇ ਕਈ ਗਈਆਂ, ਪਰ ਨਵਾਂਸ਼ਹਿਰ-ਗੜ੍ਹਸ਼ੰਕਰ ਰੋਡ ਦੀ ਹਾਲਤ ਨੀ ਬਦਲੀ। ਸਥਾਨਕ ਲੋਕਾਂ ਦੇ ਨਾਲ-ਨਾਲ ਆਵਾਜਾਈ ਵੀ ਵੱਡੀ ਪੱਧਰ ਤੇ ਪ੍ਰਭਾਵਿਤ ਹੋ ਰਹੀ, ਸੜਕ ਨਾਲ ਲੱਗਦੇ ਘਰ ਧੂੜ-ਮਿੱਟੀ ਨਾਲ ਭਰੇ ਰਹਿੰਦੇ ਹਨ ਤੇ ਉੱਥੇ ਹੀ ਸ੍ਰੀ ਅਨੰਦਪੁਰ ਸਾਹਿਬ ਦੇ ਦਰਸ਼ਨਾਂ ਨੂੰ ਜਾਂਦੀਆਂ ਸੰਗਤਾਂ ਨੂੰ ਵੀ ਭਾਰੀ ਮੁਸ਼ਕਤ ਝੱਲਣੀ ਪੈਂਦੀ ਹੈ। ਤਿੰਨ ਘੰਟੇ ਚੱਲੇ ਧਰਨੇ ਦੇ ਸਮੇਂ ਦੌਰਾਨ ਸਿਵਲ ਪ੍ਰਸ਼ਾਸਨ ਦੇ ਤਹਿਸੀਲਦਾਰ ਗੁਰਮੁੱਖ ਸਿੰਘ ਤੇ ਡੀਐੱਸਪੀ ਪੰਕਜ ਸ਼ਰਮਾ ਮੌਕੇ ਤੇ ਪਹੁੰਚੇ ਤੇ ਧਰਨਾਕਾਰੀਆਂ ਨੂੰ ਵਿਸ਼ਵਾਸ਼ ਦੁਆਇਆ ਕਿ ਰੋਡ ਦਾ ਰੁਕਿਆ ਕੰਮ ਦਿਨ ਬੁੱਧਵਾਰ ਤੋਂ ਸ਼ੁਰੂ ਕਰਵਾ ਦਿੱਤਾ ਜਾਵੇਗਾ। ਦੂਸਰੇ ਪਾਸੇ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਬੁੱਧਵਾਰ ਨੂੰ ਰੋਡ ਦਾ ਕੰਮ ਸ਼ੁਰੂ ਨਾ ਕੀਤਾ ਗਿਆ ਤਾਂ ਅਗਲੇ ਸੰਘਰਸ਼ ਦੇ ਸਿੱਟੇ ਪ੍ਰਸ਼ਾਸਨ ਨੂੰ ਭੁਗਤਣੇ ਪੈਣਗੇ। ਇਸ ਮੌਕੇ ਪੀਐੱਮਯੂ ਆਗੂ ਸੁਰਿੰਦਰ ਮੀਰਪੁਰ ਤੇ ਸੁਰਿੰਦਰ ਸਿੰਘ ਸ਼ਿੰਦਾ, ਆਟੋ ਯੂਨੀਅਨ ਦੇ ਮੀਤ ਪ੍ਰਧਾਨ ਤਰਨਜੀਤ ਸਿੰਘ, ਅਰਜੁਨ ਸਿੰਘ ਦਾਸ ਮਹਿੰਦੀਪੁਰ ਨੇ ਸੰਬੋਧਨ ਕੀਤਾ ਤੇ ਪੀ ਐੱਸ ਯੂ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਧਰਮਕੋਟ, ਸਮਾਜਿਕ ਏਕਤਾ ਮੰਚ ਦੇ ਆਗੂ ਸ਼ੱਬੀਰ ਅੰਸਾਰੀ ਤੇ ਇਜ਼ਰਾਇਲ,ਹਰਜੀਤ, ਗੁਰਜੀਤ ਸਿੰਘ ਮਹਿੰਦੀਪੁਰ, ਸੁਰਜੀਤ ਸਿੰਘ, ਸਾਬਕਾ ਪ੍ਰਿੰ. ਓਮਕਾਰ ਸਿੰਘ, ਇੰਦਰਜੀਤ ਸਿੰਘ, ਸਰਬਜੀਤ ਸਿੰਘ, ਭੁਪਿੰਦਰ ਕੁਮਾਰ, ਹਰਵਿੰਦਰ ਸਿੰਘ, ਪਰਮਿੰਦਰ ਸਿੰਘ, ਸਰਬਜੀਤ ਸਿੰਘ ਆਦਿ ਵੀ ਮੌਜੂਦ ਸਨ।

# ਸਤਲੁਜ ਦਰਿਆ ਦੇ ਨਾਲ ਲੱਗਦੇ ਪਿੰਡਾਂ ’ਚ ਠੀਕਰੀ ਪਹਿਰਾ ਲਾਉਣ ਦੇ ਹੁਕਮ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਚਾਇਤਾਂ ਨੂੰ ਪੰਜਾਬ ਵਿਲੇਜ ਅਤੇ ਸਮਾਲ ਟਾਊਨ ਪੈਟਰੋਲ ਐਕਟ, 1918 ਦੀ ਧਾਰਾ 3 ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹੱਦ ਅੰਦਰ ਪੈਂਦੇ ਸਤਲੁਜ ਦਰਿਆ ਅਤੇ ਸਤਲੁਜ ਦਰਿਆ ਨਾਲ ਲੱਗਦੇ ਪਿੰਡਾਂ ਵਿੱਚ ਠੀਕਰੀ ਪਹਿਰਾ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸ਼ਹੀਦ ਭਗਤ ਸਿੰਘ ਨਗਰ ਬੇਟ ਦੇ ਪਿੰਡਾਂ ਦੀਆਂ ਸੰਬੰਧਤ ਪੰਚਾਇਤਾਂ ਰਾਹੀਂ ਇਹ ਹੁਕਮ ਸਖ਼ਤੀ ਨਾਲ ਲਾਗੂ ਕਰਵਾਉਣ ਦੇ ਜ਼ਿੰਮੇਵਾਰ ਹੋਣਗੇ। ਉਕਤ ਤੋਂ ਇਲਾਵਾ ਸਤਲੁਜ ਦਰਿਆ ਨਾਲ ਲੱਗਦੇ ਬੇਟ ਏਰੀਏ ਦੇ ਪਿੰਡਾਂ ਨਾਲ ਸੰਬੰਧਤ ਪਟਵਾਰੀ, ਕਾਨੂੰਗੋ ਸਤਲੁਜ ਦਰਿਆ ਦੀ ਸਥਿਤੀ ਬਾਰੇ ਹਰ ਰੋਜ਼ ਇੱਕ ਰਿਪੋਰਟ ਸੰਬੰਧਤ ਤਹਿਸੀਲਦਾਰ ਨੂੰ ਭੇਜਣਗੇ ਅਤੇ ਤਹਿਸੀਲਦਾਰ ਆਪਣੀ ਰਿਪੋਰਟ ਡੀ.ਸੀ ਦਫਤਰ (ਡੀ.ਆਰ.ਏ) ਸ਼ਾਖਾ ਨੂੰ ਹਰ ਰੋਜ਼ ਸਵੇਰੇ 9 ਵਜੇ ਭੇਜਣ ਦੇ ਜ਼ਿੰਮੇਵਾਰ ਹੋਣਗੇ। ਇਸ ਤੋਂ ਇਲਾਵਾ ਕਾਰਜਕਾਰੀ ਇੰਜੀਨੀਅਰ ਡਰੇਨਜ਼ ਰੇਂਜ ਜਲੰਧਰ ਅਤੇ ਹੁਸ਼ਿਆਰਪੁਰ ਆਪਣੇ ਅਧੀਨ ਲੱਗਦੇ ਸਤਰੁਜ ਦਰਿਆ ਦੀ ਪਾਣੀ ਦੀ ਸਥਿਤੀ ਲੈਵਲ ਬਾਰੇ ਰੋਜ਼ਾਨਾ ਆਪਣੀ ਰਿਪੋਰਟ ਡੀ.ਸੀ ਦਫਤਰ( ਡੀ.ਆਰ.ਏ.) ਸਾਖਾ ਸ਼ਹੀਦ ਭਗਤ ਸਿੰਘ ਨਗਰ ਨੂੰ ਭੇਜਣ ਦੇ ਜ਼ਿੰਮੇਵਾਰ ਹੋਣਗੇ। ਇਹ ਹੁਕਮ 15 ਜੂਨ ਤੋਂ 18 ਅਗਸਤ ਤੱਕ ਲਾਗੂ ਰਹੇਗਾ।

# 36 ਲੱਖ ਦੇ ਫ਼ੰਡ ਨਾਲ ਬੋਹਣ ਸਕੂਲ ਦਾ ਬੁਨਿਆਦੀ ਢਾਂਚਾ ਹੋਵੇਗਾ ਮਜ਼ਬੂਤ : ਡਾ. ਈਸ਼ਾਂਕ ਕੁਮਾਰ

**ਹੁਸ਼ਿਆਰਪੁਰ (ਓ ਪੀ ਰਾਣਾ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਵਿੱਚ ਮੇਗਾ ਪੀ ਟੀ ਐਮ (ਮਾਪੇ-ਅਧਿਆਪਕ ਮੀਟਿੰਗ) ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਚੱਬੇਵਾਲ ਤੋਂ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਮਾਪਿਆਂ, ਅਧਿਆਪਕਾਂ ਤੇ ਵਿਦਿਆਰਥੀਆਂ ਨਾਲ ਰੂਬਰੂ ਹੋਏ।ਇਸ ਮੌਕੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਮੇਗਾ ਪੀ ਟੀ ਐਮ ਇੱਕ ਵੱਡਾ ਮੰਚ ਬਣ ਕੇ ਸਾਹਮਣੇ ਆਈ ਹੈ ਜਿਸ ਵਿਚ ਅਧਿਆਪਕਾਂ, ਮਾਪੇ ਅਤੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਅਤੇ ਭਰਪੂਰ ਭਾਗੀਦਾਰੀ ਨਾਲ ਇਸ ਨੂੰ ਸਫਲ ਬਣਾਇਆ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਰਾਹੀਂ ਮਾਪੇ ਆਪਣੇ ਬੱਚਿਆਂ ਦੀ ਪੜ੍ਹਾਈ, ਪ੍ਰਗਤੀ ਅਤੇ ਸਕੂਲ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕਰਦੇ ਹਨ, ਜਿਸ ਨਾਲ ਸਕੂਲ ਅਤੇ ਮਾਪਿਆਂ ਵਿਚਕਾਰ ਤਾਲਮੇਲ ਹੋਰ ਮਜ਼ਬੂਤ ਹੁੰਦਾ ਹੈ।ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਗੁਣਵੱਤਾ ਵਾਲੀ ਸਿੱਖਿਆ, ਆਧੁਨਿਕ ਸਹੂਲਤਾਂ ਅਤੇ ਬਿਹਤਰ ਸਿੱਖਿਆ ਮਾਹੌਲ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ। ਡਾ. ਇਸ਼ਾਂਕ ਨੇ ਜਾਣਕਾਰੀ ਦਿੱਤੀ ਕਿ



ਬੋਹਣ ਸਕੂਲ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਵੱਖ-ਵੱਖ ਕਾਰਜਾਂ ਲਈ 36 ਲੱਖ ਦੀਆਂ ਗ੍ਰਾਂਟਾਂ ਵੀ ਪ੍ਰਦਾਨ ਕੀਤੀਆਂ ਗਈਆਂ ਹਨ। ਸਕੂਲ ਵਿੱਚ ਨਵੇਂ ਕਲਾਸਰੂਮਾਂ ਦੀ ਉਸਾਰੀ 13 ਲੱਖ ਦੀ ਗ੍ਰਾਂਟ ਨਾਲ ਕੀਤੀ ਗਈ , ਲਾਇਬ੍ਰੇਰੀ ਦੀ ਉਸਾਰੀ ਲਈ ਵੀ 13 ਲੱਖ ਰੁਪਏ ਅਤੇ ਸਕੂਲ ਹਾਲ ਦੇ ਨਿਰਮਾਣ ਲਈ 10 ਲੱਖ ਰੁਪਏ ਦਿੱਤੇ ਗਏ ਹਨ ਜਿਸ ਨਾਲ ਇਹਨਾਂ ਦਾ ਕੰਮ ਜਾਰੀ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਹੋਰ ਨਵੀਂ ਤਕਨੀਕ ਨਾਲ, ਅਤਿ ਆਧੁਨਿਕ ਬਣਾਉਣ ਲਈ ਸਕੂਲ ਨੂੰ 2 ਐਲ.ਈ.ਡੀ. ਅਤੇ 8 ਕੰਪਿਊਟਰ ਵੀ ਮੁਹੱਈਆ ਕਰਵਾਏ ਗਏ ਹਨ।ਸਕੂਲ ਦੀ ਪ੍ਰਿੰਸੀਪਲ ਮਲਕੀਤ ਕੌਰ ਨੇ ਮੁੱਖ ਮਹਿਮਾਨ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕਰਦਿਆਂ ਸਕੂਲ ਦੀਆਂ ਵਿਦਿਅਕ, ਖੇਡ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਚੇਅਰਪਰਸਨ ਰਣਜੀਤ ਕੌਰ, ਬਲਾਕ ਸੰਮਤੀ ਚੇਅਰਮੈਨ ਕੁਲਵਿੰਦਰ ਕੌਰ, ਹਲਕਾ ਇੰਚਾਰਜ ਕਿਸਾਨ ਵਿੰਗ ਪਰਮਿੰਦਰ ਸਿੰਘ, ਐੱਸ ਐੱਮ ਸੀ ਮੈਂਬਰ ਸੰਦੀਪ ਸੈਣੀ ਅਤੇ ਕੁਲਜਿੰਦਰ ਸਿੰਘ, ਲੈਕਚਰਾਰ ਪ੍ਰਭਜੋਤ ਸਿੰਘ, ਲੈਕਚਰਾਰ ਮੁਨੀਸ਼ ਮੌਦਗਿੱਲ, ਲੈਕਚਰਾਰ ਗੁਰਪ੍ਰੀਤ ਕੌਰ, ਲੈਕਚਰਾਰ ਹਰਵਿੰਦਰ ਕੌਰ, ਸਟੇਜ ਸਕੱਤਰ ਹਰਕਮਲ ਕੌਰ ਤੇ ਏ ਸੀ ਟੀ ਮੁਕੇਸ਼ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਮਾਪੇ, ਅਧਿਆਪਕ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

# ਸੜਕ ਨੂੰ ਪਹਿਲ ਦੇ ਆਧਾਰ ’ਤੇ ਬਣਾਉਣ ਦੀ ਮੰਗ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਚੱਬੇਵਾਲ ਮੁਹੱਲਾ ਵਾਸਦੇਵ ਦੇ ਨਿਵਾਸੀ ਹੱਥ ਵਿੱਚ ਬੈਨਰ ਫੜ ਕੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾ ਪੱਧਰੀ ਰੈਲੀ ਵਿੱਚ ਸ਼ਾਮਲ ਹੋਣ ਲਈ ਆਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਦੱਸਿਆ ਕਿ ਕਰੀਬ 60 ਸਾਲ ਤੋਂ ਮੁਹੱਲਾ ਵਾਸੀਆਂ ਦੀ ਮੰਗ ਸੀ ਕਿ 4 ਕਰਮਾਂ ਚੌੜੀ ਅਤੇ ਇੱਕ ਕਿਲੋਮੀਟਰ ਲੰਬੀ ਸੜਕ ਬਣਾਈ ਜਾਵੇ ਪਰ ਸਿਆਸੀ ਆਗੂ ਹਰ ਵਾਰ ਵੋਟਾਂ ਸਮੇਂ ਲਾਰੇ ਲਾ ਕੇ ਚਲੇ ਜਾਂਦੇ ਹਨ। ਕਿੰਨੀਆਂ ਸਰਕਾਰਾਂ ਤੇ ਪੰਚਾਇਤਾਂ ਆਈਆਂ ਪਰ ਕਿਸੇ ਨੇ ਇਸ ਦੀ ਸਾਰ ਨਹੀਂ ਲਈ। ਉਨ੍ਹਾਂ ਕਿਹਾ ਕਿ ਮੁਹੱਲੇ ਦੇ ਚਾਰੋਂ ਪਾਸਿਆਂ ਉੱਤੇ ਇੱਕੋ ਰਸਤਾ ਹੈ ਅਤੇ ਉਹ ਵੀ ਕੱਚਾ ਹੈ। ਜਿਸ ਕਾਰਨ ਬਰਸਾਤਾਂ ਸਮੇਂ ਬਹੁਤ ਔਖਾ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਸਾਡੀ ਸੜਕ ਪਹਿਲ ਦੇ ਆਧਾਰ ’ਤੇ ਬਣਾਈ ਜਾਵੇ ।



## ਬੱਚਿਆਂ ਨੇ ਮੈਕਲੋਡਗੰਜ ਦੀ ਯਾਤਰਾ ਦਾ ਅਨੰਦ ਮਾਣਿਆ

**ਕਰਤਾਰਪੁਰ (ਹਰਮੇਸ਼ ਦੱਤ)** ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਦੇ ਬੱਚਿਆਂ ਨੇ ਮੈਕਲਿਓਡ ਗੰਜ ਦੀ ਯਾਤਰਾ ਦਾ ਅਨੰਦ ਮਾਣਿਆ। ਸਕੂਲ ਦੀ ਪ੍ਰਿੰਸੀਪਲ ਉਨ੍ਹਾਂ ਨੂੰ ਮੈਕਲਿਓਡ ਗੰਜ ਦੀ ਯਾਤਰਾ ’ਤੇ ਲੈ ਗਏ । ਸਕੂਲ ਦੇ ਬੱਚਿਆਂ ਨੇ ਸੁੰਦਰ ਵਾਦੀਆਂ ਦਾ ਆਨੰਦ ਮਾਣਿਆ ਅਤੇ ਤਸਵੀਰਾਂ ਖਿੱਚੀਆਂ। ਉਨ੍ਹਾਂ ਨੂੰ ਬੁੱਧ ਮੰਦਰ ਵੀ ਲਿਜਾਇਆ ਗਿਆ ਜੋ ਕਿ ਤਿੱਬਤੀ ਸੱਭਿਆਚਾਰ ਅਤੇ ਕੁਦਰਤੀ ਸੁੰਦਰਤਾ ਲਈ ਜਾਣਿਆ ਜਾਂਦਾ ਹੈ। ਇਹ ਯਾਤਰਾ ਸੁੰਦਰ ਵਾਦੀਆਂ ਅਤੇ ਝਰਨਿਆਂ ਦਾ ਅਨੰਦ ਮਾਣ ਕੇ ਕੀਤੀ ਗਈ।



## ਸੁਸ਼ਮਾ ਕੁਮਾਰੀ ਨੇ ਜਿੱਤ ਤੋਂ ਬਾਅਦ ਵੋਟਰਾਂ ਤੇ ਸਪੋਟਰਾਂ ਦਾ ਕੀਤਾ ਧੰਨਵਾਦ



**ਆਦਮਪੁਰ (ਪਰਮਜੀਤ ਸਿੰਘ)**- ਨਗਰ ਕੌਂਸਲ ਆਦਮਪੁਰ ਦੀਆਂ ਚੋਣਾਂ ਦੇ ਵਾਰਡ ਨੰਬਰ 1 ਤੋਂ 216 ਵੋਟਾਂ ਲੈ ਕੇ ਜੇਤੂ ਰਹੀ ਉਮੀਦਵਾਰ ਸੁਸ਼ਮਾ ਕੁਮਾਰੀ ਨੇ ਆਪਣੀ ਸ਼ਾਨਦਾਰ ਜਿੱਤ ਉਪਰੰਤ ਇਲਾਕੇ ਦੇ ਸਮੂਹ ਵੋਟਰਾਂ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਜਿੱਤ ਮੇਰੀ ਨਹੀਂ ਸਗੋਂ ਵਾਰਡ ਦੇ ਹਰ ਨਾਗਰਿਕ ਦੀ ਜਿੱਤ ਹੈ, ਜਿਨ੍ਹਾਂ ਨੇ ਮੇਰੇ ਉੱਤੇ ਵਿਸ਼ਵਾਸ ਜਤਾਇਆ ਅਤੇ ਮੈਨੂੰ ਸੇਵਾ ਦਾ ਮੌਕਾ ਦਿੱਤਾ। ਸੁਸ਼ਮਾ ਕੁਮਾਰੀ ਨੇ ਕਿਹਾ ਕਿ ਉਹ ਵਾਰਡ ਦੇ ਵਿਕਾਸ, ਸਫ਼ਾਈ, ਪੀਣ ਵਾਲੇ ਪਾਣੀ, ਗਲੀਆਂ-ਨਾਲੀਆਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ ’ਤੇ ਸੁਧਾਰਨ ਲਈ ਕੰਮ ਕਰਨਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਚੋਣਾਂ ਦੌਰਾਨ ਕੀਤੇ ਗਏ ਹਰ ਵਾਅਦੇ ਨੂੰ ਪੂਰਾ ਕਰਨ ਲਈ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਯਤਨ ਕੀਤੇ ਜਾਣਗੇ। ਇਸ ਮੌਕੇ ਉਨ੍ਹਾਂ ਆਪਣੇ ਸਮਰਥਕਾਂ, ਪਾਰਟੀ ਵਰਕਰਾਂ ਅਤੇ ਸਮੂਹ ਵੋਟਰਾਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਦਾ ਪਿਆਰ ਅਤੇ ਸਹਿਯੋਗ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ।

# ਹੋਣਹਾਰ ਵਿਦਿਆਰਥੀ ਸਨਮਾਨਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸਰਕਾਰੀ ਹਾਈ ਸਕੂਲ ਚਤਾਮਲੀ ਵਿਖੇ ਸਕੂਲ ਦੀ ਸਾਬਕਾ ਹਿੰਦੀ ਅਧਿਆਪਕਾ ਮਰਹੂਮ ਬੀਬੀ ਮਨਜੀਤ ਕੌਰ ਦੀ ਯਾਦ ਵਿੱਚ ਉਹਨਾਂ ਦੇ ਪਤੀ ਗੁਰਨਾਮ ਸਿੰਘ ਵੱਲੋਂ ਸਕੂਲ



ਦੇ ਸਾਲਾਨਾ ਪ੍ਰੀਖਿਆ ਵਿੱਚੋਂ ਅਵੱਲ ਪੁਜੀਸ਼ਨਾ ਪ੍ਰਾਪਤ ਕਰਨ ਵਾਲੇ ਸਕੂਲ ਦੇ ਹੋਣਹਾਰ ਤੇ ਜ਼ਰੂਰਤਵੰਦ ਬੱਚਿਆਂ ਨੂੰ ਪੰਜਾਹ ਹਜ਼ਾਰ ਰੁਪਏ ਦੀ ਰਾਸ਼ੀ ਦੇ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਹਰਮੀਤ ਕੌਰ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਜਸਬੀਰ ਸਿੰਘ ਸ਼ਾਂਤਪੁਰੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਦੀ ਪ੍ਰਧਾਨਗੀ ਪਿੰਡ ਦੇ ਸਰਪੰਚ ਬਲਜੀਤ ਸਿੰਘ ਨੇ ਕੀਤੀ। ਅਧਿਆਪਕ ਦਲ ਦੇ ਸਾਬਕਾ ਆਗੂ ਗੁਰਨਾਮ ਸਿੰਘ ਚਨਾਲੋਂ ਵਲੋਂ ਸਕੂਲ ਦੇ ਹੋਣਹਾਰ ਬੱਚਿਆਂ ਜਿਹਨਾਂ ਨੇ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ 9 ਹਜ਼ਾਰ, ਦੂਜਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ 8 ਹਜ਼ਾਰ ਰੁਪਏ ਤੀਜੇ ਸਥਾਨ ਤੇ ਰਹਿਣ ਵਾਲੇ ਬੱਚਿਆਂ ਨੂੰ 7 ਹਜ਼ਾਰ ਰੁੱਪੇ ਦਿੱਤੇ ਗਏ। 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਬੱਚੇ ਨੂੰ 6 ਹਜ਼ਾਰ, 5 ਹਜ਼ਾਰ, 3500, 3 ਹਜ਼ਾਰ ਅਤੇ 2500 ਰੁਪਏ ਦਿੱਤੇ ਗਏ।ਇਸ ਮੌਕੇ ਪਿੰਡ ਦੇ ਸਰਪੰਚ ਬਲਜੀਤ ਸਿੰਘ, ਸਕੂਲ ਮੈਨੇਜਮੈਂਟ ਕਮੇਟੀ ਦੀ ਚੇਅਰਮੈਨ ਖੁਸ਼ਪ੍ਰੀਤ ਕੌਰ, ਰਾਜਿੰਦਰ ਸਿੰਘ ਪੰਚ ਵਿਨੋਦ ਰਾਣੀ, ਪ੍ਰੇਰਨਾ, ਮਨਦੀਪ ਕੌਰ, ਹਰਪ੍ਰੀਤ ਕੌਰ, ਸਤਿੰਦਰ ਕੌਰ, ਬਲਜਿੰਦਰਪਾਲ ਸਿੰਘ, ਅਮਨਦੀਪ ਸਿੰਘ, ਆਦਿ ਪਤਵੰਤੇ ਸੱਜਣ ਅਤੇ ਸਟਾਫ ਮੈਂਬਰ ਹਾਜ਼ਰ ਸਨ।

# ਸਨੀ ਇਨਕਲੇਵ ’ਚ ਖ਼ੂਨਦਾਨ ਕੈਂਪ



**ਚੰਡੀਗੜ੍ਹ (ਸੁਰਜੀਤ ਸੁਮਨ)**- ਖ਼ੂਨਦਾਨ ਨੂੰ ਮਨੁੱਖ ਲਈ ਮਹਾਂ ਕਲਿਆਣ ਮੰਨਿਆ ਜਾ ਰਿਹਾ ਹੈ। ਕਿਸੇ ਮਨੁੱਖ ਵੱਲੋਂ ਦਾਨ ਕੀਤਾ ਗਿਆ ਇੱਕ ਯੂਨਿਟ ਖ਼ੂਨ ਹੀ ਕਿਸੇ ਜ਼ਿੰਦਗੀ ਨੂੰ ਬਚਾਅ ਸਕਦਾ ਹੈ। ਇਸ ਲਈ ਸਾਨੂੰ ਲੋਕ ਭਲਾਈ ਹਿੱਤ ਜ਼ਿੰਦਗੀ ਵਿੱਚ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਮਾਜ ਸੇਵੀ ਅਮਰੀਕ ਸਿੰਘ ਹੈਪੀ ਨੇ ਕੀਤਾ। ਮੰਗਲਵਾਰ ਸਨੀ ਇਨਕਲੇਵ ਸੈਕਟਰ 125, ਐਮਾਜੋਨ ਟਾਵਰ, ਖਰੜ ਵਿਖੇ ਗਲੋਬਲ ਹਾਰਮਨੀ ਫਾਊਂਡੇਸ਼ਨ ਤੇ ਗੁਰਵਿੰਦਰ ਮਾਹੀ ਕਲੱਬ ਦੇ ਪ੍ਰਧਾਨ ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ ਸੀ, ਜਿਸ ਵਿੱਚ ਪੰਜਾਬ ਦੇ ਮਸ਼ਹੂਰ ਐਕਟਰ ਕਰਤਾਰ ਸਿੰਘ ਚੀਮਾ ਅਤੇ ਅਮਰੀਕ ਸਿੰਘ ਹੈਪੀ, ਸੁਸ਼ਾਂਤ ਕੌਸ਼ਿਕ ਐਡਵੋਕੇਟ ਮਨਜੀਤ ਕੌਰ ਸੋਨੂ, ਸੋਸ਼ਲ ਮੀਡੀਆ ਦਫਤਰ ਇੰਚਾਰਜ ਪੰਜਾਬ ਵਿਸ਼ੇਸ਼ ਤੌਰ ’ਤੇ ਪਹੁੰਚੇ ।ਇਸ ਖ਼ੂਨਦਾਨ ਕੈਂਪ ਵਿੱਚ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ, ਸੈਕਟਰ 32, ਚੰਡੀਗੜ੍ਹ ਤੋਂ ਵਿਸ਼ੇਸ਼ ਤੌਰ ’ਤੇ ਟੀਮ ਪਹੁੰਚੀ। ਇਸ ਮੌਕੇ 60 ਤੋਂ ਵੀ ਵੱਧ ਵੱਡੀ ਗਿਣਤੀ ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ। ਇਸ ਮੌਕੇ ਅਮਰੀਕ ਸਿੰਘ ਹੈਪੀ ਨੇ ਕਿਹਾ ਕਿ ਖ਼ੂਨਦਾਨ-ਮਹਾਂਦਾਨ ਹੈ। ਇਸ ਲਈ ਹਰ ਇਨਸਾਨ ਨੂੰ ਖ਼ੂਨਦਾਨ ਕਰਨਾ ਚਾਹੀਦਾ ਹੈ, ਜਿਸ ਨਾਲ ਕਿਸੇ ਨਾ ਕਿਸੇ ਲੋੜਵੰਦ ਦੀ ਜਾਨ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਹਰੇਕ ਇਨਸਾਨ ਨੂੰ ਇਹੋ ਜਿਹੇ ਸਮਾਜਿਕ ਕੰਮਾਂ ਵਿੱਚ ਭਾਗ ਲੈਣਾ ਚਾਹੀਦਾ ਹੈ। ਇਸ ਮੌਕੇ ਹੋਰਾਂ ਤੋਂ ਇਲਾਵਾ ਸੋਨੂ ਪੌਲ, ਹਰਮਨ ਸਿੰਘ, ਮੌਂਟੀ ਚੱਡਾ, ਪੰਕਜ ਅਤੇ ਹੋਰ ਵੀ ਬਹੁਤ ਸਾਰੇ ਪਤਵੰਤੇ ਹਾਜ਼ਰ ਸਨ।

# ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਸੰਬੰਧੀ ਸੋਧੀ ਹੋਈ ਸਮਾਂ-ਸਾਰਣੀ ਜਾਰੀ

**ਜਲੰਧਰ ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐੱਸ ਆਈ ਆਰ) ਸੰਬੰਧੀ ਸੋਧੀ ਹੋਈ ਸਮਾਂ ਸਾਰਣੀ ਜਾਰੀ ਕੀਤੀ ਗਈ ਹੈ।ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਵੱਲੋਂ ਵੀਡੀਓ ਕਾਨਫਰੰਸ ਰਾਹੀਂ ਕੀਤੀ ਮੀਟਿੰਗ ਵਿੱਚ ਹਿੱਸਾ ਲੈਣ ਉਪਰੰਤ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਦੱਸਿਆ ਕਿ ਸੋਧੇ ਹੋਏ ਪ੍ਰੋਗਰਾਮ ਅਨੁਸਾਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦਾ ਖਰੜਾ ਹੁਣ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ ਅਤੇ ਦਾਅਵੇ ਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ। ਇਸੇ ਤਰ੍ਹਾਂ ਨੋਟਿਸ ਪੜਾਅ/ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਵਾਲੀਆ ਨੇ ਦੱਸਿਆ ਕਿ ਬਾਕੀ ਸਮਾਂ ਸਾਰਣੀ 14 ਮਈ 2026 ਨੂੰ ਜਾਰੀ ਨੋਟੀਫਿਕੇਸ਼ਨ ਅਨੁਸਾਰ ਹੀ ਰਹੇਗੀ, ਜਿਸ ਤਹਿਤ 15 ਜੂਨ ਤੋਂ 24 ਜੂਨ 2026 ਤੱਕ ਤਿਆਰੀ, ਸਿਖ਼ਲਾਈ ਅਤੇ ਛਪਾਈ ਦਾ ਕੰਮ ਕੀਤਾ ਜਾਵੇਗਾ ਅਤੇ 25 ਜੂਨ ਤੋਂ 24 ਜੁਲਾਈ 2026 ਤੱਕ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਵੱਲੋਂ ਘਰ-ਘਰ ਜਾ ਕੇ ਵੋਟਰਾਂ ਪਾਸੋਂ ਫਾਰਮ ਭਰਵਾਏ ਜਾਣਗੇ। ਅੰਤਿਮ ਵੋਟਰ ਸੂਚੀ ਦੀ ਪ੍ਰਕਾਸ਼ਨਾ 1 ਅਕਤੂਬਰ 2026 ਨੂੰ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹੇ ਵਿੱਚ 1926 ਬੀ.ਐਲ.ਓਜ਼, 189 ਸੁਪਰਵਾਈਜ਼ਰ, 9 ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਅਤੇ 5 ਵਧੀਕ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਸਮੇਤ ਲੋੜੀਂਦਾ ਚੋਣ ਅਮਲਾ ਤਾਇਨਾਤ ਕੀਤਾ ਗਿਆ ਹੈ।



# ਅਗੰਮਪੁਰ ਤੋਂ ਸ਼ੁਰੂ ਹੋਵੇਗੀ ਪਲਾਸਟਿਕ ਮੁਕਤ ਪਿੰਡ ਦੀ ਮੁਹਿੰਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗ੍ਰਾਮ ਪੰਚਾਇਤ ਅਗੰਮਪੁਰ ਤੇ ਖੇਤੀ ਵਿਰਾਸਤ ਪੰਜਾਬ ਦੇ ਸਹਿਯੋਗ ਨਾਲ ਪਿੰਡ ਅਗੰਮਪੁਰ ਨੂੰ ਪਲਾਸਟਿਕ ਮੁਕਤ ਬਣਾਉਣ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਇਸ ਤਹਿਤ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਐੱਨ ਐੱਸ ਐੱਸ ਵਿੰਗ ਦੇ ਲਗਭਗ 20 ਵਿਦਿਆਰਥੀ ਇੱਕ ਹਫ਼ਤੇ ਤੱਕ ਪਿੰਡ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਪਲਾਸਟਿਕ ਕੂੜੇ ਅਤੇ ਠੋਸ ਰਹਿੰਦ-ਖੂੰਹਦ ਦੇ ਵਿਗਿਆਨਕ ਪ੍ਰਬੰਧਨ ਬਾਰੇ ਜਾਗਰੂਕ ਕਰਨਗੇ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਾਇਰੈਕਟਰ ਖੇਤੀ ਵਿਰਾਸਤ ਸੁਰਿੰਦਰ ਸਿੰਘ ਨੇ ਦੱਸਿਆ ਕਿ ਮੁਹਿੰਮ ਦੀ ਅਗਵਾਈ ਖਾਲਸਾ ਕਾਲਜ ਦੇ ਐੱਨ ਐੱਸ ਐੱਸ ਪ੍ਰੋਗਰਾਮ ਅਫ਼ਸਰ ਡਾ. ਅਮਨਦੀਪ ਕੌਰ ਕਰ ਰਹੇ ਹਨ। ਵਿਦਿਆਰਥੀਆਂ ਵੱਲੋਂ ਪਿੰਡ ਵਾਸੀਆਂ ਨੂੰ ਘਰੇਲੂ ਪੱਧਰ ’ਤੇ ਪਲਾਸਟਿਕ ਅਤੇ ਹੋਰ ਕੂੜੇ ਨੂੰ ਵੱਖ-ਵੱਖ ਇਕੱਠਾ ਕਰਨ, ਉਸ ਦੇ ਸਹੀ ਨਿਪਟਾਰੇ ਅਤੇ ਜੈਵਿਕ ਕੂੜੇ ਤੋਂ ਖਾਦ ਤਿਆਰ ਕਰਨ ਸਬੰਧੀ ਸਿਖਲਾਈ ਵੀ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਹ ਯੋਜਨਾ ਆਨੰਦਪੁਰ ਸਾਹਿਬ ਅਤੇ ਨੰਗਲ ਬਲਾਕ ਦੇ ਕਰੀਬ 160 ਪਿੰਡਾਂ ਲਈ ਸਥਾਪਿਤ ਕੀਤੀ ਗਈ ਪਲਾਸਟਿਕ ਰਹਿੰਦ-ਖੂੰਹਦ ਪ੍ਰਬੰਧਨ ਇਕਾਈ ਦਾ ਹਿੱਸਾ ਹੈ, ਜਿਸ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਅਗੰਮਪੁਰ ਵਿੱਚ ਸਥਾਪਿਤ ਕੀਤਾ ਗਿਆ ਹੈ। ਇਹ ਪ੍ਰੋਜੈਕਟ ਇਲਾਕੇ ਵਿੱਚ ਆਪਣੀ ਕਿਸਮ ਦਾ ਪਹਿਲਾ ਉਪਰਾਲਾ ਮੰਨਿਆ ਜਾ ਰਿਹਾ ਹੈ। ਖੇਤੀ ਵਿਰਾਸਤ ਪੰਜਾਬ ਨੇ ਗ੍ਰਾਮ ਪੰਚਾਇਤ ਅਗੰਮਪੁਰ ਦੇ ਸਹਿਯੋਗ ਨਾਲ ਇਸ ਪ੍ਰੋਜੈਕਟ ਨੂੰ ਅਪਣਾਇਆ ਹੈ।ਪ੍ਰੋਜੈਕਟ ਤਹਿਤ ਪਲਾਸਟਿਕ ਕੂੜੇ ਨੂੰ ਇਕੱਠਾ ਕਰਕੇ ਉਸ ਦੀ ਛਾਂਟੀ ਕੀਤੀ ਜਾਵੇਗੀ ਅਤੇ ਵਾਤਾਵਰਣ ਅਨੁਕੂਲ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ। ਇਸ ਦੇ ਨਾਲ ਹੀ ਠੋਸ ਜੈਵਿਕ ਕੂੜੇ ਦੀ ਵਰਤੋਂ ਖਾਦ ਬਣਾਉਣ ਲਈ ਕੀਤੀ ਜਾਵੇਗੀ। ਜਾਗਰੂਕਤਾ ਮੁਹਿੰਮ ਦੌਰਾਨ ਵਿਦਿਆਰਥੀ ਲੋਕਾਂ ਨੂੰ ਪਲਾਸਟਿਕ ਦੀ ਵੱਧ ਰਹੀ ਵਰਤੋਂ ਕਾਰਨ ਵਾਤਾਵਰਣ, ਜ਼ਮੀਨ, ਪਾਣੀ ਅਤੇ ਮਨੁੱਖੀ ਸਿਹਤ ’ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦੇਣਗੇ।ਇਸ ਮੁਹਿੰਮ ਦੇ ਉਦਘਾਟਨ ਲਈ 5 ਜੂਨ ਨੂੰ ਵਿਸ਼ਵ ਵਾਤਾਵਰਣ ਦਿਵਸ ਮੌਕੇ ਕਮਿਊਨਿਟੀ ਸੈਂਟਰ ਅਗੰਮਪੁਰ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਜਾਵੇਗਾ।



# ਧਾਰਮਿਕ, ਸਮਾਜਿਕ ਤੇ ਰਾਜਨੀਤਕ ਸ਼ਖਸੀਅਤਾਂ ਵੱਲੋਂ ਰਾਮ ਪਾਲ ਕਰਾੜੀ ਨੂੰ ਸ਼ਰਧਾਂਜਲੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਪ੍ਰਸਿੱਧ ਸਮਾਜਸੇਵੀ ਸਵ.ਰਾਮ ਪਾਲ ਦੇ ਦੀ ਅੰਤਿਮ ਅਰਦਾਸ ਮੌਕੇ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਪਿੰਡ ਕਰਾੜੀ ਵਿਖੇ ਹੋਇਆ। ਇਸ ਤੌਰ ਤੇ ਪਹੁੰਚੇ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਨੇ ਸਵ. ਰਾਮ ਪਾਲ ਨੂੰ ਸ਼ਰਧਾ ਸੁਮਨ ਭੇਟ ਕਰਦਿਆਂ ਕਿਹਾ ਕਿ ਰਾਮ ਪਾਲ ਨੇ ਰੁਤਬਾ ਹੋਵੇ ਜਿਸ ਲਈ ਰਾਮ ਪਾਲ ਨੇ ਵਿਦੇਸ਼ਾਂ ਵਿੱਚ ਰਹਿਕੇ ਵੀ ਪੂਰੀ ਮਿਹਨਤ ਤੇ ਲਗਨ ਨਾਲ ਕੰਮ ਕੀਤਾ ਹੈ। ਉਨ੍ਹਾਂ ਕਿਹਾ ਸ੍ਰੀ ਰਾਮ ਪਾਲ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਹਮੇਸ਼ਾਂ ਯਾਦ ਰੱਖਿਆ ਜਾਵੇਗਾ। ਇਸ ਮੌਕੇ ਸਵ. ਰਾਮ ਪਾਲ ਦੇ ਵੱਡੇ ਭਰਾ ਐਡਵੋਕੇਟ ਬੀਰ ਚੰਦ ਆਸਟ੍ਰੇਲੀਆ, ਇੰਸਪੈਕਟਰ ਤਾਰਾ ਚੰਦ ਅਤੇ ਸਵ. ਰਾਮ ਪਾਲ ਦੇ ਧਰਮ ਸੁਪਤਨੀ ਹਰਜਿੰਦਰ ਕੌਰ, ਬੇਟਾ ਡਿੰਪਲ ਆਸਟ੍ਰੇਲੀਆ, ਭਤੀਜਾ ਜਤਿੰਦਰ ਕੁਮਾਰ ਆਸਟਰੇਲੀਆ, ਡਾ. ਮੋਹਿਤ, ਮਨੀਸ਼, ਹਿਮਾਨੀ, ਆਸਟ੍ਰੇਲੀਆ



ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਤੋਂ ਉਪਰੰਤ ਡੇਰੇ ਸੱਚਖੰਡ ਸੀਤਲ ਦਾਸ ਬੋਹਣ ਦੇ ਰਾਗੀ ਜਥੇ ਭਾਈ ਸਾਹਿਬ ਸਿੰਘ ਵੱਲੋਂ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਨਾਮਬਾਣੀ ਨਾਲ ਜੋੜਿਆ। ਇਸ ਮੌਕੇ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖ਼ਸ਼ੀਅਤਾਂ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਦੇਸ਼ ਵਿਦੇਸ਼ ਦੀਆਂ ਸੰਗਤਾਂ ਹਾਜਰ ਸਨ।ਸ਼ਰਧਾਂਜਲੀ ਸਮਾਗਮ ਵਿੱਚ ਵਿਸ਼ੇਸ਼ ਜਿਥੇ ਆਪਣੇ ਜੀਵਨ ਵਿੱਚ ਬਹੁਤ ਮਿਹਨਤ ਕਰਕੇ ਆਪਣੇ ਬੱਚਿਆਂ ਨੂੰ ਪੜਾਇਆ, ਲਿਖਾਇਆ ਤੇ ਸਿੱਖਿਅਤ ਕੀਤਾ ਉਥੇ ਉਨ੍ਹਾਂ ਨੇ ਸਮਾਜ ਦੇ ਧਾਰਮਿਕ ਤੇ ਸਮਾਜਿਕ ਕਾਰਜਾਂ ਲਈ ਵੀ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਹਰ ਮਨੁੱਖ ਲਈ ਇਹ ਜ਼ਰੂਰੀ ਵੀ ਹੈ ਅਤੇ ਉਸ ਦੀ ਖਾਹਿਸ਼ ਵੀ ਹੁੰਦੀ ਹੈ ਕਿ ਉਸ ਦਾ ਅਤੇ ਉਸ ਦੇ ਪਰਿਵਾਰ ਦਾ ਸਮਾਜ ਵਿੱਚ ਚੰਗਾ ਨਾਂਅ ਤੇ ਤੋਂ ਇਲਾਵਾ ਡੀ ਐਸ ਪੀ ਅਸ਼ੋਕ ਕੁਮਾਰ ਫਿਲੌਰ, ਲੰਬੜਦਾਰ ਬੀਰ ਚੰਦ ਸੁਰੀਲਾ, ਮਨਜੀਤ ਸਿੰਘ ਬੋਲੀਨਾ, ਕੁਲਵੰਤ ਸਿੰਘ, ਦਵਿੰਦਰ ਧੋਗੜੀ, ਹਰਸ਼ਲਿੰਦਰ ਸਿੰਘ ਢਿਲੋਂ ਕਿਸ਼ਨਗੜ੍ਹ, ਲੰਬੜਦਾਰ ਹਰਭਜਨ ਦਾਸ ਕਰਾੜੀ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ। ਸਟੇਜ ਸਕੱਤਰ ਦੀ ਸੇਵਾ ਗੋਲਡ ਮੈਡਲਿਸਟ ਮਾਸਟਰ ਪ੍ਰਵੀਨ ਕੁਮਾਰ ਨੇ ਨਿਭਾਈ।

# ਫੁੱਟਬਾਲ ਕੋਚਿੰਗ ਸੰਬੰਧੀ ਸਿਖਲਾਈ ਕੈਂਪ 5 ਤੋਂ

**ਮਹਿਲਪੁਰ (ਸ.ਫਰੀ)**- ਫੁੱਟਬਾਲ ਦੀ ਖੇਡ ਵਿੱਚ ਮਿਆਰੀ ਕੋਚਿੰਗ ਦੇ ਕਰੀਅਰ ਨੂੰ ਪ੍ਰਫੁੱਲਿਤ ਕਰਨ ਦੇ ਮੰਤਵ ਨਾਲ ਫੁੱਟਬਾਲ ਪਲੇਅਰਜ ਐਸੋਸੀਏਸ਼ਨ ਪੰਜਾਬ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਸਹਿਯੋਗ ਨਾਲ 5 ਜੂਨ ਤੋਂ 8 ਜੂਨ ਤੱਕ ਖਾਲਸਾ ਕਾਲਜ ਮਾਹਿਲਪੁਰ ਦੇ ਖੇਡ



ਮੈਦਾਨਾਂ ਵਿਚ ਫੁੱਟਬਾਲ ਖੇਡ ਦੇ ਕੋਚਾਂ ਲਈ ਮੁੱਢਲਾ ਸਿਖਲਾਈ ਕੈਂਪ ਲਗਾਇਆ ਜਾ ਰਿਹਾ ਹੈ। ਕਾਲਜ ਵਿੱਚ ਉਕਤ ਕੈਂਪ ਦਾ ਉਦਘਾਟਨ 5 ਜੂਨ ਨੂੰ ਸਵੇਰੇ ਗਿਆਰਾਂ ਵਜੇ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ ਵੱਲੋਂ ਕੌਂਸਲ ਦੇ ਸਰਪ੍ਰਸਤ ਡਾ. ਜੰਗ ਬਹਾਦਰ ਸਿੰਘ ਰਾਏ, ਮੈਨੇਜਰ ਇੰਦਰਜੀਤ ਸਿੰਘ ਭਾਰਟਾ ਅਤੇ ਸਕੱਤਰ ਪ੍ਰੋ ਅਪਿੰਦਰ ਸਿੰਘ ਦੀ ਹਾਜ਼ਰੀ ਵਿੱਚ ਕੀਤਾ ਜਾਵੇਗਾ। ਇਸ ਸਬੰਧੀ ਕਾਲਜ ਵਿੱਚ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਅਨਵਰ ਅਲੀ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ ਹੋਈ। ਇਸ ਮੌਕੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਅਤੇ ਫੁੱਟਬਾਲ ਐਸੋਸੀਏਸ਼ਨ ਵੱਲੋਂ ਫੁੱਟਬਾਲ ਦੇ ਕੋਚਾਂ ਲਈ ਲਗਾਏ ਜਾ ਰਹੇ ਇਸ ਕੈਂਪ ਦੀ ਸਫਲਤਾ ਲਈ ਵੱਧ ਤੋਂ ਵੱਧ ਸਹਿਯੋਗ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਫੁੱਟਬਾਲ ਖੇਡ ਦੀ ਮਿਆਰੀ ਕੋਚਿੰਗ ਸਬੰਧੀ ਸਿਖਲਾਈ ਵਾਸਤੇ ਅਜਿਹੇ ਕੈਂਪ ਖੇਡ ਦੀ ਪ੍ਰਫੁੱਲਤਾ ਵਿੱਚ ਹੋਰ ਸਹਾਇਕ ਹੋਣਗੇ। ਇਸ ਮੌਕੇ ਗੱਲ ਕਰਦਿਆਂ ਪ੍ਰਧਾਨ ਅਨਵਰ ਅਲੀ ਨੇ ਕਿਹਾ ਕਿ ਇਸ ਬੇਸਿਕ ਸਿਖਲਾਈ ਕੈਂਪ ਵਿੱਚ ਪਿੰਡਾਂ, ਅਕੈਡਮੀਆਂ, ਕਾਲਜਾਂ ਆਦਿ ਦੀਆਂ ਫੁੱਟਬਾਲ ਟੀਮਾਂ ਨੂੰ ਸਿਖਲਾਈ ਦੇਣ ਵਾਲੇ ਕੋਚਾਂ ਨੂੰ ਕੋਚਿੰਗ ਸਬੰਧੀ ਹੋਰ ਹੁਨਰਮੰਦ ਬਣਾਉਣ, ਕੋਚਿੰਗ ਵਿੱਚ ਕਰੀਅਰ ਦੇ ਵੱਧ ਤੋਂ ਵੱਧ ਮੌਕੇ ਪ੍ਰਫੁੱਲਿਤ ਕਰਨ ਅਤੇ ਖੇਡ ਦੇ ਬਾਰੀਕੀ ਨਾਲ ਨਿਰੀਖਣ ਸਬੰਧੀ ਪ੍ਰੈਕਟੀਕਲ, ਥਿਊਰੀ, ਵਿਚਾਰ ਚਰਚਾ ਅਤੇ ਕਲਾਸ ਰੂਮ ਲੈਕਚਰ ਹੋਣਗੇ ਇਸ ਦੌਰਾਨ ਪ੍ਰਸਿੱਧ ਫੁੱਟਬਾਲ ਕੋਚ ਹਰਮਨਜੋਤ ਸਿੰਘ ਖਾਬੜਾ, ਡਿਪਟੀ ਕਮਾਂਡੈਂਟ ਸੂਰਜ ਭਾਨ ਹਾਂਡਾ, ਡਾ. ਰਾਜ ਕੁਮਾਰ, ਕੋਚ ਹਰਿੰਦਰ ਸਨੀ, ਕੋਚ ਚਰਨਜੀਤ ਸਿੰਘ ਵੀ ਹਾਜ਼ਰ ਸਨ।

# ਸਤਲੁਜ ਦਰਿਆ ’ਚ ਮਗਰਮੱਛ ਦਿਸਿਆ

**ਫਿਲੌਰ (ਨਿਰਮਲ)**- ਸਤਲੁਜ ਦਰਿਆ ਵਿੱਚ ਗੋਤਾਖੋਰਾਂ ਨੇ ਇੱਕ ਵੱਡਾ ਮਗਰਮੱਛ ਦੇਖਿਆ ਜਿਸ ਕਾਰਨ ਗੋਤਾਖੋਰਾ ਵਿੱਚ ਦਹਿਸ਼ਤ ਫੈਲ ਗਈ। ਗੋਤਾਖੋਰਾਂ ਨੇ ਲੋਕਾਂ ਨੂੰ ਕਿਹਾ ਕਿ ਸਤਲੁਜ ਦਰਿਆ ਵਿੱਚ ਨਾ ਜਾਣ ਅਤੇ ਨਾ ਹੀ ਕਿਨਾਰਿਆਂ ਤੇ ਬੈਠਣ। ਇਹ ਵੀ ਦੱਸਿਆ ਕਿ ਮਗਰਮੱਛ ਇੱਕ ਨਹੀਂ ਦੋ ਹਨ ਜੋ ਦਰਿਆ ਵਿੱਚ ਘੁੰਮ ਰਹੇ ਹਨ। ਲੋਕਾਂ ਨੂੰ ਸਾਵਧਾਨ ਕੀਤਾ ਕੀ ਉਹ ਦਰਿਆ ਤੋਂ ਬਾਹਰ ਹੀ ਪਾਠ ਪੂਜਾ ਕਰਵਾ ਲੈਣ।

## ਜਨਮ ਦਿਨ ਮੁਬਾਰਕ



ਸਤਨਾਮ ਸਿੰਘ